12-OCT-PAGE-1.qxd 10/11/2024 10:05 PM Page 1

ਸ਼ਨੀਵਾਰ, 12 ਅਕਤੂਬਰ, 2024

27 ਅੱਸੂ { ਨਾਨਕਸ਼ਾਹੀ 556 / ਬਿਕਰਮੀ 2081

ਜਿਲਦ/VOL. : 73

ਅੰਕ/NO. : 132

# ਨਵਾਂ ਜ਼ਮਾਨਾ

DAILY NAWAN ZAMANA • SATURDAY, 12 OCTOBER, 2024

ਜਲੰਧਰ

You Tube nawan zamana TV

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

ਕੀਮਤ/PRICE : 5.00 ਰੁਪਏ    Regd. No : L-4/Pb-JL-0023/2024-26, (R.N.I.)-00068/57    E-mail : nawanzamana@gmail.com    www.nawanzamana.in    ਸਫ਼ੇ : 12

## ਗੋਲਾ ਫਟਣ ਨਾਲ ਦੋ ਅਗਨੀਵੀਰਾਂ ਦੀ ਮੌਤ

**ਨਾਸਿਕ** : ਤੋਪਖਾਨੇ 'ਚ ਗੋਲੀਬਾਰੀ ਅਭਿਆਸ ਦੌਰਾਨ ਫੀਲਡ ਗੰਨ ਦਾ ਗੋਲਾ ਫਟਣ ਨਾਲ ਦੋ ਅਗਨੀਵੀਰਾਂ ਦੀ ਮੌਤ ਹੋ ਗਈ। ਇਹ ਘਟਨਾ ਵੀਰਵਾਰ ਦੁਪਹਿਰ ਨਾਸਿਕ ਰੋਡ ਖੇਤਰ ਦੇ ਤੋਪਖਾਨੇ ਦੇ ਕੇਂਦਰ ਵਿਚ ਵਾਪਰੀ। ਧਮਾਕੇ 'ਚ ਅਗਨੀਵੀਰ ਗੋਹਿਲ ਵਿਸ਼ਵਰਾਜ ਸਿੰਘ (20) ਅਤੇ ਸੈਫਤ ਸ਼ਿਟ (21) ਦੀ ਮੌਤ ਹੋ ਗਈ।

## ਟਰੰਪ ਵੱਲੋਂ ਕੇਜਰੀਵਾਲ ਦੀ ਰੀਸ

**ਨਿਊ ਯਾਰਕ** : ਅਮਰੀਕਾ 'ਚ ਰਾਸ਼ਟਰਪਤੀ ਦੇ ਅਹੁਦੇ ਲਈ ਰਿਪਬਲਿਕਨ ਪਾਰਟੀ ਦੇ ਉਮੀਦਵਾਰ ਡੋਨਾਲਡ ਟਰੰਪ ਨੇ ਲੋਕਾਂ ਨਾਲ ਵਾਅਦਾ ਕੀਤਾ ਹੈ ਕਿ ਜੇ ਉਹ ਰਾਸ਼ਟਰਪਤੀ ਬਣਦੇ ਹਨ ਤਾਂ 12 ਮਹੀਨਿਆਂ ਦੇ ਅੰਦਰ-ਅੰਦਰ ਊਰਜਾ ਅਤੇ ਬਿਜਲੀ ਦੀਆਂ ਕੀਮਤਾਂ ਅੱਧੀਆਂ ਕਰ ਦੇਣਗੇ। ਇਸ ਨਾਲ ਮਹਿੰਗਾਈ ਘਟੇਗੀ। ਉਨ੍ਹਾ ਦੀ ਨੀਤੀ ਊਰਜਾ ਖੇਤਰ 'ਤੇ ਕੇਂਦਰਤ ਹੈ, ਜਿਸ ਨਾਲ ਉਤਪਾਦਨ ਦੀ ਲਾਗਤ ਘਟੇਗੀ ਅਤੇ ਖਪਤਕਾਰ ਚੀਜ਼ਾਂ ਦੀਆਂ ਕੀਮਤਾਂ ਵੀ ਘਟ ਜਾਣਗੀਆਂ।

## ਮੋਦੀ ਦਾ ਦਿੱਤਾ ਮੁਕਟ ਚੋਰੀ

**ਨਵੀਂ ਦਿੱਲੀ** : ਬੰਗਲਾਦੇਸ਼ ਦੇ ਜੇਸ਼ੋਰੇਸ਼ਵਰੀ ਕਾਲੀ ਮੰਦਰ (ਸਤਖੀਰਾ) ਵਿੱਚੋਂ ਮਾਤਾ ਕਾਲੀ ਦਾ ਉਹ ਸੋਨੇ ਦਾ ਮੁਕਟ ਚੋਰੀ ਹੋ ਗਿਆ ਹੈ, ਜਿਹੜਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 2021 ਵਿਚ ਮੰਦਰ ਨੂੰ ਭੇਟ ਕੀਤਾ ਸੀ। ਬੰਗਲਾਦੇਸ਼ ਸਥਿਤ ਭਾਰਤੀ ਹਾਈ ਕਮਿਸ਼ਨ ਨੇ ਮੁਕਟ ਬਰਾਮਦ ਕਰਨ ਤੇ ਦੋਸ਼ੀਆਂ ਖਿਲਾਫ ਕਾਰਵਾਈ ਲਈ ਬੰਗਲਾਦੇਸ਼ੀ ਅਧਿਕਾਰੀਆਂ ਕੋਲ ਮੁੱਦਾ ਉਠਾਇਆ ਹੈ। ਇਹ ਮੰਦਰ ਹਿੰਦੂ ਧਰਮ ਦੀ ਇਕ 'ਸ਼ਕਤੀਪੀਠ' ਹੈ।

## ਬਲੋਚਿਸਤਾਨ 'ਚ 20 ਖਾਣ ਮਜ਼ਦੂਰਾਂ ਦਾ ਕਤਲੇਆਮ

**ਕਰਾਚੀ** : ਪਾਕਿਸਤਾਨ ਦੇ ਬਲੋਚਿਸਤਾਨ ਸੂਬੇ ਵਿਚ ਅਣਪਛਾਤੇ ਹਥਿਆਰਬੰਦ ਵਿਅਕਤੀਆਂ ਨੇ ਸ਼ੁੱਕਰਵਾਰ ਤੜਕਸਾਰ ਡੱਕੀ ਖੇਤਰ 'ਚ ਕੋਲੇ ਦੀਆਂ ਖਾਣਾਂ 'ਤੇ ਹਮਲਾ ਕਰਕੇ 20 ਖਾਣ ਮਜ਼ਦੂਰਾਂ ਨੂੰ ਮਾਰ ਦਿੱਤਾ ਤੇ 8 ਨੂੰ ਜ਼ਖਮੀ ਕਰ ਦਿੱਤਾ। ਹਮਲਾਵਰਾਂ ਨੇ ਹੈਂਡ ਗ੍ਰਨੇਡ ਅਤੇ ਰਾਕੇਟ ਲਾਂਚਰ ਦੀ ਵਰਤੋਂ ਕੀਤੀ। ਇਲਾਕੇ 'ਚ ਕੋਲੇ ਦੀਆਂ ਦਸ ਖਾਣਾਂ ਹਨ। ਹਮਲਾਵਰਾਂ ਨੇ ਭੱਜਣ ਤੋਂ ਪਹਿਲਾਂ ਮਾਇਨਿੰਗ ਮਸ਼ੀਨਰੀ ਨੂੰ ਵੀ ਅੱਗ ਲਗਾ ਦਿੱਤੀ। ਹਥਿਆਰਬੰਦਾਂ ਨੇ ਪਹਿਲਾਂ ਗਰੁੱਪਾਂ 'ਚ ਮਾਈਨਰਾਂ ਨੂੰ ਇਕੱਠਾ ਕੀਤਾ ਅਤੇ ਫਿਰ ਉਨ੍ਹਾਂ 'ਤੇ ਗੋਲੀਆਂ ਵਰ੍ਹਾ ਦਿੱਤੀਆਂ।

# ਪ੍ਰਮਾਣੂ ਹਥਿਆਰ-ਮੁਕਤ ਦੁਨੀਆ ਲਈ ਯਤਨਸ਼ੀਲ 'ਨਿਹੋਨ ਹਿਦਾਨਕਯੋ' ਨੂੰ ਨੋਬੇਲ ਅਮਨ ਇਨਾਮ

**ਓਸਲੋ** : ਇਸ ਸਾਲ ਦਾ ਨੋਬੇਲ ਅਮਨ ਇਨਾਮ ਦੂਜੇ ਵਿਸ਼ਵ ਯੁੱਧ ਦੌਰਾਨ ਜਾਪਾਨ ਦੇ ਹੀਰੋਸ਼ੀਮਾ ਅਤੇ ਨਾਗਾਸਾਕੀ ਸ਼ਹਿਰਾਂ 'ਤੇ ਹੋਏ ਪ੍ਰਮਾਣੂ ਹਮਲਿਆਂ ਦੇ ਪੀੜਤਾਂ ਦੇ ਸੰਗਠਨ ਨਿਹੋਨ ਹਿਦਾਨਕਯੋ ਨੂੰ ਪ੍ਰਮਾਣੂ ਸ਼ਸਤਰਾਂ ਦੇ ਵਿਰੁੱਧ ਉਸ ਦੇ ਕੰਮਾਂ ਲਈ ਪ੍ਰਦਾਨ ਕੀਤਾ ਜਾਵੇਗਾ। ਨਾਰਵੇ ਨੋਬੇਲ ਸੰਮਤੀ ਦੇ ਪ੍ਰਧਾਨ ਜਾਰਗਨ ਵਾਤਨੇ ਫ੍ਰੀਡਨੇਸ ਨੇ ਸ਼ੁੱਕਰਵਾਰ ਪੁਰਸਕਾਰ ਦਾ ਐਲਾਨ ਕਰਦਿਆਂ ਕਿਹਾ ਕਿ ਪ੍ਰਮਾਣੂ ਹਥਿਆਰਾਂ ਦੀ ਵਰਤੋਂ ਦੀ ਮਨਾਹੀ 'ਤੇ ਸਹਿਮਤੀ ਦਬਾਅ ਹੇਠ ਹੈ ਅਤੇ ਇਸ ਲਈ ਇਸ ਸੰਸਥਾ ਨੂੰ ਇਹ ਪੁਰਸਕਾਰ ਦਿੱਤਾ ਜਾ ਰਿਹਾ ਹੈ। ਸੰਗਠਨ 'ਚ ਉਹ ਲੋਕ ਸ਼ਾਮਲ ਹਨ, ਜਿਹੜੇ ਪ੍ਰਮਾਣੂ ਹਮਲੇ ਵਿਚ ਜਿਊਂਦੇ ਬਚੇ ਸਨ। ਇਨ੍ਹਾਂ ਨੂੰ ਹਿਬਾਕੁਸ਼ਾ ਕਿਹਾ ਜਾਂਦਾ ਹੈ। ਇਹ ਹਿਬਾਕੁਸ਼ਾ ਦੁਨੀਆ-ਭਰ 'ਚ ਆਪਣੀ ਪੀੜਾ ਤੇ ਦਰਦਨਾਕ ਯਾਦਾਂ ਨੂੰ ਨਿਹੋਨ ਹਿਦਾਨਕਯੋ ਸੰਗਠਨ ਰਾਹੀਂ ਸਾਂਝੀਆਂ ਕਰਦੇ ਹਨ। ਨੋਬੇਲ ਕਮੇਟੀ ਨੇ ਕਿਹਾ ਕਿ ਇਕ ਦਿਨ ਪ੍ਰਮਾਣੂ ਹਮਲੇ ਨੂੰ ਝੱਲਣ ਵਾਲੇ ਇਹ ਲੋਕ ਸਾਡੇ ਕੋਲ ਨਹੀਂ ਰਹਿਣਗੇ, ਪਰ ਜਾਪਾਨ ਦੀ ਨਵੀਂ ਪੀੜ੍ਹੀ ਉਨ੍ਹਾਂ ਦੀਆਂ ਯਾਦਾਂ ਤੇ ਤਜਰਬਿਆਂ ਨੂੰ ਦੁਨੀਆ ਨਾਲ ਸਾਂਝੀ ਕਰਦੀ ਰਹੇਗੀ ਤੇ ਯਾਦ ਦਿਵਾਉਂਦੀ ਰਹੇਗੀ ਕਿ ਪ੍ਰਮਾਣੂ ਹਥਿਆਰ ਕਿੰਨੇ ਖਤਰਨਾਕ ਹਨ।

ਨਿਹੋਨ ਹਿਦਾਨਕਯੋ ਸੰਗਠਨ ਦੀ ਸਥਾਪਨਾ 1956 'ਚ ਪ੍ਰਮਾਣੂ ਤੇ ਹਾਈਡਰੋਜਨ ਬੰਬਾਂ ਦੇ ਖਿਲਾਫ ਹੋ ਰਹੀ ਦੂਜੀ ਸੰਸਾਰ ਕਾਨਫਰੰਸ ਦੌਰਾਨ ਹੋਈ ਸੀ। ਅਮਰੀਕਾ ਨੇ 1954 'ਚ ਹਾਈਡਰੋਜਨ ਬੰਬ ਦੀ ਪਰਖ ਕੀਤੀ ਸੀ। ਇਸ ਦੇ ਵਿਰੋਧ 'ਚ 1955 'ਚ ਸੰਸਾਰ ਕਾਨਫਰੰਸ ਹੋਈ ਸੀ।




ਨਿਹੋਨ ਹਿਦਾਨਕਯੋ ਸੰਗਠਨ ਦੇ ਮੈਂਬਰ।

1945 'ਚ ਹੋਏ ਪ੍ਰਮਾਣੂ ਹਮਲਿਆਂ ਦੇ ਲਗਭਗ 10 ਸਾਲ ਬਾਅਦ ਵੀ ਪੀੜਤਾਂ ਨੂੰ ਅਮਰੀਕਾ ਵੱਲੋਂ ਕੋਈ ਮਦਦ ਨਹੀਂ ਮਿਲੀ ਸੀ। ਅਮਰੀਕੀ ਫੌਜ ਨੇ ਪੀੜਤ ਲੋਕਾਂ 'ਤੇ ਪ੍ਰਮਾਣੂ ਹਮਲਿਆਂ ਬਾਰੇ ਕੁਝ ਵੀ ਬੋਲਣ ਤੇ ਲਿਖਣ 'ਤੇ ਰੋਕ ਲਗਾ ਰੱਖੀ ਸੀ। ਸੰਗਠਨ ਨੇ ਆਪਣੀ ਸਥਾਪਨਾ ਦੇ ਬਾਅਦ ਤੋਂ ਹਿਬਾਕੁਸ਼ਾ (ਪੀੜਤ ਲੋਕਾਂ) ਦੇ ਗਰੁੱਪਾਂ ਨੂੰ ਦੁਨੀਆ ਦੇ ਵੱਖ-ਵੱਖ ਦੇਸ਼ਾਂ ਵਿਚ ਘੱਲਿਆ, ਤਾਂ ਜੋ ਦੁਨੀਆ ਦੇ ਲੋਕਾਂ ਨੂੰ ਪ੍ਰਮਾਣੂ ਹਥਿਆਰਾਂ ਨਾਲ ਹੋਣ ਵਾਲੇ ਭਿਆਨਕ ਨੁਕਸਾਨ ਤੇ ਮਨੁੱਖੀ ਪੀੜਾ ਬਾਰੇ ਦੱਸਿਆ ਜਾ ਸਕੇ। ਸੰਗਠਨ ਨੇ ਇਹ ਯਕੀਨੀ ਬਣਾਉਣ ਦੀ ਕੋਸ਼ਿਸ਼ ਕੀਤੀ ਹੈ ਕਿ ਦੁਨੀਆ 'ਚ ਕਿਤੇ ਵੀ ਹੋਰ ਹਿਬਾਕੁਸ਼ਾ ਨਾ ਬਣਾਏ ਜਾਣ ਅਤੇ ਦੁਨੀਆ ਪ੍ਰਮਾਣੂ ਹਥਿਆਰ-ਮੁਕਤ ਬਣ ਸਕੇ। ਪ੍ਰਮਾਣੂ ਬੰਬ ਹਮਲੇ ਕਾਰਨ ਹੀਰੋਸ਼ੀਮਾ 'ਚ 70 ਹਜ਼ਾਰ ਤੇ ਨਾਗਾਸਾਕੀ ਵਿਚ 40 ਹਜ਼ਾਰ ਤੋਂ ਵੱਧ ਲੋਕ ਮਾਰੇ ਗਏ ਸਨ। ਪ੍ਰਮਾਣੂ ਹਮਲੇ ਤੋਂ ਬਾਅਦ ਜਾਪਾਨ ਨੇ ਸਮਰਪਣ ਕਰ ਦਿੱਤਾ ਸੀ ਤੇ ਦੂਜਾ ਵਿਸ਼ਵ ਯੁੱਧ ਬੰਦ ਹੋ ਗਿਆ ਸੀ।

# ਸਰਕਾਰ ਨੇ ਪੰਚਾਇਤ ਚੋਣਾਂ 'ਚ ਧੱਕੇਸ਼ਾਹੀ ਦੇ ਰਿਕਾਰਡ ਤੋੜੇ : ਸੀ ਪੀ ਆਈ

**ਚੰਡੀਗੜ੍ਹ** : ਪੰਜਾਬ ਸੀ ਪੀ ਆਈ ਨੇ ਪੰਚਾਇਤ ਚੋਣਾਂ ਵਿਚ ਕੀਤੀਆਂ ਗਈਆਂ ਰਿਕਾਰਡ ਤੋੜ ਧਾਂਦਲੀਆਂ ਦਾ ਦੋਸ਼ ਲਾਉਂਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੀ ਉਹੋ ਕੁਝ ਕਰ ਰਹੀ ਹੈ, ਜਿਵੇਂ ਪੰਜਾਬ ਦੀਆਂ ਪਿਛਲੀਆਂ ਸਰਕਾਰਾਂ ਧੱਕੇਸ਼ਾਹੀ ਨਾਲ ਪੰਚਾਇਤਾਂ 'ਤੇ ਕਬਜ਼ੇ ਕਰਦੀਆਂ ਰਹੀਆਂ ਸਨ। ਪੰਜਾਬ ਸੀ ਪੀ ਆਈ ਦੇ ਸਕੱਤਰ ਬੰਤ ਸਿੰਘ ਬਰਾੜ ਨੇ ਕਿਹਾ ਕਿ ਪੰਚਾਇਤੀ ਰਾਜ ਭਾਰਤੀ ਪਰਜਾਤੰਤਰ ਦੀ ਬੁਨਿਆਦ ਹੈ ਤੇ ਪੰਚਾਇਤਾਂ ਹੀ ਭਾਰਤ ਦੇ ਪੇਂਡੂ ਵਿਕਾਸ ਵਿਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ, ਪਰ ਅਫਸੋਸ ਇਹ ਹੈ ਕਿ ਲਗਭਗ ਸਾਰੇ ਦੇਸ਼ ਵਿਚ ਹੀ ਸਾਰੀਆਂ ਸੱਤਾਧਾਰੀ ਪੂੰਜੀਵਾਦੀ ਪਾਰਟੀਆਂ ਸੱਤਾ ਦਾ ਦੁਰਉਪਯੋਗ ਕਰਕੇ ਪੰਚਾਇਤਾਂ 'ਤੇ ਆਪਣੇ ਕਬਜ਼ੇ ਜਮਾ ਲੈਂਦੀਆਂ ਹਨ ਅਤੇ ਵਿਰੋਧੀ ਪਾਰਟੀ ਦੇ ਉਮੀਦਵਾਰਾਂ ਦੀਆਂ ਨਾਮਜ਼ਦਗੀਆਂ ਹੀ ਰੱਦ ਕਰ ਦਿੰਦੀਆਂ ਹਨ।

ਪੰਜਾਬ ਦੀ ਮੌਜੂਦਾ ਸਰਕਾਰ ਨੇ ਜਿਸ ਪ੍ਰਕਾਰ ਸਾਰੇ ਕਾਇਦੇ-ਕਾਨੂੰਨਾਂ ਦੀਆਂ ਧੱਜੀਆਂ ਉਡਾ ਕੇ ਪੰਚਾਇਤਾਂ 'ਤੇ ਕਬਜ਼ੇ ਕਰਨ ਦੀ ਮੁਹਿੰਮ ਚਲਾਈ ਹੈ, ਉਸ ਦੀ ਮਿਸਾਲ ਇਹ ਹੈ ਕਿ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ 275 ਪਿੰਡਾਂ ਦੀਆਂ ਪੰਚਾਇਤ ਚੋਣਾਂ ਦਾ ਗੰਭੀਰ ਨੋਟਿਸ ਲਿਆ ਹੈ ਤੇ ਇਸ ਦੀ ਸੁਣਵਾਈ 14 ਅਕਤੂਬਰ 'ਤੇ ਪਾਈ ਗਈ ਹੈ। ਅੰਕੜਿਆਂ ਅਨੁਸਾਰ ਸਰਪੰਚਾਂ ਦੇ ਅਹੁਦਿਆਂ ਦੀਆਂ ਬਿਨਾਂ ਉਚਿਤ ਕਾਰਨਾਂ ਕਰਕੇ ਜਮਹੂਰੀ ਕਦਰਾਂ-ਕੀਮਤਾਂ ਨੂੰ ਦਰੜ ਕੇ 3600 ਅਹੁਦਿਆਂ ਦੀਆਂ ਨਾਮਜ਼ਦਗੀਆਂ ਰੱਦ ਕਰ ਦਿੱਤੀਆਂ ਗਈਆਂ ਹਨ।

ਸਾਥੀ ਬਰਾੜ ਨੇ ਕਿਹਾ ਕਿ ਅਖੌਤੀ ਸਰਬਸੰਮਤੀ ਦੇ ਨਾਂਅ 'ਤੇ 20,000 ਉਮੀਦਵਾਰਾਂ ਤੋਂ ਜਬਰੀ ਵਾਪਸੀਆਂ ਕਰਵਾਈਆਂ ਗਈਆਂ ਹਨ। ਜਦੋਂ ਹਾਈ ਕੋਰਟ ਨੇ 14 ਅਕਤੂਬਰ ਨੂੰ ਸੁਣਵਾਈ ਦੀ ਤਰੀਕ ਰੱਖੀ ਹੈ ਕੀ ਪੰਜਾਬ ਦੀ ਮਾਨ ਸਰਕਾਰ ਪਾਰਦਰਸ਼ੀ ਚੋਣਾਂ ਕਰਵਾਉਣ ਅਤੇ ਚੋਣ ਪ੍ਰਣਾਲੀ ਪ੍ਰਤੀ ਵਫਾਦਾਰੀ ਨਿਭਾਉਣ ਦੀ ਜ਼ਿੰਮੇਵਾਰੀ ਲਏਗੀ? ਮੁਸ਼ਕਲ ਜਾਪਦਾ ਹੈ। ਅਸਲ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਜਿਸ ਤੇਜ਼ੀ ਨਾਲ ਆਪਣਾ ਅਧਾਰ ਗੁਆ ਰਹੀ ਹੈ, ਕਿਸੇ ਨੂੰ ਵੀ ਉਮੀਦ ਨਹੀਂ ਸੀ।

# ਨਰੇਗਾ ਮਜ਼ਦੂਰਾਂ ਦੇ ਆਗੂਆਂ ਦੀ ਡਿਪਟੀ ਡਾਇਰੈਕਟਰ ਨਾਲ ਬੈਠਕ, ਮੰਗਾਂ ਦੇ ਹੱਲ ਦਾ ਭਰੋਸਾ



**ਚੰਡੀਗੜ੍ਹ** : ਵਿਕਾਸ ਭਵਨ ਮੁਹਾਲੀ ਵਿਖੇ ਨਰੇਗਾ ਕਾਮਿਆਂ ਦੇ ਪਿਛਲੇ ਸਮੇਂ ਵਿੱਚ ਦਿੱਤੇ ਮੰਗ ਪੱਤਰ 'ਤੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਏਟਕ) ਦੇ ਵਫ਼ਦ ਵੱਲੋਂ ਸ਼ੁੱਕਰਵਾਰ ਪ੍ਰੀਤਇੰਦਰ ਸਿੰਘ ਸਹੋਤਾ ਡਿਪਟੀ ਡਾਇਰੈਕਟਰ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਨਾਲ ਮੀਟਿੰਗ ਕੀਤੀ ਗਈ। ਵਫ਼ਦ ਵਿੱਚ ਯੂਨੀਅਨ ਵੱਲੋਂ ਮੁੱਖ ਸਲਾਹਕਾਰ ਕਾਮਰੇਡ ਜਗਰੂਪ ਮੁਕਤਸਰ, ਪ੍ਰਧਾਨ

● ਬਾਕੀ ਸਫ਼ਾ 2 'ਤੇ

# ਵਾਈਸ ਚਾਂਸਲਰ ਆਪਣੇ ਵਰਗੇ ਹੀਰੇ ਤਰਾਸ਼ਣ : ਮਾਨ



**ਚੰਡੀਗੜ੍ਹ (ਗੁਰਜੀਤ ਬਿੱਲਾ/ਕ੍ਰਿਸ਼ਨ ਗਰਗ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਿੱਖਿਆ ਸ਼ਾਸਤਰੀਆਂ ਨੂੰ ਸੱਦਾ ਦਿੱਤਾ ਕਿ ਉਹ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਦੇ ਕੇ ਆਮ ਆਦਮੀ ਨੂੰ ਵੱਧ ਅਖ਼ਤਿਆਰ ਦੇਣਾ ਯਕੀਨੀ ਬਣਾਉਣ ਲਈ ਸਰਗਰਮ ਭੂਮਿਕਾ ਨਿਭਾਉਣ। ਪੰਜਾਬ ਰਾਜ ਭਵਨ ਵਿੱਚ ਵਾਈਸ ਚਾਂਸਲਰਾਂ ਦੀ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਅੱਜ ਇੱਥੇ ਬੈਠੇ ਸਾਰੇ ਸਿੱਖਿਆ ਸ਼ਾਸਤਰੀ ਆਪਣੀ ਸਖ਼ਤ ਮਿਹਨਤ, ਸਮਰਪਣ ਅਤੇ ਘਾਲਣਾ ਨਾਲ ਆਪਣੇ ਖ਼ੇਤਰ ਵਿੱਚ ਸਫ਼ਲ ਹੋਏ ਹਨ, ਪਰ ਹੁਣ ਉਹਨਾਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਆਪਣੇ ਵਰਗੇ ਹੋਰ ਹੀਰੇ ਤਰਾਸ਼ਣ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ ਕੁੱਲ 40 ਯੂਨੀਵਰਸਿਟੀਆਂ ਹਨ ਅਤੇ ਇਹ ਮਾਣ ਤੇ ਤਸੱਲੀ ਵਾਲੀ ਗੱਲ ਹੈ ਕਿ ਇਨ੍ਹਾਂ ਯੂਨੀਵਰਸਿਟੀਆਂ ਦੇ ਵਾਈਸ ਚਾਂਸਲਰ ਇੱਥੇ ਇਸ ਕਾਨਫਰੰਸ ਲਈ ਇਕੱਤਰ ਹੋਏ ਹਨ। ਉਨ੍ਹਾ ਕਾਨਫਰੰਸ ਕਰਵਾਉਣ ਲਈ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਦੀ ਸ਼ਲਾਘਾ

● ਬਾਕੀ ਸਫ਼ਾ 2 'ਤੇ

## 50,000 ਰਿਸ਼ਵਤ ਲੈਂਦਾ ਐੱਸ ਐੱਚ ਓ ਗ੍ਰਿਫ਼ਤਾਰ

**ਜਲੰਧਰ (ਸ਼ੈਲੀ ਐਲਬਰਟ)**-ਪੰਜਾਬ ਵਿਜੀਲੈਂਸ ਬਿਊਰੋ ਨੇ ਫਗਵਾੜਾ ਸਿਟੀ ਥਾਣੇ ਵਿੱਚ ਐੱਸ ਐੱਚ ਓ ਇੰਸਪੈਕਟਰ ਜਤਿੰਦਰ ਕੁਮਾਰ ਤੇ ਉਸ ਦੇ ਸਾਥੀ ਜਸਕਰਨ ਸਿੰਘ ਉਰਫ਼ ਜੱਸਾ ਵਾਸੀ ਪਿੰਡ ਬੁਰਜ ਹਮੀਰਾ, ਜ਼ਿਲ੍ਹਾ ਮੋਗਾ ਨੂੰ 50,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਗ੍ਰਿਫ਼ਤਾਰੀਆਂ ਕੁਲਵਿੰਦਰ ਕੌਰ ਵਾਸੀ ਪਿੰਡ ਚਾਚੋਕੀ, ਫਗਵਾੜਾ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਕੀਤੀਆਂ ਗਈਆਂ ਹਨ। ਕੁਲਵਿੰਦਰ ਕੌਰ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਸੀ ਕਿ ਉਕਤ ਪੁਲਸ ਮੁਲਾਜ਼ਮ ਨੇ ਮਾਰਚ ਵਿੱਚ ਉਸ ਦੇ ਲੜਕੇ ਹਰਸ਼ਦੀਪ, ਉਸ ਦੀ ਪਤਨੀ ਆਸ਼ਿਮਾ ਅਤੇ ਸਾਲੇ ਅੰਸ਼ ਸ਼ਰਮਾ ਨੂੰ ਉਸ ਸਮੇਂ ਹਿਰਾਸਤ ਵਿੱਚ ਲਿਆ ਸੀ, ਜਦੋਂ ਉਹ ਫਗਵਾੜਾ ਦੇ ਇੱਕ ਸਥਾਨਕ ਹੋਟਲ ਵਿੱਚ ਖਾਣਾ ਖਾ ਰਹੇ ਸਨ। ਇਸ ਉਪਰੰਤ ਉਸ ਦੇ ਪੁੱਤਰ ਵਿਰੁੱਧ ਉਕਤ ਥਾਣੇ 'ਚ ਨਾਰਕੋਟਿਕ ਡਰੱਗ ਐਂਡ ਸਾਈਕੋਟ੍ਰਪਿਕ ਸਬਸਟਾਂਸ ਐਕਟ (ਐੱਨ ਡੀ ਪੀ ਐੱਸ ) ਤਹਿਤ ਕੇਸ ਦਰਜ ਕੀਤਾ ਗਿਆ ਸੀ। ਉਕਤ ਪੁਲਸ ਮੁਲਾਜ਼ਮ ਨੇ ਹਰਸ਼ਦੀਪ ਦੀ ਪਤਨੀ ਅਤੇ ਸਾਲੇ ਨੂੰ ਇਸ ਕੇਸ 'ਚ ਸ਼ਾਮਲ ਨਾ ਕਰਨ ਦੇ ਬਦਲੇ 50,000 ਰੁਪਏ ਰਿਸ਼ਵਤ

● ਬਾਕੀ ਸਫ਼ਾ 2 'ਤੇ

## ਸੌਰਭ ਚੰਦਰਾਕਰ ਦੁਬਈ 'ਚ ਗ੍ਰਿਫ਼ਤਾਰ

**ਨਵੀਂ ਦਿੱਲੀ** : ਮਹਾਂਦੇਵ ਆਨਲਾਈਨ ਸੱਟੇਬਾਜ਼ੀ ਐਪ ਦੇ ਪ੍ਰਮੋਟਰਾਂ ਵਿੱਚੋਂ ਇੱਕ ਸੌਰਭ ਚੰਦਰਾਕਰ ਨੂੰ ਇਨਫੋਰਸਮੈਂਟ ਡਾਇਰੈਕਟੋਰੇਟ ਦੀ ਬੇਨਤੀ 'ਤੇ ਇੰਟਰਪੋਲ ਦੇ ਰੈੱਡ ਕਾਰਨਰ ਨੋਟਿਸ ਦੇ ਬਾਅਦ ਦੁਬਈ 'ਚ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਈ ਡੀ ਅਧਿਕਾਰੀਆਂ ਨੇ ਕਿਹਾ ਕਿ ਉਸ ਨੂੰ ਹਾਸਲ ਕਰਨ ਲਈ ਦਸਤਾਵੇਜ਼ ਪ੍ਰਕਿਰਿਆ ਨੂੰ ਆਉਣ ਵਾਲੇ ਦਿਨਾਂ 'ਚ ਅੰਤਮ ਰੂਪ ਦਿੱਤਾ ਜਾਵੇਗਾ। ਪਿਛਲੇ ਸਾਲ ਦਸੰਬਰ 'ਚ ਚੰਦਰਾਕਰ ਨੂੰ ਦੁਬਈ 'ਚ ਘਰ 'ਚ ਨਜ਼ਰਬੰਦ ਰੱਖਿਆ ਗਿਆ ਸੀ। ਰਾਏਪੁਰ ਦੀ ਵਿਸ਼ੇਸ਼ ਮਨੀ

● ਬਾਕੀ ਸਫ਼ਾ 2 'ਤੇ

# ਸਾਂਝਾ ਸੰਘਰਸ਼ ਜ਼ਿੰਦਗੀ ਨੂੰ ਸੁਖਾਲਿਆਂ ਕਰਨ ਦਾ ਇੱਕੋ-ਇੱਕ ਰਾਹ : ਗੋਰੀਆ



ਅਹੁਦੇਦਾਰਾਂ ਦੀ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਗੁਲਜ਼ਾਰ ਸਿੰਘ ਗੋਰੀਆ।

**ਸ਼ਾਹਕੋਟ (ਗਿਆਨ ਸੈਦਪੁਰੀ)**

ਦਲਿਤ ਅਤੇ ਮਜ਼ਦੂਰ ਵਰਗ ਨੂੰ ਸਮਾਜਿਕ ਅਨਿਆਂ ਅਤੇ ਆਰਥਕ ਪਛੜੇਵੇਂ ਤੋਂ ਇੱਕਮੁੱਠ ਸੰਘਰਸ਼ ਹੀ ਨਿਜਾਤ ਦਿਵਾ ਸਕਦਾ ਹੈ। ਉਕਤ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਕਮਿਊਨਿਸਟ ਪਾਰਟੀ ਦੀ ਨੈਸ਼ਨਲ ਕੌਂਸਲ ਦੇ ਮੈਂਬਰ ਅਤੇ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਜਨਰਲ ਸਕੱਤਰ ਗੁਲਜ਼ਾਰ ਸਿੰਘ ਗੋਰੀਆ ਨੇ ਕੀਤਾ। ਉਹ ਇੱਥੇ ਪੰਜਾਬ ਖੇਤ ਮਜ਼ਦੂਰ ਸਭਾ ਦੇ ਸੂਬਾਈ ਆਗੂਆਂ ਦੀ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ।

ਸਭਾ ਦੇ ਜਨਰਲ ਸਕੱਤਰ ਦੇਵੀ ਕੁਮਾਰੀ ਸਰਹਾਲੀ ਕਲਾਂ ਦੀ ਪ੍ਰਧਾਨਗੀ ਵਿੱਚ ਹੋਈ ਮੀਟਿੰਗ ਵਿੱਚ ਜਿੱਥੇ ਦਲਿਤ ਅਤੇ ਮਜ਼ਦੂਰ ਵਰਗ ਨੂੰ ਦਰਪੇਸ਼ ਸਮੱਸਿਆਵਾਂ ਸੰਬੰਧੀ ਵਿਚਾਰ-ਵਟਾਂਦਰਾ ਹੋਇਆ, ਉੱਥੇ ਪਿਛਲੇ ਸਮੇਂ ਵਿੱਚ ਜਥੇਬੰਦੀ ਵੱਲੋਂ ਉਲੀਕੇ ਗਏ

● ਬਾਕੀ ਸਫ਼ਾ 2 'ਤੇ

## ਅੱਜ-ਨਾਮਾ

ਰਾਹੁਲ ਬੋਲਿਆ ਬੋਲੀ ਵਿੱਚ ਕੌੜ ਭਰ ਕੇ,
ਆਪਣੇ ਲੀਡਰਾਂ ਦੀ ਕਰੀ ਆ ਝੰਡ ਮੀਆਂ।
ਨਿੱਜੀ ਲੋੜ ਵਿੱਚ ਕਹਿੰਦਾ ਇਹ ਰਹੇ ਫਾਥੇ,
ਲਵਾਈ ਪਾਰਟੀ ਦੀ ਇਨ੍ਹਾਂ ਹੀ ਕੰਡ ਮੀਆਂ।
ਚੋਣਾਂ ਅੰਦਰ ਵੀ ਚੱਲੀ ਨਹੀਂ ਟੀਮ ਜਿਹੜੀ,
ਇਕੱਠੇ ਵੀ ਹੋਏ ਤੇ ਸਿਰਫ ਪਾਖੰਡ ਮੀਆਂ।
ਲਈ ਜਦ ਨਬਜ਼ ਪਛਾਣ ਫਿਰ ਆਮ ਲੋਕਾਂ,
ਛੱਡਿਆ ਕੋਈ ਨਾ, ਦਿੱਤੇ ਸਭ ਚੰਡ ਮੀਆਂ।
ਕੀਤੀ ਦੂਜਿਆਂ ਦੀ ਹਰ ਇੱਕ ਗੱਲ ਉਹਨੇ,
ਆਪਣੇ ਔਗੁਣ ਤਾਂ ਗਿਆ ਈ ਢੱਕ ਮੀਆਂ।
ਹਾਈ ਕਮਾਨ ਜਦ ਇੱਕ ਨਹੀਂ ਹੋਣ ਦਿੰਦੀ,
ਪਾਲਸੀ ਇਹੋ ਰਹੀ ਚੜ੍ਹਤ ਨੂੰ ਡੱਕ ਮੀਆਂ।

-ਤੀਸ ਮਾਰ ਖਾਂ

## ਨੋਏਲ ਟਾਟਾ ਸੰਭਾਲੇਗਾ ਟਾਟਿਆਂ ਦੀ ਸਲਤਨਤ



**ਮੁੰਬਈ** : ਰਤਨ ਟਾਟਾ ਦੀ ਮੌਤ ਤੋਂ ਬਾਅਦ ਨੋਏਲ ਟਾਟਾ ਨੂੰ ਸ਼ੁੱਕਰਵਾਰ ਟਾਟਾ ਦੀ ਪਰਉਪਕਾਰੀ ਸ਼ਾਖਾ ਟਾਟਾ ਟਰੱਸਟ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ। ਮਤਰੇਏ ਭਰਾ ਰਤਨ ਟਾਟਾ ਦੇ ਪਰਛਾਵੇਂ ਹੇਠ ਕੰਮ ਕਰਨ ਤੋਂ ਬਾਅਦ ਨੋਏਲ (67) ਕੋਲ ਹੁਣ ਟਾਟਾ ਟਰੱਸਟਾਂ ਦੀ ਅਗਵਾਈ ਕਰਨ ਦੀ ਜ਼ਿੰਮੇਵਾਰੀ ਹੋਵੇਗੀ, ਜਿਸ 'ਚ ਸਰ ਰਤਨ ਟਾਟਾ ਟਰੱਸਟ ਅਤੇ ਅਲਾਈਡ ਟਰੱਸਟ, ਸਰ ਦੋਰਾਬਜੀ ਟਾਟਾ ਟਰੱਸਟ ਅਤੇ ਅਲਾਈਡ ਟਰੱਸਟ ਸ਼ਾਮਲ ਹਨ। ਇਨ੍ਹਾਂ ਦੀ ਟਾਟਾ ਸਮੂਹ ਦੀਆਂ ਕੰਪਨੀਆਂ ਦੀ ਹੋਲਡਿੰਗ ਅਤੇ ਪ੍ਰਮੋਟਰ ਫਰਮ ਟਾਟਾ ਸੰਨਜ਼ 'ਚ ਨਿਯੰਤਰਤ 66 ਫੀਸਦੀ ਹਿੱਸੇਦਾਰੀ ਹੈ। ਨੋਏਲ ਟਾਟਾ ਸਰ ਰਤਨ ਟਾਟਾ

● ਬਾਕੀ ਸਫ਼ਾ 2 'ਤੇ




## ਨਾਟਕਕਾਰ ਰਾਜਵਿੰਦਰ ਦਾ ਪੰਜਾਬ ਸੰਗੀਤ ਨਾਟਕ ਅਕੈਡਮੀ ਦਾ ਉੱਪ ਪ੍ਰਧਾਨ ਬਣਨ 'ਤੇ ਅਦੀਬਾਂ 'ਚ ਖੁਸ਼ੀ : ਡਾ. ਬੈਨੀਪਾਲ



**ਸਮਰਾਲਾ (ਸੁਰਜੀਤ ਸਿੰਘ)**-ਲੇਖਕ, ਨਾਟਕਕਾਰ, ਨਿਰਦੇਸ਼ਕ, ਲੇਖਕ ਮੰਚ (ਰਜਿ.) ਸਮਰਾਲਾ ਦੇ ਉੱਪ-ਪ੍ਰਧਾਨ ਤੇ ਅਕਸ ਰੰਗਮੰਚ ਦੇ ਡਾਇਰੈਕਟਰ ਰਾਜਵਿੰਦਰ ਸਮਰਾਲਾ ਦਾ ਪੰਜਾਬ ਸੰਗੀਤ ਨਾਟਕ ਅਕੈਡਮੀ ਦੇ ਉਪ ਪ੍ਰਧਾਨ ਨਿਯੁਕਤ ਹੋਣ 'ਤੇ ਪੰਜਾਬੀ ਜਗਤ ਦੇ ਅਦੀਬਾਂ, ਸਾਹਿਤਕਾਰਾਂ ਤੇ ਲੇਖਕਾਂ ਨੇ ਖੁਸ਼ੀ ਦਾ ਇਜ਼ਹਾਰ ਕੀਤਾ ਹੈ।ਇਹ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਡਾ. ਪਰਮਿੰਦਰ ਸਿੰਘ ਬੈਨੀਪਾਲ ਨੇ ਕਿਹਾ ਕਿ ਪੰਜਾਬ ਕਲਾ ਪ੍ਰੀਸ਼ਦ ਵੱਲੋਂ ਕੀਤੀ ਗਈ ਇਹ ਨਿਯੁਕਤੀ ਪੰਜਾਬੀ ਜਗਤ ਵਿੱਚ ਸਰਵ ਪਰਵਾਨਿਤ ਹੈ, ਕਿਉਂਕਿ ਰਾਜਵਿੰਦਰ ਸਮਰਾਲਾ ਆਪਣੀ ਨਾਟਕ ਲੇਖਨ, ਨਿਰਦੇਸ਼ਨਾਂ ਤੇ ਨਾਟਕ ਮੰਚੀ ਕਾਰਜ ਕੁਸ਼ਲਤਾ ਕਰਨ ਵੱਡਾ ਨਾਮਣਾ ਖੱਟ ਗਿਆ ਹੈ।ਉਨ੍ਹਾਂ ਕਿਹਾ ਕਿ ਰਾਜਵਿੰਦਰ ਸਮਰਾਲਾ ਨੇ ਪੰਜਾਬ ਹੀ ਨਹੀਂ, ਸਗੋਂ ਦੇਸ਼ ਦੇ ਵੱਖ ਵੱਖ ਰਾਜਾਂ ਵਿੱਚ ਜਾ ਆਪਣੇ ਨਾਟਕਾਂ ਰਾਹੀਂ ਸਮਾਜਿਕ ਲਾਹਨਤਾਂ 'ਤੇ ਵੱਡੀ ਸੱਟ ਮਾਰੀ ਤੇ ਮੁੱਖ ਤੌਰ 'ਤੇ ਨਸ਼ਿਆਂ ਦੇ ਵਿਰੋਧ ਵਿੱਚ ਜ਼ਿਕਰਯੋਗ ਕੰਮ ਕੀਤਾ ਹੈ।ਲੇਖਕ ਮੰਚ ਸਮਰਾਲਾ ਦੇ ਪ੍ਰਧਾਨ ਐਡਵੋਕੇਟ ਤੇ ਕਹਾਣੀਕਾਰ ਦਲਜੀਤ ਸਿੰਘ ਸ਼ਾਹੀ ਤੇ ਜਨਰਲ ਸਕੱਤਰ ਹਰਬੰਸ ਮਾਲਵਾ ਨੇ ਕਿਹਾ ਕਿ ਰਾਜਵਿੰਦਰ ਸਮਰਾਲਾ ਦੀ ਇਸ ਪ੍ਰਾਪਤੀ 'ਤੇ ਸਮੁੱਚਾ ਲੇਖਕ ਵਰਗ ਖੁਸ਼ੀ ਦਾ ਇਜ਼ਹਾਰ ਕਰ ਰਿਹਾ ਹੈ।ਰਾਜਵਿੰਦਰ ਸਮਰਾਲਾ ਦੇ ਸਨਮਾਨ ਵਿੱਚ ਲੇਖਕ ਮੰਚ (ਰਜਿ:) ਦੀ ਮਾਸਿਕ ਇੱਕਤਰਤਾ, ਜੋ 13 ਅਕਤੂਬਰ ਨੂੰ ਸਮਰਾਲਾ ਵਿਖੇ ਹੋਵੇਗੀ, ਵਿੱਚ ਇਸ ਸਬੰਧੀ ਵਿਸ਼ੇਸ਼ ਚਰਚਾ ਕੀਤੀ ਜਾਵੇਗੀ ਤੇ 'ਰਾਜਵਿੰਦਰ ਦੀ ਨਾਟਕਾਂ ਨੂੰ ਦੇਣ' ਵਿਸ਼ੇ 'ਤੇ ਪ੍ਰਿੰਸੀਪਲ (ਡਾ.) ਪਰਮਿੰਦਰ ਸਿੰਘ ਬੈਨੀਪਾਲ ਵਿਸ਼ੇਸ਼ ਗੱਲਬਾਤ ਕਰਨਗੇ।ਉਨ੍ਹਾ ਸਮਰਾਲਾ ਇਲਾਕੇ ਦੇ ਸਮੂਹ ਸਾਹਿਤਕ ਪ੍ਰੇਮੀਆਂ ਨੂੰ ਇਸ ਇੱਕਤਰਤਾ ਵਿੱਚ ਪੁੱਜਣ ਦੀ ਅਪੀਲ ਕੀਤੀ।

## ਸਰਬਸੰਮਤੀ ਨਾਲ ਚੁਣੀ ਗਈ ਫੱਕਰਸਰ ਦੀ ਪੰਚਾਇਤ



**ਮਲੋਟ (ਗੁਰਮੀਤ ਸਿੰਘ ਮੱਕੜ)**-ਪੰਜਾਬ ਵਿੱਚ 15 ਅਕਤੂਬਰ ਨੂੰ ਹੋਣ ਵਾਲੀਆਂ ਪੰਚਾਇਤੀ ਚੋਣਾਂ ਤੋਂ ਪਹਿਲਾਂ ਸਰਬਸੰਮਤੀਆਂ ਦਾ ਦੌਰ ਲਗਾਤਾਰ ਜਾਰੀ ਹੈ, ਜਿਸ ਦੇ ਚੱਲਦੇ ਹਲਕਾ ਮਲੋਟ ਦੇ ਪਿੰਡ ਫੱਕਰਸਰ ਵਿਖੇ ਪੂਰੀ ਪੰਚਾਇਤ ਦੀ ਸਰਬਸੰਮਤੀ ਹੋਈ, ਜਿਸ ਵਿੱਚ 9 ਮੈਂਬਰ ਤੇ ਇੱਕ ਸਰਪੰਚ ਪਿੰਡ ਵਾਸੀਆਂ ਨੇ ਪੂਰੇ ਪਿੰਡ ਦੀ ਸਹਿਮਤੀ ਨਾਲ ਚੁਣਿਆ। ਪੂਰੀ ਪੰਚਾਇਤ ਦੀ ਸਰਬਸੰਮਤੀ ਹੋਣ ਨਾਲ ਪੂਰੇ ਪਿੰਡ ਵਿੱਚ ਖੁਸ਼ੀ ਦੀ ਲਹਿਰ ਹੈ ਤੇ ਪਿੰਡ ਵਾਸੀਆਂ ਨੇ ਪੂਰੀ ਨਵ-ਨਿਯੁਕਤ ਪੰਚਾਇਤ ਦਾ ਪਿੰਡ ਵਾਸੀਆਂ ਨੇ ਹਾਰ ਪਾ ਕੇ ਤੇ ਲੱਡੂਆਂ ਨਾਲ ਮੂੰਹ ਮਿੱਠਾ ਕਰਵਾ ਕੇ ਸਵਾਗਤ ਕੀਤਾ। ਇਸ ਮੌਕੇ ਨਵ- ਨਿਯੁਕਤ ਨੌਜਵਾਨ ਸਰਪੰਚ ਮਨਪ੍ਰੀਤ ਸਿੰਘ ਢਿੱਲੋਂ ਨੇ ਪੂਰੇ ਪਿੰਡ ਨੂੰ ਵਿਸ਼ਵਾਸ ਦਿਵਾਇਆ ਕਿ ਪਿੰਡ ਵਾਸੀਆਂ ਨੇ ਜੋ ਉਸ ਉੱਪਰ ਭਰੋਸਾ ਕਰਕੇ ਸਰਪੰਚੀ ਦਾ ਮਾਣ ਬਖ਼ਸ਼ਿਆ ਹੈ, ਉਹ ਉਨ੍ਹਾਂ ਦੀਆਂ ਉਮੀਦਾਂ 'ਤੇ ਖਰਾ ਉੱਤਰੇਗਾ ਅਤੇ ਪੂਰੀ ਪੰਚਾਇਤ ਨੂੰ ਨਾਲ ਲੈ ਕੇ ਪਿੰਡ ਦੇ ਅਧੂਰੇ ਰਹਿੰਦੇ ਵਿਕਾਸ ਕੰਮ ਕਰਵਾਉਣ ਵਿੱਚ ਪੂਰੇ ਯਤਨ ਕਰੇਗਾ। ਦੂਜੇ ਪਾਸੇ ਪਿੰਡ ਵਾਸੀਆਂ ਨੇ ਵੀ ਆਪਣੇ ਪਿੰਡ ਦੀ ਸਰਬਸੰਮਤੀ ਨਾਲ ਚੁਣੀ ਪੰਚਾਇਤ ਤੋਂ ਪੂਰੀ ਉਮੀਦ ਹੈ ਕਿ ਉਹ ਪਿੰਡ ਦੇ ਸਾਂਝੇ ਕੰਮ ਇਮਾਨਦਾਰੀ ਤੇ ਪਹਿਲ ਦੇ ਆਧਾਰ 'ਤੇ ਕਰੇਗੀ।

## ਪਿੰਗਲਵਾੜਾ ਸ਼ਾਖਾ ਵੱਲੋਂ ਮਰੀਜ਼ਾਂ ਨੂੰ ਠੀਕ ਕਰਕੇ ਘਰ ਭੇਜਣ ਦਾ ਸਿਲਸਿਲਾ ਜਾਰੀ



**ਸੰਗਰੂਰ (ਪ੍ਰਵੀਨ ਸਿੰਘ)**-ਪਿੰਗਲਵਾੜਾ ਸ਼ਾਖਾ ਸੰਗਰੂਰ ਵੱਲੋਂ ਦਾਖਲ ਮਰੀਜ਼ਾਂ ਨੂੰ ਠੀਕ ਕਰਕੇ ਘਰ ਭੇਜਣ ਦਾ ਸਿਲਸਿਲਾ ਜਾਰੀ ਹੈ।ਇਸੇ ਲੜੀ ਵਿੱਚ ਸ਼ਾਹ ਸਤਨਾਮ ਸਿੰਘ ਗਰੀਨ ਐੱਸ ਫੋਰਸ ਸੰਗਰੂਰ ਦੀ ਮੰਦਬੁੱਧੀ ਸਾਂਭ ਸੰਭਾਲ ਟੀਮ ਵੱਲੋਂ ਸੜਕ 'ਤੇ ਘੁੰਮ ਰਹੇ ਨੌਜਵਾਨ ਦੀ ਸਾਂਭ ਸੰਭਾਲ ਕਰਕੇ ਪਿੰਗਲਵਾੜਾ ਸ਼ਾਖਾ ਸੰਗਰੂਰ ਵਿਖੇ ਦਾਖਲ ਕਰਾਇਆ ਸੀ, ਜਿਸ ਦਾ ਇਲਾਜ ਪਿੰਗਲਵਾੜਾ ਸੰਗਰੂਰ ਵੱਲੋਂ ਕਰਾਇਆ ਜਾਂਦਾ ਰਿਹਾ ਹੈ।ਰਿਟਾ: ਇੰਸਪੈਕਟਰ ਜਗਰਾਜ ਸਿੰਘ ਸੰਗਰੂਰ ਨੇ ਕੌਂਸਲਿੰਗ ਕਰਕੇ ਉਸ ਦੇ ਐਡਰੈੱਸ ਦਾ ਪਤਾ ਲਾ ਲਿਆ ਸੀ।ਉਸ ਦੇ ਏਰੀਆ ਵਿੱਚ ਮੰਦਬੁੱਧੀ ਦੀਆਂ ਫੋਟੋਆਂ ਤੇ ਵੀਡੀਓ ਭੇਜੀ ਗਈ ਸੀ ਤਾਂ ਕਿ ਸ਼ਨਾਖਤ ਹੋ ਸਕੇ ਤਾਂ ਤਾਲਮੇਲ ਕਰਨ 'ਤੇ ਮੰਦਬੁੱਧੀ ਦੇ ਘਰ ਦੇ ਪਤੇ 'ਤੇ ਮੈਂਬਰ ਪਹੁੰਚੇ, ਜਿਨ੍ਹਾਂ ਨੇ ਮੰਦਬੁੱਧੀ ਦੇ ਪਰਵਾਰ ਨੂੰ ਉਸ ਦੇ ਜਿਉਂਦੇ ਹੋਣ ਦੀ ਖ਼ਬਰ ਦਿੱਤੀ। ਉਪਰੰਤ ਮਰੀਜ਼ ਦਾ ਸਕਾ ਭਰਾ ਸਰਲ ਕੁਮਾਰ ਆਪਣੇ ਰਿਸ਼ਤੇਦਾਰਾਂ ਸਮੇਤ ਸੰਗਰੂਰ ਵਿਖੇ ਆਇਆ, ਜਿਸ ਨੇ ਆਪਣੇ ਭਰਾ ਦਾ ਸਬੂਤ ਪੇਸ਼ ਕੀਤਾ।ਉਸ ਨੇ ਦੱਸਿਆ ਕਿ ਮੇਰਾ ਭਰਾ ਅੱਠ ਮਹੀਨਿਆਂ ਤੋਂ ਲਾਪਤਾ ਸੀ।ਸਾਨੂੰ ਇਸ ਦੇ ਜਿਉਂਦੇ ਹੋਣ ਬਾਰੇ ਪਤਾ ਲੱਗਣ 'ਤੇ ਬਹੁਤ ਖੁਸ਼ੀ ਹੋਈ ਹੈ।ਸਬੰਧਤ ਮਰੀਜ਼ ਨੂੰ ਪਿੰਗਲਵਾੜਾ ਸੰਸਥਾ ਦੇ ਮੁੱਖ ਪ੍ਰਬੰਧਕ ਤਰਲੋਚਨ ਸਿੰਘ ਚੀਮਾ (ਉਮਰ 101 ਸਾਲ), ਸ੍ਰ. ਹਰਜੀਤ ਸਿੰਘ ਅਰੋੜਾ ਵਧੀਕ ਪ੍ਰਬੰਧਕ, ਮਾਸਟਰ ਸਤਪਾਲ ਈਲਵਾਲ, ਸੁਰਿੰਦਰ ਪਾਲ ਸਿੰਘ ਸਿਦਕੀ, ਗੁਰਮੇਲ ਸਿੰਘ, ਜੁਗਰਾਜ ਸਿੰਘ, ਸੱਤਪਾਲ ਇੰਸਾਂ ਤੇ ਹੋਰ ਸਮੂਹ ਸਟਾਫ ਵੱਲੋਂ ਘਰ ਜਾਣ ਲਈ ਰਵਾਨਾ ਕੀਤਾ ਗਿਆ।

## ਬਾਬਾ ਖੇਤਰਪਾਲ ਮੰਦਰ 'ਚ ਪਵਨ ਗੁਪਤਾ ਪਰਵਾਰ ਵੱਲੋਂ ਲੰਗਰ, ਚੌਕੀ ਤੇ ਭੰਡਾਰਾ 16 ਨੂੰ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਬਾਬਾ ਖੇਤਰਪਾਲ ਜੀ ਦੇ ਮੰਦਰ ਵਿਖੇ ਸਮਾਜ ਸੇਵੀ ਤੇ ਜੈ ਬਾਲਾ ਜੀ ਸੀਮਿੰਟ ਇੰਡਸਟਰੀ ਵਾਲੇ ਪਵਨ ਗੁਪਤਾ, ਰਾਮ ਗੁਪਤਾ ਪਰਵਾਰ ਨੇ ਸਮੋਸਿਆਂ ਦੇ ਲੰਗਰ ਲਗਾ ਕੇ ਸੇਵਾ ਕੀਤੀ।ਇਸ ਮੌਕੇ ਸਮਾਗਮ ਸਬੰਧੀ ਚੇਅਰਮੈਨ ਵਿਜੇ ਬਾਂਸਲ, ਪ੍ਰਧਾਨ ਸੰਜੀਵ ਗਰਗ ਤੇ ਕੈਸ਼ੀਅਰ ਰਕੇਸ਼ ਕੁਮਾਰ ਤੋਤਾ, ਪਵਨ ਗੁਪਤਾ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬਾਬਾ ਖੇਤਰਪਾਲ ਜੀ ਦੀ ਸਾਲਾਨਾ ਚੌਕੀ ਤੇ ਭੰਡਾਰਾ ਧੂਮਧਾਮ ਨਾਲ ਸਥਾਨਕ ਸ਼ਹਿਰ ਦੇ ਚੰਨੂਵਾਲਾ ਰੋਡ ਮਹਿੰਦਰਾ ਪੈਲੇਸ ਦੀ ਬੈਕ ਸਾਈਡ 'ਤੇ ਮੰਦਰ ਵਿਖੇ ਕਰਵਾਇਆ ਜਾਵੇਗਾ, ਜਿਸ ਨੂੰ ਲੈ ਕੇ ਬਾਘਾ ਪੁਰਾਣਾ ਵਾਸੀਆਂ 'ਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।ਬਾਬਾ ਜੀ ਦੀ ਚੌਕੀ ਲਈ ਬਾਬਾ ਖੇਤਰਪਾਲ ਜੀ ਦੇ ਮੰਦਰ ਰਾਵਤਸਰ ਤੋਂ 16 ਅਕਤੂਬਰ ਨੂੰ ਪਾਵਨ ਜੋਤੀ ਲਿਆਂਦੀ ਜਾਵੇਗੀ।ਪ੍ਰਬੰਧਕਾਂ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਇਸ ਕਰਵਾਏ ਜਾ ਰਹੇ ਭੰਡਾਰੇ ਤੇ ਚੌਕੀ ਵਿੱਚ ਪੁੱਜ ਕੇ ਬਾਬਾ ਖੇਤਰਪਾਲ ਜੀ ਦਾ ਅਸ਼ੀਰਵਾਦ ਪ੍ਰਾਪਤ ਕਰਨ।ਉਨ੍ਹਾਂ ਦੱਸਿਆ ਕਿ 16 ਅਕਤੂਬਰ ਨੂੰ ਸ਼ਾਮ ਛੇ ਵਜੇ ਪੂਜਨ ਕੀਤਾ ਜਾਵੇਗਾ। ਬਾਬਾ ਖੇਤਰਪਾਲ ਜੀ ਦੇ ਮੰਦਰ ਵਿਖੇ ਹਰ ਹਫਤੇ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਲੰਗਰ ਲਗਾਇਆ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ 16 ਅਕਤੂਬਰ ਨੂੰ ਵਿਸ਼ਾਲ ਲੰਗਰ ਲਗਾਇਆ ਜਾ ਰਿਹਾ ਹੈ।ਉਨ੍ਹਾਂ ਸੰਗਤਾਂ ਨੂੰ ਇਸ ਧਾਰਮਿਕ ਸਮਾਗਮ ਵਿੱਚ ਹੁੰਮ ਹੁਮਾ ਕੇ ਪਹੁੰਚਣ ਦੀ ਅਪੀਲ ਕੀਤੀ।

## ਨੌਜਵਾਨਾਂ ਨੂੰ ਖੇਡਾਂ 'ਚ ਭਾਗ ਲੈਣਾ ਚਾਹੀਦਾ : ਡਾ. ਅਦਿਤਿਆ ਬਾਂਸਲ



**ਚੀਮਾ ਮੰਡੀ (ਰਵਿੰਦਰ ਚੀਮਾ)**-43ਵੇਂ ਕਬੱਡੀ ਕੱਪ ਵਿੱਚ ਪਿੰਡ ਦੇ ਜੰਮਪਲ ਡਾਕਟਰ ਅਦਿੱਤਿਆ ਬਾਂਸਲ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਡਾਕਟਰ ਅਦਿੱਤਿਆ ਬਾਂਸਲ ਨੇ ਕਿਹਾ ਕਿ ਖੇਡਾਂ ਮਨੁੱਖਾਂ ਦਾ ਇੱਕ ਜ਼ਰੂਰੀ ਅੰਗ ਹਨ, ਕਿਉਂਕਿ ਹਰ ਇੱਕ ਨੌਜਵਾਨ ਨੂੰ ਖੇਡਾਂ ਵਿੱਚ ਭਾਗ ਲੈਣਾ ਚਾਹੀਦਾ ਹੈ। ਖੇਡਾਂ ਵਿੱਚ ਭਾਗ ਲੈਣ ਨਾਲ ਨੌਜਵਾਨ ਨਸ਼ਿਆਂ ਤੋਂ ਬਚੇ ਰਹਿੰਦੇ ਹਨ। ਖੇਡਾਂ ਵਿੱਚ ਮਿਹਨਤ ਕਰਕੇ ਆਪਣਾ ਨਾਂਅ ਕਮਾ ਸਕਦੇ ਹਨ। ਉਨ੍ਹਾਂ ਕਿਹਾ ਕਿ ਸਭ ਤੋਂ ਪਹਿਲਾਂ ਮਨੁੱਖ ਦੀ ਸਿਹਤ ਹੈ, ਜੇ ਤੁਹਾਡੀ ਸਿਹਤ ਠੀਕ ਹੈ ਤਾਂ ਤੁਹਾਡੇ ਕੋਲ ਸਭ ਕੁਝ ਹੈ। ਇਸ ਮੌਕੇ ਉਨ੍ਹਾਂ ਵੱਲੋਂ ਬਾਬਾ ਭੋਲਾ ਸਪੋਰਟਸ ਕਲੱਬ ਨੂੰ 31000 ਰੁਪਏ ਦੀ ਸਹਾਇਤਾ ਦਿੱਤੀ ਗਈ। ਜਗਤਜੀਤ ਗਰੁੱਪ ਦੇ ਐਮਡੀ ਜਗਤਜੀਤ ਸਿੰਘ ਕਲੱਬ ਦੇ ਪ੍ਰਧਾਨ ਕਾਕਾ ਸਿੰਘ ਧਾਲੀਵਾਲ, ਜਸਵੰਤ ਸਿੰਘ ਗਰੇਵਾਲ ਪੰਜਾਬੀ ਲੋਕ ਗਾਇਕ ਹਰਫ ਚੀਮਾ ਹਾਜ਼ਰ ਸਨ।

## ਪੰਚਾਇਤੀ ਚੋਣਾਂ 'ਚ ਸਾਫ-ਸੁਥਰੇ ਅਕਸ ਵਾਲੇ ਉਮੀਦਵਾਰਾਂ ਨੂੰ ਜਿਤਾਇਆ ਜਾਵੇ : ਕੱਟੂ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪੰਚਾਇਤੀ ਚੋਣਾਂ ਵਿੱਚ ਸਾਫ ਸੁਥਰੇ ਅਕਸ ਵਾਲੇ ਇਮਾਨਦਾਰ ਲੋਕਾਂ ਨੂੰ ਜਿਤਾ ਕੇ ਅੱਗੇ ਲਿਆਂਦਾ ਜਾਵੇ, ਤਾਂ ਜੋ ਧੜੇਬੰਦੀ ਤੋਂ ਉਪਰ ਉੱਠ ਕੇ ਹਲਕੇ ਦੇ ਪਿੰਡਾਂ ਦਾ ਸਰਬਪੱਖੀ ਕਰਵਾਇਆ ਜਾ ਸਕੇ।ਇਹ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੂਬਾਈ ਸਕੱਤਰ, ਹਲਕਾ ਮਹਿਲ ਕਲਾਂ ਦੇ ਇੰਚਾਰਜ ਭਾਈ ਗੁਰਜੰਟ ਸਿੰਘ ਕੱਟੂ ਨੇ ਪਿੰਡ ਮਹਿਲ ਖੁਰਦ ਵਿਖੇ ਗੱਲਬਾਤ ਦੌਰਾਨ ਕੀਤਾ।ਉਨ੍ਹਾ ਕਿਹਾ ਕਿ ਚੋਣਾਂ ਵੇਲੇ ਨਸ਼ਿਆਂ ਤੇ ਪੈਸੇ ਦੀ ਨਜਾਇਜ਼ ਵਰਤੋਂ ਕਰਨ ਵਾਲੇ ਉਮੀਦਵਾਰਾਂ ਦਾ ਮੁਕੰਮਲ ਬਾਈਕਾਟ ਕੀਤਾ ਜਾਵੇ।ਉਨ੍ਹਾ ਹਲਕੇ ਦੇ ਸਮੂਹ ਲੋਕਾਂ ਨੂੰ ਚੋਣਾਂ ਦੌਰਾਨ ਆਪਸੀ ਭਾਈਚਾਰਕ ਸਾਂਝ ਨੂੰ ਕਾਇਮ ਰੱਖਣ ਦੀ ਅਪੀਲ ਕੀਤੀ।ਇਸ ਮੌਕੇ ਜਥੇਦਾਰ ਅਜਮੇਰ ਸਿੰਘ ਮਹਿਲ ਕਲਾਂ, ਜਥੇ: ਬਲਦੇਵ ਸਿੰਘ ਗੰਗੋਹਰ, ਮਲਕੀਤ ਸਿੰਘ ਹਰੀ, ਜੱਸਾ ਸਿੰਘ ਮਾਣਕੀ, ਮੁਖਤਿਆਰ ਸਿੰਘ ਛਾਪਾ, ਜਸਵੀਰ ਸਿੰਘ ਬਿੱਲੂ, ਹਰੀ ਸਿੰਘ ਸੰਘੇੜਾ, ਮਹਿੰਦਰ ਸਿੰਘ ਸਹਿਜੜਾ, ਭਾਈ ਬਲੌਰ ਸਿੰਘ, ਲਾਭ ਸਿੰਘ, ਸੁਖਵਿੰਦਰ ਸਿੰਘ ਪੱਪੂ, ਸੁਖਵਿੰਦਰ ਸਿੰਘ ਭੋਲਾ ਆਦਿ ਹਾਜ਼ਰ ਸਨ।

## ਸ਼ਿਵਾਲਿਕ ਕਿਡਜ਼ ਸਕੂਲ 'ਚ ਗਰਬਾ ਉਤਸਵ ਮਨਾਇਆ



**ਜੈਤੋ (ਸਤੀਸ਼ ਕੁਮਾਰ ਭੀਰੀ)**-ਸ਼ਿਵਾਲਿਕ ਕਿਡਜ਼ ਸਕੂਲ ਵਿੱਚ ਡਾਂਡੀਆ ਪ੍ਰੋਗਰਾਮ ਹੋਇਆ, ਜਿਸ ਵਿੱਚ ਨਰਸਰੀ ਤੋਂ ਲੈ ਕੇ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਭਾਗ ਲਿਆ ਤੇ ਡਾਂਸ ਕੀਤਾ।ਸਕੂਲ ਦੀ ਮੁੱਖ ਅਧਿਆਪਕਾ ਮੈਡਮ ਸੁਖਵਿੰਦਰ ਕੌਰ ਤੇ ਪ੍ਰਬੰਧਕੀ ਕਮੇਟੀ ਵੱਲੋਂ ਵਿਦਿਆਰਥੀਆਂ ਦੀ ਅਜਿਹੀ ਸ਼ਾਨਦਾਰ ਪ੍ਰਤਿਭਾ ਤੇ ਮਿਹਨਤ ਨੂੰ ਦੇਖ ਕੇ ਮਾਣ ਮਹਿਸੂਸ ਕੀਤਾ ਜਾ ਰਿਹਾ ਹੈ।ਇਸ ਮੌਕੇ ਬੱਚਿਆਂ ਨੂੰ ਪ੍ਰੇਰਿਤ ਕਰਦਿਆਂ ਮੈਡਮ ਸੁਖਵਿੰਦਰ ਕੌਰ ਨੇ ਕਿਹਾ ਕਿ ਇਹ ਤਿਉਹਾਰ ਤੁਹਾਡੇ ਜੀਵਨ ਵਿੱਚ ਖੁਸ਼ੀਆਂ, ਸ਼ਾਂਤੀ ਤੇ ਖੁਸ਼ਹਾਲੀ ਲੈ ਕੇ ਆਵੇ।

# ਦਸਮੇਸ਼ ਸਕੂਲ ਜ਼ਿਲ੍ਹਾ ਪੱਧਰੀ ਖੇਡਾਂ 'ਚ 162 ਤਮਗੇ ਜਿੱਤ ਕੇ ਬਣਿਆ ਚੈਂਪੀਅਨ

### 142 ਖਿਡਾਰੀਆਂ ਦੀ ਪੰਜਾਬ ਸਟੇਟ ਖੇਡਾਂ ਲਈ ਹੋਈ ਚੋਣ



**ਸਰਦੂਲਗੜ੍ਹ (ਅਵਤਾਰ ਜਟਾਣਾ)**-ਦਸਮੇਸ਼ ਕਾਨਵੈਂਟ ਸਕੂਲ ਤੇ ਦਸਮੇਸ਼ ਇੰਟਰਨੈਸ਼ਨਲ ਸਕੂਲ ਸਰਦੂਲਗੜ੍ਹ ਦੇ ਖਿਡਾਰੀਆਂ ਨੇ 68ਵੀਆਂ ਜ਼ਿਲ੍ਹਾ ਪੱਧਰੀ ਸਕੂਲੀ ਖੇਡਾਂ 'ਚ ਸਰਦੂਲਗੜ੍ਹ ਜ਼ੋਨ ਵੱਲੋਂ ਖੇਡਦਿਆਂ ਵੱਖ-ਵੱਖ ਖੇਡਾਂ 'ਚ ਲੜਕੇ-ਲੜਕੀਆਂ ਨੇ 80 ਸੋਨ, 47 ਚਾਂਦੀ, 35 ਕਾਂਸੀ ਤਮਗਿਆਂ ਨਾਲ ਕੁੱਲ 162 ਤਮਗੇ ਜਿੱਤ ਕੇ ਜ਼ਿਲ੍ਹਾ ਚੈਂਪੀਅਨ ਬਣੇ ਅਤੇ 142 ਖਿਡਾਰੀ ਪੰਜਾਬ ਸਟੇਟ ਲਈ ਚੁਣੇ ਗਏ, ਜੋ ਕਿ ਸਰਦੂਲਗੜ੍ਹ ਏਰੀਏ ਲਈ ਬਹੁਤ ਮਾਣ ਵਾਲੀ ਗੱਲ ਹੈ। ਅੰਡਰ-19, ਅੰਡਰ-17 ਤੇ ਅੰਡਰ-14 ਲੜਕਿਆਂ ਤੇ ਅੰਡਰ-19 ਲੜਕੀਆਂ ਦੀਆਂ ਹੈਂਡਬਾਲ ਟੀਮਾਂ ਨੇ ਮਾਨਸਾ ਵਿਖੇ ਫਾਈਨਲ ਮੁਕਾਬਲੇ ਜਿੱਤ ਕੇ ਜ਼ਿਲ੍ਹੇ ਵਿੱਚ ਪਹਿਲੇ ਸਥਾਨ 'ਤੇ ਰਹਿੰਦਿਆਂ ਸੋਨ ਤਮਗੇ ਜਿੱਤੇ, ਜਿਨ੍ਹਾਂ ਵਿੱਚੋਂ 21 ਖਿਡਾਰੀਆਂ ਦੀ ਸਟੇਟ ਖੇਡਣ ਲਈ ਚੋਣ ਹੋਈ ਅਤੇ ਸਕੂਲ ਨੇ ਜ਼ਿਲ੍ਹਾ ਹੈਂਡਬਾਲ ਓਵਰਆਲ ਟਰਾਫ਼ੀ ਜਿੱਤੀ। ਇਸ ਤਰ੍ਹਾਂ ਵਾਲੀਬਾਲ ਅੰਡਰ-17 ਤੇ 19 ਲੜਕੀਆਂ ਦੀਆਂ ਟੀਮਾਂ ਨੇ ਸੋਨ ਤਮਗੇ ਜਿੱਤੇ ਤੇ 12 ਖਿਡਾਰਣਾਂ ਦੀ ਸਟੇਟ ਖੇਡਣ ਲਈ ਚੋਣ ਹੋਈ, ਫੁੱਟਬਾਲ ਅੰਡਰ-19 ਲੜਕੀਆਂ ਨੇ ਸੋਨ ਤਮਗੇ ਜਿੱਤ ਕੇ 4 ਖਿਡਾਰਣਾਂ ਦੀ ਸਟੇਟ ਲਈ ਚੋਣ ਹੋਈ, ਗੱਤਕਾ ਅੰਡਰ-19 ਲੜਕੇ ਸਿੰਗਲ ਸੋਟੀ ਤੇ ਫਰੀ ਸੋਟੀ ਵਿੱਚ ਸੋਨ ਤਮਗੇ ਜਿੱਤੇ, ਅੰਡਰ-17 ਲੜਕਿਆ ਨੇ ਚਾਂਦੀ ਤਮਗੇ ਜਿੱਤੇ ਤੇ 8 ਗਤਕਾ ਖਿਡਾਰੀਆਂ ਦੀ ਸਟੇਟ ਲਈ ਚੋਣ ਹੋਈ। ਇਸੇ ਤਰ੍ਹਾਂ ਬਾਸਕਟਬਾਲ ਅੰਡਰ-19 ਲੜਕੀਆਂ ਨੇ ਸੋਨ ਤਮਗੇ ਜਿੱਤੇ, ਅੰਡਰ-14 ਤੇ 17 ਲੜਕੀਆਂ ਨੇ ਚਾਂਦੀ ਤਮਗੇ ਜਿੱਤ ਕੇ 11 ਖਿਡਾਰਣਾਂ ਦੀ ਸਟੇਟ ਖੇਡਣ ਲਈ ਚੋਣ ਹੋਈ। ਰੱਸਾਕਸੀ ਅੰਡਰ-19 ਲੜਕੀਆਂ ਨੇ ਪਹਿਲੇ ਸਥਾਨ 'ਤੇ ਰਹਿੰਦਿਆਂ ਸੋਨ ਤਮਗਾ ਜਿੱਤਿਆ ਅਤੇ ਅੰਡਰ-19 ਲੜਕਿਆਂ ਨੇ ਚਾਂਦੀ ਤਮਗਾ ਜਿੱਤ ਕੇ 9 ਖਿਡਾਰੀਆਂ ਦੀ ਸਟੇਟ ਲਈ ਚੋਣ ਹੋਈ, ਸਰਕਲ ਕਬੱਡੀ ਅੰਡਰ-19 ਲੜਕੇ ਸੋਨ ਤਮਗਾ ਜਿੱਤ ਕੇ 3 ਖਿਡਾਰੀਆਂ ਦੀ ਸਟੇਟ ਲਈ ਚੋਣ ਹੋਈ। ਨੈੱਟਬਾਲ, ਬੈਡਮਿੰਟਨ, ਯੋਗਾ ਵਿੱਚ ਚਾਂਦੀ ਤਮਗੇ ਜਿੱਤ ਕੇ 11 ਖਿਡਾਰੀਆਂ ਦੀ ਸਟੇਟ ਲਈ ਚੋਣ ਹੋਈ। ਸਕੇਟਿੰਗ ਅੰਡਰ-19 ਹਰਕਮਨਦੀਪ ਨੇ ਸੋਨ ਤਮਗਾ ਤੇ ਅੰਡਰ-17 ਵਿੱਚ ਨਵਜੋਤ ਕੌਰ ਨੇ ਚਾਂਦੀ ਤਮਗਾ ਜਿੱਤਿਆ, ਫੈਨਸਿੰਗ ਅੰਡਰ-17 ਵਿੱਚ ਆਸਥਾ ਸੋਨੀ ਨੇ ਸੋਨ ਤਮਗਾ, ਮਾਰਸ਼ਲ ਆਰਟ ਖੇਡਾਂ ਜੂਡੋ, ਕਰਾਟੇ, ਕਿੱਕ ਬਾਕਸਿੰਗ, ਬਾਕਸਿੰਗ, ਤਾਈਕਵਾਂਡੋ ਰਾਹੁਲ ਗੋਦਾਰਾ ਤੇ ਜਸਪਾਲ ਨੇ ਸੋਨ ਤਮਗਾ ਜਿੱਤਿਆ, ਹੈਮਰ-ਥਰੋ ਵਿੱਚ ਅਰਮਾਨਜੋਤ ਸਿੰਘ ਨੇ ਸੋਨ ਤਮਗਾ, ਨਿਸ਼ਾ ਨੇ ਚਾਂਦੀ ਤੇ ਮਨਵੀਰ ਨੇ ਕਾਂਸੀ ਤਮਗਾ ਜਿੱਤਿਆ, ਪੋਲ ਵਾਲਟ ਵਿੱਚ ਜਸਪ੍ਰੀਤ ਸਿੰਘ ਨੇ ਸੋਨ, 8000 ਮੀਟਰ ਦੌੜ 'ਚ ਭੁਪਿੰਦਰ ਸਿੰਘ ਨੇ ਚਾਂਦੀ, 4×100 ਰਿਲੇਅ ਵਿੱਚ ਕਮਲਜੀਤ ਨੇ ਚਾਂਦੀ, 110 ਮੀਟਰ ਹਰਡਲ ਵਿੱਚ ਪ੍ਰਭਦੀਪ ਸਿੰਘ ਨੇ ਚਾਂਦੀ, ਟਰਿੰਪਲ ਜੰਪ, ਸ਼ਾਟ-ਪੁੱਟ ਤੇ ਜੈਵਲਿਨ ਥਰੋ ਵਿੱਚ ਹਰਕਰਨ, ਏਕਮਜੋਤ ਸਿੰਘ ਤੇ ਅਮਨਦੀਪ ਨੇ ਕਾਂਸੀ ਤਮਗੇ ਹਾਸਲ ਕੀਤੇ। ਪਹਿਲਾ ਸਥਾਨ ਹਾਸਲ ਕਰਕੇ ਸੋਨ ਤਗਮਾ ਜਿੱਤਣ ਵਾਲੇ 12 ਖਿਡਾਰੀਆਂ ਦੀ ਸਟੇਟ ਲਈ ਚੋਣ ਹੋਈ। ਇੰਨੀ ਵੱਡੀ ਗਿਣਤੀ ਵਿੱਚ ਸਕੂਲ ਵੱਲੋਂ ਤਮਗੇ ਜਿੱਤਣ 'ਤੇ ਸਕੂਲ ਦੇ ਪ੍ਰਿੰਸੀਪਲ ਭੁਪਿੰਦਰ ਸਿੰਘ ਸੰਧੂ ਨੇ ਜੇਤੂ ਖਿਡਾਰੀਆਂ ਤੇ ਅਲੱਗ-ਅਲੱਗ ਖੇਡਾਂ ਦੇ ਕੋਚਾਂ ਨੂੰ ਵਧਾਈ ਦਿੰਦਿਆਂ ਸਟੇਟ ਲਈ ਚੁਣੇ ਗਏ ਵੱਡੀ ਗਿਣਤੀ ਖਿਡਾਰੀਆਂ ਨੂੰ ਹੋਰ ਮਿਹਨਤ ਕਰਵਾਉਣ ਲਈ ਪ੍ਰੇਰਿਆ।

ਵਿੱਚ 54 ਸੋਨ, 33 ਚਾਂਦੀ ਤੇ 26 ਕਾਂਸੇ ਦੇ ਤਮਗੇ ਜਿੱਤੇ ਕੇ 54 ਖਿਡਾਰੀਆਂ ਦੀ ਸਟੇਟ ਲਈ ਚੋਣ ਹੋਈ। ਜ਼ਿਲ੍ਹਾ ਐਥਲੈਟਿਕ ਮੁਕਾਬਲਿਆਂ ਲੰਬੀ ਛਾਲ ਅੰਡਰ-19 ਦੀ ਮੁਸਕਾਨ ਤੇ ਅੰਡਰ-19 ਦੇ ਅਰਮਾਨ ਨੇ ਸੋਨ ਤੇ ਜਸਪਾਲ ਨੇ ਚਾਂਦੀ ਤਮਗਾ ਜਿੱਤਿਆ, 6000 ਤੇ 3000 ਮੀਟਰ ਦੌੜ ਵਿੱਚੋਂ ਅਜੇ ਕੁਮਾਰ ਨੇ ਸੋਨ ਤਮਗੇ, 400 ਮੀਟਰ ਹਰਡਲ ਤੇ 400×400 ਮੀਟਰ ਰਿਲੇਅ ਵਿੱਚ

## ਗੁਰੂ ਨਾਨਕ ਕਾਲਜ ਦੇ ਲੜਕਿਆਂ ਦੀ ਵਾਲੀਬਾਲ ਟੀਮ ਨੇ ਚਾਂਦੀ ਦਾ ਤਮ.ਗਾ ਜਿੱਤਿਆ



**ਦੋਰਾਹਾ (ਹਰਮਿੰਦਰ ਸੇਠ)**

ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਦੇ ਲੜਕਿਆਂ ਦੀ ਵਾਲੀਬਾਲ ਟੀਮ ਨੇ ਪੰਜਾਬ ਯੂਨੀਵਰਸਿਟੀ ਦੁਆਰਾ ਕਰਵਾਏ ਗਏ ਬੀ ਡਵੀਜ਼ਨ ਦੇ ਅੰਤਰ ਕਾਲਜ ਮੁਕਾਬਲਿਆਂ ਵਿੱਚਭਾਗ ਲੈ ਕੇ ਕਾਲਜ ਦਾ ਨਾਮ ਰੌਸ਼ਨ ਕੀਤਾ ਹੈ।ਇਹ ਜਾਣਕਾਰੀ ਦਿੰਦਿਆਂ ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਡਾ. ਨਿਰਲੇਪ ਕੌਰ ਨੇ ਦੱਸਿਆ ਕਿ 8 ਤੇ 9 ਅਕਤੂਬਰ ਨੂੰ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਹੋਏ ਲੜਕਿਆਂ ਦੇ ਬੀ ਡਵੀਜ਼ਨ ਦੇ ਅੰਤਰ ਕਾਲਜ ਵਾਲੀਬਾਲ ਮੁਕਾਬਲਿਆਂ ਵਿੱਚ ਕੁੱਲ 8 ਟੀਮਾਂ ਨੇ ਭਾਗ ਲਿਆ ਤੇ ਇਨ੍ਹਾਂ ਮੁਕਾਬਲਿਆਂ ਵਿੱਚ ਕਾਲਜ ਦੀ ਟੀਮ ਨੇ ਦੂਜੇ ਸਥਾਨ 'ਤੇ ਰਹਿੰਦਿਆਂ ਚਾਂਦੀ ਦਾ ਤਮਗ਼ਾ ਹਾਸਲ ਕਰਕੇ ਕਾਲਜ ਦਾ ਨਾਮ ਰੌਸ਼ਨ ਕੀਤਾ ਹੈ।ਇਨ੍ਹਾਂ ਮੁਕਾਬਲਿਆਂ ਲਈ ਟੀਮ ਤਿਆਰ ਕਰਨ ਵਿੱਚ ਸਰੀਰਕ ਸਿੱਖਿਆ ਵਿਭਾਗ ਵੱਲੋਂ ਟੀਮ ਇੰਚਾਰਜ ਡਾ. ਕਰਮਜੀਤ ਸਿੰਘ ਦਾ ਵਿਸ਼ੇਸ਼ ਯੋਗਦਾਨ ਰਿਹਾ।ਇਸ ਸ਼ਾਨਦਾਰ ਪ੍ਰਾਪਤੀ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਅਹੁਦੇਦਾਰਾਂ, ਮੈਂਬਰ ਸਾਹਿਬਾਨ ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸਰੀਰਕ ਸਿੱਖਿਆ ਵਿਭਾਗ ਦੇ ਅਧਿਆਪਕਾਂ ਤੇ ਖਿਡਾਰੀ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ।

## ਪੀ ਐੱਸ ਟੀ ਸੀ ਐੱਲ ਦਾ ਡਾਇਰੈਕਟਰ/ਵਿੱਤ ਤੇ ਵਪਾਰਕ ਨਿਯੁਕਤ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਸਰਕਾਰ ਨੇ ਇੰਜੀ. ਹਰਜੀਤ ਸਿੰਘ ਨੂੰ ਦੋ ਸਾਲਾਂ ਲਈ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ ਐਸ ਪੀ ਸੀ ਐਲ) ਦਾ ਡਾਇਰੈਕਟਰ/ਜਨਰੇਸ਼ਨ ਨਿਯੁਕਤ ਕੀਤਾ ਹੈ।ਪਟਿਆਲਾ ਦੇ ਵਸਨੀਕ, ਥਾਪਰ ਯੂਨੀਵਰਸਿਟੀ ਦੇ ਪੁਰਾਣੇ ਵਿਦਿਆਰਥੀ ਹਰਜੀਤ ਸਿੰਘ ਨੂੰ ਥਰਮਲ/ਹਾਈਡਲ ਪਾਵਰ ਸਟੇਸ਼ਨਾਂ ਵਿੱਚ ਡਿਜ਼ਾਈਨ/ਨਿਰਮਾਣ/ਸੰਚਾਲਨ ਤੇ ਰੱਖ-ਰਖਾਅ ਦੇ ਖੇਤਰ ਵਿੱਚ ਲਗਭਗ 30 ਸਾਲਾਂ ਦਾ ਤਜਰਬਾ ਹੈ।ਉਨ੍ਹਾਂ ਬੀ.ਬੀ.ਐਮ.ਬੀ. ਦੀਆਂ ਤਕਨੀਕੀ ਕਮੇਟੀ ਮੀਟਿੰਗਾਂ ਤੇ ਖਰੀਦ ਕਮੇਟੀ ਮੀਟਿੰਗਾਂ ਵਿੱਚ ਪੀ ਐਸ ਪੀ ਸੀ ਐਲ ਦੀ ਨੁਮਾਇੰਦਗੀ ਵੀ ਕੀਤੀ ਸੀ।ਸਾਲ 2000 ਵਿੱਚ ਇੰਜੀ. ਹਰਜੀਤ ਸਿੰਘ ਨੇ ਜਰਮਨੀ ਵਿੱਚ 1-ਸਾਲ ਦੀ ਐਡਵਾਂਸਡ ਪ੍ਰੋਫੈਸ਼ਨਲ ਟ੍ਰੇਨਿੰਗ ਵਿੱਚ ਹਿੱਸਾ ਲਿਆ ਸੀ, ਜਿਸ ਵਿੱਚ ਥਰਮਲ ਪਾਵਰ ਸਟੇਸ਼ਨਾਂ ਲਈ ਵਾਤਾਵਰਣ ਸੁਰੱਖਿਆ ਤਕਨਾਲੋਜੀਆਂ 'ਤੇ ਜ਼ੋਰ ਦਿੱਤਾ ਗਿਆ ਸੀ।ਉਨ੍ਹਾਂ ਨੇ ਅਤੀਤ ਵਿੱਚ ਈ ਆਈ ਸੀ-ਕਮ-ਓ.ਐਸ.ਡੀ. ਟੂ ਸੀ.ਐਮ.ਡੀ. ਵਜੋਂ ਵੀ ਸੇਵਾ ਨਿਭਾਈ ਸੀ। ਉਹ ਜਨਰੇਸ਼ਨ ਵਿੰਗ, ਵੰਡ, ਸਬ-ਟ੍ਰਾਂਸਮਿਸ਼ਨ ਅਤੇ ਵਪਾਰਕ ਮੁੱਦਿਆਂ ਵਿੱਚ ਈਂਧਨ, ਥਰਮਲ/ਹਾਈਡਲ ਪਾਵਰ ਸਟੇਸ਼ਨਾਂ ਦੇ ਓ.ਐਂਡ ਐਮ. ਨਾਲ ਸਬੰਧਤ ਮਾਮਲਿਆਂ ਵਿੱਚ ਸੀ.ਐਮ.ਡੀ. ਦੀ ਸਹਾਇਤਾ ਕਰ ਰਹੇ ਸਨ।ਇਸ ਤੋਂ ਇਲਾਵਾ ਚੀਫ਼ ਇੰਜਨੀਅਰ ਹਾਈਡਲ ਵਜਤੋਂ, ਇੰਜੀ. ਹਰਜੀਤ ਸਿੰਘ ਪੀ ਐਸ ਪੀ ਸੀ ਐਲ ਦੇ ਸਾਰੇ ਹਾਈਡਲ ਪ੍ਰੋਜੈਕਟਾਂ ਦੇ ਡਿਜ਼ਾਈਨ, ਨਵੀਨੀਕਰਨ ਅਤੇ ਆਧੁਨਿਕੀਕਰਨ ਤੇ ਸੰਚਾਲਨ ਤੇ ਰੱਖ-ਰਖਾਅ ਦੇ ਕੰਮਾਂ ਦੇ ਨਾਲ-ਨਾਲ 206 ਮੈਗਾਵਾਟ ਸ਼ਾਹਪੁਰ ਕੰਢੀ ਪ੍ਰੋਜੈਕਟ ਦੇ ਨਿਰਮਾਣ ਕਾਰਜਾਂ ਦੀ ਦੇਖ-ਰੇਖ ਕਰ ਰਹੇ ਸਨ। ਆਪਣੀ ਨਿਯੁਕਤੀ 'ਤੇ ਪ੍ਰਤੀਕਿਰਿਆ ਕਰਦਿਆਂ ਇੰਜੀ. ਹਰਜੀਤ ਸਿੰਘ ਨੇ ਮੁੱਖ ਮੰਤਰੀ ਭਗਵੰਤ ਮਾਨ ਤੇ ਪੰਜਾਬ ਦੇ ਊਰਜਾ ਮੰਤਰੀ ਹਰਭਜਨ ਸਿੰਘ ਈਟੀਓ ਦਾ ਧੰਨਵਾਦ ਕੀਤਾ ਹੈ ਕਿ ਉਨ੍ਹਾਂ ਨੇ ਹੁਣ ਤੱਕ ਦੀਆਂ ਉਨ੍ਹਾਂ ਦੀਆਂ ਸੇਵਾਵਾਂ 'ਤੇ ਭਰੋਸਾ ਕੀਤਾ ਹੈ।ਇਸ ਦੌਰਾਨ ਸੀ.ਏ. ਵਿਨੋਦ ਕੁਮਾਰ ਬਾਂਸਲ ਨੂੰ ਪੰਜਾਬ ਸਰਕਾਰ ਵੱਲੋਂ ਦੋ ਸਾਲ ਲਈ ਪੰਜਾਬ ਸਟੇਟ ਟ੍ਰਾਂਸਮਿਸ਼ਨ ਕਾਰਪੋਰੇਸ਼ਨ ਲਿਮ: ਦੇ ਡਾਇਰੈਕਟਰ/ਵਿੱਤ ਤੇ ਵਪਾਰਕ ਵਜੋਂ ਨਿਯੁਕਤ ਕੀਤਾ ਗਿਆ ਹੈ।ਉਨ੍ਹਾਂ ਕੋਲ ਸੀ.ਏ. ਯੋਗਤਾ ਤੋਂ ਬਾਅਦ 34 ਸਾਲ ਤੋਂ ਵੱਧ ਦਾ ਵਿਆਪਕ ਤਜਰਬਾ ਹੈ।

## ਇਨਕਲਾਬੀ ਕੇਂਦਰ ਵੱਲੋਂ ਬਸਤਰ ਤੇ ਛੱਤੀਸਗੜ੍ਹ 'ਚ ਝੂਠੇ ਪੁਲਸ ਮੁਕਾਬਲੇ ਬਣਾਉਣ ਵਿਰੁੱਧ ਅਵਾਜ਼ ਉਠਾਉਣ ਦਾ ਸੱਦਾ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**

ਇਨਕਲਾਬੀ ਕੇਂਦਰ ਪੰਜਾਬ ਨੇ ਕੇਂਦਰ ਦੀ ਭਾਜਪਾ ਗੱਠਜੋੜ ਸਰਕਾਰ ਦੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਉਸ ਬਿਆਨ ਦੀ ਜ਼ੋਰਦਾਰ ਨਿੰਦਾ ਕੀਤੀ ਹੈ, ਜਿਸ ਵਿੱਚ ਉਨ੍ਹਾਂ 2026 ਤੱਕ ਦੇਸ਼ 'ਚੋਂ ਨਕਸਲੀ ਲਹਿਰ ਨੂੰ ਜਬਰ ਨਾਲ ਕੁਚਲ ਦੇਣ ਦਾ ਬਿਆਨ ਵੱਖ-ਵੱਖ ਮੁੱਖ ਮੰਤਰੀਆਂ ਦੀ ਮੀਟਿੰਗ 'ਚ ਦਾਗਿਆ ਹੈ।

ਜਥੇਬੰਦੀ ਦੇ ਪ੍ਰਧਾਨ ਨਰਾਇਣ ਦੱਤ, ਜਨਰਲ ਸਕੱਤਰ ਕੰਵਲਜੀਤ ਖੰਨਾ, ਮੁਖਤਿਆਰ ਸਿੰਘ ਪੂਹਲਾ, ਜਸਵੰਤ ਜੀਰਖ ਤੇ ਜਗਜੀਤ ਸਿੰਘ ਲਹਿਰਾ ਨੇ ਕਿਹਾ ਕਿ ਇਹ ਬਿਆਨ ਗ੍ਰਹਿ ਮੰਤਰੀ ਨੇ ਬੀਤੇ ਦਿਨੀਂ ਬਸਤਰ ਵਿਖੇ ਪਿੰਡਾਂ ਤੋਂ ਫੜ ਕੇ ਝੂਠੇ ਪੁਲਸ ਮੁਕਾਬਲੇ ਦਾ ਡਰਾਮਾ ਰਚ ਕੇ ਮਾਰੇ ਗਏ 31 ਸਾਧਾਰਨ ਲੋਕਾਂ ਦੇ ਕਤਲ ਨੂੰ ਜਾਇਜ਼ਤਾ ਪ੍ਰਦਾਨ ਕਰਨਾ ਹੈ। ਜੇਕਰ ਇਹ ਸੱਚਾ ਮੁਕਾਬਲਾ ਸੀ ਤਾਂ ਪੁਲਸ ਤੇ ਫ਼ੌਜ ਦੇ ਬੰਦਿਆਂ 'ਤੇ ਤਾਂ ਝਰੀਟ ਵੀ ਕਿਉਂ ਨਹੀਂ ਆਈ। ਉਨ੍ਹਾਂ ਕਿਹਾ ਕਿ ਵੱਡੇ ਕਾਰਪੋਰੇਟ ਮਗਰਮੱਛਾਂ ਤੋਂ ਅਪਣੇ ਜਲ, ਜੰਗਲ, ਜ਼ਮੀਨ ਬਚਾਉਣ ਲਈ ਵਰ੍ਹਿਆਂ ਤੋਂ ਸੰਘਰਸ਼ ਕਰ ਰਹੇ ਆਮ ਸਾਧਾਰਨ ਲੋਕਾਂ ਦੇ ਪੁਲਸ ਮੁਕਾਬਲੇ ਬਣਾ ਕੇ ਮੋਦੀ ਦੀ ਫਾਸ਼ੀ ਹਕੂਮਤ ਦੇਸ਼ ਚ ਜਮਹੂਰੀਅਤ ਤੇ ਮਨੁੱਖਤਾ ਦਾ ਘਾਣ ਕਰ ਰਹੀ ਹੈ। ਜੰਗਲ 'ਚ ਹਜ਼ਾਰਾਂ ਦੀ ਗਿਣਤੀ 'ਚ ਮਿਲਟਰੀ ਤੇ ਨੀਮ ਫ਼ੌਜੀ ਬਲ ਤੈਨਾਤ ਕਰਕੇ ਆਮ ਨਿਰਦੋਸ਼ ਲੋਕਾਂ ਨੂੰ ਮਾਓਵਾਦੀ ਕਹਿ ਕੇ ਮੌਤ ਦੇ ਘਾਟ ਉਤਾਰਿਆ ਜਾ ਰਿਹਾ ਹੈ। ਛੱਤੀਸਗੜ੍ਹ ਦੇ ਜੰਗਲਾਂ 'ਚ ਅਪ੍ਰੇਸ਼ਨ ਗਰੀਨ ਹੰਟ ਦੌਰਾਨ ਸੈਂਕੜੇ ਲੋਕਾਂ ਨੂੰ ਮਾਰਨ ਤੇ ਜੇਲ੍ਹਾਂ 'ਚ ਝੂਠੇ ਕੇਸਾਂ 'ਚ ਵਰ੍ਹਿਆਂਬੱਧੀ ਡੱਕਣ ਤੋਂ ਬਾਅਦ ਜਬਰ ਲਈ ਹੁਣ 'ਅਪ੍ਰੇਸ਼ਨ ਪ੍ਰਹਾਰ' ਸ਼ੁਰੂ ਕੀਤਾ ਹੈ, ਜਿਸ ਤਹਿਤ ਪਿਛਲੇ ਛੇ ਮਹੀਨਿਆਂ 'ਚ 130 ਮਾਓਵਾਦੀਆਂ ਨੂੰ ਕਤਲ ਕਰਨ ਦਾ ਦਾਅਵਾ ਕੀਤਾ ਜਾ ਰਿਹਾ ਹੈ। ਅਸਲ 'ਚ ਛੱਤੀਸ਼ਗੜ੍ਹ, ਦੰਡਕਾਰਣੀਆਂ, ਬਸਤਰ, ਝਾਰਖੰਡ ਦੇ ਲੋਕ ਕੇਂਦਰ ਦੀ ਸਾਮਰਾਜ ਦੀ ਦਲਾਲ ਹਕੂਮਤ ਵੱਲੋਂ ਜੰਗਲ ਦੀ ਧਰਤੀ ਹੇਠ ਪਏ ਅਮੀਰ ਧਾਤਾਂ ਦੇ ਖਜ਼ਾਨੇ ਨੂੰ ਕਾਰਪੋਰੇਟਾਂ ਦੇ ਹਵਾਲੇ ਕਰਨ ਦੀ ਨੀਤੀ ਤੇ ਅਮਲ ਦਾ ਵਿਰੋਧ ਕਰ ਰਹੇ ਹਨ। ਆਦਿਵਾਸੀ ਲੋਕ ਜਥੇਬੰਦ ਹੋ ਕੇ ਅਪਣੀ ਜ਼ਿੰਦਗੀ ਬਸਰ ਦਾ ਇੱਕੋ ਇੱਕ ਸਾਧਨ ਜ਼ਮੀਨ ਤੇ ਪਿੰਡ ਬਚਾਉਣਾ ਚਾਹੁੰਦੇ ਹਨ, ਜਿਨ੍ਹਾਂ ਨੂੰ ਨਕਸਲੀ ਕਹਿ ਕੇ ਜਬਰ ਦਾ ਨੰਗਾ ਨਾਚ ਨੱਚਿਆ ਜਾ ਰਿਹਾ ਹੈ। ਬਾਰਡਰਾਂ ਦੇ ਅੰਦਰ ਬਾਰਡਰ ਬਣਾ ਕੇ ਵਿਦੇਸ਼ੀ ਦੁਸ਼ਮਣਾਂ ਵਾਂਗ ਆਮ ਪੇਂਡੂ ਵਸੋਂ 'ਤੇ ਡਰੋਨ ਹਮਲੇ ਕੀਤੇ ਜਾ ਰਹੇ ਹਨ। ਇਸ ਜਬਰ ਦਾ ਵਿਰੋਧ ਕਰਨ ਵਾਲੇ ਜਮਹੂਰੀ ਲਹਿਰ ਦੇ ਕਾਰਕੁੰਨਾਂ ਨੂੰ ਸਖ਼ਤ ਧਾਰਾਵਾਂ ਦੇ ਪਰਚੇ ਦਰਜ ਕਰਕੇ ਜੇਲ੍ਹਾਂ 'ਚ ਡੱਕਿਆ ਜਾ ਰਿਹਾ ਹੈ। ਗ੍ਰਹਿ ਮੰਤਰੀ ਵੱਲੋਂ ਇਸ ਲੋਕ ਲਹਿਰ ਦਾ 2026 ਤੱਕ ਖ਼ਾਤਮਾ ਕਰਨ ਦਾ ਐਲਾਨ ਹੋਰ ਵਡੇਰੇ ਜਾਬਰ ਖ਼ਤਰੇ ਦਾ ਸੂਚਕ ਹੈ। ਵੱਖ-ਵੱਖ ਆਦਿਵਾਸੀ ਜਥੇਬੰਦੀਆਂ ਵੱਲੋਂ ਰੋਸ ਧਰਨਿਆਂ ਤੇ ਮੁਜ਼ਾਹਰਿਆਂ ਰਾਹੀਂ ਵੱਖ-ਵੱਖ ਥਾਂਵਾਂ 'ਤੇ ਇਸ ਸਰਕਾਰੀ ਜਬਰ ਦਾ ਵਿਰੋਧ ਵੀ ਕੀਤਾ ਜਾ ਰਿਹਾ ਹੈ। ਘੱਟ ਗਿਣਤੀ ਮੁਸਲਮਾਨਾਂ, ਇਸਾਈਆਂ, ਕਮਿਊਨਿਸਟਾਂ ਦੀ ਦੁਸ਼ਮਣ ਫਾਸ਼ੀਵਾਦੀ ਮੋਦੀ ਹਕੂਮਤ ਖਿਲਾਫ਼ ਜ਼ਿੰਦਗੀ ਮੌਤ ਦੀ ਲੜਾਈ ਲੜ ਰਹੇ ਆਦਿਵਾਸੀਆਂ ਦੇ ਜੀਵਨ ਨੂੰ ਬਚਾਉਣ ਲਈ ਹਰ ਇਨਸਾਫ਼ ਪਸੰਦ ਨੂੰ ਅੱਗੇ ਆਉਣਾ ਪਵੇਗਾ।

## ਵਪਾਰੀਆਂ ਦਾ ਵ.ਫਦ ਹਲਕਾ ਵਿਧਾਇਕ ਨੂੰ ਮਿਲਿਆ

**ਬਠਿੰਡਾ (ਰਾਜੀਵ ਗੋਇਲ)**

ਤਿਉਹਾਰੀ ਸੀਜ਼ਨ ਵਿੱਚ ਟੈਕਸ ਵਿਭਾਗ ਵੱਲੋਂ ਵਪਾਰੀਆਂ ਨੂੰ ਕੀਤੇ ਜਾ ਰਹੇ ਪ੍ਰੇਸ਼ਾਨ ਤੋਂ ਬਾਅਦ ਜ਼ਿਲ੍ਹੇ ਦੇ ਕਸਬਾ ਭਗਤਾ ਭਾਈ ਕਾ ਦੇ ਹੋਲਸੇਲ ਤੇ ਕਰਿਆਨਾ ਯੂਨੀਅਨ ਦੇ ਆਗੂਆਂ ਵੱਲੋਂ ਹਲਕਾ ਵਿਧਾਇਕ ਬਲਕਾਰ ਸਿੰਘ ਸਿੱਧੂ ਨਾਲ ਮੁਲਾਕਾਤ ਕੀਤੀ ਗਈ ਤੇ ਟੈਕਸ ਵਿਭਾਗ ਵੱਲੋਂ ਆ ਰਹੀਆਂ ਦਰਪੇਸ਼ ਸਮੱਸਿਆਵਾਂ ਤੋਂ ਜਾਣੂ ਕਰਾਇਆ ਗਿਆ।

ਕਰਿਆਨਾ ਯੂਨੀਅਨ ਦੇ ਪ੍ਰਧਾਨ ਰਾਮਪਾਲ ਗਰਗ ਨੇ ਦੱਸਿਆ ਕਿ ਹਲਕਾ ਵਿਧਾਇਕ ਵੱਲੋਂ ਉਨ੍ਹਾਂ ਦੀ ਗੱਲ ਬੜੇ ਹੀ ਧਿਆਨ ਨਾਲ ਸੁਣੀ ਗਈ ਹੈ ਤੇ ਅੱਗੇ ਤੋਂ ਅਜਿਹੀ ਕੋਈ ਪ੍ਰੇਸ਼ਾਨੀ ਨਾ ਆਉਣ ਦਾ ਵਿਸ਼ਵਾਸ ਦਿਵਾਇਆ ਗਿਆ ਹੈ।

## ...ਸ.ਫਾ 1 ਦੇ ਬਾਕੀ

### ਨਰੇਗਾ ਮਜ਼ਦੂਰਾਂ ਦੇ...

ਕਸ਼ਮੀਰ ਸਿੰਘ ਗਦਾਈਆ, ਜਨਰਲ ਸਕੱਤਰ ਜਗਸੀਰ ਸਿੰਘ ਖੋਸਾ, ਕੁਲਦੀਪ ਸਿੰਘ ਭੋਲਾ ਜ਼ਿਲ੍ਹਾ ਸਲਾਹਕਾਰ ਮੋਗਾ, ਖੁਸ਼ੀਆ ਸਿੰਘ ਬਰਨਾਲਾ ਤੇ ਬਲਕਾਰ ਸਿੰਘ ਦੁਧਾਲਾ ਅੰਮ੍ਰਿਤਸਰ ਸ਼ਾਮਲ ਸਨ। ਮੀਟਿੰਗ ਵਿੱਚ ਹਾਜ਼ਰ ਆਗੂਆਂ ਨੇ ਦੱਸਿਆ ਕਿ ਨਰੇਗਾ ਮੰਗ ਅਨੁਸਾਰ ਕੰਮ ਜਾਂ ਬੇਰੁਜ਼ਗਾਰੀ ਭੱਤਾ ਦੇਣ ਦੀ ਗਾਰੰਟੀ ਦਿੰਦਾ ਹੈ, ਪਰ ਦੁੱਖ ਦੀ ਗੱਲ ਹੈ ਕਿ ਇਸ ਵਿਚ ਅਨਫੇਅਰ ਲੇਬਰ ਪ੍ਰੈਕਟਿਸ ਜ਼ੋਰਾਂ 'ਤੇ ਚੱਲ ਰਹੀ ਹੈ। ਜਿਹੜੇ ਜ਼ਿਲ੍ਹਿਆਂ ਵਿਚ ਨਵੇਂ ਨਰੇਗਾ ਜਾਬ ਕਾਰਡ ਨਹੀਂ ਦਿੱਤੇ ਗਏ, ਉਹ ਦਿੱਤੇ ਜਾਣ ਅਤੇ ਨਰੇਗਾ ਮਜ਼ਦੂਰਾਂ ਦੀ ਹਾਜ਼ਰੀ ਜਾਬ ਕਾਰਡਾਂ 'ਤੇ ਲਾਉਣਾ ਯਕੀਨੀ ਬਣਾਇਆ ਜਾਵੇ। ਕੰਮ ਅਰਜ਼ੀਆਂ ਦੀਆਂ ਰਸੀਦਾਂ ਯਕੀਨੀ ਬਣਾ ਕੇ ਮੰਗ ਮੁਤਾਬਕ ਕੰਮ ਜਾਂ ਬੇਰੁਜ਼ਗਾਰੀ ਭੱਤਾ ਦਿੱਤਾ ਜਾਵੇ, ਤਾਂ ਜੋ ਮਜ਼ਦੂਰਾਂ ਦੀ 100 ਦਿਨ ਕੰਮ ਗਾਰੰਟੀ ਪੂਰੀ ਹੋ ਸਕੇ। ਮੇਟਾਂ ਨੂੰ ਕਾਨੂੰਨ ਮੁਤਾਬਕ ਸੈਮੀ-ਸਕਿਲਡ ਵਾਲੀ ਵੇਜ 500 ਰੁਪਏ ਪ੍ਰਤੀ ਦਿਨ ਦਿੱਤੀ ਜਾਵੇ। ਮਜ਼ਦੂਰਾਂ ਤੋਂ ਕੰਮ ਕਰਵਾ ਕੇ ਨਜਾਇਜ਼ ਤੌਰ 'ਤੇ ਮਸਟਰੋਲ ਜ਼ੀਰੋ ਕਰਨ ਵਾਲਿਆਂ ਖਿਲਾਫ਼ ਕਾਰਵਾਈ ਕੀਤੀ ਜਾਵੇ ਅਤੇ ਅੱਗੇ ਤੋਂ ਇਹ ਅਮਲ ਬੰਦ ਹੋਵੇ। ਨਰੇਗਾ ਕੰਮ ਦਿਨ 2006 ਤੋਂ ਫਰਵਰੀ 2008 ਤੱਕ ਪ੍ਰਤੀ ਦਿਨ 6 ਘੰਟੇ ਸੀ, ਉਹੀ ਲਾਗੂ ਕੀਤੀ ਜਾਵੇ। ਨਰੇਗਾ ਕਾਮਿਆਂ ਦੀ ਦਿਹਾੜੀ ਰੇਟ 1000 ਰੁਪਏ ਅਤੇ ਦਿਨਾਂ ਦੀ ਗਾਰੰਟੀ 200 ਦਿਨ ਕੀਤੀ ਜਾਵੇ। ਉਪਰੋਕਤ ਮੰਗਾਂ 'ਤੇ ਸੁਖਾਵੇਂ ਮਾਹੌਲ ਵਿੱਚ ਹੋਈ ਗੱਲਬਾਤ 'ਤੇ ਵਿਭਾਗ ਵੱਲੋਂ ਹਾਜ਼ਰ ਅਧਿਕਾਰੀਆਂ ਨੇ ਯੂਨੀਅਨ ਆਗੂਆਂ ਨੂੰ ਇਹਨਾਂ ਮੰਗਾਂ ਦਾ ਹੱਲ ਕਰਨ ਦਾ ਭਰੋਸਾ ਦਿੱਤਾ।

### 50,000 ਰਿਸ਼ਵਤ ਲੈਂਦਾ...

ਦੀ ਮੰਗ ਕੀਤੀ ਅਤੇ ਸ਼ਿਕਾਇਤਕਰਤਾ ਨੇ ਦਬਾਅ ਵਿੱਚ ਆ ਕੇ ਉਸ ਨੂੰ ਰਿਸ਼ਵਤ ਦੇ ਦਿੱਤੀ।ਉਸ ਨੇ ਦੋਸ਼ ਲਾਇਆ ਕਿ ਬਾਅਦ ਵਿੱਚ ਇੰਸਪੈਕਟਰ ਜਤਿੰਦਰ ਕੁਮਾਰ ਨੇ ਹਰਸ਼ਦੀਪ ਦਾ ਡੇਢ ਲੱਖ ਰੁਪਏ ਦਾ ਮੋਬਾਇਲ ਫੋਨ, ਸੋਨੇ ਦੀ ਮੁੰਦਰੀ ਅਤੇ ਸੋਨੇ ਦੇ ਕੰਨਾਂ ਦੇ ਸਟੱਡਾਂ ਨੂੰ ਕੇਸ ਦੇ ਸਬੂਤਾਂ ਵਿੱਚੋਂ ਕੱਢਣ ਬਦਲੇ ਹੋਰ 50,000 ਰੁਪਏ ਦੀ ਮੰਗ ਕੀਤੀ। ਸ਼ਿਕਾਇਤਕਰਤਾ ਨੇ ਰਿਸ਼ਵਤ ਦੀ ਰਕਮ ਅਦਾ ਕੀਤੀ ਅਤੇ ਸਾਮਾਨ ਉਸ ਨੂੰ ਵਾਪਸ ਕਰ ਦਿੱਤਾ ਗਿਆ। ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਉਕਤ ਇੰਸਪੈਕਟਰ ਨੇ ਉਸ ਨਾਲ ਵਾਰ-ਵਾਰ ਸੰਪਰਕ ਕੀਤਾ ਅਤੇ ਉਸ ਨੂੰ ਤਾਰਾ ਨਰਸਰੀ ਤੋਂ ਖਰੀਦੇ ਪੌਦਿਆਂ ਅਤੇ ਗਮਲਿਆਂ ਦੇ ਕੁੱਲ 35,000 ਤੋਂ 40,000 ਰੁਪਏ ਦੇ ਬਿੱਲਾਂ ਦਾ ਭੁਗਤਾਨ ਕਰਨ ਲਈ ਕਿਹਾ। ਸ਼ਿਕਾਇਤਕਰਤਾ ਨੇ ਰਕਮ ਅਦਾ ਕਰ ਦਿੱਤੀ।ਇਸ ਤੋਂ ਇਲਾਵਾ ਇੰਸਪੈਕਟਰ ਨੇ ਅਦਾਲਤ ਵਿੱਚ ਉਸ ਦੇ ਪੁੱਤਰ ਦੇ ਪੱਖ ਵਿੱਚ ਚਲਾਨ ਦਾਇਰ ਕਰਨ ਅਤੇ ਮੁਕੱਦਮੇ ਤੇ ਸਬੂਤਾਂ ਵਿੱਚ ਉਸ ਦਾ ਸਮਰਥਨ ਕਰਨ ਬਦਲੇ ਉਸ ਕੋਲੋਂ ਇੱਕ ਲੱਖ ਰੁਪਏ ਦੀ ਮੰਗ ਕੀਤੀ। ਇਹ ਸੌਦਾ 50,000 ਰੁਪਏ ਵਿੱਚ ਤੈਅ ਹੋ ਗਿਆ। ਸ਼ਿਕਾਇਤਕਰਤਾ ਨੇ ਇਸ ਨੂੰ ਰਿਕਾਰਡ ਕਰ ਲਿਆ ਅਤੇ ਬਿਊਰੋ ਕੋਲ ਸਬੂਤ ਵਜੋਂ ਪੇਸ਼ ਕੀਤਾ।ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤ ਦੀ ਮੁੱਢਲੀ ਜਾਂਚ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾ ਕੇ ਇੰਸਪੈਕਟਰ ਜਤਿੰਦਰ ਕੁਮਾਰ ਅਤੇ ਉਸ ਦੇ ਸਾਥੀ ਜਸਕਰਨ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 50,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਸੰਬੰਧ ਵਿੱਚ ਵਿਜੀਲੈਂਸ ਬਿਊਰੋ ਦੇ ਜਲੰਧਰ ਰੇਂਜ ਥਾਣੇ ਵਿੱਚ ਮੁਕੱਦਮਾ ਦਰਜ ਕਰਕੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

### ਸੌਰਭ ਚੰਦਰਾਕਰ...

ਲਾਂਡਰਿੰਗ ਐਕਟ ਅਦਾਲਤ 'ਚ ਪੇਸ਼ ਕੀਤੀ ਆਪਣੀ ਸ਼ੁਰੂਆਤੀ ਚਾਰਜਸ਼ੀਟ 'ਚ ਈ ਡੀ ਨੇ ਚੰਦਰਾਕਰ, ਉੱਪਲ ਅਤੇ ਕਈ ਹੋਰਨਾਂ ਦਾ ਨਾਂਅ ਲਿਆ ਸੀ।

ਚਾਰਜਸ਼ੀਟ 'ਚ ਸੌਰਭ ਚੰਦਰਾਕਰ ਦੇ ਚਾਚਾ ਦਿਲੀਪ ਚੰਦਰਾਕਰ ਦੇ ਬਿਆਨ ਦਾ ਹਵਾਲਾ ਦਿੱਤਾ ਗਿਆ ਹੈ, ਜਿਸ 'ਚ ਕਿਹਾ ਗਿਆ ਹੈ ਕਿ ਸੌਰਭ ਦੇ 2019 'ਚ ਦੁਬਈ ਜਾਣ ਤੋਂ ਪਹਿਲਾਂ ਉਹ ਛੱਤੀਸਗੜ੍ਹ ਦੇ ਭਿਲਾਈ 'ਚ ਆਪਣੇ ਭਰਾ ਨਾਲ ਜੂਸ ਫੈਕਟਰੀ ਨਾਂਅ ਦੀ ਇੱਕ ਜੂਸ ਦੀ ਦੁਕਾਨ ਚਲਾਉਂਦਾ ਸੀ। ਈ ਡੀ ਨੇ ਦੋਸ਼ ਲਾਇਆ ਹੈ ਕਿ ਸੌਰਭ ਨੇ ਫਰਵਰੀ 2023 'ਚ ਯੂ ਏ ਈ ਦੇ ਰਾਸ ਅਲ ਖੈਮਾਹ 'ਚ ਵਿਆਹ ਕੀਤਾ ਸੀ ਅਤੇ ਇਸ ਸਮਾਰੋਹ 'ਚ ਲਗਭਗ 200 ਕਰੋੜ ਰੁਪਏ ਖਰਚ ਕੀਤੇ ਗਏ ਸਨ, ਜਿਸ 'ਚ ਭਾਰਤ ਤੋਂ ਰਿਸ਼ਤੇਦਾਰਾਂ ਨੂੰ ਲਿਜਾਣ ਲਈ ਪ੍ਰਾਈਵੇਟ ਜੈੱਟ ਕਿਰਾਏ 'ਤੇ ਲੈਣਾ ਅਤੇ ਮਸ਼ਹੂਰ ਹਸਤੀਆਂ ਨੂੰ ਪ੍ਰਦਰਸ਼ਨ ਕਰਨ ਲਈ ਭੁਗਤਾਨ ਕਰਨਾ ਸ਼ਾਮਲ ਸੀ। ਈ ਡੀ ਦਾ ਅੰਦਾਜ਼ਾ ਹੈ ਕਿ ਇਸ ਮਾਮਲੇ 'ਚ ਅਪਰਾਧ ਦੀ ਅਨੁਮਾਨਤ ਕਮਾਈ ਲਗਭਗ 6,000 ਕਰੋੜ ਰੁਪਏ ਹੈ।

### ਨੋਏਲ ਟਾਟਾ ਸੰਭਾਲੇਗਾ...

ਟਰੱਸਟ ਅਤੇ ਸਰ ਦੋਰਾਬਜੀ ਟਾਟਾ ਟਰੱਸਟ ਦੇ ਬੋਰਡਾਂ 'ਚ ਇੱਕ ਟਰੱਸਟੀ ਵੀ ਹਨ।

ਨੋਏਲ ਟਾਟਾ ਵਰਤਮਾਨ 'ਚ ਟਾਟਾ ਗਰੁੱਪ ਦੀਆਂ ਵੱਖ-ਵੱਖ ਕੰਪਨੀਆਂ ਦੇ ਬੋਰਡ 'ਚ ਕੰਮ ਕਰਦੇ ਹਨ, ਜਿਸ 'ਚ ਟਰੈਂਟ, ਟਾਟਾ ਇੰਟਰਨੈਸ਼ਨਲ ਲਿਮਟਿਡ, ਵੋਲਟਾਸ ਅਤੇ ਟਾਟਾ ਇਨਵੈਸਟਮੈਂਟ ਕਾਰਪੋਰੇਸ਼ਨ ਦੇ ਚੇਅਰਮੈਨ ਅਤੇ ਟਾਟਾ ਸਟੀਲ ਤੇ ਟਾਈਟਨ ਕੰਪਨੀ ਦੇ ਵਾਈਸ ਚੇਅਰਮੈਨ ਵਜੋਂ ਉਹ ਸ਼ਾਮਲ ਹਨ।

### ਸਾਂਝਾ ਸੰਘਰਸ਼ ਜ਼ਿੰਦਗੀ ਨੂੰ ਸੁਖਾਲਿਆਂ...

ਕਾਰਜਾਂ ਦੀ ਪੂਰਤੀ ਦੀ ਪ੍ਰਗਤੀ ਦਾ ਵੀ ਜਾਇਜ਼ਾ ਲਿਆ ਗਿਆ। ਗੋਰੀਆ ਨੇ ਕਿਹਾ ਕਿ ਕਾਲਜਾਂ ਅਤੇ ਸਕੂਲਾਂ ਦੀਆਂ ਫੀਸਾਂ ਵਿੱਚ ਹੋਏ ਅਥਾਹ ਵਾਧਿਆਂ ਕਾਰਨ ਦਲਿਤਾਂ ਅਤੇ ਮਜ਼ਦੂਰਾਂ ਦੇ ਬੱਚੇ ਪੜ੍ਹਾਈ ਤੋਂ ਵਾਂਝੇ ਰੱਖਣ ਦਾ ਵਰਤਾਰਾ ਕਈ ਸਾਲਾਂ ਤੋਂ ਵੇਖਣ ਨੂੰ ਮਿਲ ਰਿਹਾ ਹੈ। ਇਸ ਦੇ ਨਾਲ-ਨਾਲ ਜਾਤੀ ਵਿਤਕਰਾ ਬਾ-ਦਸਤੂਰ ਜਾਰੀ ਹੈ। ਉਨ੍ਹਾ ਕਿਹਾ ਕਿ ਸੰਵਿਧਾਨਕ ਸੰਸਥਾਵਾਂ ਦਾ ਮੰਤਵ ਸਮਾਜ ਦੇ ਕਮਜ਼ੋਰ ਤਬਕਿਆਂ ਦੀ ਆਰਥਕ ਤੇ ਸਮਾਜਕ ਹਾਲਤ ਸੁਧਾਰਨਾ ਸੀ। ਤਜਰਬੇ ਨੇ ਸਿੱਧ ਕੀਤਾ ਹੈ ਕਿ ਹਰ ਵੰਨਗੀ ਦੀਆਂ ਸਰਕਾਰਾਂ ਤੇ ਖਾਸ ਕਰਕੇ ਭਾਜਪਾ ਸਰਕਾਰ ਨੇ ਉਕਤ ਸੰਸਥਾਵਾਂ ਦੇ ਜੜ੍ਹੀਂ ਤੇਲ ਹੀ ਦਿੱਤਾ ਹੈ। ਅਦਾਰਿਆਂ ਦੇ ਨਿੱਜੀਕਰਨ ਦਾ ਅਮਲ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਦੌਰਾਨ 2014 ਤੋਂ ਹੋਰ ਤੇਜ਼ ਕੀਤਾ ਹੋਇਆ ਹੈ ਤੇ ਮੌਜੂਦਾ ਭਾਜਪਾ ਸਰਕਾਰ ਵੀ ਉਸੇ ਰਾਹ 'ਤੇ ਪਈ ਹੋਈ ਹੈ। ਉਹਨਾ ਕਿਹਾ ਕਿ ਸੰਸਦ ਅਤੇ ਵਿਧਾਨ ਸਭਾਵਾਂ ਵਿੱਚ ਅਬਾਦੀ ਦੇ ਅਧਾਰ 'ਤੇ ਬਜਟ ਦੀ ਵੰਡ, ਦਲਿਤ ਮੁੱਦਿਆਂ 'ਤੇ ਚਰਚਾ ਕਰਨ ਲਈ ਸੰਸਦ ਅਤੇ ਵਿਧਾਨ ਸਭਾਵਾਂ ਦੇ ਵਿਸ਼ੇਸ਼ ਸੈਸ਼ਨ, ਨਿੱਜੀ ਖੇਤਰਾਂ ਵਿੱਚ ਦਲਿਤ ਵਰਗ ਲਈ ਰਾਖਵਾਂਕਰਨ ਲਾਗੂ ਕਰਨ, ਦਲਿਤਾਂ ਵਿਰੁੱਧ ਅੱਤਿਆਚਾਰ ਅਤੇ ਛੂਤ-ਛਾਤ ਬੰਦ ਕਰਨ, ਸੰਵਿਧਾਨ ਮੁਤਾਬਕ ਸਮਾਜਕ, ਆਰਥਕ ਤੇ ਸਿਆਸੀ ਅਧਿਕਾਰਾਂ ਦੀ ਵਿਵਸਥਾ, ਬੇਜ਼ਮੀਨੇ ਦਲਿਤਾਂ ਨੂੰ ਜ਼ਮੀਨ ਮੁਹੱਈਆ ਕਰਨ ਦੇ ਕੰਮ ਨੂੰ ਅਗੇਤ ਦੇਣ ਵਰਗੀਆਂ ਮੰਗਾਂ ਨੂੰ ਲਾਗੂ ਕਰਵਾਉਣ ਲਈ ਮਜ਼ਦੂਰ ਵਰਗ ਨਾਲ ਸੰਬੰਧਤ ਜਥੇਬੰਦੀਆਂ ਨੂੰ ਬੱਝਵੇਂ ਸੰਘਰਸ਼ ਲਈ ਅੱਗੇ ਆਉਣ ਦੀ ਲੋੜ ਹੈ। ਉਨ੍ਹਾ ਕਿਹਾ ਕਿ ਸੂਲ਼ੀ 'ਤੇ ਟੰਗੀ ਜ਼ਿੰਦਗੀ ਨੂੰ ਸੁਖਾਲਿਆਂ ਕਰਨ ਲਈ ਤਿੱਖਾ ਤੇ ਸਾਂਝਾ ਸੰਘਰਸ਼ ਇੱਕੋ-ਇੱਕ ਰਾਹ ਹੈ।

ਮੀਟਿੰਗ ਨੂੰ ਜਨਰਲ ਸਕੱਤਰ ਦੇਵੀ ਕੁਮਾਰੀ ਸਰਹਾਲੀ ਕਲਾਂ, ਪ੍ਰਧਾਨ ਪ੍ਰੀਤਮ ਸਿੰਘ ਨਿਆਮਤਪੁਰ ਤੇ ਮੀਤ ਪ੍ਰਧਾਨ ਸੁਰਿੰਦਰ ਸਿੰਘ ਭੈਣੀ ਆਦਿ ਨੇ ਵੀ ਸੰਬੋਧਨ ਕੀਤਾ।

### ਵਾਈਸ ਚਾਂਸਲਰ ਆਪਣੇ ...

ਕਰਦਿਆਂ ਕਿਹਾ ਕਿ ਇਸ ਨਾਲ ਪੰਜਾਬ ਵਿੱਚ ਉਚੇਰੀ ਸਿੱਖਿਆ ਵਿੱਚ ਹੋਰ ਸੁਧਾਰ ਲਿਆਉਣ ਵਿੱਚ ਮਦਦ ਮਿਲੇਗੀ।ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਉਚੇਰੀ ਸਿੱਖਿਆ ਵਿੱਚ ਸੁਧਾਰ ਲਿਆਉਣ ਲਈ ਵਚਨਬੱਧ ਹੈ, ਜਿਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।ਮਾਨ ਨੇ ਕਿਹਾ ਕਿ ਸੂਬਾ ਸਰਕਾਰ ਦੀਆਂ ਕੋਸ਼ਿਸ਼ਾਂ ਕਾਰਨ ਵਿਦਿਆਰਥੀਆਂ ਦੇ ਵਿਦੇਸ਼ ਜਾਣ ਦੇ ਰੁਝਾਨ ਨੂੰ ਮੋੜਾ ਪਿਆ ਹੈ ਅਤੇ ਹੁਣ ਪੰਜਾਬ ਦੀਆਂ ਯੂਨੀਵਰਸਿਟੀਆਂ ਤੇ ਕਾਲਜਾਂ ਵਿੱਚ ਦਾਖ਼ਲਿਆਂ ਦਾ ਹੜ੍ਹ ਆਇਆ ਹੋਇਆ ਹੈ।ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਆਪਣੇ ਸੰਬੋਧਨ ਵਿੱਚ ਪੰਜਾਬ ਨੂੰ ਸਿੱਖਿਆ ਦੇ ਖੇਤਰ ਵਿੱਚ ਮੋਹਰੀ ਸੂਬਾ ਬਣਾਉਣ ਦੇ ਸੁਪਨੇ ਨਾਲ ਐੱਨ ਈ ਪੀ ਕਾਨਫਰੰਸ ਦੀ ਸਮਾਪਤੀ ਕੀਤੀ। ਆਪਣੇ ਸੰਬੋਧਨ ਵਿੱਚ ਰਾਜਪਾਲ ਨੇ ਕਾਨਫਰੰਸ ਦੀ ਸਫ਼ਲਤਾ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਮੁੱਖ ਮੰਤਰੀ ਦੀ ਸਰਗਰਮ ਸ਼ਮੂਲੀਅਤ ਅਤੇ ਵਿਹਾਰਕ ਸੂਝ ਲਈ ਪ੍ਰਸ਼ੰਸਾ ਕੀਤੀ ਅਤੇ ਸਿੱਖਿਆ ਮੰਤਰੀ ਦੀ ਉਨ੍ਹਾ ਦੇ ਤਜਰਬੇ ਰਾਹੀਂ ਸਿੱਖਿਆ ਦੇ ਖੇਤਰ ਵਿੱਚ ਪਾਏ ਯੋਗਦਾਨ ਲਈ ਸ਼ਲਾਘਾ ਕੀਤੀ।

ਪੰਜਾਬ ਦੇ ਮਜ਼ਬੂਤ ਵਿਦਿਅਕ ਢਾਂਚੇ 'ਤੇ ਚਾਨਣਾ ਪਾਉਂਦਿਆਂ ਰਾਜਪਾਲ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸੂਬੇ ਕੋਲ ਸਿੱਖਿਆ ਦੇ ਖੇਤਰ ਵਿੱਚ ਦੇਸ਼ ਦੀ ਅਗਵਾਈ ਕਰਨ ਦੀ ਅਥਾਹ ਸਮਰੱਥਾ ਹੈ।

ਇਸ ਮੌਕੇ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਵੀ ਨੂੰ ਸੰਬੋਧਨ ਕੀਤਾ।

## ਪੰਜਾਬ ਪੈਨਸ਼ਨਰਜ਼ ਯੂਨੀਅਨ (ਏਟਕ) ਬ੍ਰਾਂਚ ਮੋਗਾ ਦੀ ਮਹੀਨਾਵਾਰ ਮੀਟਿੰਗ



**ਮੋਗਾ (ਇਕਬਾਲ ਸਿੰਘ ਖਹਿਰਾ)**

ਪੰਜਾਬ ਪੈਨਸ਼ਨਰਜ਼ ਯੂਨੀਅਨ (ਏਟਕ) ਬ੍ਰਾਂਚ ਦੀ ਮਹੀਨਾਵਾਰ ਮੀਟਿੰਗ ਕਾ. ਸਤੀਸ਼ ਲੂੰਬਾ ਹਾਲ ਮੋਗਾ ਵਿੱਚ ਯੂਨੀਅਨ ਦੇ ਪ੍ਰਧਾਨ ਬਚਿੱਤਰ ਸਿੰਘ ਧੋਥੜ ਦੀ ਪ੍ਰਧਾਨਗੀ ਹੇਠ ਹੋਈ। ਮਲਕੀਤ ਸਿੰਘ ਮਕੈਨਿਕ ਦੀ ਮੌਤ 'ਤੇ ਦੁੱਖ ਪ੍ਰਗਟ ਕਰਨ ਲਈ ਦੋ ਮਿੰਟ ਦਾ ਮੋਨ ਧਾਰਨ ਕਰਨ ਉਪਰੰਤ ਮੀਟਿੰਗ ਦੀ ਕਾਰਵਾਈ ਸ਼ੁਰੂ ਕੀਤੀ ਗਈ। ਮੀਟਿੰਗ ਦੀ ਕਾਰਵਾਈ ਭੁਪਿੰਦਰ ਸਿੰਘ ਸੇਖੋਂ ਨੇ ਚਲਾਈ। ਉਨ੍ਹਾਂ ਦੱਸਿਆ ਕਿ ਅਜੰਡਾ ਪੈਨਸ਼ਨਰਾਂ ਦੇ ਮਸਲਿਆਂ 'ਤੇ ਵਿਚਾਰ ਕਰਨਾ, ਕਾ. ਗੁਰਮੇਲ ਮੋਗਾ ਦੇ ਜਨਮ ਦਿਨ 'ਤੇ ਸਕੂਲ ਵਿੱਚ ਸ਼ਮੂਲੀਅਤ, 21 ਅਕਤੂਬਰ ਨੂੰ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਦੀ ਬਰਸੀ ਵਿੱਚ ਸ਼ਮੂਲੀਅਤ ਤੇ ਉਸ ਵਿੱਚ ਸਹਾਇਤਾ ਕਰਨਾ ਹੈ। ਸੂਬਾਈ ਆਗੂ ਕਾ. ਜਗਦੀਸ਼ ਸਿੰਘ ਚਾਹਲ ਨੇ ਕਾ. ਗੁਰਮੇਲ ਮੋਗਾ ਦੀ ਜੀਵਨੀ ਤੇ ਚਾਨਣਾ ਪਾਇਆ ਅਤੇ ਨਛੱਤਰ ਸਿੰਘ ਧਾਲੀਵਾਲ ਦੀ ਬਰਸੀ ਸਮਾਗਮ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਇਹਨਾਂ ਆਗੂਆਂ ਦੇ ਜੀਵਨ ਤੋਂ ਸਿੱਖ ਕੇ ਲੋਕਾਂ ਲਈ ਕੰਮ ਕਰਨਾ ਚਾਹੀਦਾ ਹੈ। ਯੂਨੀਅਨ ਦੇ ਜਨਰਲ ਸਕੱਤਰ ਸਤਪਾਲ ਸਹਿਗਲ ਨੇ ਪੈਨਸ਼ਨਰਾਂ ਨੂੰ ਸਰਕਾਰੀ ਪੱਤਰਾਂ ਬਾਰੇ ਅਤੇ ਹੋਰ ਜਾਣਕਾਰੀ ਦਿੰਦਿਆਂ ਕਿਹਾ ਕਿ ਹਰ ਇੱਕ ਪੈਨਸ਼ਨਰ ਜਿਸ ਦੀ ਪੈਨਸ਼ਨ 3 ਲੱਖ ਰੁਪਏ ਤੋਂ ਵੱਧ ਬਣਦੀ ਹੈ, ਨੂੰ ਹਰ ਸਾਲ ਆਮਦਨ ਟੈਕਸ ਦੀ ਰਿਟਰਨ ਭਰਨੀ ਚਾਹੀਦੀ ਹੈ। ਇਸ ਮੌਕੇ ਬੂਟਾ ਸਿੰਘ ਭੱਟੀ, ਪੋਹਲਾ ਸਿੰਘ ਬਰਾੜ, ਅਜਮੇਰ ਸਿੰਘ ਨੇ ਸੰਬੋਧਨ ਕੀਤਾ।

## ਸਰਕਾਰੀ ਸਕੂਲ ਬਰਨਾਲਾ ਦੇ ਬੱਚਿਆਂ ਵੱਲੋਂ ਫੈਕਟਰੀ ਦਾ ਦੌਰਾ




**ਲੁਧਿਆਣਾ (ਐੱਮ ਐੱਸ ਭਾਟੀਆ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰੁੜਕੇ ਕਲਾਂ ਬਰਨਾਲਾ ਵੱਲੋਂ 9ਵੀਂ ਤੋਂ 12ਵੀਂ ਜਮਾਤ ਤੱਕ ਦੇ ਐੱਨ.ਐੱਸ.ਕਿਊ.ਐੱਫ. ਅਧੀਨ ਆਈ ਟੀ ਵਿਸ਼ੇ ਦੇ ਵਿਦਿਆਰਥੀਆਂ ਨੂੰ ਅਗਰਵਾਲ ਮੈਨੂਫੈਕਚਰਿੰਗ ਕੰਪਨੀ ਲੁਧਿਆਣਾ ਵਿਖੇ ਲਿਜਾਇਆ ਗਿਆ, ਜਿੱਥੇ ਉਨ੍ਹਾਂ ਨੂੰ ਆਇਲ ਰਿਫਾਇਨਰੀ ਪਲਾਂਟ ਬਾਰੇ ਵਿਸਥਾਰਤ ਜਾਣਕਾਰੀ ਦਿੱਤੀ ਗਈ।ਇਸ ਪ੍ਰੋਗਰਾਮ ਦੇ ਮੁੱਖ ਨੁਕਤੇ ਸਨ 'ਤੇਲ ਸੋਧਕ ਪਲਾਂਟ' ਬਾਰੇ ਜਾਣਕਾਰੀ ਦੇਣਾ, ਰਹਿੰਦ-ਖੂੰਹਦ ਉਤਪਾਦਾਂ ਦੀ ਰੀਸਾਈਕਲਿੰਗ ਦੀ ਮਹੱਤਤਾ ਬਾਰੇ ਦੱਸਣਾ ਤੇ ਵਾਤਾਵਰਣ ਨੂੰ ਪ੍ਰਦੂਸ਼ਣ ਮੁਕਤ ਬਣਾਉਣ ਦੇ ਤਰੀਕਿਆਂ ਬਾਰੇ ਨੇੜੇ ਹੋ ਕੇ ਸਮਝਣਾ।ਇਸ ਫੇਰੀ ਦੌਰਾਨ ਵਾਤਾਵਰਣ ਨੂੰ ਪ੍ਰਦੂਸ਼ਣ ਮੁਕਤ ਬਣਾਉਣ ਦੇ ਤਰੀਕੇ ਫੈਕਟਰੀ ਵਿੱਚ ਲਿਜਾ ਕੇ ਮਾਹਰਾਂ ਵੱਲੋਂ ਦਿਖਾਏ ਗਏ, ਜਿਨ੍ਹਾਂ ਨੇ ਇਸ ਦੀ ਪੂਰੀ ਜਾਣਕਾਰੀ ਵਿਦਿਆਰਥੀਆਂ ਨੂੰ ਦਿੱਤੀ। ਸਮਾਗਮ ਵਿੱਚ ਹਾਜ਼ਰ ਸਕੂਲ ਦੇ ਸਟਾਫ ਮੈਂਬਰ ਤੇ ਫੈਕਟਰੀ ਵਰਕਰਾਂ ਸਮੇਤ ਹੋਰ ਲੋਕ ਵੀ ਇਸ ਤੋਂ ਬਹੁਤ ਪ੍ਰਭਾਵਿਤ ਹੋਏ।

ਇਸ ਮੌਕੇ ਕੰਪਨੀ ਦੇ ਚੇਅਰਮੈਨ ਸ੍ਰੀ ਸੁਸ਼ੀਲ ਅਗਰਵਾਲ ਨੇ ਵੀ ਬੱਚਿਆਂ ਨੂੰ ਅਨਮੋਲ ਜਾਣਕਾਰੀ ਦਿੱਤੀ।ਅਗਰਵਾਲ ਮੈਨੂਫੈਕਚਰਿੰਗ ਕੰਪਨੀ ਦੇ ਇੱਕ ਹੋਰ ਅਧਿਕਾਰੀ ਵਿਕਾਸ ਅਗਰਵਾਲ ਨੇ ਵੀ ਬੱਚਿਆਂ ਨੂੰ ਦੱਸਿਆ ਕਿ ਫੈਕਟਰੀ ਸਮਾਜ ਨੂੰ ਪ੍ਰਦੂਸ਼ਣ ਮੁਕਤ ਰੱਖਣ ਲਈ ਪੂਰੀ ਤਰ੍ਹਾਂ ਸੁਚੇਤ ਹੈ।ਸਕੂਲ ਦੇ ਵੋਕੇਸ਼ਨਲ ਅਧਿਆਪਕ ਸ੍ਰੀਮਤੀ ਜਸਵਿੰਦਰ ਕੌਰ, ਸਾਇੰਸ ਮਿਸਟ੍ਰੈੱਸ ਸ੍ਰੀਮਤੀ ਸੁਰੁਚੀ, ਮੈਥ ਮਿਸਟ੍ਰੈੱਸ ਸ੍ਰੀਮਤੀ ਮਨੀਤਾ ਰਾਣੀ ਤੇ ਹੋਰ ਸਟਾਫ ਮੈਂਬਰ ਹਾਜ਼ਰ ਰਹੇ।ਸਕੂਲ ਤੋਂ ਆਏ 70 ਵਿਦਿਆਰਥੀਆਂ ਨੇ ਇਸ ਸਾਰੀ ਪ੍ਰਕਿਰਿਆ ਨੂੰ ਚੰਗੀ ਤਰ੍ਹਾਂ ਦੇਖਿਆ ਤੇ ਬਹੁਤ ਕੁਝ ਨਵਾਂ ਸਿੱਖਿਆ।

## ਸਿਮਰਨ ਜੋਸਨ ਸਰਬਸੰਮਤੀ ਨਾਲ ਬਣੇ ਸਰਪੰਚ



**ਜਲਾਲਾਬਾਦ (ਜੀਤ ਕੁਮਾਰ)**-ਬਲਾਕ ਜਲਾਲਾਬਾਦ ਦੇ ਅਧੀਨ ਆਉਂਦੇ ਪਿੰਡ ਢਾਣੀ ਛਾਂਗਾ ਰਾਮ ਗ੍ਰਾਮ ਪੰਚਾਇਤ ਦੀ ਸਰਬਸੰਮਤੀ ਨਾਲ ਸਰਪੰਚ ਸ੍ਰੀਮਤੀ ਸਿਮਰਨ ਜੋਸਨ ਚੁਣੀ ਗਈ ਹੈ। ਪੁਸ਼ਪਿੰਦਰ ਜੋਸਨ ਨੇ ਦੱਸਿਆ ਕਿ ਗ੍ਰਾਮ ਪੰਚਾਇਤ ਢਾਣੀ ਛਾਂਗਾ ਰਾਮ ਦੀ ਪਿਛਲੇ 22 ਸਾਲਾਂ ਤੋਂ ਸਰਬਸੰਮਤੀ ਨਾਲ ਸਰਪੰਚ ਤੇ ਪੰਚਾਇਤ ਮੈਂਬਰਾਂ ਦੀ ਚੋਣ ਕੀਤੀ ਜਾ ਰਹੀ ਹੈ। ਇਸ ਵਾਰ ਵੀ ਪਿੰਡ ਵਾਸੀਆਂ ਵੱਲੋਂ ਆਪਸੀ ਭਾਈਚਾਰਕ ਮਿਸਾਲ ਕਾਇਮ ਰੱਖਦੇ ਹੋਏ ਸਰਬਸੰਮਤੀ ਨਾਲ ਗ੍ਰਾਮ ਪੰਚਾਇਤ ਦੇ ਸਰਪੰਚ ਤੇ ਪੰਚਾਂ ਦੀ ਚੋਣ ਕੀਤੀ ਗਈ, ਜਿਸ ਵਿੱਚ ਸਰਪੰਚ ਸਿਮਰਨ ਜੋਸਨ, ਪੰਚਾਇਤ ਮੈਂਬਰ ਸੰਜੀਵ ਕੁਮਾਰ, ਅਮਰਿੰਦਰ ਸਿੰਘ ਜੋਸਨ, ਸੁਰਜੀਤ ਰਾਣੀ, ਵੀਨਾ ਰਾਣੀ ਤੇ ਸੋਨ ਕਪੂਰ ਸਰਬਸੰਮਤੀ ਨਾਲ ਚੁਣੇ ਗਏ ਹਨ। ਹੁਕਮ ਚੰਦ ਜੋਸਨ ਨੇ ਦੱਸਿਆ ਕਿ ਉਕਤ ਢਾਣੀ ਚੌਧਰੀ ਛਾਂਗਾ ਰਾਮ ਵਿੱਚ ਉਨ੍ਹਾਂ ਵੱਲੋਂ ਵਿਕਾਸ ਦੇ ਕੰਮ ਕਾਫੀ ਕਰਾਏ ਗਏ ਹਨ, ਜੋ ਸ਼ਲਾਘਾਯੋਗ ਹਨ। ਜਿਵੇਂ ਹੀ ਸਿਮਰਨ ਕੌਰ ਪਿੰਡ ਦੀ ਸਰਬਸੰਮਤੀ ਨਾਲ ਸਰਪੰਚ ਚੁਣੀ ਗਈ ਹੈ, ਪਿੰਡ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਨਵਨਿਯੁਕਤ ਸਰਪੰਚ ਸਿਮਰਨ ਜੋਸਨ ਨੇ ਕਿਹਾ ਕਿ ਉਹ ਆਪਣੀ ਡਿਊਟੀ ਪੂਰੀ ਇਮਾਨਦਾਰੀ ਨਾਲ ਨਿਭਾਉਣਗੇ ਤੇ ਅਧੂਰੇ ਕੰਮਾਂ ਨੂੰ ਪਹਿਲ ਦੇ ਅਧਾਰ 'ਤੇ ਕਰਨਗੇ।

## ਆੜ੍ਹਤੀ ਐਸੋਸੀਏਸ਼ਨ ਵੱਲੋਂ ਰੁਪਰੀਤ ਕੌਰ ਦਾ ਨਿੱਘਾ ਸਵਾਗਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਨਵੀਂ ਅਨਾਜ ਮੰਡੀ ਪਟਿਆਲਾ ਦੇ ਪ੍ਰਧਾਨ ਰਿਚੀ ਡਕਾਲਾ, ਸਰਪਰਸਤ ਦੇਵੀ ਦਿਆਲ ਗੋਇਲ, ਚੇਅਰਮੈਨ ਮੁਲਖ ਰਾਜ ਗੁਪਤਾ ਤੇ ਹੋਰ ਮੈਂਬਰਾਂ ਵੱਲੋਂ ਪਟਿਆਲਾ ਵਿਖੇ ਪੰਜਾਬ ਸਰਕਾਰ ਵੱਲੋਂ ਨਵੇਂ ਨਿਯੁਕਤ ਕੀਤੇ ਗਏ ਡੀ.ਐਫ.ਐਸ.ਸੀ ਮੈਡਮ ਰੁਪਰੀਤ ਕੌਰ ਨੂੰ ਫੁੱਲਾਂ ਦਾ ਗੁਲਦਸਤਾ ਦੇ ਕੇ ਨਿੱਘਾ ਸਵਾਗਤ ਕੀਤਾ ਗਿਆ।ਇਸ ਦੇ ਨਾਲ ਹੀ ਸਮੂਹ ਮੈਂਬਰਾਂ ਵੱਲੋਂ ਆੜ੍ਹਤੀਆਂ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ, ਮੰਡੀ ਵਿੱਚ ਸੁਵਿਧਾਵਾਂ ਦੀ ਘਾਟ, ਜਿਸ ਵਿੱਚ ਮੁੱਖ ਤੌਰ ਤੇ ਮੰਡੀ ਨੂੰ ਆਉਣ ਵਾਲੀ ਮੁੱਖ ਸੜਕ ਦਾ ਕੰਮ ਮੁਕੰਮਲ ਨਾ ਹੋਣਾ, ਬਾਰਦਾਨੇ ਦੀ ਸੁਚਾਰੂ ਢੰਗ ਨਾਲ ਵੰਡ ਨਾ ਹੋਣੀ ਤੋਂ ਵੀ ਮੈਡਮ ਨੂੰ ਜਾਣੂ ਕਰਾਇਆ।ਮੈਡਮ ਰੁਪਰੀਤ ਕੌਰ ਨੇ ਆੜ੍ਹਤੀ ਐਸੋਸੀਏਸ਼ਨ ਦੇ ਮੈਂਬਰਾਂ ਨੂੰ ਯਕੀਨ ਦਵਾਇਆ ਕਿ ਭਵਿੱਖ ਵਿੱਚ ਉਨ੍ਹਾਂ ਨੂੰ ਕੋਈ ਵੀ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ ਤੇ ਉਹ ਆਪ ਨਵੀਂ ਅਨਾਜ ਮੰਡੀ ਵਿੱਚ ਦੌਰਾ ਕਰਕੇ ਇਨ੍ਹਾਂ ਸਮੱਸਿਆਵਾਂ ਦਾ ਹੱਲ ਕਰਨ ਦਾ ਭਰਪੂਰ ਯਤਨ ਕਰਨਗੇ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri
ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

## ਕੈਨੇਡਾ 'ਚ ਹੱਕੀ ਮੰਗਾਂ ਲਈ ਜੂਝਦੇ ਨੌਜਵਾਨਾਂ ਦੇ ਹੱਕ 'ਚ ਨਿੱਤਰੀ ਦੇਸ਼ ਭਗਤ ਕਮੇਟੀ

ਜਲੰਧਰ : ਕੈਨੇਡਾ ਸ਼ਹਿਰ ਬਰੈਂਪਟਨ ਦੀ 295 ਕੁਈਨ ਸਟਰੀਟ 'ਤੇ ਲੰਮੇ ਅਰਸੇ ਤੋਂ ਆਪਣੇ ਹੱਕਾਂ ਲਈ ਦਿਨ ਰਾਤ ਪੱਕਾ ਮੋਰਚਾ ਲਗਾ ਕੇ ਵਿਖਾਵਾ ਕਰਦੇ ਆ ਰਹੇ ਪੋਸਟ ਗਰੈਜੂਏਟ ਵਰਕ ਪਰਮਿਟ ਹੋਲਡਰਾਂ ਅਤੇ ਕਿਸੇ ਵੇਲੇ ਵੀ ਉਜਾੜੇ ਦੀ ਨੰਗੀ ਲਟਕਦੀ ਤਲਵਾਰ ਦੇ ਸਹਿਮ ਹੇਠ ਦਿਨ ਕਟੀ ਕਰਦੇ ਆ ਰਹੇ ਸਮੂਹ ਅੰਤਰ ਰਾਸ਼ਟਰੀ ਕਾਮਿਆਂ ਦੇ ਹੱਕ ਵਿੱਚ ਅੱਜ ਇੱਕ ਵਾਰ ਫੇਰ ਦੇਸ਼ ਭਗਤ ਯਾਦਗਾਰ ਕਮੇਟੀ ਨੇ ਜ਼ੋਰਦਾਰ ਆਵਾਜ਼ ਬੁਲੰਦ ਕੀਤੀ ਹੈ।ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਅਤੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਸਮੂਹ ਦੇਸ਼ ਭਗਤ ਯਾਦਗਾਰ ਕਮੇਟੀ ਦੇ ਜਜ਼ਬਾਤ ਅਤੇ ਸਰੋਕਾਰਾਂ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਦੇਸ਼ ਬਦੇਸ਼ ਸਭਨਾਂ ਥਾਵਾਂ ਤੋਂ ਗ਼ਦਰੀ ਦੇਸ਼ ਭਗਤਾਂ ਦੇ ਵਾਰਸਾਂ ਨੂੰ ਇੱਕ ਆਵਾਜ਼ ਹੋ ਕੇ ਹੱਕੀ ਮੰਗਾਂ ਦੇ ਸਮਰਥਨ ਵਿੱਚ ਖੜ੍ਹੇ ਹੋਣ ਦੀ ਲੋੜ ਹੈ।ਕਮੇਟੀ ਨੇ ਮੰਗ ਕੀਤੀ ਹੈ ਕਿ



ਵਿਖਾਵਾਕਾਰੀਆਂ ਦੀਆਂ ਪ੍ਰਮੁੱਖ ਚਾਰ ਮੰਗਾਂ ਅਨੁਸਾਰ; 2024-25 ਵਿੱਚ ਖਤਮ ਹੋ ਰਹੇ ਵਰਕ ਪਰਮਿਟਾਂ ਦਾ ਵਕਫ਼ਾ ਵਧਾਇਆ ਜਾਏ, ਐੱਲ ਐੱਮ ਆਈ ਏ ਅਧਾਰਤ ਲੁੱਟ ਖ਼ਤਮ ਕੀਤੀ ਜਾਏ, ਪੱਕੇ ਨਿਵਾਸੀਆਂ ਲਈ ਸਾਫ਼, ਸਪੱਸ਼ਟ, ਪਾਰਦਰਸ਼ਤ ਇਨਸਾਫ਼ ਦਾ ਰਾਹ ਖੋਲ੍ਹਿਆ ਜਾਏ ਅਤੇ ਸਮੂਹ ਅੰਤਰ-ਰਾਸ਼ਟਰੀ ਵਿਦਿਆਰਥੀਆਂ ਨੂੰ ਪੰਜ ਸਾਲ ਦਾ ਵਰਕ ਪਰਮਿਟ ਤੁਰੰਤ ਦਿੱਤਾ ਜਾਏ।

ਕਮੇਟੀ ਨੇ ਕਿਹਾ ਕਿ ਇਹ ਕੇਹਾ ਵਿਸ਼ਵੀਕਰਨ ਹੈ ਜਿੱਥੇ ਕਾਰਪੋਰੇਟ ਸਾਮਰਾਜੀ ਜਗਤ ਬਹੁ-ਕੌਮੀ ਕੰਪਨੀਆਂ ਨੂੰ ਕੁੱਲ ਦੁਨੀਆਂ ਵਿੱਚ ਆਪਣਾ ਮੱਕੜਜਾਲ ਵਿਛਾਉਣ ਦੀ ਖੁੱਲ੍ਹ ਹੈ ਪਰ ਵਿਦਿਆਰਥੀਆਂ, ਨੌਜਵਾਨਾਂ ਸਮੂਹ ਕਾਮਿਆਂ ਨੂੰ ਕਿਰਤ ਕਰਨ ਉਪਰ ਵੰਨ-ਸੁਵੰਨੇ ਕਾਨੂੰਨਾਂ ਰਾਹੀਂ ਪਾਬੰਦੀਆਂ ਮੜ੍ਹਨ ਅਤੇ ਉਜਾੜੇ ਮੂੰਹ ਧੱਕਿਆ ਜਾ ਰਿਹਾ ਹੈ।ਕਮੇਟੀ ਨੇ ਸੰਘਰਸ਼ ਕਰਦੇ ਨੌਜਵਾਨਾਂ ਨੂੰ ਵੀ ਪੂਰੀ ਸੂਝ-ਬੂਝ ਹਰ ਵੰਨਗੀ ਦੀਆਂ ਸੌੜੀਆਂ ਵਲਗਣਾਂ ਤੋਂ ਚੌਕੰਨੇ ਰਹਿੰਦਿਆਂ ਗ਼ਦਰੀ ਦੇਸ਼ ਭਗਤਾਂ ਦੀ ਸੋਚ ਅਨੁਸਾਰ ਆਪਣੇ ਮਾਰਗ 'ਤੇ ਦ੍ਰਿੜ੍ਹ ਰਹਿਣ ਅਤੇ ਵੱਧ ਤੋਂ ਵੱਧ ਲੋਕਾਂ ਦੀ ਵਿਸ਼ਾਲ ਹਮਾਇਤ ਜਿੱਤਣ ਲਈ ਬਹੁਤ ਹੀ ਜ਼ਿੰਮੇਵਾਰਾਨਾ ਅਤੇ ਜਾਬਤਾਬੱਧ ਸੰਘਰਸ਼ ਦਾ ਪਰਚਮ ਬੁਲੰਦ ਰੱਖਣ ਦੀ ਲੋੜ ਹੈ। ਕਮੇਟੀ ਨੇ ਕਿਹਾ ਕਿ ਉਹ ਗ਼ਦਰੀ ਬਾਬਿਆਂ ਦੇ ਮੇਲੇ 'ਚ ਵੀ ਵਿਸ਼ੇਸ਼ ਮਤੇ ਰਾਹੀਂ ਆਵਾਜ਼ ਉਠਾਏਗੀ।

## ਗੁਰੂ ਹਰਕ੍ਰਿਸਨ ਪਬਲਿਕ ਸਕੂਲ 'ਚ ਦੁਸਹਿਰੇ ਦਾ ਤਿਉਹਾਰ ਮਨਾਇਆ



ਕਪੂਰਥਲਾ, (ਹਨੀ) ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਪ੍ਰਿੰਸੀਪਲ ਪ੍ਰਬਦੀਪ ਕੌਰ ਮੌਂਗਾ ਦੀ ਅਗਵਾਈ ਵਿਚ ਦੁਸਹਿਰੇ ਦਾ ਤਿਉਹਾਰ ਬੜੀ ਧੂਮ ਧਾਮ ਨਾਲ ਮਨਾਇਆ ਗਿਆ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਸਾਸ਼ਕ ਇੰਜੀਨੀਅਰ ਨਿਮਰਤਾ ਕੌਰ ਵਿਸੇਸ ਤੌਰ 'ਤੇ ਸਮਾਗਮ ਵਿੱਚ ਸ਼ਾਮਲ ਹੋਏ। ਇਸ ਦੌਰਾਨ ਸਕੂਲ ਵਿੱਚ ਸਪੈਸ਼ਲ ਅਸੈਂਬਲੀ ਕਰਵਾਈ ਗਈ। ਸੀਨੀਅਰ ਵਿੰਗ ਦੇ ਵਿਦਿਆਰਥੀਆਂ ਦਰਮਿਆਨ ਰਾਵਣ, ਮੇਘਨਾਥ ਅਤੇ ਕੁੰਭਕਰਨ ਦੇ ਪੁਤਲੇ ਬਣਾਉਣ ਦੀ ਗਤੀਵਿਧੀ ਕਰਵਾਈ ਗਈ। ਇਸ ਦੌਰਾਨ ਵਿਦਿਆਰਥੀਆਂ ਨੇ ਰਾਮਲੀਲ੍ਹਾ ਦੇ ਕੁਝ ਦ੍ਰਿਸ਼ ਵੀ ਪੇਸ਼ ਕੀਤੇ, ਉਪਰੰਤ ਰਾਵਣ ਮੇਘਨਾਥ ਅਤੇ ਕੁੰਭ ਕਰਨ ਦੇ ਪੁਤਲਿਆਂ ਨੂੰ ਅਗਨੀ ਭੇਟ ਕੀਤਾ ਗਿਆ। ਪ੍ਰਾਇਮਰੀ ਵਿੰਗ ਦੇ ਵਿਦਿਆਰਥੀਆਂ ਵਿੱਚ ਰਾਵਣ, ਮੇਘਨਾਥ ਅਤੇ ਕੁੰਭਕਰਨ ਦੇ ਮਾਡਲ ਬਣਾਉਣ ਦੀ ਗਤੀਵਿਧੀ ਕਰਵਾਈ ਗਈ, ਜਿਸ ਵਿੱਚ ਵਿਦਿਆਰਥੀਆਂ ਨੇ ਬੜੇ ਹੀ ਉਤਸਾਹ ਨਾਲ ਭਾਗ ਲਿਆ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਦੁਸਹਿਰਾ ਬੁਰਾਈ ਉੱਤੇ ਅਛਾਈ ਦੀ ਜਿੱਤ ਦਾ ਪ੍ਰਤੀਕ ਹੈ ਅਤੇ ਸਾਨੂੰ ਸਾਰਿਆਂ ਨੂੰ ਹੀ ਮਿਲ ਜੁਲ ਕੇ ਇਹ ਤਿਉਹਾਰ ਬੜੇ ਹੀ ਚਾਵਾਂ ਨਾਲ ਮਨਾਉਣਾ ਚਾਹੀਦਾ ਹੈ। ਬੀਬੀ ਗੁਰਪ੍ਰੀਤ ਕੌਰ, ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਸਾਸ਼ਕ ਇੰਜੀਨੀਅਰ ਨਿਮਰਤਾ ਕੌਰ ਨੇ ਵਿਦਿਆਰਥੀਆਂ ਅਤੇ ਸਟਾਫ ਮੈਂਬਰਾਂ ਨੂੰ ਦੁਸਹਿਰੇ ਦੀ ਵਧਾਈ ਦਿੱਤੀ ।

## ਐੱਲ ਪੀ ਯੂ ਵਿਸ਼ਵ 'ਵਰਸਿਟੀ ਰੈਂਕਿੰਗ 2025 'ਚ ਭਾਰਤ ਦੀਆਂ ਚੋਟੀ ਦੀਆਂ 10 ਯੂਨੀਵਰਸਿਟੀਆਂ 'ਚ ਸ਼ਾਮਲ

ਜਲੰਧਰ (ਸ਼ੈਲੀ ਐਲਬਰਟ)- ਜਲੰਧਰ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ. ਪੀ. ਯੂ.) ਟਾਈਮਜ਼ ਹਾਇਰ ਐਜੂਕੇਸ਼ਨ ਵਰਲਡ ਯੂਨੀਵਰਸਿਟੀ ਰੈਂਕਿੰਗਜ਼ 2025 ਵਿੱਚ ਭਾਰਤ ਦੀਆਂ ਸਾਰੀਆਂ ਚੋਟੀ ਦੀਆਂ ਯੂਨੀਵਰਸਿਟੀਆਂ ਵਿੱਚੋਂ 9ਵਾਂ ਸਥਾਨ ਹਾਸਲ ਕਰਕੇ ਮੋਹਰੀ ਬਣ ਕੇ ਉਭਰੀ ਹੈ। ਇਹ ਰੈਂਕਿੰਗ ਭਾਰਤ ਵਿੱਚ ਸਾਰੀਆਂ ਸਰਕਾਰੀ (ਆਈਆਈਟੀ ਅਤੇ ਐਨਆਈਟੀ ਸਮੇਤ) ਅਤੇ ਨਿੱਜੀ ਸੰਸਥਾਵਾਂ ਵਿਚੋਂ ਹੈ। ਪਿਛਲੇ ਸਾਲ 25ਵੇਂ ਸਥਾਨ ਤੋਂ ਚੋਟੀ ਦੇ 10 ਸਥਾਨਾਂ ਤੇ ਇਹ ਮਹੱਤਵਪੂਰਨ ਛਾਲ ਬੁਨਿਆਦੀ ਢਾਂਚੇ, ਵਿਭਿੰਨਤਾ, ਅਕਾਦਮਿਕਤਾ, ਨਵੀਨਤਾ, ਖੋਜ ਅਤੇ ਉੱਦਮਤਾ ਸਮੇਤ ਵੱਖ-ਵੱਖ ਖੇਤਰਾਂ ਵਿੱਚ ਉੱਤਮਤਾ ਪ੍ਰਤੀ ਐਲ ਪੀ ਯੂ ਦੇ ਸਮਰਪਣ ਦਾ ਪ੍ਰਮਾਣ ਹੈ।ਯੂਨੀਵਰਸਿਟੀ ਦੀ ਗਲੋਬਲ ਰੈਂਕਿੰਗ 601-800 ਤੱਕ ਹੈ, ਜੋ ਪਿਛਲੇ ਸਾਲ ਨਾਲੋਂ ਮਹੱਤਵਪੂਰਨ ਸੁਧਾਰ ਦਰਸਾਉਂਦੀ ਹੈ। ਰੈਂਕਿੰਗ ਵਿੱਚ ਅੱਗੇ ਵਧਦੇ ਹੋਏ, ਐਲਪੀਯੂ ਨੇ ਸਥਾਪਿਤ ਸੰਸਥਾਵਾਂ ਜਿਵੇਂ ਕਿ ਆਈ ਆਈ ਟੀ ਗੁਹਾਟੀ, ਰੋਪੜ, ਗਾਂਧੀਨਗਰ ਅਤੇ ਮੰਡੀ, ਜਵਾਹਰ ਲਾਲ ਨਹਿਰੂ ਯੂਨੀਵਰਸਿਟੀ, ਦਿੱਲੀ ਯੂਨੀਵਰਸਿਟੀ ਅਤੇ ਕਈ ਐਨ ਆਈ ਟੀ ਨੂੰ ਪਿੱਛੇ ਛੱਡ ਦਿੱਤਾ ਹੈ। ਸੰਸਦ ਮੈਂਬਰ (ਰਾਜ ਸਭਾ) ਅਤੇ ਐਲਪੀਯੂ ਦੇ



ਸੰਸਥਾਪਕ ਚਾਂਸਲਰ ਡਾ. ਅਸ਼ੋਕ ਕੁਮਾਰ ਮਿੱਤਲ ਨੇ ਕਿਹਾ ਕਿ ਸਾਨੂੰ ਇਸ ਉਪਲਬਧੀ 'ਤੇ ਬਹੁਤ ਮਾਣ ਹੈ। ਐਲ ਪੀ ਯੂ ਇਸ ਵਿਦਿਅਕ ਪਾੜੇ ਨੂੰ ਪੂਰਾ ਕਰਨ ਅਤੇ ਆਉਣ ਵਾਲੇ ਭਵਿੱਖ ਵਿੱਚ ਭਾਰਤ ਦੀਆਂ ਚੋਟੀ ਦੀਆਂ 3 ਯੂਨੀਵਰਸਿਟੀਆਂ ਵਿੱਚ ਦਾਖਲ ਹੋਣ ਦੀ ਕੋਸ਼ਿਸ਼ ਕਰੇਗਾ । ਇਹ ਰੈਂਕਿੰਗ 5 ਮੁੱਖ ਸ਼੍ਰੇਣੀਆਂ ਦੇ ਆਧਾਰ 'ਤੇ ਯੂਨੀਵਰਸਿਟੀਆਂ ਦਾ ਮੁਲਾਂਕਣ ਕਰਦੀ ਹੈ: ਅਧਿਆਪਨ: ਸਿੱਖਣ ਦਾ ਵਾਤਾਵਰਣ, ਖੋਜ : ਮਾਤਰਾ, ਖੋਜ ਦੀ ਆਮਦਨ ਅਤੇ ਪ੍ਰਤਿਸ਼ਠਾ, ਖੋਜ ਗੁਣਵੱਤਾ: ਪ੍ਰਭਾਵ, ਤਾਕਤ, ਉੱਤਮਤਾ ਅਤੇ ਖੋਜ ਦਾ ਪ੍ਰਭਾਵ, ਅੰਤਰਰਾਸ਼ਟਰੀ ਦ੍ਰਿਸ਼ਟੀਕੋਣ: ਸਟਾਫ, ਵਿਦਿਆਰਥੀ, ਖੋਜ ਅਤੇ ਉਦਯੋਗ ਖੇਤਰ : ਆਮਦਨ ਅਤੇ ਪੇਟੈਂਟ।ਟਾਈਮਜ਼ ਹਾਇਰ ਐਜੂਕੇਸ਼ਨ ਇਮਪੈਕਟ ਰੈਂਕਿੰਗਜ਼ 2024 ਵਿੱਚ ਐਲਪੀਯੂ ਨੂੰ ਵਿਸ਼ਵ ਪੱਧਰ ਦੀਆਂ ਚੋਟੀ ਦੀਆਂ 200 ਯੂਨੀਵਰਸਿਟੀਆਂ ਵਿੱਚ ਦਰਜਾ ਦਿੱਤਾ ਗਿਆ ਹੈ। ਕੁਆਲਿਟੀ ਐਜੂਕੇਸ਼ਨ ਦੀ ਸ਼੍ਰੇਣੀ ਵਿੱਚ, ਐਲਪੀਯੂ ਨੇ 19 ਦੀ ਸ਼ਾਨਦਾਰ ਗਲੋਬਲ ਰੈਂਕਿੰਗ ਹਾਸਲ ਕੀਤੀ ਹੈ ਅਤੇ ਇਹ ਸਰਕਾਰੀ ਅਤੇ ਨਿੱਜੀ ਸੰਸਥਾਵਾਂ ਦੋਵਾਂ ਵਿੱਚ ਭਾਰਤ ਵਿੱਚ ਦੂਜੀ ਸਭ ਤੋਂ ਉੱਚੀ ਰੈਂਕਿੰਗ ਵਾਲੀ ਯੂਨੀਵਰਸਿਟੀ ਬਣ ਗਈ ਹੈ।

## ਇਕੋਤਰੀ ਸਮਾਗਮ ਦੌਰਾਨ ਟਾਂਡਾ ਅੰਮ੍ਰਿਤਮਈ ਰੰਗ 'ਚ ਰੰਗਿਆ



ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਉਂਕਾਰ ਸਿੰਘ )- ਗੁਰਬਾਣੀ ਸ਼ਬਦ ਵਿਚਾਰ ਦੇ ਪ੍ਰਵਾਹ ਨਾਲ ਚੱਲ ਰਹੇ ਵਿਸ਼ਵ ਪ੍ਰਸਿੱਧ ਮਹਾਨ ਸਾਲਾਨਾ ਇਕੋਤਰੀ ਸਮਾਗਮ ਦੌਰਾਨ ਜਿੱਥੇ ਸੰਤਾਂ ਮਹਾਂਪੁਰਸ਼ਾਂ ਵੱਲੋਂ ਕੀਤੀ ਜਾ ਰਹੀ ਅੰਮ੍ਰਿਤਮਈ ਵਰਖਾ ਦਾ ਦੇਸ਼-ਵਿਦੇਸ਼ ਤੋਂ ਪੁੱਜੀਆਂ ਸੰਗਤਾਂ ਲਾਹਾ ਖੱਟ ਰਹੀਆਂ ਹਨ ਉੱਥੇ ਸੰਤ ਬਾਬਾ ਗੁਰਦਿਆਲ ਸਿੰਘ ਅਤੇ ਹੋਰ ਮਹਾਂਪੁਰਸ਼ਾਂ ਵੱਲੋਂ ਸਮੁੱਚੇ ਸਿੱਖ ਜਗਤ ਨੂੰ ਗੁਰੂ ਦੀ ਸਿੱਖਿਆ ਲੈ ਕੇ ਸਿਮਰਨ ਦੀ ਬੇੜੀ ਵਿੱਚ ਸਵਾਰ ਹੋ ਕੇ ਬਾਣੀ ਅਤੇ ਬਾਣੇ ਦੇ ਧਾਰਨੀ ਬਣਨ ਲਈ ਪ੍ਰੇਰਿਤ ਕੀਤਾ। ਸੱਚਖੰਡ ਵਾਸੀ ਬਾਬਾ ਬਲਵੰਤ ਸਿੰਘ ਵੱਲੋਂ ਟਾਂਡਾ ਵਿਖੇ ਚਲਾਈ ਗਈ 101 ਸ਼੍ਰੀ ਅਖੰਡ ਪਾਠ ਸਾਹਿਬ ਦੀ ਇਕੋਤਰੀ ਲੜੀ ਦੀ ਪਰੰਪਰਾ ਨੂੰ ਅੱਗੇ ਤੋਰਦਿਆਂ ਸੰਤ ਬਾਬਾ ਗੁਰਦਿਆਲ ਸਿੰਘ ਅਤੇ ਸਮੂਹ ਸੰਗਤ ਦੇ ਸਹਿਯੋਗ ਨਾਲ ਚੱਲ ਰਹੇ ਇਨਾਂ ਸਮਾਗਮਾਂ ਨੂੰ ਲੈ ਕੇ ਜਿੱਥੇ 9 ਵੀਂ ਲੜੀ ਦੇ ਭੋਗ ਪਾਏ ਗਏ ਉੱਥੇ ਇਸ ਮੌਕੇ ਸਜਾਏ ਗਏ ਵਿਸ਼ਾਲ ਗੁਰਮਤਿ ਸਮਾਗਮ ਦੌਰਾਨ ਸੰਤ ਬਾਬਾ ਦਵਿੰਦਰ ਸਿੰਘ ਨਿਰਮਲ ਕੁਟੀਆ ਵਾਲਿਆਂ ਨੇ ਸੰਗਤਾਂ ਦੇ ਸਨਮੁਖ ਹੁੰਦਿਆਂ ਜਿੱਥੇ ਗੁਰਸ਼ਬਦ ਵਿਚਾਰ ਨਾਲ ਸਾਂਝ ਪਾਈ ਉੱਥੇ ਉਨ੍ਹਾਂ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਸੰਤ ਬਾਬਾ ਗੁਰਦਿਆਲ ਸਿੰਘ ਦੇ ਵੱਡਮੁੱਲੇ ਯੋਗਦਾਨ ਦੀ ਸ਼ਲਾਘਾ ਕੀਤੀ। ਵਰਨਣਯੋਗ ਹੈ ਕਿ 101 ਸ਼੍ਰੀ ਅਖੰਡ ਪਾਠ ਸਾਹਿਬ ਦੀ ਲੜੀ ਦੇ ਸੰਪੂਰਨਤਾ ਭੋਗ 17 ਅਕਤੂਬਰ ਨੂੰ ਪਾਏ ਜਾਣਗੇ ਜਦਕਿ ਇਕੋਤਰੀ ਦੇ ਮੁੱਖ ਆਕਰਸ਼ਣ ਵੱਜੋਂ ਜਾਣੇ ਜਾਂਦੇ ਵਿਸ਼ਾਲ ਅਤੇ ਅਲੌਕਿਕ ਨਗਰ ਕੀਰਤਨ 16 ਅਕਤੂਬਰ ਨੂੰ ਸਜਾਏ ਜਾਣਗੇ।

## ਮਹਾਨ ਨਗਰ ਕੀਰਤਨ ਸਜਾਇਆ

ਅੱਡਾ ਸਰਾਂ (ਜਸਵੀਰ ਕਾਜਲ) ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ, ਸੰਤ ਬਾਬਾ ਮੱਖਣ ਸਿੰਘ ਦੀ ਦੇਖ ਰੇਖ ਹੇਠ ਕੁੱਲੀ ਬਾਬਾ ਖੁਸ਼ਦਿਲ ਦੀ 28ਵੀਂ ਸਾਲਾਨਾ ਬਰਸੀ ਸਮਾਗਮ 'ਚ ਪੰਜ ਪਿਆਰਿਆਂ ਦੀ ਅਗਵਾਈ 'ਚ ਮਹਾਨ ਨਗਰ ਕੀਰਤਨ ਖਾਲਸਾਈ ਸ਼ਾਨੋ ਸ਼ੌਕਤ ਨਾਲ ਸਜਾਇਆ ਗਿਆ।ਨਗਰ ਕੀਰਤਨ ਪਿੰਡ ਦਰੀਆ ਤੋਂ ਸ਼ੁਰੂ ਹੋ ਕੇ ਪਿੰਡ ਕੰਧਾਲਾ ਜੱਟਾਂ, ਘੋੜੇਵਾਹਾ ਅਤੇ ਬਾਬਕ ਵਿਖੇ ਵੱਖ ਵੱਖ ਪੜਾਵਾਂ ਵਿੱਚ ਪਹੁੰਚਣ 'ਤੇ ਸੰਗਤਾਂ ਵੱਲੋਂ ਫੁੱਲਾਂ ਦੀ ਵਰਖਾ ਨਾਲ ਸਵਾਗਤ ਕੀਤਾ ਗਿਆ ਅਤੇ ਸੰਗਤਾਂ ਵਾਸਤੇ ਚਾਹ ਪਕੌੜਿਆਂ ਮਠਿਆਈਆਂ ਅਤੇ ਫਰੂਟਾਂ ਦੇ ਲੰਗਰ ਲਗਾਏ ਗਏ।ਇਸ ਮੌਕੇ ਢਾਡੀ ਕੈਪਟਨ ਗਿਆਨੀ ਮਲਕੀਤ ਸਿੰਘ ਬੀ ਏ ਅੰਬਾਲਾ ਹਰਿਆਣਾ ਵਾਲਿਆਂ ਦਾ ਢਾਡੀ ਜੱਥਾ, ਢਾਡੀ ਸੁਖਬੀਰ ਸਿੰਘ ਚੌਹਾਨ ਬੁੱਢੀ ਪਿੰਡ ਵਾਲਿਆਂ ਦਾ ਢਾਡੀ ਜੱਥੇ ਨੇ ਆਈਆਂ ਹੋਈਆਂ ਸੰਗਤਾਂ ਨੂੰ ਢਾਡੀ ਵਾਰਾਂ ਨਾਲ ਗੁਰੂ ਇਤਿਹਾਸ ਨਾਲ ਜੋੜਿਆ ਤੇ ਗੁਰਬਾਣੀ ਨਾਲ ਜੁੜਨ ਲਈ ਪ੍ਰੇਰਿਆ।ਸੰਤ ਬਾਬਾ ਮੱਖਣ ਸਿੰਘ ਨੇ ਇਸ ਮੌਕੇ ਆਈਆਂ ਹੋਈਆਂ ਸੰਗਤਾਂ ਦਾ ਵਿਸ਼ੇਸ਼ ਧੰਨਵਾਦ ਅਤੇ ਸਭ ਤੋਂ ਜਿਆਦਾ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਦਾ ਧੰਨਵਾਦ ਕੀਤਾ ਉਹਨਾਂ ਕਿਹਾ ਕਿ ਇਹ ਸਮਾਗਮ ਸੰਗਤਾਂ ਤੋਂ ਬਿਨਾਂ ਸੰਪੂਰਨ ਨਹੀਂ ਹੋ ਸਕਦਾ, ਕੰਧਾਲਾ ਜੱਟਾਂ ਨਿਵਾਸੀ ਸਾਧ ਸੰਗਤ, ਪ੍ਰਬੰਧਕ ਕਮੇਟੀ ਗੁਰਦੁਆਰਾ ਬਾਬਾ ਬਿਸ਼ਨ ਸਿੰਘ, ਬਾਬਾ ਬਿਹਾਰੀ ਸੇਵਾ ਸੁਸਾਇਟੀ ਸ੍ਰੀ ਗੁਰੂ ਰਵਿਦਾਸ ਸਭਾ ਪ੍ਰਬੰਧਕ ਕਮੇਟੀ ਰਜਿ, ਕੰਧਾਲਾ ਜੱਟਾਂ , ਗੁਰਦੁਆਰਾ ਬਾਬਾ ਬਿਸ਼ਨ ਸਿੰਘ ਜੀ ਚੜ੍ਹਦੀ ਪੱਤੀ, ਗੁਰਦੁਆਰਾ ਸਿੰਘ ਸਭਾ ਕੰਧਾਲਾ ਜੱਟਾਂ ਬਾਬਾ ਖੁਸ਼ਦਿਲ ਸਪੋਰਟਸ ਕਲੱਬ ਪਿੰਡ ਦਰੀਆ ਭਾਈ ਘਨਈਆ ਜੀ ਸੇਵਾ ਦਲ ਬਾਬਕ ਨੌਜਵਾਨ ਸਭਾ ਘੋੜਾ ਬਹਾ ਬਾਬਾ ਬਿਸ਼ਨ ਸਿੰਘ ਜੀ ਗਤਕਾ ਅਖਾੜਾ ਕੰਧਾਲਾ ਜੱਟਾਂ ਅਤੇ ਜਿਨਾਂ ਸੰਗਤਾਂ ਨੇ ਵੀ ਆਈਆਂ ਹੋਈਆਂ ਸੰਗਤਾਂ ਵਾਸਤੇ ਲੰਗਰਾਂ ਦੀ ਸੇਵਾ ਕੀਤੀ ਉਹਨਾਂ ਦਾ ਵੀ ਧੰਨਵਾਦ ਕੀਤਾ।



ਸ਼ਨੀਵਾਰ ਸਵੇਰ 9 ਵਜੇ ਤੋਂ ਦੇਰ ਰਾਤ ਤੱਕ ਮਹਾਨ ਕੀਰਤਨ ਦਰਬਾਰ ਵੀ ਕਰਵਾਇਆ ਜਾਵੇਗਾ ਜਿਸ ਵਿਚ ਪੰਥ ਦੇ ਮਹਾਨ ਕੀਰਤਨੀ ਜਥੇ ਗਿਆਨੀ ਜਸਜੀਤ ਸਿੰਘ ਬੁੱਢੀ ਪਿੰਡ ਢਾਡੀ ਜਥਾ, ਗਿਆਨੀ ਮਲਕੀਤ ਸਿੰਘ ਜੀ ਬੀ.ਏ ਅੰਬਾਲਾ ਹਰਿਆਣਾ ਢਾਡੀ ਜਥਾ, ਭਾਈ ਨਿਰਮਲ ਸਿੰਘ ਨੂਰ ਅੰਮ੍ਰਿਤਸਰ ਵਾਲੇ ਢਾਡੀ ਜਥਾ, ਹਰਜਿੰਦਰ ਸਿੰਘ ਨੂਰ ਬੁੱਟਰ ਅੰਬਾਲਾ ਢਾਡੀ ਜਥਾ ਕਵੀਸ਼ਰ, ਪੰਡਿਤ ਸੋਮਨਾਥ ਰੋਡੇ ਵਾਲੇ ਢਾਡੀ ਜੱਥਾ , ਭਾਈ ਦਵਿੰਦਰ ਸਿੰਘ ਜੀ ਬੋਦਲਾਂ ਵਾਲੇ, ਭਾਈ ਰਾਜਵੀਰ ਸਿੰਘ ਜੀ ਬੋਦਲਾਂ ਵਾਲੇ, ਭਾਈ ਸਤਨਿੰਦਰ ਪਾਲ ਸਿੰਘ ਜੀ ਬੋਦਲਾਂ ਵਾਲੇ, ਪ੍ਰੋਫੈਸਰ ਅਵਤਾਰ ਸਿੰਘ ਜੀ ਬੋਦਲਾਂ ਵਾਲੇ, ਭਾਈ ਜਸਵਿੰਦਰ ਸਿੰਘ ਜੀ ਗੜ੍ਹਦੀਵਾਲਾ ਉਸਤਾਦ ਸ਼ਮਿੰਦਰ ਪਾਲ ਸਿੰਘ ਜੀ ਏ ਗ੍ਰੇਡ ਸਰੰਗੀ ਵਾਦਕ ਆਲ ਇੰਡੀਆ ਜਲੰਧਰ, ਤਬਲਾ ਵਾਦਕ ਉਸਤਾਦ ਕੁਲਵਿੰਦਰ ਸਿੰਘ ਜੀ ਅਕੈਡਮੀ ਫਤਿਹਪੁਰ ਹੁਸ਼ਿਆਰਪੁਰ ਵਾਲੇ, ਭਾਈ ਗੁਰਮੁਖ ਸਿੰਘ ਕੰਧਾਲਾ ਜੱਟਾਂ ਵਾਲੇ, ਬੀਬੀ ਮਨਪ੍ਰੀਤ ਕੌਰ ਕੰਧਾਲਾ ਜੱਟਾਂ ਵਾਲੇ, ਬੀਬੀ ਭੁਪਿੰਦਰ ਕੌਰ ਖਾਲਸਾ ਕੰਧਾਲਾ ਜੱਟਾਂ ਵਾਲੇ, ਬੀਬੀ ਖੁਸ਼ਪ੍ਰੀਤ ਕੌਰ ਅਤੇ ਬੀਬੀ ਭੁਪਿੰਦਰ ਕੌਰ ਕੰਧਾਲਾ ਜੱਟਾਂ ਵਾਲੇ ਅਤੇ ਹੋਰ ਜੱਥੇ ਆਈਆਂ ਹੋਈਆਂ ਸੰਗਤਾਂ ਨੂੰ ਗੁਰਬਾਣੀ ਕਥਾ ਕੀਰਤਨ ਨਾਲ ਨਿਹਾਲ ਕਰਨਗੇ।

## ਕਾਮਰੇਡ ਕੁਲਦੀਪ ਸਿੰਘ ਤੇ ਮੋਹਨ ਸਿੰਘ ਮਰਵਾਹਾ ਦੀ ਬਰਸੀ ਮਨਾਈ



ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ) ਪੰਜਾਬ ਪੈਂਸ਼ਨਰਜ਼ ਯੂਨੀਅਨ ਹੁਸ਼ਿਆਰਪੁਰ ਦੀ ਮਹੀਨਾਵਾਰ ਮੀਟਿੰਗ ਪਾਰਟੀ ਦਫਤਰ ਹੁਸ਼ਿਆਰਪੁਰ ਵਿਖੇ ਪ੍ਰਿੰਸੀਪਲ ਚਰਨ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੇ ਸ਼ੁਰੂ 'ਚ ਕੁਲਦੀਪ ਸਿੰਘ ਅਤੇ ਮੋਹਣ ਸਿੰਘ ਮਰਵਾਹਾ ਦੀ ਬਰਸੀ ਸਮਾਗਮ ਮਨਾਏ ਗਏ। ਮੁੱਖ ਬੁਲਾਰਿਆਂ 'ਚ ਜਗਜੀਤ ਸਿੰਘ ਜੱਗੀ, ਅਮਰੀਕ ਸਿੰਘ, ਯੋਗਾ ਸਿੰਘ, ਓਂਕਾਰ ਸਿੰਘ ਅਤੇ ਬਿੱਕਰ ਸਿੰਘ ਨੇ ਵਿਛੜੀਆਂ ਰੂਹਾਂ ਦੇ ਜੀਵਨ ਅਤੇ ਕੀਤੇ ਸੰਘਰਸਾਂ ਬਾਰੇ ਚਾਨਣਾ ਪਾਇਆ। ਉਪਰੰਤ 65 ਸਾਲ ਅਤੇ 70 ਸਾਲ ਦੀ ਉਮਰ ਪੂਰੀ ਕਰ ਚੁੱਕੇ ਪੈਂਸ਼ਨਰਾਂ ਨੂੰ ਸਨਮਾਨਿਤ ਕੀਤਾ। ਸਨਮਾਨਿਤ ਹੋਣ ਵਾਲਿਆਂ ਵਿੱਚ ਓਂਕਾਰ ਸਿੰਘ ਪ੍ਰਧਾਨ, ਜਗਜੀਤ ਸਿੰਘ ਜੱਗੀ, ਅਮਰੀਕ ਸਿੰਘ ਜਨਰਲ ਸਕੱਤਰ, ਜੋਗਾ ਸਿੰਘ ਮੀਤ ਪ੍ਰਧਾਨ, ਬਲਦੇਵ ਸਿੰਘ ਮੀਤ ਚੇਅਰਮੈਨ, ਬਲਵੀਰ ਸਿੰਘ, ਗੁਰਦੇਵ ਸਿੰਘ, ਕਿਸਨ ਦਾਸ, ਮਹਿੰਦਰ ਸਿੰਘ ਯਾਰਡ ਮਾਸਟਰ, ਸੁਰਜੀਤ ਸਿੰਘ ਕੈਸੀਅਰ, ਅਰਜਨ ਸਿੰਘ ਅਤੇ ਬਿੱਕਰ ਸਿੰਘ ਸ਼ਾਮਲ ਸਨ। ਇਸ ਸਮੇਂ ਪੈਂਸ਼ਨਰਾਂ ਵੱਲੋਂ ਪੰਜਾਬ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ ਵੀ ਕੀਤਾ ਗਿਆ ਅਤੇ ਆਪਣੀਆਂ ਮੰਗਾਂ ਪ੍ਰਤੀ ਨਾ ਪੱਖੀ ਰਵਈਆ ਧਾਰਨ ਕਰਨ ਕਰਕੇ ਸਰਕਾਰ ਦੀ ਨਿਖੇਧੀ ਕੀਤੀ ਗਈ ਅਤੇ 22 ਅਕਤੂਬਰ ਨੂੰ ਮੋਹਾਲੀ ਵਿਖੇ ਹੋਣ ਵਾਲੀ ਸਾਂਝੇ ਫਰੰਟ ਦੀ ਰੈਲੀ 'ਚ ਹਿੱਸਾ ਲੈਣ ਲਈ ਪੈਂਸ਼ਨਰਾਂ ਨੂੰ ਲਾਮਬੰਦ ਕੀਤਾ ਗਿਆ। ਇਸ ਸਮੇਂ ਉਪਰੋਕਤ ਤੋਂ ਇਲਾਵਾ ਕੁਲਦੀਪ ਸਿੰਘ ਸੈਣੀ, ਗੁਰਚਰਨ ਸਿੰਘ, ਗੁਲਵੰਤ ਸਿੰਘ, ਰਾਮ ਸਹਾਏ, ਬੂਟਾ ਸਿੰਘ, ਗੁਰਦੀਪ ਸਿੰਘ ਗਰੇਵਾਲ, ਵਿਜੇ ਕੁਮਾਰ, ਓਂਕਾਰ ਸਿੰਘ, ਗੁਰਜਿੰਦਰ ਸਿੰਘ ਆਦਿ ਹਾਜਰ ਸਨ।

## ਫੁੱਟਬਾਲ ਅੰਤਰ ਜ਼ਿਲ੍ਹਾ ਸਕੂਲ ਖੇਡਾਂ 'ਚ ਫਾਈਨਲ ਮੈਚ 'ਤੇ ਰੁੜਕਾ ਕਲਾਂ ਅਕੈਡਮੀ ਦੀ ਟੀਮ ਦਾ ਕਬਜ਼ਾ



ਮਾਹਿਲਪੁਰ (ਸ਼ਫ਼ਰੀ)-68ਵੀਆਂ ਅੰਡਰ-14 ਸਾਲ ਫੁੱਟਬਾਲ ਜਿਲ੍ਹਾ ਸਕੂਲ ਖੇਡਾਂ ਡਾਇਰੈਕਟਰ ਸਕੂਲ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਜਿਲ੍ਹਾ ਸਿੱਖਿਆ ਅਫ਼ਸਰ (ਸੈ. ਸਿੱ.) ਹੁਸ਼ਿਆਰਪੁਰ ਲਲਿਤਾ ਅਰੋੜਾ ਦੇ ਦਿਸ਼ਾ ਨਿਰਦੇਸ਼ਾਂ ਅਤੇ ਪੰਜਾਬ ਸ.ਸ.ਸ.ਸ. (ਲੜਕੇ) ਮਾਹਿਲਪੁਰ ਅਤੇ ਖਾਲਸਾ ਕਾਲਜ ਮਾਹਿਲਪੁਰ, ਕੇ ਡੀ. ਪਬਲਿਕ ਸਕੂਲ ਮਾਹਿਲਪੁਰ ਦੇ ਖੇਡ ਮੈਦਾਨਾਂ ਵਿੱਚ ਜਿਲ੍ਹਾ ਸਪੋਰਟਸ ਕੋਆਰਡੀਨੇਟਰ ਜਗਜੀਤ ਸਿੰਘ ਹੁਸ਼ਿਆਰਪੁਰ ਦੀ ਅਗਵਾਈ ਅਤੇ ਪ੍ਰਿੰ. ਧਰਮਿੰਦਰ ਸ਼ਰਮਾ, ਪ੍ਰਿੰ. ਗੁਰਾਂ ਦਾਸ ਦੀ ਦੇਖ ਰੇਖ ਹੇਠ ਸ਼ਾਨੋ-ਸ਼ੌਕਤ ਨਾਲ ਕਰਵਾਈਆਂ ਗਈਆਂ।ਫਾਈਨਲ ਮੈਚ ਵਿਚ ਵਿਸ਼ੇਸ਼ ਤੌਰ ਜ਼ਿਲ੍ਹਾ ਸਿੱਖਿਆ ਅਫ਼ਸਰ ਮੈਡਮ ਲਲਿਤ ਅਰੋੜਾ ਨੇ ਪੁੰਹਚ ਕੇ ਬੱਚਿਆਂ ਨੂੰ ਆਸ਼ੀਰਵਾਦ ਦਿੱਤਾ ਜਦ ਕਿ ਸਮਾਗਮ ਦੀ ਪ੍ਰਧਾਨਗੀ ਪ੍ਰਿੰ. ਧਰਮਿੰਦਰ ਸ਼ਰਮਾ, ਪ੍ਰਿੰ. ਸੁਖਇੰਦਰ ਸਿੰਘ ਬੱਡੋਂ, ਸਰਬਜੀਤ ਸਿੰਘ ਮੰਝ, ਪ੍ਰਿੰ. ਹਰਵਿੰਦਰ ਕੌਰ ਨੰਗਲ ਖੁਰਦ, ਪ੍ਰਿੰ. ਸੀਮਾ ਰਾਣੀ, ਪ੍ਰਿੰ. ਭਾਰਤ ਭੂਸ਼ਣ, ਪ੍ਰਿੰ. ਤਰਲੋਚਨ ਸਿੰਘ, ਪ੍ਰਿੰ. ਸਤਿੰਦਰਦੀਪ ਕੌਰ, ਪ੍ਰਿੰ. ਕਿਰਪਾਲ ਸਿੰਘ, ਪ੍ਰਿੰ. ਸ਼ਿਵ ਕੁਮਾਰ ਪਾਲਦੀ, ਮਾ. ਰਾਜਾ ਸਿੰਘ ਰਾਜਪੁਰ ਭਾਈਆਂ, ਪ੍ਰਿੰ. ਜਤਿੰਦਰ ਸਿੰਘ, ਪ੍ਰਿੰ. ਸਤਪਾਲ ਸਿੰਘ, , ਪ੍ਰਿੰ. ਜਰਨੈਲ ਸਿੰਘਸ਼ ਪ੍ਰਿੰ. ਕ੍ਰਿਪਾਲ ਸਿੰਘ ਜੀ ਨੇ ਕੀਤੀ। ਖੇਡੇ ਗਏ ਲੜਕਿਆਂ ਦੇ ਫਾਈਨਲ ਮੈਚ ਵਿਚ ਫੁੱਟਬਾਲ ਐਕਡਮੀ ਸ਼੍ਰੀ ਅਨੰਦਪੁਰ ਸਾਹਿਬ ਅਤੇ ਫੁੱਟਬਾਲ ਐਕਡਮੀ ਰੁੜਕਾਂ ਕਲਾ-ਵਿਚਾਰ ਖੇਡਿਆ ਗਿਆ ਜਿਸ ਵਿਚ ਫੁੱਟਬਾਲ ਐਕਡਮੀ ਰੁੜਕਾ ਕਲਾਂ ਦੀ ਟੀਮ ਨੇ ਸ਼੍ਰੀ ਅਨੰਦਪੁਰ ਸਾਹਿਬ ਦੀ ਫੁੱਟਬਾਲ ਐਕਡਮੀ ਨੂੰ 1-0 ਨਾਲ ਹਰਾਂ ਕੇ ਫਾਈਨਲ ਮੈਚ ਤੇ ਜਿੱਤ ਲਿਆ ਅਤੇ ਤੀਜੇ ਸਥਾਨ। ਮਜਾਰਾ ਡੀਂਗਰੀਆਂ ਦਾ ਵਿੰਗ ਅਤੇ ਚੌਥੇ ਸਥਾਨ ਨਵਾਂਸ਼ਹਿਰ ਦੀ ਟੀਮ ਰਹੀ। ਇਸ ਮੌਕੇ ਇਨਾਮਾਂ ਦੀ ਵੰਡ ਜ਼ਿਲ੍ਹਾ ਸਿੱਖਿਆ ਅਫ਼ਸਰ ਲਲਿਤ ਅਰੋੜਾ ਨੇ ਕੀਤੀ।ਇਸ ਮੌਕੇ ਜੇਤੂ ਟੀਮ ਰੁੜਕਾਂ ਕਲਾ ਦੀ ਟੀਮ ਨੂੰ ਸ਼ਾਨਦਾਰ ਟਰਾਫ਼ੀ ਦੇ ਕੇ ਸਨਮਾਨਿਤ ਕੀਤਾ ਗਿਆ।

## ਬਲਾਕ ਪੱਧਰੀ ਖੇਡਾਂ 'ਚ ਰੇੜੂ ਪੱਤੀ ਸਕੂਲ ਨੇ ਓਵਰ ਆਲ ਟਰਾਫੀ ਜਿੱਤੀ



ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ) ਪੰਜਾਬ ਸਕੂਲ ਸਿੱਖਿਆ ਵਿਭਾਗ ਦੇ ਨਿਰਦੇਸ਼ਾਂ ਤਹਿਤ ਬਲਾਕ ਪੱਧਰੀ ਸਕੂਲ ਪ੍ਰਾਇਮਰੀ ਖੇਡਾਂ ਦਾ ਅਯੋਜਨ ਬਹਿ ਬਿਧਿਆ ਸਕੂਲ ਵਿਖੇ ਕੀਤਾ ਗਿਆ, ਜਿਸ ਵਿੱਚ ਅੰਡਰ ਇਲੈਵਨ ਉਮਰ ਗਰੁੱਪ ਦੇ ਬਲਾਕ ਦੇ 50 ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ।ਇਨ੍ਹਾਂ ਬਲਾਕ ਪੱਧਰੀ ਖੇਡਾਂ ਵਿੱਚ ਸਰਕਾਰੀ ਐਲੀਮੈਂਟਰੀ ਸਕੂਲ ਰੇੜੂਪੱਤੀ ਦੀ ਕਾਰਗੁਜ਼ਾਰੀ ਸ਼ਨਾਦਾਰ ਰਹੀ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਕੂਲ ਮੁੱਖੀ ਜਸਵੀਰ ਸਿੰਘ ਨੇ ਕਿਹਾ ਕਿ ਖੋ-ਖੋ ਮੁੰਡੇ ਅਤੇ ਕੁੜੀਆਂ ਨੇ ਬਲਾਕ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ।ਇਸੇ ਤਰ੍ਹਾਂ ਅਥਲੈਟਿਕਸ ਵਿੱਚ ਰਿਲੇਅ ਰੇਸ ਮੁੰਡਿਆਂ ਨੇ ਪਹਿਲਾਂ ਅਤੇ ਕੁੜੀਆਂ ਨੇ ਦੂਸਰਾ ਸਥਾਨ ਹਾਸਲ ਕੀਤਾ।ਗੋਲਾ ਸੁੱਟਣ ਵਿੱਚ ਜਤਿਨ ਪਹਿਲਾ ਅਤੇ ਮਨਪ੍ਰੀਤ ਨੇ ਦੂਜਾ ਸਥਾਨ ਹਾਸਲ ਕੀਤਾ, ਲੰਬੀ ਛਾਲ ਪ੍ਰਦੀਪ ਪਹਿਲਾ ਅਤੇ ਮਹਿਕ ਦੂਜਾ ਅਤੇ ਸੋਨੀਆ ਨੇ ਤੀਜਾ ਸਥਾਨ ਹਾਸਲ ਕੀਤਾ। ਕੁਸ਼ਤੀ 'ਚ 30 ਕਿੱਲੋ ਭਾਰ ਵਰਗ ਵਿੱਚ ਸਕਸ਼ਮ ਜਰਿਆਲ ਪਹਿਲਾ ਅਤੇ 28 ਕਿਲੋ ਭਾਰ ਵਰਗ ਵਿੱਚ ਆਰਬ ਪਹਿਲਾ ਅਤੇ ਮਨਦੀਪ ਨੇ ਦੂਜਾ ਸਥਾਨ ਹਾਸਲ ਕੀਤਾ।100 ਮੀਟਰ ਦੌੜ ਪ੍ਰਦੀਪ ਪਹਿਲਾ ਅਤੇ ਮਹਿਕ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ, 200 ਮੀਟਰ ਦੌੜਾਂ 'ਚ ਆਰਬ ਦੂਜਾ ਅਤੇ ਕੁੜੀਆਂ ਵਿੱਚ ਜਸਮੀਤ ਕੌਰ ਨੇ ਦੂਜਾ ਸਥਾਨ ਹਾਸਲ ਕੀਤਾ, 400 ਮੀਟਰ ਦੌੜਾਂ ਵਿੱਚ ਪੰਕਜ ਨੇ ਦੂਜਾ ਅਤੇ ਜਸਮੀਤ ਕੌਰ ਨੇ ਦੂਜਾ ਸਥਾਨ ਹਾਸਲ ਕੀਤਾ।

## ਪਰਾਲੀ ਦੀ ਸਾਂਭ-ਸੰਭਾਲ ਲਈ 2600 ਤੋਂ ਵੱਧ ਮਸ਼ੀਨਾਂ ਉਪਲੱਬਧ : ਰਾਜੇਸ਼ ਧੀਮਾਨ

ਨਵਾਂਸ਼ਹਿਰ, (ਮਨੋਜ ਲਾਡੀ) ਜ਼ਿਲ੍ਹੇ ਵਿਚ ਝੋਨੇ ਦੀ ਪਰਾਲੀ ਦੀ ਸਾਂਭ-ਸੰਭਾਲ ਸੰਬੰਧੀ ਮੁਹਿੰਮ ਕਾਫੀ ਤੇਜ਼ੀ ਨਾਲ ਚੱਲ ਰਹੀ ਹੈ।ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਦੱਸਿਆ ਕਿ ਮਾਨਯੋਗ ਸੁਪਰੀਮ ਕੋਰਟ ਅਤੇ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਵੱਲੋਂ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਦਾ ਗੰਭੀਰ ਨੋਟਿਸ ਲਿਆ ਜਾ ਰਿਹਾ ਹੈ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਵਿਚ ਪਰਾਲੀ ਦੀ ਸਾਂਭ-ਸੰਭਾਲ ਸੰਬੰਧੀ ਕੀਤੇ ਜਾ ਰਹੇ ਵੱਖ-ਵੱਖ ਉਪਰਾਲਿਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਵਿਚ 100 ਤੋਂ ਵੱਧ ਬੇਲਰ ਮਸ਼ੀਨਾਂ 'ਤੇ ਸਬਸਿਡੀ ਮੁਹੱਈਆ ਕਰਵਾਈ ਗਈ ਹੈ, ਜਿਨ੍ਹਾਂ ਵਿਚੋਂ ਪਿਛਲੇ ਸਾਲ 2023-24 ਦੌਰਾਨ ਹੀ 56 ਬੇਲਰ ਸਮੇਤ 415 ਮਸ਼ੀਨਾਂ ਪਰਾਲੀ ਦੀ ਸਾਂਭ-ਸੰਭਾਲ ਲਈ ਸਬਸਿਡੀ 'ਤੇ ਮੁਹੱਈਆ ਕਰਵਾਈਆਂ ਗਈਆਂ ਹਨ ਅਤੇ ਚਾਲੂ ਸਾਲ 2024-25 ਦੌਰਾਨ ਵੀ 282 ਮਸ਼ੀਨਾਂ ਖਰੀਦਣ ਲਈ ਸੈਂਕਸ਼ਨ ਪੱਤਰ ਕਿਸਾਨਾਂ ਨੂੰ ਜਾਰੀ ਕਰ ਦਿੱਤੇ ਗਏ ਹਨ, ਜਿਸ ਤਹਿਤ ਜ਼ਿਲ੍ਹੇ ਵਿਚ ਤਕਰੀਬਨ 2600 ਤੋਂ ਵੱਧ ਮਸ਼ੀਨਾਂ ਪਰਾਲੀ ਦੀ ਸਾਂਭ- ਸੰਭਾਲ ਲਈ ਉਪਲਬੱਧ ਹਨ।ਉਨ੍ਹਾਂ ਜ਼ਿਲ੍ਹੇ ਦੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਕਿ ਕੋਈ ਵੀ ਕਿਸਾਨ ਪਰਾਲੀ ਨੂੰ ਅੱਗ ਨਾ ਲਗਾਵੇ ਅਤੇ ਉਪਲਬੱਧ ਮਸ਼ੀਨਰੀ ਦੀ ਵਰਤੋਂ ਕਰਕੇ ਇਸ ਦੀ ਸਾਂਭ-ਸੰਭਾਲ ਕਰੇ ਤਾਂ ਜੋ ਆਪਣੇ ਵਾਤਾਵਰਣ ਨੂੰ ਦੂਸ਼ਿਤ ਹੋਣ ਤੋਂ ਰੋਕਿਆ ਜਾ ਸਕੇ। ਇਸ ਸਬੰਧ ਵਿਚ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫਸਰ ਡਾ. ਰਜਿੰਦਰ ਕੁਮਾਰ ਕੰਬੋਜ ਵੱਲੋਂ ਜਾਣਕਾਰੀ ਦਿੱਤੀ ਗਈ ਕਿ ਕਿਸਾਨਾਂ ਨੂੰ ਇਸ ਸਬੰਧੀ ਜਾਗਰੂਕ ਕਰਨ ਲਈ ਕਿਸਾਨ ਸਿਖਲਾਈ ਕੈਂਪਾਂ, ਵੈਨ ਕੰਪੇਨ, ਵਾਲ ਪੇਂਟਿੰਗਾਂ ਅਤੇ ਪੋਸਟਰ ਮੁਕਾਬਲਿਆਂ ਆਦਿ ਦੇ ਨਾਲ ਜਾਗਰੂਕ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਉਪਲਬੱਧ ਮਸ਼ੀਨਾਂ ਦੀ ਜਾਣਕਾਰੀ ਲਈ ਬਲਾਕ ਨਵਾਂਸ਼ਹਿਰ ਦੇ ਕਿਸਾਨ ਡਾ. ਰਾਜ ਕੁਮਾਰ (ਮੋਬ. ਨੰ. 88720-53152), ਬਲਾਕ ਔੜ ਦੇ ਕਿਸਾਨ ਡਾ. ਲੇਖ ਰਾਜ (ਮੋਬ. ਨੰ. 88720-53157), ਬਲਾਕ ਬਲਾਚੌਰ ਦੇ ਕਿਸਾਨ ਡਾ. ਸੁਰਿੰਦਰ ਕੁਮਾਰ (ਮੋਬ. ਨੰ. 98144-71972), ਬਲਾਕ ਸੜੋਆ ਡਾ. ਨੀਤਿਨ (ਮੋਬ. ਨੰ. 88720-06796), ਬਲਾਕ ਬੰਗਾ ਦੇ ਕਿਸਾਨ ਡਾ. ਲਛਮਣ ਦਾਸ (ਮੋਬ. ਨੰ. 88720-53165) ਨਾਲ ਸੰਪਰਕ ਕਰ ਸਕਦੇ ਹਨ।



## ਸਕਾਰਾਤਮਕ ਸੋਚ ਮਾਨਸਿਕ ਸਿਹਤ ਲਈ ਜ਼ਰੂਰੀ : ਡਾ. ਬਲਦੇਵ ਸਿੰਘ



ਬੁਲੋਵਾਲ (ਵਿਰਦੀ) ਸਿਵਲ ਸਰਜਨ ਹੁਸ਼ਿਆਰਪੁਰ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਬਲਦੇਵ ਸਿੰਘ ਦੀ ਅਗਵਾਈ ਵਿੱਚ ਹੈਲਥ ਤੇ ਵੈਲਨੈਸ ਸੈਂਟਰ ਬੇਗਮਪੁਰ ਜੰਡਿਆਲਾ ਵਿਖੇ ਕੌਮਾਂਤਰੀ ਮਾਨਸਿਕ ਸਿਹਤ ਦਿਵਸ ਮਨਾਇਆ ਗਿਆ। ਇਸ ਬਾਰੇ ਜਾਣਕਾਰੀ ਦਿੰਦਿਆਂ ਐੱਸ ਐਮ ਓ ਡਾ. ਬਲਦੇਵ ਸਿੰਘ ਨੇ ਦੱਸਿਆ ਕਿ ਸਰੀਰ ਦੀ ਸਿਹਤ ਦੇ ਨਾਲ ਨਾਲ ਮਾਨਸਿਕ ਸਿਹਤ ਵੀ ਬਹੁਤ ਜ਼ਰੂਰੀ ਹੈ। ਅੱਜ ਕੱਲ੍ਹ ਛੋਟੇ ਬੱਚਿਆਂ ਤੋਂ ਲੈ ਕੇ ਵੱਡੀ ਉਮਰ ਦੇ ਵਿਅਕਤੀਆਂ ਤੱਕ ਸਭ ਨੂੰ ਕੋਈ ਨਾ ਕੋਈ ਮਾਨਸਿਕ ਪ੍ਰੇਸ਼ਾਨੀ ਰਹਿੰਦੀ ਹੈ। ਇਸ ਵਾਰ ਵਿਸ਼ਵ ਸਿਹਤ ਸੰਗਠਨ ਵੱਲੋਂ ਮਾਨਸਿਕ ਸਿਹਤ ਦਿਵਸ ਦਾ ਥੀਮ ਹੈ ਕੰਮ ਵਾਲੀ ਜਗ੍ਹਾ ਤੇ ਮਾਨਸਿਕ ਸਿਹਤ ।ਉਹਨਾਂ ਦੱਸਿਆ ਕਿ ਅੱਜ ਕੱਲ ਇਹ ਆਮ ਵੇਖਣ ਵਿਚ ਆਉਂਦਾ ਹੈ ਕਿ ਕੰਮ ਕਰਨ ਵਾਲੀ ਜਗ੍ਹਾ ਤੇ ਕੰਮ ਦਾ ਇੰਨਾ ਜ਼ਿਆਦਾ ਦਬਾਅ ਹੁੰਦਾ ਹੈ ਕਿ ਇਸਦਾ ਅਸਰ ਮਾਨਸਿਕ ਸਿਹਤ ਤੇ ਪੈਂਦਾ ਹੈ।ਜੇਕਰ ਕੰਮ ਵਾਲੀ ਜਗ੍ਹਾ ਤੇ ਸਿਹਤਮੰਦ ਅਤੇ ਸਾਕਾਰਾਤਮਕ ਮਾਹੌਲ ਰੱਖਿਆ ਜਾਵੇ ਤਾਂ ਇਹ ਮਾਨਸਿਕ ਸਿਹਤ ਲਈ ਲਾਭਦਾਇਕ ਹੁੰਦਾ ਹੈ। ਇਸ ਮੌਕੇ ਸੀ.ਐਚ.ਓ. ਸ਼ਿਵਾਨੀ ਨੇ ਦੱਸਿਆ ਕਿ ਕੁਝ ਸਿਹਤਮੰਦ ਆਦਤਾਂ ਜਿਵੇਂ ਸੈਰ ਕਰਨਾ, ਦੋਸਤਾਂ ਮਿੱਤਰਾਂ ਨਾਲ ਸਮਾਂ ਬਿਤਾਉਣਾ, ਸਿਹਤਮੰਦ ਭੋਜਨ ਖਾਣਾ, ਯੋਗ ਕਰਨਾ, ਬਾਗਬਾਨੀ ਕਰਨ ਨਾਲ ਮਾਨਸਿਕ ਸਿਹਤ ਦਰੁਸਤ ਰਹਿੰਦੀ ਹੈ। ਸਾਨੂੰ ਆਪਣੇ ਪਰਿਵਾਰ ਅਤੇ ਦੋਸਤਾਂ ਨਾਲ ਆਪਣੇ ਮਨ ਦੀ ਗੱਲ ਸਾਂਝੀ ਕਰਨੀ ਚਾਹੀਦੀ ਹੈ ਜਿਸ ਨਾਲ ਮਨ ਹਲਕਾ ਹੋ ਜਾਂਦਾ ਹੈ।

## ਇੰਟਰਨੈਸ਼ਨਲ ਪਬਲਿਕ ਸਕੂਲ ਕੁਰਾਲੀ ਵਿਖੇ ਦੁਸਹਿਰਾ ਤੇ ਨਵਰਾਤਰੀ ਦਾ ਤਿਉਹਾਰ ਮਨਾਇਆ

ਐਸ ਏ ਐਸ ਨਗਰ ਕੁਰਾਲੀ ਮੋਹਨ ਅੱਗਰਵਾਲ):-ਤਿਉਹਾਰਾਂ ਦੀ ਭਾਵਨਾ ਨੂੰ ਕਾਇਮ ਰੱਖਦੇ ਹੋਏ, ਇੰਟਰਨੈਸ਼ਨਲ ਪਬਲਿਕ ਸਕੂਲ ਕੁਰਾਲੀ ਵਿਖੇ ਦੁਸਹਿਰਾ ਅਤੇ ਨਵਰਾਤਰੀ ਦਾ ਤਿਉਹਾਰ ਮਨਾਇਆ ਗਿਆ। ਦੁਸਹਿਰੇ 'ਤੇ ਭਾਸ਼ਣ, ਕਾਵਿਕ ਰਾਮਾਇਣ ਅਤੇ ਡਾਂਡੀਆ ਸਮੇਤ ਵੱਖ-ਵੱਖ ਗਤੀਵਿਧੀਆਂ ਨੇ ਇਸ ਮੌਕੇ ਦੀ ਮਹਿਮਾ ਕੀਤੀ।ਰਾਵਣ 'ਤੇ ਭਗਵਾਨ ਰਾਮ ਦੀ ਜਿੱਤ ਨੂੰ ਦਰਸਾਉਣ ਅਤੇ ਇਸ ਸੰਦੇਸ਼ ਨੂੰ ਹੋਰ ਮਜ਼ਬੂਤ ?ਕਰਨ ਲਈ ਕਿ ਬੁਰਾਈ 'ਤੇ ਚੰਗੇ ਦੀ ਜਿੱਤ ਹੁੰਦੀ ਹੈ, ਰਾਵਣ ਦਾ ਪੁਤਲਾ ਫੂਕਿਆ ਗਿਆ।ਇਸ ਮੌਕੇ ਵਿਦਿਆਰਥੀਆਂ ਨੇ ਕੁੜੱਤਣ, ਗੁੱਸਾ, ਈਰਖਾ, ਨਫ਼ਰਤ ਆਦਿ ਦੇ ਰੂਪ ਵਿੱਚ ਕਦੇ ਵੀ ਨਕਾਰਾਤਮਕ ਵਿਚਾਰਾਂ ਨੂੰ ਆਪਣੇ ਵਿਚਾਰਾਂ ਅਤੇ ਤੰਦਰੁਸਤੀ 'ਤੇ ਰਾਜ ਨਾ ਕਰਨ ਦੇਣ ਦਾ ਪ੍ਰਣ ਕੀਤਾ। ਸਾਡੇ ਸਤਿਕਾਰਯੋਗ ਪ੍ਰਿੰਸੀਪਲ ਸ਼੍ਰੀਮਤੀ ਪੀ.ਪੀ.ਸੈਂਗਰ ਨੇ ਵਿਦਿਆਰਥੀਆਂ ਦੁਆਰਾ ਨਕਾਰਾਤਮਕਤਾ ਨੂੰ ਰੋਕਣ ਅਤੇ ਵਾਤਾਵਰਣ ਪ੍ਰਤੀ ਆਪਣੀ ਚਿੰਤਾ ਦਿਖਾਉਣ ਦੇ ਇਸ ਸ਼ਾਨਦਾਰ ਅਤੇ ਵਿਲੱਖਣ ਕਦਮ ਦੀ ਸ਼ਲਾਘਾ ਕੀਤੀ।ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਸੁਪਨਿਆਂ ਦਾ ਜੀਵਨ ਸਿਰਜਣ ਅਤੇ ਆਪਣੇ ਜੀਵਨ ਵਿੱਚ ਸਫਲਤਾ ਅਤੇ ਜਿੱਤ ਲਿਆਉਣ ਲਈ ਆਪਣੇ ਅੰਦਰ ਚੰਗਿਆਈ ਅਤੇ ਸਕਾਰਾਤਮਕਤਾ ਨੂੰ ਉਤਸ਼ਾਹਿਤ ਕਰਨ।



## 12ਵਾਂ ਅਸ਼ੋਕ ਵਿਜੇ ਦਸਵੀਂ ਸਮਾਗਮ ਭਲਕੇ



ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ) ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜਿਸਟਰਡ ਮਾਹਿਲਪੁਰ ਵੱਲੋਂ ਗੁਰਦੁਆਰਾ ਸਤਿਗੁਰੂ ਰਵਿਦਾਸ ਮਹਾਰਾਜ ਪ੍ਰਬੰਧਕ ਕਮੇਟੀ ਵਾਰਡ ਨੰਬਰ 12 -13 ਮਾਹਿਲਪੁਰ ਦੇ ਸਹਿਯੋਗ ਨਾਲ 13 ਅਕਤੂਬਰ ਦਿਨ ਐਤਵਾਰ ਨੂੰ ਗੁਰਦੁਆਰਾ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਨਜ਼ਦੀਕ ਸਵੇਰੇ 10 ਤੋਂ 3 ਵਜੇ ਤੱਕ 12ਵਾਂ ਅਸ਼ੋਕ ਵਿਜੇ ਦਸਵੀਂ ਸਮਾਗਮ ਉਤਸ਼ਾਹ ਪੂਰਵਕ ਢੰਗ ਨਾਲ ਕਰਵਾਇਆ ਜਾ ਰਿਹਾ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸੁਸਾਇਟੀ ਦੀ ਪ੍ਰਧਾਨ ਨਿਰਮਲ ਕੌਰ ਬੋਧ ਅਤੇ ਚੇਅਰਮੈਨ ਡਾਕਟਰ ਪਰਮਿੰਦਰ ਸਿੰਘ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਇਸ ਦਿਨ ਸਭ ਤੋਂ ਪਹਿਲਾਂ ਬੁੱਧ ਬੰਦਨਾ ਕੀਤੀ ਜਾਵੇਗੀ। ਉਸ ਤੋਂ ਬਾਅਦ ਦੀਆਂ ਰਾਣੀ ਦੀ ਯੋਗ ਅਗਵਾਈ ਹੇਠ ਤਥਾਗਤ ਭਗਵਾਨ ਬੁੱਧ, ਸਮਰਾਟ ਅਸ਼ੋਕ ਅਤੇ ਬਾਬਾ ਸਾਹਿਬ ਅੰਬੇਡਕਰ ਦੇ ਜੀਵਨ ਨਾਲ ਸੰਬੰਧਿਤ ਨਾਟਕ ਗੀਤ ਅਤੇ ਕੋਰੀਓਗ੍ਰਾਫੀਆਂ ਪੇਸ਼ ਕੀਤੀਆਂ ਜਾਣਗੀਆਂ। ਸਮਾਗਮ ਦੇ ਮੁੱਖ ਮਹਿਮਾਨ ਸਰਦਾਰ ਜੈ ਕ੍ਰਿਸ਼ਨ ਸਿੰਘ ਰੌੜੀ ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਵਿਧਾਇਕ ਹਲਕਾ ਗੜ੍ਹਸ਼ੰਕਰ ਹੋਣਗੇ।ਇਸ ਮੌਕੇ ਸਿੱਧ ਯੋਗੀ ਟਰੱਸਟ ਪਿੰਡ ਖਾਨਪੁਰ ਵੱਲੋਂ ਡਾਕਟਰ ਪ੍ਰਭ ਹੀਰ ਦੀ ਸਮੁੱਚੀ ਡਾਕਟਰੀ ਟੀਮ ਵੱਲੋਂ ਮੁਫਤ ਮੈਡੀਕਲ ਕੈਂਪ ਲਗਾਇਆ ਜਾਵੇਗਾ।ਮਰੀਜ਼ਾਂ ਦਾ ਚੈੱਕਅਪ ਕਰਕੇ ਉਹਨਾਂ ਨੂੰ ਮੁਫਤ ਦਵਾਈਆਂ ਦਿੱਤੀਆਂ ਜਾਣਗੀਆਂ। ਕੈਂਪ ਦਾ ਉਦਘਾਟਨ ਡਾਕਟਰ ਜਸਵੰਤ ਸਿੰਘ ਥਿੰਦ ਐਸ ਐਮ ਓ ਸਿਵਲ ਹਸਪਤਾਲ ਮਾਹਿਲਪੁਰ ਕਰਨਗੇ।ਇਸ ਮੌਕੇ ਬਾਬਾ ਬਲਬੀਰ ਸਿੰਘ ਲੰਗੇਰੀ ਸਰਪ੍ਰਸਤ, ਡਾਕਟਰ ਪਰਮਿੰਦਰ ਸਿੰਘ ਚੇਅਰਮੈਨ, ਰੇਖਾ ਰਾਣੀ ਮੀਤ ਪ੍ਰਧਾਨ, ਜੀਵਨ ਕੁਮਾਰੀ ਵਾਈਸ ਚੇਅਰਮੈਨ, ਸ਼ਸ਼ੀ ਬੰਗੜ ਐਮ.ਸੀ. ਜਨਰਲ ਸਕੱਤਰ, ਮਾਸਟਰ ਜੈ ਰਾਮ ਬਾੜੀਆਂ ਖਜਾਨਚੀ, ਅਮਰਜੀਤ ਕੌਰ ਸਹਾਇਕ ਕੈਸ਼ੀਅਰ, ਸੁਮੀਤਾ ਪ੍ਰਚਾਰ ਸਕੱਤਰ ਆਦਿ ਹਾਜ਼ਰ ਸਨ।

## ਬੀਬੀ ਕੁਲਵਿੰਦਰ ਕੌਰ ਨੇ ਘਰ-ਘਰ ਮੰਗੀਆਂ ਵੋਟਾਂ

ਫਗਵਾੜਾ (ਡਾ. ਰਮਨ ) ਪਿੰਡ ਬਬੇਲੀ ਵਿਖੇ ਸਰਪੰਚ ਦੀ ਚੋਣ ਲੜ ਰਹੀ ਬੀਬੀ ਕੁਲਵਿੰਦਰ ਕੌਰ ਵਲੋਂ ਪਿੰਡ ਦੇ ਹਰ ਵਾਰਡ ਵਿਚ ਘਰੋਂ-ਘਰੀਂ ਚੋਣ ਪ੍ਰਚਾਰ ਕਰਦੇ ਹੋਏ ਆਪਣੇ ਚੋਣ ਨਿਸ਼ਾਨ 'ਬਾਲਟੀ' ਨੂੰ ਵੋਟ ਪਾ ਕੇ ਕਾਮਯਾਬ ਕਰਨ ਦੀ ਅਪੀਲ ਕੀਤੀ। ਉਹਨਾਂ ਦੇ ਨਾਲ ਮੈਂਬਰ ਪੰਚਾਇਤ ਦੀ ਚੋਣ ਲੜ ਰਹੇ ਉਮੀਦਵਾਰ ਅਤੇ ਸਮਰਥਕਾਂ ਨੇ ਵੀ ਵੋਟਰਾਂ ਜੇਤੂ ਬਨਾਉਣ ਦੀ ਅਪੀਲ ਕੀਤੀ। ਬੀਬੀ ਕੁਲਵਿੰਦਰ ਕੌਰ ਨੇ ਦੱਸਿਆ ਕਿ ਉਹਨਾਂ ਨੇ ਗ੍ਰੈਜੂਏਸ਼ਨ ਤੱਕ ਪੜ੍ਹਾਈ ਕੀਤੀ ਹੈ ਅਤੇ ਉਹਨਾਂ ਦੇ ਸਹੁਰਾ ਕੁੰਦਨ ਸਿੰਘ ਬਬੇਲੀ ਪਿੰਡ ਦੇ ਮੋਹਤਬਰ ਵਿਅਕਤੀ ਹਨ ਜਿਸ ਕਰਕੇ ਉਹਨਾਂ ਨੂੰ ਪੂਰਾ ਭਰੋਸਾ ਹੈ ਕਿ ਪਿੰਡ ਦੇ ਸੂਝਵਾਨ ਵੋਟਰ ਵੱਧ ਤੋਂ ਵੱਧ ਵੋਟਾਂ ਉਹਨਾਂ ਦੇ ਹੱਕ ਵਿਚ ਭੁਗਤਾ ਕੇ ਜੇਤੂ ਬਨਾਉਣਗੇ। ਉਹਨਾਂ ਵਿਸ਼ਵਾਸ ਦੁਆਇਆ ਕਿ ਬਤੌਰ ਸਰਪੰਚ ਜਿੱਥੇ ਪਾਰਟੀ ਬਾਜੀ ਤੋਂ ਉੱਪਰ ਉੱਠ ਕੇ ਅਤੇ ਭਾਈਚਾਰਕ ਸਾਂਝ ਨੂੰ ਕਾਇਮ ਰੱਖਦੇ ਹੋਏ ਪਿੰਡ ਦਾ ਸਮੁੱਚਾ ਵਿਕਾਸ ਕਰਵਾਇਆ ਜਾਵੇਗਾ, ਉੱਥੇ ਹੀ ਪਿੰਡ ਵਾਸੀਆਂ ਦੀ ਲੰਬੇ ਸਮੇਂ ਤੋਂ ਚੱਲਦੀ ਆ ਰਹੀ ਪਾਰਕ ਬਨਾਉਣ ਦੀ ਮੰਗ ਨੂੰ ਵੀ ਪੂਰਾ ਕਰਵਾਉਣਗੇ, ਸਟੇਡੀਅਮ, ਸ਼ਮਸ਼ਾਨਘਾਟ ਅਤੇ ਸੀਵਰੇਜ ਦੇ ਅਧੂਰੇ ਕੰਮਾਂ ਨੂੰ ਨੇਪਰੇ ਚਾੜ੍ਹਨਾ ਵੀ ਉਹਨਾਂ ਦੀ ਪ੍ਰਾਥਮਿਕਤਾ ਰਹੇਗੀ।

## ਸਿਵਲ ਹਸਪਤਾਲ ਟਾਂਡਾ ਵਿਖੇ ਵਿਸ਼ਵ ਮੈਂਟਲ ਹੈਲਥ ਦਿਵਸ ਮਨਾਇਆ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)-ਸਿਵਲ ਸਰਜਨ ਡਾ. ਪਵਨ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਾ. ਕਰਨ ਕੁਮਾਰ ਸੈਣੀ ਦੀ ਯੋਗ ਅਗਵਾਈ ਹੇਠ ਵਿਸ਼ਵ ਮੈਂਟਲ ਹੈਲਥ ਦਿਵਸ ਮਨਾਇਆ ਗਿਆ।ਇਸ ਮੌਕੇ ਜਾਣਕਾਰੀ ਦਿੰਦੇਆ ਡਾਕਟਰ ਸੈਣੀ ਨੇ ਦੱਸਿਆ ਕਿ ਇਹ ਦਿਹਾੜਾ ਹਰ ਸਾਲ 10 ਅਕਤੂਬਰ ਵਾਲੇ ਦਿਨ ਮਨਾਇਆ ਜਾਂਦਾ ਹੈ ਇਸ ਸਾਲ ਦਾ ਥੀਮ ਇਹ ਕੰਮ ਵਾਲੀ ਥਾਂ 'ਤੇ ਮਾਨਸਿਕ ਸਿਹਤ ਨੂੰ ਤਿਕੋਣੀ ਬਣਾਉਣ ਦਾ ਸਮਾਂ ਹੈ।ਉਹਨਾਂ ਦੱਸਿਆ ਕਿ ਮਾਨਸਿਕ ਰੋਗ ਅਜੋਕੇ ਸਮੇਂ ਵਿੱਚ ਇੱਕ ਗੰਭੀਰ ਸਮੱਸਿਆ ਬਣਿਆ ਹੋਇਆ ਹੈ।ਕਿਉਂਕਿ ਅਜੋਕੇ ਸਮੇਂ ਵਿੱਚ ਮਨੁੱਖੀ ਜੀਵਨ ਸ਼ੈਲੀ ਜਟਿਲ ਤਰੀਕੇ ਨਾਲ ਬਤੀਤ ਕੀਤੀ ਜਾ ਰਹੀ ਹੈ। ਲੋਕਾਂ ਦਾ ਖਾਣ ਪੀਣ, ਰਹਿਣ ਸਹਿਣ ਵਿੱਚ ਨਿਯਮਤਾਂ ਨਾ ਹੋਣ, ਨਸ਼ਿਆਂ ਦੀ ਅਧਿਕ ਵਰਤੋ ਕਰਨਾ ਸਮਾਜਿਕ ਤੇ ਆਰਥਿਕ ਤੌਰ 'ਤੇ ਦਬਾਅਪੂਰਕ ਜੀਵਨ ਬਸਰ ਕੀਤਾ ਜਾਣਾ ਇਸਦੇ ਮੁੱਖ ਕਾਰਨ ਹਨ।ਡਾ: ਸਵਿੰਦਰ ਸਿੰਘ, ਅਵਤਾਰ ਸਿੰਘ ਬੀ ਈ ਈ, ਬਿੰਦਰਾ ਰਾਣੀ, ਰੰਜੀਵਪਾਲ ਸਿੰਘ, ਗੁਰਜੀਤ ਸਿੰਘ, ਤਰਵਿੰਦਰ ਕੁਮਾਰ, ਰਾਜ ਕੌਰ, ਪਰਮਿੰਦਰ ਕੌਰ ਰੁਪਿੰਦਰ ਸਿੰਘ ਆਦਿ ਹਾਜ਼ਰ ਸਨ।

## ਸਰਪੰਚੀ ਦੇ ਉਮੀਦਵਾਰ ਨੇ ਡੋਰ-ਟੂ-ਡੋਰ ਕੀਤਾ ਪ੍ਰਚਾਰ

ਫਗਵਾੜਾ (ਡਾ. ਰਮਨ ) 15 ਅਕਤੂਬਰ ਨੂੰ ਹੋਣ ਜਾ ਰਹੀਆਂ ਪੰਚਾਇਤੀ ਚੋਣਾਂ ਦੇ ਸੰਬੰਧ ਵਿਚ ਬਲਾਕ ਫਗਵਾੜਾ ਦੇ ਪਿੰਡ ਢੱਕ ਪੰਡੋਰੀ ਵਿਖੇ ਸਰਪੰਚੀ ਦੇ ਉਮੀਦਵਾਰ ਵਿਜੇ ਪੰਡੋਰੀ ਨੇ ਆਪਣੇ ਚੋਣ ਨਿਸ਼ਾਨ ਲੈਟਰ ਬਾਕਸ ਨੂੰ ਵੋਟ ਪਾਉਣ ਲਈ ਸਾਥੀਆਂ ਸਮੇਤ ਡੋਰ-ਟੂ-ਡੋਰ ਪ੍ਰਚਾਰ ਮੁਹਿਮ ਵਿੱਢੀ। ਇਸ ਦੌਰਾਨ ਉਹਨਾਂ ਸਮੂਹ ਵੋਟਰਾਂ ਨੂੰ ਭਰੋਸਾ ਦਿੱਤਾ ਕਿ ਉਹ ਬਤੌਰ ਸਰਪੰਚ ਭਾਈਚਾਰਕ ਸਾਂਝ ਨੂੰ ਕਾਇਮ ਰੱਖਦੇ ਹੋਏ ਪਿੰਡ ਦਾ ਸਮੁੱਚਾ ਵਿਕਾਸ ਕਰਵਾਉਣਗੇ।ਜਿਕਰਯੋਗ ਹੈ ਕਿ ਵਿਜੇ ਪੰਡੋਰੀ ਜਿੱਥੇ ਲੰਬੇ ਸਮੇਂ ਤੋਂ ਧਾਰਮਿਕ ਅਤੇ ਸਮਾਜਿਕ ਖੇਤਰ ਵਿਚ ਸਰਗਰਮ ਰਹੇ ਹਨ, ਉੱਥੇ ਹੀ ਬਤੌਰ ਬਲਾਕ ਸੰਮਤੀ ਮੈਂਬਰ ਵਧੀਆਂ ਸੇਵਾਵਾਂ ਨਿਭਾਈਆਂ ਸਨ। ਪਿੰਡ ਦੇ ਲੋਕਾਂ ਨਾਲ ਉਹਨਾਂ ਦੀ ਕਾਫੀ ਨੇੜਤਾ ਹੈ।ਹਰੇਕ ਦੇ ਦੁੱਖ-ਸੁੱਖ ਵਿਚ ਹਮੇਸ਼ਾ ਮੋਹਰੀ ਬਣਦੇ ਹਨ ਅਤੇ ਲੋੜਵੰਦਾਂ ਦੇ ਸਰਕਾਰੀ ਅਦਾਰਿਆਂ ਨਾਲ ਸਬੰਧਤ ਕੰਮ ਵੀ ਕਰਵਾਉਣ ਲਈ ਹਮੇਸ਼ਾ ਤੱਤਪਰ ਰਹਿੰਦੇ ਹਨ। ਪਿੰਡ ਵਾਸੀਆਂ ਨੇ ਵਿਜੇ ਪੰਡੋਰੀ ਨੂੰ ਭਰੋਸਾ ਦਿੱਤਾ ਕਿ ਉਹ ਸਰਪੰਚੀ ਦੀ ਚੋਣ ਲਈ ਉਹਨਾਂ ਦੇ ਹੱਕ ਵਿਚ ਹੀ ਵੋਟ ਪਾ ਕੇ ਕਾਮਯਾਬ ਕਰਨਗੇ।

## ਖੂਨਦਾਨ ਤੋਂ ਵੱਡਾ ਕੋਈ ਦਾਨ ਨਹੀਂ : ਡਾ : ਇਸ਼ਾਂਕ ਚੱਬੇਵਾਲ



ਹੁਸ਼ਿਆਰਪੁਰ (ਓ ਪੀ ਰਾਣਾ, ਬਲਬੀਰ ਸਿੰਘ ਸੈਣੀ) ਪਿੰਡ ਡੱਲੇਵਾਲ ਵਿੱਚ ਰੈੱਡ ਰਿਬਨ ਕਲੱਬ ਦੀ ਸਰਪ੍ਰਸਤੀ ਹੇਠ ਖੂਨਦਾਨ ਕੈਂਪ ਲਗਾਇਆ ਗਿਆ, ਜਿਸ ਵਿੱਚ ਇਲਾਕੇ ਦੇ ਨੌਜਵਾਨਾਂ ਅਤੇ ਪਿੰਡ ਵਾਸੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਕੈਂਪ ਦਾ ਆਯੋਜਨ ਸਹਾਰਾ ਵੈਲਫੇਅਰ ਸੁਸਾਇਟੀ ਨੇ ਕੀਤਾ ਸੀ।ਕੈਂਪ ਸਮਾਜ ਸੇਵਾ ਅਤੇ ਮਾਨਵਤਾ ਪ੍ਰਤੀ ਅਹਿਮ ਕਦਮ ਸਾਬਤ ਹੋਇਆ।ਇਸ ਮੌਕੇ ਡਾ. ਇਸ਼ਾਂਕ ਚੱਬੇਵਾਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਖੂਨਦਾਨ ਦੀ ਮਹੱਤਤਾ ਬਾਰੇ ਚਾਨਣਾ ਪਾਇਆ। ਚੱਬੇਵਾਲ ਨੇ ਕਿਹਾ ਕਿ ਖੂਨਦਾਨ ਤੋਂ ਵੱਡਾ ਕੋਈ ਦਾਨ ਨਹੀਂ ਹੈ। ਇਹ ਇੱਕ ਅਜਿਹਾ ਪਵਿੱਤਰ ਕਾਰਜ ਹੈ, ਜੋ ਨਾ ਸਿਰਫ਼ ਲੋੜਵੰਦਾਂ ਦੀ ਜਾਨ ਬਚਾ ਸਕਦਾ ਹੈ, ਸਗੋਂ ਇਹ ਸਮਾਜ ਵਿੱਚ ਆਪਸੀ ਸਹਿਯੋਗ ਅਤੇ ਭਾਈਚਾਰਕ ਸਾਂਝ ਦੀ ਭਾਵਨਾ ਨੂੰ ਵੀ ਮਜ਼ਬੂਤ ਕਰਦਾ ਹੈ।ਉਨ੍ਹਾਂ ਦੱਸਿਆ ਕਿ ਖੂਨਦਾਨ ਕਰਨ ਨਾਲ ਸਿਹਤ 'ਤੇ ਕੋਈ ਮਾੜਾ ਪ੍ਰਭਾਵ ਨਹੀਂ ਪੈਂਦਾ, ਸਗੋਂ ਇਸ ਨਾਲ ਸਰੀਰ ਨੂੰ ਤਾਜ਼ਗੀ ਅਤੇ ਊਰਜਾ ਮਿਲਦੀ ਹੈ। ਕੈਂਪ ਦੌਰਾਨ ਬਹੁਤ ਸਾਰੇ ਖੂਨਦਾਨੀਆਂ ਨੇ ਪਹਿਲੀ ਵਾਰ ਖੂਨਦਾਨ ਕੀਤਾ, ਜਿਨ੍ਹਾਂ ਵਿੱਚੋਂ ਨੌਜਵਾਨਾਂ ਦੀ ਗਿਣਤੀ ਸਭ ਤੋਂ ਵੱਧ ਸੀ।ਕੈਂਪ ਵਿੱਚ ਕੁੱਲ 30 ਯੂਨਿਟ ਖੂਨ ਇਕੱਤਰ ਕੀਤਾ ਗਿਆ, ਜਿਸ ਦੀ ਵਰਤੋਂ ਲੋੜਵੰਦ ਮਰੀਜ਼ਾਂ ਦੀ ਮਦਦ ਲਈ ਕੀਤੀ ਜਾਵੇਗੀ।ਰੈੱਡ ਰਿਬਨ ਕਲੱਬ ਦੇ ਕਨਵੀਨਰ ਨੇ ਕਿਹਾ ਕਿ ਅਜਿਹੇ ਖੂਨਦਾਨ ਕੈਂਪਾਂ ਦਾ ਉਦੇਸ਼ ਸਮਾਜ ਦੇ ਹਰ ਵਰਗ ਵਿੱਚ ਖੂਨਦਾਨ ਪ੍ਰਤੀ ਜਾਗਰੂਕਤਾ ਫੈਲਾਉਣਾ ਹੈ। ਉਨ੍ਹਾਂ ਕਿਹਾ ਕਿ ਕਈ ਵਾਰ ਦੁਰਘਟਨਾਵਾਂ ਅਤੇ ਗੰਭੀਰ ਬਿਮਾਰੀਆਂ ਵਿੱਚ ਮਰੀਜ਼ਾਂ ਨੂੰ ਤੁਰੰਤ ਖੂਨ ਦੀ ਲੋੜ ਹੁੰਦੀ ਹੈ, ਅਜਿਹੇ ਵਿੱਚ ਖੂਨਦਾਨ ਅਹਿਮ ਭੂਮਿਕਾ ਨਿਭਾਉਂਦਾ ਹੈ। ਡੱਲੇਵਾਲ ਪਿੰਡ ਨੇ ਰੈੱਡ ਰਿਬਨ ਕਲੱਬ ਅਤੇ ਸਮੂਹ ਖੂਨਦਾਨੀਆਂ ਨੂੰ ਕੈਂਪ ਦਾ ਆਯੋਜਨ ਕਰਨ ਲਈ ਸ਼ਲਾਘਾ ਕੀਤੀ ਅਤੇ ਕਿਹਾ ਕਿ ਅਜਿਹੇ ਸਮਾਜਕ ਕਾਰਜ ਇਸ ਪਿੰਡ ਦੀ ਨੌਜਵਾਨ ਪੀੜ੍ਹੀ ਵਿੱਚ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਜਾਗਦੀ ਹੈ। ਕੈਂਪ ਦੇ ਸਫਲ ਆਯੋਜਨ ਲਈ ਪਿੰਡ ਵਾਸੀਆਂ ਅਤੇ ਹੋਰ ਸੰਗਤਾਂ ਨੇ ਵੀ ਉਤਸ਼ਾਹ ਨਾਲ ਯੋਗਦਾਨ ਪਾਇਆ। ਪ੍ਰੋਗਰਾਮ ਦੇ ਅੰਤ ਵਿੱਚ ਖੂਨਦਾਨੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਸਾਰਿਆਂ ਦਾ ਨੇਕ ਕਾਰਜ ਲਈ ਧੰਨਵਾਦ ਕੀਤਾ ਗਿਆ। ਇਸ ਮੌਕੇ ਪ੍ਰਧਾਨ ਰੇਣੂ ਕੰਵਰ, ਸਕੱਤਰ ਅਕਸ਼ੈ ਅਟਵਾਲ, ਕੈਸ਼ੀਅਰ ਜਗਜੀਵਨ ਪ੍ਰਕਾਸ਼, ਰਣਜੀਤ ਸਿੰਘ ਅੰਜੂ ਸ਼ਰਮ , ਰਾਮ ਪਾਲ, ਸਰਬਜੀਤ , ਪ੍ਰਭਜੀਤ ਐਮ.ਡੀ, ਡੱਲੇਵਾਲ ਕਾਲਜ ਦਾ ਸਮੁੱਚਾ ਸਟਾਫ ਆਦਿ ਹਾਜ਼ਰ ਸਨ।

## ਸਿਲਵਰ ਓਕ ਸਕੂਲ 'ਚ ਕਰਵਾਈ ਭਾਸ਼ਣ ਪ੍ਰਤੀਯੋਗਤਾ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ )- ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ, ਸ਼ਾਹਬਾਜ਼ਪੁਰ ਵਿਖੇ ਦੁਸਹਿਰੇ ਦੇ ਤਿਉਹਾਰ ਮੌਕੇ ਬੱਚਿਆਂ ਦੇ ਭਾਸ਼ਣ ਅਤੇ ਬੋਰਡ ਡੈਕੋਰੇਸ਼ਨ ਮੁਕਾਬਲੇ ਕਰਵਾਏ ਗਏ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿੱਚ ਚਾਰੋਂ ਹਾਊਸਾਂ ਦੇ ਵਿਦਿਆਰਥੀਆਂ ਨੇ ਭਾਸ਼ਣ ਪ੍ਰਤੀਯੋਗਿਤਾ ਵਿੱਚ ਹਿੱਸਾ ਲਿਆ।ਇਸ ਪ੍ਰਤੀਯੋਗਿਤਾ ਦੇ ਵਿੱਚ ਬੱਚਿਆਂ ਨੇ ਦੁਸਹਿਰੇ ਨਾਲ ਸੰਬੰਧਿਤ ਇਤਿਹਾਸ ਅਤੇ ਭਗਵਾਨ ਸ਼੍ਰੀ ਰਾਮ ਦੇ ਜੀਵਨ ਨੂੰ ਪ੍ਰੇਰਨਾ ਸਰੋਤ ਮੰਨਦੇ ਹੋਏ ਉਹਨਾਂ ਦੇ ਸਿੱਖਿਆਵਾਂ 'ਤੇ ਚੱਲਣ ਦੇ ਬਾਰੇ ਆਪਣੇ ਵਿਚਾਰ ਦੱਸੇ।ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਦੱਸਿਆ ਕਿ ਭਗਵਾਨ ਸ਼੍ਰੀ ਰਾਮ ਦਾ ਸਮੁੱਚਾ ਜੀਵਨ ਹੀ ਪ੍ਰੇਰਨਾ ਸਰੋਤ ਹੈ ਅਸੀਂ ਉਹਨਾਂ ਦੀ ਜ਼ਿੰਦਗੀ ਤੋਂ ਸਿੱਖਿਆ ਲੈ ਕੇ ਆਪਣੀ ਜ਼ਿੰਦਗੀ ਨੂੰ ਵਧੀਆ ਢੰਗ ਨਾਲ ਬਤੀਤ ਕਰ ਸਕਦੇ ਹਾਂ। ਬੱਚਿਆਂ ਨੇ ਅਲੱਗ ਅਲੱਗ ਰਚਨਾਵਾਂ ਅਤੇ ਪੇਂਟਿੰਗਾਂ ਬਣਾ ਕੇ ਚਾਰੋ ਹਾਊਸਾਂ ਦੇ ਬੋਰਡਾਂ ਨੂੰ ਸਜਾਇਆ ਗਿਆ। ਭਾਸ਼ਣ ਪ੍ਰਤੀਯੋਗਤਾ ਦੇ ਨਤੀਜਿਆਂ ਵਿੱਚ ਸੱਤਵੀਂ ਤੇ ਅੱਠਵੀਂ ਕਲਾਸ ਦੇ ਕਰਵਾਏ ਗਏ ਮੁਕਾਬਲਿਆਂ ਦੇ ਅੰਦਰ ਜੂਪੀਟਰ ਹਾਊਸ ਦੀ ਅਵਨੀਤ ਕੌਰ ਪਹਿਲੇ ਸਥਾਨ ਤੇ ਮਰਕਰੀ ਹਾਊਸ ਦੀ ਨਿਤਿਆ ਖੁਰਾਨਾ ਦੂਸਰੇ ਸਥਾਨ ਤੇ ਅਤੇ ਮਰਕਰੀ ਹਾਊਸ ਦੀ ਹੀ ਏਕਮ ਪ੍ਰੀਤ ਕੌਰ ਤੀਸਰੇ ਸਥਾਨ 'ਤੇ ਰਹੀ।ਇਸੇ ਤਰ੍ਹਾਂ ਬੋਰਡ ਡੈਕੋਰੇਸ਼ਨ ਮੁਕਾਬਲਿਆਂ ਦੇ ਵਿੱਚ ਪਹਿਲੇ ਨੰਬਰ 'ਤੇ ਮਰਕਰੀ ਹਾਊਸ ਰਿਹਾ ਜੂਪੀਟਰ ਹਾਊਸ ਨੂੰ ਦੂਸਰਾ ਸਥਾਨ ਮਿਲਿਆ ਅਤੇ ਅਰਥ ਹਾਊਸ ਤੀਸਰੇ ਸਥਾਨ 'ਤੇ ਕਾਬਜ਼ ਹੋਇਆ।ਇਸ ਮੌਕੇ ਮੈਨੇਜਰ ਗਜਿੰਦਰ ਪਾਲ ਸਿੰਘ ਅਤੇ ਤਰਨ ਸੈਨੀ, ਬਿਕਰਮਜੀਤ ਸਿੰਘ ਭੇਲਾ, ਜਗਬੰਧਨ ਸਿੰਘ, ਰਾਜਵੀਰ ਕੌਰ, ਅਮਰਜੀਤ ਕੌਰ ਸੈਣੀ, ਗੁਰਪ੍ਰੀਤ ਕੌਰ, ਅਰਚਨਾ ਸੈਨੀ, ਸੁਮਨ ਚੋਪੜਾ, ਪ੍ਰੀਆ, ਮਮਤਾ, ਦਮਨ, ਕੰਚਨ, ਸੁਮੀਤ, ਪਰਮਜੀਤ, ਰਜਮੀਤ, ਹਰਜੀਤ, ਇਕਬਾਲ ਸਿੰਘ, ਗੁਰਦੇਵ ਸਿੰਘ ਅਤੇ ਬਾਕੀ ਸਟਾਫ ਵੀ ਮੌਜੂਦ ਸੀ।





*ਫਿਲੌਰ ਦੇ ਪਿੰਡ ਸੈਫਾਬਾਦ ਵਿਖੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਜੈ ਮਾਂ ਭਗਵਤੀ ਕਲੱਬ ਵੱਲੋਂ 10ਵਾਂ ਵਿਸ਼ਾਲ ਭਗਵਤੀ ਜਾਗਰਣ ਸ਼ਰਧਾਪੂਰਵਕ ਕਰਵਾਇਆ ਗਿਆ। ਇਸ ਮੌਕੇ ਜਾਗਰਣ ਦੀ ਸ਼ੁਰੂਆਤ ਕਰਦੇ ਹੋਏ ਕਲੱਬ ਦੇ ਮੈਂਬਰ ਜੀਤ ਰਾਮ ਪ੍ਰਧਾਨ ਅਸ਼ੋਕ ਕੁਮਾਰ ਸ਼ੌਂਕੀ, ਚੈਅਰਮੈਨ ਪਰਮਜੀਤ, ਸੈਕਟਰੀ ਛਿੰਦਰਪਾਲ, ਅਮਰੀਕਾ ਸਿੰਘ ਅਤੇ ਪਿੰਡ ਨਿਵਾਸੀ ਜਾਗਰਣ 'ਚ ਹਾਜ਼ਰ ਸਨ। (ਫੋਟੋ ਤੇ ਵੇਰਵਾ : ਬੀ ਐੱਸ ਕੈਨੇਡੀ, ਫਿਲੌਰ)*

12-Oct-PAGE-4.qxd 10/11/2024 10:08 PM Page 1

ਨਵਾਂ ਜ਼ਮਾਨਾ
ਸ਼ਨੀਵਾਰ, 12 ਅਕਤੂਬਰ 2024

# ਕਾਂਗਰਸ ਨੂੰ ਟਿਕਟਾਂ ਦੀ ਗਲਤ ਵੰਡ ਨੇ ਹਰਾਇਆ

ਹਰਿਆਣਾ ਵਿੱਚ ਮਿਲੀ ਹਾਰ ਤੋਂ ਬਾਅਦ ਕਾਂਗਰਸ ਵੋਟਿੰਗ ਮਸ਼ੀਨਾਂ ਰਾਹੀਂ ਕੀਤੀ ਗਈ ਹੇਰਾਫੇਰੀ ਦਾ ਮੁੱਦਾ ਜ਼ੋਰ-ਸ਼ੋਰ ਨਾਲ ਉਠਾ ਰਹੀ ਹੈ। ਗਿਣਤੀ ਤੋਂ ਇੱਕ ਦਿਨ ਪਹਿਲਾਂ ਭਾਜਪਾ ਵੱਲੋਂ ਇਹ ਕਹਿਣ ਲਈ ਪ੍ਰੈੱਸ ਕਾਨਫਰੰਸ ਕਰਨਾ ਕਿ ਅਸੀਂ ਜਿੱਤ ਰਹੇ ਹਾਂ, ਸਮਝੋਂ ਬਾਹਰ ਹੈ। ਭਾਜਪਾ ਦੇ ਮੁੱਖ ਮੰਤਰੀ ਦੇ ਉਮੀਦਵਾਰ ਨਾਇਬ ਸਿੰਘ ਸੈਣੀ ਦੇ ਇਹ ਸ਼ਬਦ ਕਿ ਅਸੀਂ ਸਭ ਬੰਦੋਬਸਤ ਕਰ ਲਏ ਹਨ, ਸ਼ੰਕਿਆਂ ਨੂੰ ਜਨਮ ਦਿੰਦੇ ਹਨ। ਸੋਸ਼ਲ ਮੀਡੀਆ ’ਤੇ ਤਾਂ ਰਾਤ-ਭਰ ਇਹੋ ਸਵਾਲ ਉਠਦੇ ਰਹੇ ਕਿ ਭਾਜਪਾ ਨੇ ਬੰਦੋਬਸਤ ਕਿਸ ਚੀਜ਼ ਦਾ ਕੀਤਾ ਹੈ, ਜੋ ਨਤੀਜੇ ਉਸ ਦੇ ਹੱਕ ਵਿੱਚ ਕਰ ਸਕਦਾ ਹੈ।

ਕਾਂਗਰਸ ਪਾਰਟੀ ਨੇ ਮੁੱਖ ਚੋਣ ਕਮਿਸ਼ਨਰ ਨੂੰ ਮਿਲ ਕੇ ਆਪਣੀਆਂ ਸ਼ਿਕਾਇਤਾਂ ਦੇ ਦਿੱਤੀਆਂ ਹਨ। ਇਨ੍ਹਾਂ ਸ਼ਿਕਾਇਤਾਂ ਵਿੱਚ ਕੁਝ ਵੋਟਿੰਗ ਮਸ਼ੀਨਾਂ ਬਾਰੇ ਕਿਹਾ ਹੈ ਕਿ ਉਨ੍ਹਾਂ ਦੀ ਬੈਟਰੀ 99 ਫ਼ੀਸਦੀ ਚਾਰਜ ਸੀ, ਇਨ੍ਹਾਂ ਵਿੱਚ ਭਾਜਪਾ ਅੱਗੇ ਰਹੀ, ਜਦੋਂ ਕਿ 70 ਫ਼ੀਸਦੀ ਚਾਰਜ ਮਸ਼ੀਨਾਂ ਵਿੱਚ ਕਾਂਗਰਸ ਜਿੱਤ ਰਹੀ ਸੀ। ਵੋਟਿੰਗ ਪ੍ਰਕਿਰਿਆ ਦੌਰਾਨ ਵਰਤੀ ਗਈ ਵੋਟਿੰਗ ਮਸ਼ੀਨ ਦੀ ਬੈਟਰੀ ਖਰਚ ਹੀ ਨਾ ਹੋਵੇ, ਇਹ ਕਿਵੇਂ ਹੋ ਸਕਦਾ ਹੈ। ਜੇ ਇਹ ਸੱਚ ਹੈ ਤਾਂ 99 ਫ਼ੀਸਦੀ ਚਾਰਜ ਵਾਲੀਆਂ ਮਸ਼ੀਨਾਂ ਵਰਤੀਆਂ ਗਈਆਂ ਮਸ਼ੀਨਾਂ ਨਾਲ ਬਦਲ ਦਿੱਤੀਆਂ ਗਈਆਂ ਹੋ ਸਕਦੀਆਂ ਹਨ। ਇਸ ਮਸਲੇ ਦਾ ਨਿਬੇੜਾ ਕਦੋਂ ਹੋਵੇਗਾ, ਕਿਸੇ ਨੂੰ ਨਹੀਂ ਪਤਾ, ਪਰ ਇਹ ਸਚਾਈ ਹੈ ਕਿ ਹਰਿਆਣੇ ਦੀਆਂ ਚੋਣਾਂ ਵਿੱਚ ਕਾਂਗਰਸ ਅੰਦਰਲੀ ਪਾਟੋਧਾੜ ਦਾ ਖੁੱਲ੍ਹ ਕੇ ਮੁਜ਼ਾਹਰਾ ਹੋਇਆ। ਟਿਕਟਾਂ ਦੀ ਵੰਡ ਦੇ ਮਾਮਲੇ ਵਿੱਚ ਭੁਪਿੰਦਰ ਸਿੰਘ ਹੁੱਡਾ ਪੂਰੀ ਤਰ੍ਹਾਂ ਹਾਵੀ ਰਿਹਾ। ਨਤੀਜੇ ਵਜੋਂ ਦਲਿਤ ਆਗੂ ਕੁਮਾਰੀ ਸ਼ੈਲਜਾ ਪਹਿਲੇ 13 ਦਿਨ ਚੋਣ ਮੈਦਾਨ ਵਿੱਚੋਂ ਗਾਇਬ ਰਹੀ। ਭਾਜਪਾ ਨੇ ਇਸੇ ਨੂੰ ਮੁੱਦਾ ਬਣਾ ਕੇ ਹੁੱਡਾ ਦੇ ਜੱਟਵਾਦ ਵਿਰੁੱਧ ਸਭ ਬਰਾਦਰੀਆਂ ਨੂੰ ਆਪਣੇ ਨਾਲ ਜੋੜ ਲਿਆ। ਭਾਜਪਾ ਨੇ 2017 ਦੀਆਂ ਯੂ ਪੀ ਵਿਧਾਨ ਸਭਾ ਦੀਆਂ ਚੋਣਾਂ ਵਿੱਚ ‘ਯਾਦਵਾਂ ਦੀ ਸਰਕਾਰ’ ਦਾ ਜਿਹੜਾ ਫਾਰਮੂਲਾ ਵਰਤ ਕੇ ਅਖਿਲੇਸ਼ ਯਾਦਵ ਤੋਂ ਸੱਤਾ ਖੋਹੀ ਸੀ, ਇੱਥੇ ਵੀ ਜਾਟਾਂ ਦੀ ਸਰਕਾਰ ਵਿਰੁੱਧ ਸਭ ਧਿਰਾਂ ਨੂੰ ਇਕੱਠਾ ਕਰਕੇ ਵਰਤ ਲਿਆ। ਇਸੇ ਨਾਅਰੇ ਹੇਠ ਰਾਜ ਦੇ 21 ਫ਼ੀਸਦੀ ਦਲਿਤ, ਜਿਨ੍ਹਾਂ ਲੋਕ ਸਭਾ ਚੋਣਾਂ ਵਿੱਚ ਕਾਂਗਰਸ ਨੂੰ ਵੋਟ ਪਾਈ ਸੀ, ਭਾਜਪਾ ਦੇ ਪਾਲੇ ਵਿੱਚ ਚਲੇ ਗਏ।

ਇਨ੍ਹਾਂ ਚੋਣਾਂ ਵਿੱਚ ਕਾਂਗਰਸ ਦੀ ਹਾਰ ਲਈ ਟਿਕਟਾਂ ਦੀ ਗਲਤ ਵੰਡ ਵੀ ਜ਼ਿੰਮੇਵਾਰ ਹੈ। ਅੰਕੜਿਆਂ ਤੋਂ ਪਤਾ ਲਗਦਾ ਹੈ ਕਿ ਬਾਗੀ ਉਮੀਦਵਾਰਾਂ ਵਾਲੀਆਂ 15 ਸੀਟਾਂ ਵਿੱਚੋਂ ਕਾਂਗਰਸ 13 ਹਾਰ ਗਈ ਤੇ ਭਾਜਪਾ 12 ਜਿੱਤ ਗਈ। ਇੱਕ ਲੋਕ ਦਲ ਹਿੱਸੇ ਆ ਗਈ। ਟਿਕਟਾਂ ਦੀ ਗਲਤ ਵੰਡ ਦਾ ਨਤੀਜਾ ਹੀ ਸੀ ਕਿ ਬਹਾਦੁਰਗੜ੍ਹ ਸੀਟ ਕਾਂਗਰਸ ਦਾ ਬਾਗੀ ਉਮੀਦਵਾਰ ਜਿੱਤ ਗਿਆ ਤੇ ਕਾਂਗਰਸ ਤੀਜੇ ਥਾਂ ਆਈ। ਫਰੀਦਾਬਾਦ ਜ਼ਿਲ੍ਹੇ ਦੀ ਤਿਗਾਂਵ ਸੀਟ ਤੋਂ ਕਾਂਗਰਸ ਨੇ ਸਾਬਕਾ ਵਿਧਾਇਕ ਲਲਿਤ ਨਾਗਰ ਦਾ ਟਿਕਟ ਕੱਟ ਦਿੱਤਾ। ਉਹ ਬਾਗੀ ਲੜਿਆ ਤੇ ਤੀਜੇ ਨੰਬਰ ’ਤੇ ਆ ਕੇ ਕਾਂਗਰਸ ਦੇ ਉਮੀਦਵਾਰ ਨੂੰ ਹਰਾ ਦਿੱਤਾ। ਇਸ ਤਰ੍ਹਾਂ ਬਲਬਗੜ੍ਹ ਹਲਕੇ ਦੀ ਟਿਕਟ ਨਾ ਮਿਲਣ ਕਾਰਨ ਸ਼ਾਰਦਾ ਰਾਠੌਰ ਬਾਗੀ ਲੜ ਕੇ ਦੂਜੇ ਨੰਬਰ ’ਤੇ ਆਈ ਤੇ ਕਾਂਗਰਸੀ ਉਮੀਦਵਾਰ ਨੂੰ ਤੀਜੇ ਨੰਬਰ ’ਤੇ ਧੱਕ ਦਿੱਤਾ। ਅੰਬਾਲਾ ਕੈਂਟ ਵਿੱਚ ਬਾਗੀ ਕਾਂਗਰਸੀ ਚਿਤਰਾ ਸਰਵਾਰਾ ਅਨਿਲ ਵਿੱਜ ਤੋਂ 7277 ਵੋਟਾਂ ਦੇ ਫ਼ਰਕ ਨਾਲ ਹਾਰੀ, ਜਦੋਂ ਕਿ ਕਾਂਗਰਸ ਦਾ ਅਧਿਕਾਰਤ ਉਮੀਦਵਾਰ ਪਲਵਿੰਦਰ ਪਾਲ ਵਿੱਜ ਨਾਲੋਂ 45000 ਵੋਟਾਂ ਘੱਟ ਲੈ ਕੇ ਤੀਜੀ ਥਾਂ ’ਤੇ ਰਿਹਾ। ਕਰੀਬੀ ਮੁਕਾਬਲੇ ਵਾਲੀਆਂ ਘੱਟੋ-ਘੱਟ 11 ਸੀਟਾਂ ਹਨ, ਜਿੱਥੇ ਬਾਗੀ ਕਾਂਗਰਸੀਆਂ ਨੇ ਪਾਰਟੀ ਉਮੀਦਵਾਰਾਂ ਦੀ ਹਾਰ ਦੇ ਫ਼ਰਕ ਨਾਲੋਂ ਵੱਧ ਵੋਟਾਂ ਹਾਸਲ ਕੀਤੀਆਂ ਹਨ। ਇਹ ਸੀਟਾਂ ਹਨ : ਕਾਲਕਾ, ਦਾਦਰੀ, ਮਹੇਂਦਗੜ੍ਹ, ਤੋਸ਼ਾਮ, ਸੋਹਨਾ, ਸਮਾਲਖਾ, ਸਫੀਦੋਂ, ਰਾਨੀਆ, ਰਾਈ, ਬਾਢੜਾ ਤੇ ਉਚਾਨਾ ਕਲਾਂ। ਇਨ੍ਹਾਂ ਬਾਗੀ ਕਾਂਗਰਸੀਆਂ ਨੇ ਦੂਜੇ ਪਾਸਿਓਂ ਪੂਰੀ ਮਦਦ ਲਈ ਤੇ ਉਹ ਜ਼ੋਰ ਨਾਲ ਲੜੇ ਅਤੇ ਕਾਂਗਰਸੀ ਉਮੀਦਵਾਰਾਂ ਨੂੰ ਲੈ ਬੈਠੇ। ਜੇਕਰ ਬਾਗੀ ਮਜ਼ਬੂਤੀ ਨਾਲ ਵੀ ਨਾ ਲੜਦੇ ਤਾਂ ਕਾਂਗਰਸ ਅਸਾਨੀ ਨਾਲ ਬਹੁਮਤ ਹਾਸਲ ਕਰ ਜਾਂਦੀ।

‘ਇੰਡੀਆ’ ਗੱਠਜੋੜ ਵਿੱਚ ਸ਼ਾਮਲ ਆਮ ਆਦਮੀ ਪਾਰਟੀ ਦੇ ਉਮੀਦਵਾਰ ਵੀ 4 ਸੀਟਾਂ ਉੱਤੇ ਕਾਂਗਰਸੀ ਉਮੀਦਵਾਰਾਂ ਦੀ ਹਾਰ ਦੇ ਅੰਤਰ ਨਾਲੋਂ ਵੱਧ ਵੋਟਾਂ ਲੈ ਕੇ ਉਨ੍ਹਾਂ ਦੀ ਹਾਰ ਦਾ ਕਾਰਨ ਬਣੇ। ਕਾਂਗਰਸ ਨੂੰ ਚਾਹੀਦਾ ਹੈ ਕਿ ਸਭ ਤੋਂ ਪਹਿਲਾਂ ਆਪਣੇ ਘਰ ਦੀ ਸਫ਼ਾਈ ਕਰੇ ਤੇ ‘ਇੰਡੀਆ’ ਗੱਠਜੋੜ ਦੀਆਂ ਬਾਕੀ ਧਿਰਾਂ ਨੂੰ ਵੀ ਨਾਲ ਲੈ ਕੇ ਚੱਲੇ, ਨਹੀਂ ਤਾਂ ਮਹਾਰਾਸ਼ਟਰ ਤੇ ਝਾਰਖੰਡ ਵਿੱਚ ਵੀ ਇਹੋ ਹਾਲ ਹੋ ਸਕਦਾ ਹੈ।

-ਚੰਦ ਫਤਿਹਪੁਰੀ

# ਔਰਤਾਂ ਦੇ ਹੱਕਾਂ ਪ੍ਰਤੀ ਸਮਾਜ ਨੂੰ ਸੁਚੇਤ ਹੋਣ ਦੀ ਲੋੜ

**ਨਰਿੰਦਰ ਸਿੰਘ**



ਔਰਤ ਸਮਾਜ ਦੀ ਸਿਰਜਣਹਾਰ ਹੈ । ਦੇਸ਼ ਦੀ ਪੰਜਾਹ ਫ਼ੀਸਦੀ ਆਬਾਦੀ ਔਰਤਾਂ ਦੀ ਹੈ । ਔਰਤਾਂ ਨੇ ਦੇਸ਼ ਦੀ ਤਰੱਕੀ ਲਈ ਹਰ ਖੇਤਰ ਵਿੱਚ ਵਡਮੁੱਲਾ ਯੋਗਦਾਨ ਪਾਇਆ ਹੈ । ਔਰਤਾਂ ਪਹਿਲਾਂ ਨਾਲੋਂ ਹੁਣ ਵੱਧ ਪੜ੍ਹ-ਲਿਖ ਗਈਆਂ ਹਨ । ਪੜ੍ਹਾਈ-ਲਿਖਾਈ ਔਰਤ ਨੂੰ ਮਰਦਾਂ ਦੇ ਬਰਾਬਰ ਰੁਤਬੇ ਤੇ ਕਾਬਲੀਅਲਤ ਵਿੱਚ ਤਾਂ ਲੈ ਗਈ ਹੈ, ਪਰੰਤੂ ਹੱਕਾਂ ਵਿੱਚ ਸਮਾਜ ਨੇ ਦਿਲ ਉਦਾਰ ਨਹੀਂ ਕੀਤਾ । ਸੰਵਿਧਾਨ ਅਨੁਸਾਰ ਔਰਤ ਨੂੰ ਮਰਦਾਂ ਦੇ ਬਰਾਬਰ ਅਧਿਕਾਰ ਹਨ, ਪਰੰਤੂ ਬਰਾਬਰਤਾ ਲਈ ਕੁੜੀ ਲੜਦੀ-ਲੜਦੀ ਔਰਤ ਬਣ ਜਾਂਦੀ ਹੈ ਅਤੇ ਔਰਤ ਤੋਂ ਬੁੱਢੀ ਹੋ ਜਾਂਦੀ ਹੈ । ਔਰਤ ਨੂੰ ਸਿਰਫ ਔਰਤ ਹੋਣ ਦੀ ਸਜ਼ਾ ਮਿਲਦੀ ਰਹੀ ਹੈ ।

ਔਰਤ ਸ਼ੁਰੂ ਤੋਂ ਹੀ ਘਰ-ਬਾਹਰ ਸ਼ੋਸ਼ਣ ਤੇ ਤਸ਼ੱਦਦ ਦਾ ਸ਼ਿਕਾਰ ਹੁੰਦੀ ਰਹੀ ਹੈ । ਸਦੀਆਂ ਤੋਂ ਔਰਤਾਂ ਘਰਾਂ ਅੰਦਰ ਕੈਦ ਰਹਿ ਕੇ ਆਪਣਾ ਜੀਵਨ ਬਸਰ ਕਰਦੀਆਂ ਰਹੀਆਂ ਹਨ । ਸਦੀਆਂ ਤੋਂ ਹੀ ਮਰਦ ਪ੍ਰਧਾਨ ਸਮਾਜ ਵਿੱਚ ਨਿੱਕੀਆਂ ਬਾਲੜੀਆਂ , ਕਿਸ਼ੋਰੀਆਂ, ਮੁਟਿਆਰਾਂ, ਵਿਆਹੀਆਂ-ਵਰੀਆਂ ਔਰਤਾਂ ਅਤੇ ਵਡੇਰੀ ਉਮਰ ਦੀਆਂ ਸੁਆਣੀਆਂ ਨੂੰ ਦਬਾਇਆ ਜਾ ਰਿਹਾ ਹੈ । ਥਾਂ-ਥਾਂ ’ਤੇ ਉਨ੍ਹਾਂ ਦਾ ਤ੍ਰਿਸਕਾਰ ਕੀਤਾ ਜਾ ਰਿਹਾ ਹੈ । ਪੈਰ-ਪੈਰ ’ਤੇ ਉਨ੍ਹਾਂ ਨਾਲ ਵਿਤਕਰਾ ਕੀਤਾ ਜਾਂਦਾ ਹੈ । ਔਰਤਾਂ ਨਾਲ ਪਸ਼ੂਆਂ ਤੋਂ ਵੀ ਵੱਧ ਭੈੜਾ ਸਲੂਕ ਕੀਤਾ ਜਾਂਦਾ ਹੈ। ਘਰਾਂ ਦੇ ਅੰਦਰ ਅਤੇ ਘਰਾਂ ਦੇ ਬਾਹਰ ਔਰਤਾਂ ਦਾ ਸਰੀਰਕ, ਮਾਨਸਿਕ, ਭਾਵਨਾਤਮਿਕ ਸ਼ੋਸ਼ਣ ਕੀਤਾ ਜਾਂਦਾ ਹੈ । ਪਹਿਲਾਂ ਔਰਤਾਂ ਨੂੰ ਅਗਵਾ ਕੀਤਾ ਜਾਂਦਾ ਹੈ, ਫਿਰ ਜਬਰ-ਜ਼ਨਾਹ ਕੀਤਾ ਜਾਂਦਾ ਹੈ ਤੇ ਅੰਤ ਵਿੱਚ ਕਤਲ ਕਰ ਦਿੱਤਾ ਜਾਂਦਾ ਹੈ ।

ਪਿਛਲੇ ਦਿਨੀਂ ਵਾਪਰੀਆਂ ਕਈ ਸਮੂਹਿਕ ਜਬਰ-ਜ਼ਨਾਹ ਦੀਆਂ ਘਟਨਾਵਾਂ ਦਰਦਨਾਕ ਤੇ ਦੇਸ਼ ਲਈ ਸ਼ਰਮਸਾਰ ਹਨ । ਅਜਿਹੀਆਂ ਘਟਨਾਵਾਂ ਘਟਣ ਦੀ ਥਾਂ ਹੋਰ ਤੇਜ਼ ਹੋਈਆਂ ਹਨ । ਹੈਰਾਨੀ ਵਾਲੀ ਗੱਲ ਇਹ ਹੈ ਕਿ ਜਦੋਂ ਕੋਈ ਜਬਰ-ਜ਼ਨਾਹ ਸੰਬੰਧੀ ਵੱਡੀ ਦਰਿੰਦਗੀ ਭਰੀ ਘਟਨਾ ਵਾਪਰਦੀ ਹੈ ਤਾਂ ਉਸ ਤੋਂ ਬਾਅਦ ਦੇਸ਼ ਦੇ ਵੱਖ-ਵੱਖ ਰਾਜਾਂ ਵਿੱਚ ਉਸੇ ਤਰ੍ਹਾਂ ਦੀਆਂ ਹੋਰ ਵੀ ਵਧੇਰੇ ਘਟਨਾਵਾਂ ਵਾਪਰਨ ਲਗਦੀਆਂ ਹਨ । ਹੁਣ ਵੀ ਕੋਲਕਾਤਾ ਵਾਲੀ ਘਟਨਾਂ ਤੋਂ ਬਾਅਦ ਮਹਾਰਾਸ਼ਟਰ, ਉਤਰ ਪ੍ਰਦੇਸ਼, ਅਸਾਮ, ਉੱਤਰਾਖੰਡ ਤੇ ਪੰਜਾਬ ਆਦਿ ਤੋਂ ਜਬਰ-ਜ਼ਨਾਹ ਸੰਬੰਧੀ ਲਗਾਤਾਰ ਇਹੋ ਜਿਹੀਆਂ ਖਬਰਾਂ ਸਾਹਮਣੇ ਆ ਰਹੀਆ ਹਨ । ਅੱਜ ਦੇ ਸਮੇਂ ਵਿੱਚ ਔਰਤਾਂ ਦੇ ਖ਼ਿਲਾਫ਼ ਸ਼ੋਸ਼ਣ ਤੇ ਬੱਚਿਆਂ ਦੀ ਸੁਰੱਖਿਆ ਸਮਾਜ ਲਈ ਗੰਭੀਰ ਸਮੱਸਿਆ ਹੈ ।

ਨੈਸ਼ਨਲ ਕਰਾਈਮ ਰਿਕਾਰਡ ਬਿਊਰੋ ਦੇ ਅੰਕੜਿਆਂ ਅਨੁਸਾਰ ਭਾਰਤ ਵਿੱਚ ਪ੍ਰਤੀ ਸਾਲ ਚਾਰ ਲੱਖ ਤੋਂ ਵੱਧ ਔਰਤਾਂ ਦੇ ਖ਼ਿਲਾਫ ਹੋਣ ਵਾਲੇ ਅਪਰਾਧਾਂ ਦੇ ਮਾਮਲੇ ਦਰਜ ਕੀਤੇ ਜਾਂਦੇ ਹਨ । ਇਨ੍ਹਾਂ ਅਪਰਾਧਾਂ ਵਿੱਚ ਜਬਰ-ਜ਼ਨਾਹ ਹੀ ਨਹੀਂ, ਸਗੋਂ ਛੇੜਛਾੜ, ਦਹੇਜ ਲਈ ਹੱਤਿਆ, ਅਗਵਾ ਕਰਨ ਅਤੇ ਤੇਜ਼ਾਬੀ ਹਮਲਿਆਂ ਵਰਗੇ ਅਪਰਾਧਾਂ ਦੇ ਕੇਸ ਵੀ ਸ਼ਾਮਲ ਹਨ। ਅੰਕੜੇ ਇਹ ਵੀ ਦੱਸਦੇ ਹਨ ਕਿ ਭਾਰਤ ਵਿੱਚ ਹਰ ਘੰਟੇ ਵਿੱਚ ਤਿੰਨ ਔਰਤਾਂ ਜਬਰ-ਜ਼ਨਾਹ ਦਾ ਸ਼ਿਕਾਰ ਹੁੰਦੀਆਂ ਹਨ । ਭਾਵ ਹਰ ਵੀਹ ਮਿੰਟਾਂ ਵਿੱਚ ਇੱਕ ਔਰਤ ਜਬਰ-ਜ਼ਨਾਹ ਦਾ ਸ਼ਿਕਾਰ ਹੁੰਦੀ ਹੈ । ਜਬਰ-ਜਨਾਹ ਦੇ 96 ਫ਼ੀਸਦੀ ਮਾਮਲਿਆਂ ਵਿੱਚ ਦੋਸ਼ੀ ਪੀੜਤ ਔਰਤਾਂ ਨੂੰ ਜਾਣਨ ਵਾਲੇ ਹੀ ਹੁੰਦੇ ਹਨ ।

ਦੇਸ਼ ਦੀ ਬਦਕਿਸਮਤੀ ਹੈ ਕਿ ਜਬਰ-ਜ਼ਨਾਹ ਵਰਗੀਆਂ ਘਟਨਾਵਾਂ ਖ਼ਿਲਾਫ਼ ਫ਼ਾਂਸੀ ਦੀ ਸਜ਼ਾ ਦੀ ਵਿਵਸਥਾ ਕੀਤੇ ਜਾਣ ਦੇ ਬਾਵਜੂਦ ਦੇਸ਼ ਵਿੱਚ ਔਰਤਾਂ ਦੇ ਖ਼ਿਲਾਫ਼ ਹੁੰਦੇ ਅਪਰਾਧਾਂ ਦੇ ਨਾ ਸਿਰਫ ਅੰਕੜੇ ਵਧੇ ਹਨ , ਸਗੋਂ ਜਬਰ-ਜ਼ਨਾਹ ਤੇ ਹੱਤਿਆ ਵਰਗੀਆਂ ਘਟਨਾਵਾਂ ਵਿੱਚ ਵੀ ਕੋਈ ਕਮੀ ਆਉਂਦੀ ਦਿਖਾਈ ਨਹੀਂ ਦਿੱਤੀ। ਔਰਤ ਨੇ ਕਿਤੇ ਰਿਸ਼ਤਿਆਂ ਦੇ ਨਾਂਅ ’ਤੇ, ਕਿਤੇ ਭਰੋਸੇ ਦੇ ਨਾਂਅ ’ਤੇ ਰੱਜ ਕੇ ਕੀਮਤ ਚੁਕਾਈ ਹੈ । ਜਿੱਥੇ ਡਰ ਹਰਾ ਸਕੀ, ਉਥੇ ਸ਼ਰਮ ਦੇ ਹੱਥੋਂ ਡਰ ਗਈ । ਔਰਤ ਸ਼ਿਕਾਰ ਹੀ ਰਹੀ, ਚਾਹੇ ਅਨਪੜ੍ਹ ਤੇ ਚਾਹੇ ਪੜ੍ਹੀ-ਲਿਖੀ, ਕਿਉਂਕਿ ਦਰਿੰਗਦੀ ਮਾਨਸਿਕ ਰੋਗ ਹੈ । ਰੋਗੀ ਅਨਪੜ੍ਹ, ਪੜ੍ਹਿਆ-ਲਿਖਿਆ, ਕਾਮਯਾਬ, ਤਾਕਤਵਰ ਸ਼ਖ਼ਸ ਵੀ ਹੋ ਸਕਦਾ ਹੈ ।

ਔਰਤਾਂ ਨਾਲ ਹੁੰਦੀਆਂ ਵਧੀਕੀਆਂ ਦੀਆਂ ਖ਼ਬਰਾਂ ਇਲੈਕਟ੍ਰੋਨਿਕ ਤੇ ਪ੍ਰਿੰਟ ਮੀਡੀਏ ਤੇ ਅਕਸਰ ਨਸ਼ਰ ਹੁੰਦੀਆਂ ਰਹਿੰਦੀਆਂ ਹਨ । ਬੜੀਆਂ ਆਵਾਜ਼ਾਂ ਰੋਸ ਬਣ ਕੇ ਉੱਠਦੀਆਂ ਹਨ । ਥੱਕ-ਹਾਰ ਕੇ ਘਰਾਂ ਨੂੰ ਮੁੜ ਜਾਂਦੀਆਂ ਹਨ । ਮਾਨਸਿਕਤਾ ਵਲੂੰਧਰੀ ਜਾਂਦੀ ਹੈ । ਜਿਉਣ ਦਾ ਹੱਕ ਦੇ ਕੇ ਔਰਤ ’ਤੇ ਵੱਡਾ ਅਹਿਸਾਨ ਕਰਨ ਵਾਲਾ ਸਮਾਜ ਉਸ ਦੀ ਜ਼ਿੰਦਗੀ ਸੰਬੰਧੀ ਆਪਣੇ ਬਣਦੇ ਫ਼ਰਜ਼ ਪ੍ਰਤੀ ਸੁਚੇਤ ਨਹੀਂ ਹੈ । ਇਨਸਾਨੀਅਨ ਸ਼ਾਇਦ ਬੀਤੇ ਸਮਿਆਂ ਦੀ ਗੱਲ ਹੋ ਗਈ ਹੈ। ਔਰਤਾਂ ਦੇ ਖ਼ਿਲਾਫ਼ ਅਪਰਾਧਾਂ ਦੇ ਮਾਮਲਿਆਂ ਵਿੱਚ ਤੇਜ਼ੀ ਲਿਆਉਣ ਦੀ ਬੇਹੱਦ ਲੋੜ ਹੈ । ਭਾਵੇਂ ਔਰਤਾਂ ਦੀ ਸੁਰੱਖਿਆਂ ਲਈ ਕਈ ਕਾਨੂੰਨ ਬਣੇ ਹੋਏ ਵੀ ਹਨ ।

ਗਰੀਬ ਪਰਵਾਰਾਂ ਲਈ ਇਨਸਾਫ਼ ਦੀ ਲੜਾਈ ਲੜਨੀ ਆਰਥਕ ਵਸੀਲਿਆਂ ਦੇ ਪੱਖ ਤੋਂ ਵੀ ਬਹੁਤ ਮੁਸ਼ਕਲ ਹੋ ਜਾਂਦੀ ਹੈ। ਭਾਰਤ ਵਿੱਚ ਔਰਤਾਂ ਦੀ ਸੁਰੱਖਿਆਂ ਲਈ ਬਣੇ ਕਾਨੂੰਨਾਂ ਨੂੰ ਸਰਗਰਮ ਕਰਨ ਦੀ ਬੇਹੱਦ ਲੋੜ ਹੈ, ਤਾਂ ਜੋ ਔਰਤਾਂ ਦਾ ਕਾਨੂੰਨ ’ਤੇ ਭਰੋਸਾ ਕਾਇਮ ਹੋਵੇ। ਆਜ਼ਾਦ ਔਰਤ ਹੀ ਦੇਸ਼, ਸਮਾਜ, ਰਾਜ ਅਤੇ ਕੌਮ ਦੀ ਤਰੱਕੀ ਵਿੱਚ ਆਪਣਾ ਪੂਰਾ ਯੋਗਦਾਨ ਪਾ ਸਕਦੀ ਹੈ । ਮਰਦ ਪ੍ਰਧਾਨ ਸਮਾਜ ਨੂੰ ਔਰਤਾਂ ਪ੍ਰਤੀ ਹਾਂ-ਪੱਖੀ ਨਜ਼ਰੀਆ ਅਪਣਾਉਣ ਦੀ ਲੋੜ ਹੈ । ਹੁਣ ਪੜ੍ਹਾਈ ਸਦਕਾ ਬੱਚੀਆਂ ਨੇ ਘਰੋਂ ਬਾਹਰ ਨਿਕਲ ਕੇ ਦੇਸ਼ ਦੇ ਵਿਕਾਸ ਵਿੱਚ ਯੋਗਦਾਨ ਪਾਇਆ ਹੈ, ਪਰ ਜੇਕਰ ਉਹ ਸੁਰੱਖਿਅਤ ਮਹਿਸੂਸ ਨਹੀਂ ਕਰਨਗੀਆਂ ਤਾਂ ਉਹ ਆਪਣੀ ਬਣਦੀ ਭੂਮਿਕਾ ਵੀ ਨਹੀਂ ਨਿਭਾ ਸਕਣਗੀਆਂ । ਬੱਚੀਆਂ ਦੀ ਸੁਰੱਖਿਆ ਕਰਨਾ ਸਰਕਾਰਾਂ ਦਾ ਫ਼ਰਜ਼ ਹੈ । ਉਂਜ ਅਸੀਂ ਦੁਨੀਆ ਦੇ ਖ਼ੁਸ਼ਹਾਲ ਦੇਸ਼ਾਂ ਵਿੱਚੋਂ ਇੱਕ ਬਣਨ ਜਾ ਰਹੇ ਹਾਂ । ਅਮਰੀਕਾ, ਕੈਨੇਡਾ, ਇਟਲੀ ਵਰਗੇ ਦੇਸ਼ਾਂ ਵਿੱਚ ਬਿਕਨੀ ਵਿੱਚ ਸੜਕ ’ਤੇ ਤੁਰਦੀਆਂ ਕੁੜੀਆਂ ਨੂੰ ਕੋਈ ਭੈੜੀ ਨਿਗ੍ਹਾ ਨਾਲ ਵੀ ਨਹੀਂ ਦੇਖਦਾ । ਕੋਈ ਅਪਮਾਨਜਨਕ ਟਿੱਪਣੀ ਨਹੀਂ ਕਰਦਾ। ਬ੍ਰਾਜ਼ੀਲ ਸਾਡੇ ਨਾਲੋਂ ਗਰੀਬ ਅਤੇ ਘੱਟ ਪੜ੍ਹਿਆ-ਲਿਖਿਆ ਦੇਸ਼ ਹੈ। ਬ੍ਰਾਜ਼ੀਲ ਵਰਗੇ ਗਰੀਬ ਦੇਸ਼ ਵਿਚ ਜਿੱਥੇ ਔਰਤ ਨੂੰ ਸੰਪੂਰਨ ਆਜ਼ਾਦੀ ਹੈ ਅਤੇ ਬਰਾਬਰਤਾ ਦਾ ਅਧਿਕਾਰ ਹੈ , ਉੱਥੇ ਪੁਰਸ਼ ਨੂੰ ਮਾਪੇ ਨੀਵਾਂ ਰਹਿਣਾ ਸਿਖਾਉਂਦੇ ਹਨ । ਭਾਰਤ ਵਾਸੀਆਂ ਨੂੰ ਵੀ ਬ੍ਰਾਜ਼ੀਲ ਤੋਂ ਸਿੱਖਿਆ ਲੈਣ ਦੀ ਲੋੜ ਹੈ । ਸਿਧਾਂਤਕ ਰੂਪ ਵਿੱਚ ਸਾਰੇ ਧਰਮ ਔਰਤਾਂ ਦੀ ਸਮਾਨਤਾ ਦੀ ਗੱਲ ਕਰਦੇ ਹਨ, ਪਰ ਵਿਹਾਰਕ ਰੂਪ ਵਿੱਚ ਅਜਿਹਾ ਨਹੀਂ ਹੈ ।

ਵਿਸ਼ਵ ਲਿੰਗ ਪਾੜਾ ਰਿਪੋਰਟ 2024 ਅਨੁਸਾਰ ਭਾਰਤ ਦਾ 146 ਦੇਸ਼ਾਂ ਵਿੱਚੋਂ 129 ਵਾਂ ਸਥਾਨ ਹੈ । ਭਾਰਤ ਵਿੱਚ ਲਿੰਗ ਅਸਮਾਨਤਾ ਦਾ ਇੱਕ ਬੁਨਿਆਦੀ ਕਾਰਨ ਇਹ ਹੈ ਕਿ ਸਾਡਾ ਸਮਾਜ ਸਦੀਆਂ ਤੋਂ ਪਿਤਾ-ਪੁਰਖੀ ਪੁਰਸ਼ ਪ੍ਰਧਾਨ ਕਦਰਾਂ-ਕੀਮਤਾਂ ਵਾਲਾ ਸਮਾਜ ਰਿਹਾ ਹੈ । ਸੱਭਿਆਚਾਰਕ ਤੌਰ ’ਤੇ ਲੜਕੇ ਨੂੰ ਕੁੜੀ ਤੋਂ ਜ਼ਿਆਦਾ ਤਰਜੀਹ ਦਿੱਤੀ ਗਈ ਹੈ ਅਤੇ ਇਹ ਤਰਜੀਹ ਅੱਜ ਵੀ ਕਾਇਮ ਹੈ । ਔਰਤਾਂ ਨਾਲ ਘਰੇਲੂ ਹਿੰਸਾ ਤੋਂ ਲੈ ਕੇ ਦਾਜ ਨਾਲ ਜੁੜੇ ਹੋਰ ਵੀ ਬਹੁਤ ਸਾਰੇ ਮੁੱਦੇ ਹਨ, ਜੋ ਲਿੰਗ ਪਾੜੇ ਨੂੰ ਕਾਇਮ ਰੱਖਦੇ ਹਨ । ਕਿਸੇ ਵੀ ਦੇਸ਼ ਦੀ ਆਰਥਿਕ ਅਤੇ ਸਮਾਜਿਕ ਤਰੱਕੀ ਲਈ ਲਿੰਗ ਸਮਾਨਤਾ ਬਹੁਤ ਜ਼ਰੂਰੀ ਹੈ ।

ਬਿਨਾਂ ਸ਼ੱਕ ਭਾਰਤੀ ਸਮਾਜ ਵਿੱਚ ਵਧ ਰਿਹਾ ਅਪਰਾਧਾਂ ਦਾ ਵਰਤਾਰਾ ਬੇਹੱਦ ਚਿੰਤਾ ਦਾ ਵਿਸ਼ਾ ਹੈ । ਔਰਤਾਂ ਖਿਲਾਫ ਹੁੰਦੇ ਅਪਰਾਧਾਂ ਨੂੰ ਠੱਲ੍ਹ ਪੈਣ ਦੀ ਨੇੜੇ ਭਵਿੱਖ ਵਿੱਚ ਕੋਈ ਸੰਭਾਵਨਾ ਨਜ਼ਰ ਨਹੀਂ ਆ ਰਹੀ, ਪਰ ਜੇਕਰ ਪ੍ਰਭਾਵੀ ਕਾਨੂੰਨ ਵਿਵਸਥਾ ਕਾਇਮ ਕਰਨ ਦੇ ਨਾਲ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਦੇ ਪੱਧਰ ’ਤੇ ਨੌਜਵਾਨ ਪੀੜ੍ਹੀ ਨੂੰ ਇਸ ਸੰਬੰਧ ਵਿੱਚ ਸੰਵੇਦਨਸ਼ੀਲ ਬਣਾਉਣ ਲਈ ਸਰਕਾਰਾਂ ਅਤੇ ਸਮਾਜਿਕ ਸੰਸਥਾਵਾਂ ਵੱਲੋਂ ਦ੍ਰਿੜ੍ਹਤਾ ਨਾਲ ਯਤਨ ਕੀਤੇ ਜਾਂਦੇ ਹਨ ਤਾਂ ਭਾਰਤੀ ਸਮਾਜ ਨੂੰ ਉਪਰੋਕਤ ਬਦਨੁਮਾ ਦਾਗਾਂ ਤੋਂ ਯਕੀਨੀ ਤੌਰ ’ਤੇ ਉਭਾਰਿਆ ਜਾ ਸਕਦਾ ਹੈ ।

ਔਰਤਾਂ ਦੇ ਸਨਮਾਨ ਸੰਬੰਧੀ ਸਰਕਾਰਾਂ ਨੂੰ ਪ੍ਰੋਗਰਾਮ ਉਲੀਕਣੇ ਚਾਹੀਦੇ ਹਨ । ਹਰ ਪਿੰਡ-ਸ਼ਹਿਰ ਵਿੱਚ, ਹਰ ਗਲੀ-ਮੁਹੱਲੇ ਦੇ ਲੋਕਾਂ ਵਿੱਚ ਇਸ ਸੰਬੰਧੀ ਚੇਤਨਾ ਪੈਦਾ ਕਰਨੀ ਚਾਹੀਦੀ ਹੈ । ਇਸ ਸੰਬੰਧੀ ਸਮਾਜ ਸੇਵਕਾਂ ਦਾ ਸਹਿਯੋਗ ਲਿਆ ਜਾ ਸਕਦਾ ਹੈ । ਵਿਸ਼ਵ ਭਰ ਵਿੱਚ ਨਾਰੀ ਦਾ ਸਨਮਾਨ ਸਾਡੇ ਸਮਾਜ ਦਾ ਇਕ ਮਹੱਤਵਪੂਰਨ ਹਿੱਸਾ ਰਿਹਾ ਹੈ।

ਭਾਰਤ ਸਮਾਜਿਕ ਅਤੇ ਸੰਸਕ੍ਰਿਤਿਕ ਮਹਾਨਤਾ ਵਾਲਾ ਦੇਸ਼ ਹੈ । ਇਸ ਦੇ ਨੈਤਿਕ ਅਤੇ ਸਮਾਜਿਕ ਅਧਾਰਾਂ ਨੂੰ ਮੁੜ ਸੁਰਜੀਤ ਕਰਨ ਲਈ ਨਾਰੀ ਦੇ ਸਨਮਾਨ ਲਈ ਵੱਡੇ ਪੱਧਰ ’ਤੇ ਜਾਗਰੂਕਤਾ ਮੁਹਿੰਮ ਚਲਾਉਣ ਦੀ ਬੇਹੱਦ ਲੋੜ ਹੈ ਤਾਂ ਜੋ ਨਾਰੀ ਨਾਲ ਹੋਣ ਵਾਲੇ ਅੱਤਿਆਚਾਰ ਦਾ ਖਾਤਮਾ ਕਰਕੇ ਉਸ ਦਾ ਆਤਮ ਸਨਮਾਨ ਬਹਾਲ ਹੋ ਸਕੇ । ਔਰਤ ਪਿਆਰ, ਸ਼ਕਤੀ ਤੇ ਸਿਆਣਪ ਦਾ ਮੁਜੱਸਮਾ ਹੁੰਦੀ ਹੈ । ਔਰਤ ਪ੍ਰਮਾਤਮਾ ਦੀ ਸਭ ਤੋਂ ਵਧੀਆਂ ’ਤੇ ਵਡਮੁੱਲੀ ਰਚਨਾ ਹੈ । ਔਰਤ ਨੂੰ ਸਿਰਫ ਪਿਆਰ ਦੀ ਜ਼ਰੂਰਤ ਹੈ । ਔਰਤ ਜਗ ਜਣਨੀ ਹੈ । ਸਾਨੂੰ ਔਰਤਾਂ ਨੂੰ ਘ੍ਰਿਣਾ ਨਾਲ ਨਹੀਂ ਦੇਖਣਾ ਚਾਹੀਦਾ, ਸਗੋਂ ਪਿਆਰ ਅਤੇ ਸਤਿਕਾਰ ਦੇਣਾ ਚਾਹੀਦਾ ਹੈ । ਕਿਸੇ ਵੀ ਦੇਸ਼ ਦੀ ਤਰੱਕੀ ਵਿੱਚ ਔਰਤਾਂ ਦਾ ਵਡਮੁੱਲਾ ਯੋਗਦਾਨ ਹੁੰਦਾ ਹੈ । ਜਿਸ ਦੇਸ਼ ਦੀ ਔਰਤ ਮਜ਼ਬੂਤ ਅਤੇ ਖ਼ੁਸ਼ਹਾਲ ਹੋਵੇਗੀ, ਉਹੋ ਦੇਸ਼ ਹੀ ਤਰੱਕੀ ਦੀਆਂ ਬੁਲੰਦੀਆਂ ’ਤੇ ਪਹੁੰਚ ਸਕਦਾ ਹੈ ।

# ਸੰਪਰਕ : 98146-62260

# ਤਰਕ ਤੇ ਤਕਰਾਰ ’ਚੋਂ ਝਲਕਦਾ ਮਨੁੱਖੀ ਜ਼ਿੰਦਗੀ ਦਾ ਅਕਸ

**ਪ੍ਰਿੰਸੀਪਲ ਵਿਜੈ ਕੁਮਾਰ**

ਤਰਕ ਅਤੇ ਤਕਰਾਰ ਮਨੁੱਖੀ ਜ਼ਿੰਦਗੀ ਦੇ ਦੋ ਅਜਿਹੇ ਵਰਤਾਰੇ ਜਾਂ ਪੱਖ ਮੰਨੇ ਜਾਂਦੇ ਹਨ, ਜਿਨ੍ਹਾਂ ’ਚੋਂ ਮਨੁੱਖ ਦੇ ਬੌਧਿਕ ਪੱਧਰ ਦਾ ਅਕਸ ਝਲਕਦਾ ਹੈ । ਉੱਚ ਬੌਧਿਕ ਪੱਧਰ ਵਾਲੇ ਸੂਝਵਾਨ ਲੋਕ ਬਹਿਸ ਕਰਨ, ਲੜਣ-ਝਗੜਣ ਅਤੇ ਤੂੰ-ਤੂੰ, ਮੈਂ-ਮੈਂ ਕਰਨ ਦੀ ਬਜਾਏ ਬਹੁਤ ਹੀ ਤਹੱਮਲ ਨਾਲ ਤਰਕ ਦੇ ਸਹਾਰੇ ਆਪਣਾ ਪੱਖ ਪੇਸ਼ ਕਰਦੇ ਹਨ । ਉਹ ਆਪਣਾ ਪੱਖ ਦੂਜਿਆਂ ਉੱਤੇ ਥੋਪਦੇ ਨਹੀਂ, ਸਗੋਂ ਆਪਣੇ ਤਰਕ ਨਾਲ ਦੂਜਿਆਂ ਨੂੰ ਅਸਲੀਅਤ ਨੂੰ ਮੰਨਣ ਲਈ ਮਜਬੂਰ ਕਰ ਦਿੰਦੇ ਹਨ ।ਸਾਹਮਣੇ ਵਾਲੇ ਨੂੰ ਉਨ੍ਹਾਂ ਨਾਲ ਸਹਿਮਤ ਹੋਣ ਲਈ ਮਜਬੂਰ ਹੋਣਾ ਪੈ ਜਾਂਦਾ ਹੈ । ਤਰਕ ਦੀ ਖਾਸੀਅਤ ਇਹ ਵੀ ਹੁੰਦੀ ਹੈ ਕਿ ਉਹ ਸਾਹਮਣੇ ਵਾਲੇ ਨੂੰ ਚੁੱਪ ਕਰਾ ਦਿੰਦਾ ਹੈ, ਗੱਲ ਮੁੱਕ ਜਾਂਦੀ ਹੈ ਅਤੇ ਫੈਸਲਾ ਹੋ ਜਾਂਦਾ ਹੈ। ਲੜਾਈ-ਝਗੜੇ ਦੀ ਸੰਭਾਵਨਾ ਘਟ ਜਾਂਦੀ ਹੈ, ਪਰ ਤਕਰਾਰ ਕਰਨ ਵਾਲੇ ਲੋਕ ਮੂਰਖ, ਝੂਠੇ, ਉਜੱਡ, ਖ਼ੁਦਗਰਜ਼ ਅਤੇ ਝਗੜਾਲੂ ਕਿਸਮ ਦੇ ਹੁੰਦੇ ਹਨ । ਤਕਰਾਰ ਨਾਲ ਦੋਹਾਂ ਧਿਰਾਂ ਦੀ ਮਾਨਸਿਕ ਸ਼ਾਂਤੀ ਭੰਗ ਹੋ ਜਾਂਦੀ ਹੈ । ਤਕਰਾਰ ਕਰਨ ਵਾਲਾ ਸੱਚ ਸੁਣਨ ਲਈ ਤਿਆਰ ਨਹੀਂ ਹੁੰਦਾ । ਉਹ ਆਪਣਾ ਬੇਤੁਕਾ ਅਤੇ ਨਿਰਾਧਾਰ ਪੱਖ ਦੂਜਿਆਂ ਉੱਤੇ ਥੋਪਣ ਦਾ ਯਤਨ ਕਰਦਾ ਹੈ। ਤਕਰਾਰ ਦੀ ਲੋੜ ਹੀ ਉਸ ਵਿਅਕਤੀ ਨੂੰ ਪੈਂਦੀ ਹੈ, ਜੋ ਝੂਠਾ ਹੁੰਦਾ ਹੋਇਆ ਵੀ ਆਪਣੇ ਆਪ ਨੂੰ ਸੱਚਾ ਤੇ ਠੀਕ ਸਿੱਧ ਕਰਨ ਦੀ ਕੋਸ਼ਿਸ਼ ਕਰਦਾ ਹੈ ।ਤਕਰਾਰ ਗੱਲ ਨੂੰ ਮੁਕਾਉਣ ਅਤੇ ਫੈਸਲਾ ਕਰਨ ਦੀ ਬਜਾਏ ਤਣਾਅ ਪੈਦਾ ਕਰਦਾ ਹੈ । ਲੜਾਈ-ਝਗੜੇ ਦਾ ਮਾਹੌਲ ਪੈਦਾ ਕਰਦਾ ਹੈ। ਕਈ ਵੇਰ ਤਾਂ ਅੱਪਸ਼ਬਦ ਬੋਲਣ ਦੀ ਹਾਲਤ ’ਚ ਮਾਰ-ਕੁਟਾਈ, ਹੱਥੋਪਾਈ ਅਤੇ ਅਦਾਲਤਾਂ ਤੱਕ ਵੀ ਪਹੁੰਚਾ ਦਿੰਦਾ ਹੈ ।ਤਰਕ ਥੋੜ੍ਹੇ ਸਮੇਂ ਲਈ ਦੂਜੀ ਧਿਰ ਨੂੰ ਨਰਾਜ਼ ਅਤੇ ਅਸ਼ਾਂਤ ਕਰ ਸਕਦਾ ਹੈ, ਪਰ ਮੁੜ ਦੋਹਾਂ ਧਿਰਾਂ ਨੂੰ ਇੱਕ-ਦੂਜੇ ਦੇ ਨੇੜੇ ਕਰ ਦਿੰਦਾ ਹੈ, ਪਰ ਤਕਰਾਰ ਦੋਹਾਂ ਧਿਰਾਂ ਦੇ ਸੰਵਾਦ ਵੀ ਬੰਦ ਕਰਵਾ ਸਕ ਦਾ ਹੈ । ਸਦਾ ਲਈ ਇੱਕ-ਦੂਜੇ ਦੇ ਵਿਰੋਧੀ ਵੀ ਬਣਾ ਸਕਦਾ ਹੈ ।

ਕਿਸੇ ਵੀ ਮਸਲੇ ਜਾਂ ਸਮੱਸਿਆ ਉੱਤੇ ਤਰਕ ਵੀ ਐਵੇਂ ਨਹੀਂ ਦਿੱਤਾ ਜਾ ਸਕਦਾ ।ਤਰਕ ਦੇਣ ਲਈ ਮਨੁੱਖ ਦੇ ਪੱਲੇ ਗਿਆਨ ਹੋਣਾ ਵੀ ਜ਼ਰੂਰੀ ਹੈ । ਗਿਆਨ ਵੀ ਉਨ੍ਹਾਂ ਲੋਕਾਂ ਕੋਲ ਹੀ ਹੁੰਦਾ ਹੈ, ਜੋ ਕਿਤਾਬਾਂ ਪੜ੍ਹਦੇ ਹਨ ਅਤੇ ਜਿਨ੍ਹਾਂ ਕੋਲ ਜੀਵਨ ਦਾ ਅਨੁਭਵ ਅਤੇ ਤਜਰਬਾ ਹੁੰਦਾ ਹੈ। ਬਿਨਾਂ ਤਜਰਬੇ, ਅਨੁਭਵ ਅਤੇ ਗਿਆਨ ਤੋਂ ਤਰਕ ਰੱਖਣ ਵਾਲਾ ਵਿਅਕਤੀ ਕਈ ਵੇਰ ਹਾਸੇ ਅਤੇ ਮਜ਼ਾਕ ਦਾ ਪਾਤਰ ਵੀ ਬਣ ਜਾਂਦਾ ਹੈ। ਗਲਤ ਅਤੇ ਗਿਆਨ ਵਿਹੂਣਾ ਤਰਕ ਤਕਰਾਰ ਤੋਂ ਵੀ ਭੈੜਾ ਅਤੇ ਖਤਰਨਾਕ ਹੁੰਦਾ ਹੈ । ਜਿਹੜੇ ਬਜ਼ੁਰਗ ਤਰਕ ਨਾਲ ਆਪਣੇ ਬੱਚਿਆਂ ਨੂੰ ਨਹੀਂ ਸਮਝਾ ਪਾਉਂਦੇ,ਉਨ੍ਹਾਂ ਉੱਤੇ ਆਪਣੀ ਮਰਜ਼ੀ ਥੋਪਣ ਦਾ ਯਤਨ ਕਰਦੇ ਹਨ, ਉਹ ਬੱਚੇ ਬਾਗੀ ਹੋ ਜਾਂਦੇ ਹਨ । ਉਨ੍ਹਾਂ ’ਚ ਪੈਦਾ ਹੋਇਆ ਤਕਰਾਰ ਉਨ੍ਹਾਂ ਨੂੰ ਮਨੋਂ ਇੱਕ-ਦੂਜੇ ਤੋਂ ਦੂਰ ਕਰ ਦਿੰਦਾ ਹੈ ।ਜਿਨ੍ਹਾਂ ਸਦਨਾਂ ਵਿੱਚ ਲੋਕ ਨੁਮਾਇੰਦੇ ਤਰਕ ਨਾਲ ਆਪਣਾ ਪੱਖ ਨਹੀਂ ਰੱਖਦੇ, ਉਨ੍ਹਾਂ ਵਿੱਚ ਤਕਰਾਰ ਹੋਣਾ ਯਕੀਨੀ ਹੁੰਦਾ ਹੈ। ਉਸ ਤਕਰਾਰ ਕਾਰਨ ਉਹ ਜਦੋਂ ਸਦਨ ਦੀ ਮਰਿਆਦਾ ਟੱਪ ਜਾਂਦੇ ਹਨ, ਉਦੋਂ ਦੇਸ਼ ਦੇ ਲੋਕ ਉਨ੍ਹਾਂ ਦਾ ਤਮਾਸ਼ਾ ਵੇਖ ਕੇ ਉਨ੍ਹਾਂ ਦਾ ਮਜ਼ਾਕ ਉਡਾਉਂਦੇ ਹਨ। ਜਿਨ੍ਹਾਂ ਅਧਿਕਾਰੀਆਂ ਕੋਲ ਆਪਣੇ ਮੁਤਾਹਿਤਾਂ ਨੂੰ ਤਰਕ ਨਾਲ ਸਮਝਾਉਣ ਦੀ ਸਮਝ ਅਤੇ ਸਮਰੱਥਾ ਨਹੀਂ ਹੁੰਦੀ, ਉਨ੍ਹਾਂ ਅਦਾਰਿਆਂ ਵਿਚ ਤਕਰਾਰ ਅਤੇ ਤਣਾਅ ਦਾ ਮਾਹੌਲ ਬਣਿਆ ਰਹਿੰਦਾ ਹੈ।

ਤਰਕ ਸੁਣਨਾ ਵੀ ਹਰ ਬੰਦੇ ਦੇ ਵਸ ਦੀ ਗੱਲ ਨਹੀਂ ਹੁੰਦੀ ।ਤਰਕ ਦੇਣ ਵਾਲੇ ਦਾ ਹੀ ਨਹੀਂ, ਸਗੋਂ ਤਰਕ ਸੁਣਨ ਵਾਲੇ ਦਾ ਵੀ ਸੂਝਵਾਨ ਅਤੇ ਸਹਿਣਸ਼ੀਲ ਹੋਣਾ ਲਾਜ਼ਮੀ ਹੁੰਦਾ ਹੈ । ‘ਮੈਂ ਨਾ ਮਾਨੂੰ’ ਪ੍ਰਵਿਰਤੀ ਵਾਲੇ ਲੋਕਾਂ ਨੂੰ ਤਰਕ ਸੁਣਾਉਣਾ ਮੱਝ ਅੱਗੇ ਬੀਨ ਵਜਾਉਣ ਵਾਲੀ ਗੱਲ ਹੁੰਦੀ ਹੈ । ਇੱਕ ਬਹੁਤ ਹੀ ਇਮਾਨਦਾਰ ਅਫ਼ਸਰ ਨੇ ਜਦੋਂ ਆਉਂਦਿਆਂ ਹੀ ਆਪਣੇ ਦਫਤਰ ਵਿਚ ਰਿਸ਼ਵਤ ਅਤੇ ਅਨੁਸ਼ਾਸਨਹੀਣਤਾ ਬੰਦ ਕੀਤੇ ਤਾਂ ਦਫਤਰ ਦੇ ਰਿਸ਼ਵਤਖੋਰ ਬੰਦਿਆਂ ਨੂੰ ਬਹੁਤ ਤਕਲੀਫ਼ ਹੋਈ। ਇੱਕ ਦਿਨ ਕਿਸੇ ਕਰਮਚਾਰੀ ਨੇ ਉਸ ਇਮਾਨਦਾਰ ਅਫ਼ਸਰ ਬਾਰੇ ਇਹ ਗੱਲ ਕਹਿ ਦਿੱਤੀ ਕਿ ਉਹ ਦਫਤਰ ਦੇ ਪੈਸੇ ਖਾਂਦਾ ਹੈ। ਦੂਜੇ ਕਰਮਚਾਰੀ ਨੇ ਉਹ ਗੱਲ ਉਸ ਅਧਿਕਾਰੀ ਕੋਲ ਪਹੁੰਚਾ ਦਿੱਤੀ । ਉਸ ਅਧਿਕਾਰੀ ਨੇ ਉਸੇ ਵੇਲੇ ਦਫਤਰ ਦੇ ਸਾਰੇ ਕਰਮਚਾਰੀਆਂ ਦੀ ਮੀਟਿੰਗ ਬੁਲਾ ਕੇ ਉਸ ਕਰਮਚਾਰੀ ਨੂੰ ਕਿਹਾ, ਸ੍ਰੀ ਮਾਨ ਜੀ, ਤੁਸੀਂ ਮੇਰੇ ਉੱਤੇ ਇਹ ਇਲਜ਼ਾਮ ਲਗਾ ਰਹੇ ਹੋ ਕਿ ਮੈਂ ਇਸ ਦਫਤਰ ਦੇ ਪੈਸੇ ਖਾ ਰਿਹਾ ਹਾਂ। ਤੁਸੀਂ ਆਪਣਾ ਇਲਜ਼ਾਮ ਸਿੱਧ ਕਰੋ । ਉਸ ਕਰਮਚਾਰੀ ਨੇ ਕਿਹਾ-ਸਰ, ਮੈਂ ਤਾਂ ਤੁਹਾਡੇ ਪੈਸੇ ਖਾਣ ਦੀ ਗੱਲ ਕਹੀ ਹੀ ਨਹੀ । ਉਸ ਅਧਿਕਾਰੀ ਨੇ ਉਹ ਕਰਮਚਾਰੀ ਖੜ੍ਹਾ ਕਰ ਦਿੱਤਾ, ਜਿਸ ਕੋਲ ਉਸ ਨੇ ਗੱਲ ਕਹੀ ਸੀ। ਉਸ ਕਰਮਚਾਰੀ ਨੇ ਕਹਿ ਦਿੱਤਾ ਕਿ ਉਸ ਨੇ ਪੈਸੇ ਖਾਣ ਦੀ ਗੱਲ ਕਹੀ ਹੈ।

ਅਧਿਕਾਰੀ ਨੇ ਅੱਗੋਂ ਕਿਹਾ-ਭਰਾਵੋ,ਜੇਕਰ ਤੁਹਾਨੂੰ ਕਿਸੇ ਨੂੰ ਵੀ ਪਤਾ ਹੈ ਕਿ ਮੈਂ ਪੈਸੇ ਖਾਧੇ ਹਨ ਤਾਂ ਮੈਂ ਸਜ਼ਾ ਭੁਗਤਣ ਲਈ ਤਿਆਰ ਹਾਂ, ਨਹੀਂ ਤਾਂ ਫੇਰ ਇਸ ਕਰਮਚਾਰੀ ਨੂੰ ਆਪਣੇ ਸ਼ਬਦ ਵਾਪਸ ਲੈਣੇ ਚਾਹੀਦੇ ਹਨ । ਕਰਮਚਾਰੀ ਨੂੰ ਆਪਣੀ ਗਲਤੀ ਲਈ ਮੁਆਫੀ ਮੰਗਣੀ ਪਈ । ਜੇਕਰ ਅਧਿਕਾਰੀ ਤਰਕ ਨਾਲ ਗੱਲ ਨਾ ਕਰਦਾ ਤਾਂ ਉਸ ਕਰਮਚਾਰੀ ਨੇ ਆਪਣੀ ਗਲਤੀ ਨਹੀਂ ਮੰਨਣੀ ਸੀ।ਤਕਰਾਰ ਕਰਨ ਵਾਲਿਆਂ ਨੂੰ ਸਿਰਫਿਰੇ, ਬੇਸੁਰੇ ਅਤੇ ਬੇਗੁਰੇ ਵੀ ਕਿਹਾ ਜਾਂਦਾ ਹੈ। ਅਦਾਲਤਾਂ ਵਿਚ ਤਕਰਾਰ ਦੇ ਆਧਾਰ ’ਤੇ ਨਹੀਂ, ਸਗੋਂ ਤਰਕ ਦੇ ਅਧਾਰ ਉੱਤੇ ਫੈਸਲੇ ਹੁੰਦੇ ਹਨ । ਤਰਕ ਮਨੁੱਖ ਦੀ ਸ਼ਖ਼ਸੀਅਤ ’ਚ ਨਿਖਾਰ ਲਿਆਉਂਦਾ ਹੈ, ਪਰ ਤਕਰਾਰ ਪ੍ਰਭਾਵਹੀਣ ਕਰ ਦਿੰਦਾ ਹੈ । ਵਕਤਾ ਦੇ ਭਾਸ਼ਣ ’ਚ ਜੇਕਰ ਤਰਕ ਨਾ ਹੋਵੇ ਤਾਂ ਲੋਕ ਉਸ ਨੂੰ ਦਿਲਚਸਪੀ ਨਾਲ ਨਹੀਂ, ਸਗੋਂ ਮਜਬੂਰੀਵਸ ਸੁਣਦੇ ਹਨ । ਜਿਹੜੇ ਪਤੀਪਤਨੀ ਇੱਕ-ਦੂਜੇ ਨਾਲ ਤਰਕ ਨਾਲ ਗੱਲ ਕਰਦੇ ਹਨ,ਉਨ੍ਹਾਂ ਵਿੱਚ ਤਕਰਾਰ ਹੋਣ ਦੀ ਨੌਬਤ ਬਹੁਤ ਘੱਟ ਆਉਂਦੀ ਹੈ।ਚੰਗੇ ਅਤੇ ਸਫ਼ਲ ਅਧਿਆਪਕ ਉਹ ਹੁੰਦੇ ਹਨ, ਜੋ ਆਪਣੇ ਵਿਦਿਆਰਥੀਆਂ ਨੂੰ ਤਰਕ ਨਾਲ ਸਮਝਾਉਂਦੇ ਹਨ ।

# ਸੰਪਰਕ : 98726-27136

# ਪਰਾਲੀ ਸਾੜਨੀ ਮਜਬੂਰੀ ਜਾਂ ਜ਼ਿਦ

**ਡਾ. ਸੁਖਰਾਜ ਸਿੰਘ ਬਾਜਵਾ**

ਹਰ ਸਾਲ ਝੋਨੇ ਦੀ ਵਾਢੀ ਦੇ ਸਮੇਂ ਇਕ ਮੁੱਦਾ ਜੋ ਸਭ ਤੋਂ ਜ਼ਿਆਦਾ ਚਰਚਾ ਵਿੱਚ ਰਹਿੰਦਾ ਹੈ, ਉਹ ਹੈ ਪਰਾਲੀ ਨੂੰ ਖੇਤਾਂ ਵਿੱਚ ਅੱਗ ਲਗਾਉਣ ਦਾ । ਕੋਈ ਸ਼ੱਕ ਨਹੀਂ ਕਿ ਇਹ ਰੁਝਾਨ ਘੱਟ ਹੋਣ ਦਾ ਨਾਂਅ ਨਹੀਂ ਲੈ ਰਿਹਾ, ਹਾਲਾਂਕਿ ਇਸ ਸੰਬੰਧੀ ਸਰਕਾਰ ਵੱਲੋਂ ਵੀ ਅਤੇ ਸਮਾਜਿਕ ਜਥੇਬੰਦੀਆਂ ਦੇ ਨਾਲ ਵਾਤਾਵਰਨ ਪ੍ਰੇਮੀਆਂ ਵੱਲੋਂ ਕਿਸਾਨ ਭਰਾਵਾਂ ਨੂੰ ਬਾਰ-ਬਾਰ ਬੇਨਤੀ ਵੀ ਕੀਤੀ ਜਾਂਦੀ ਹੈ ਤੇ ਇਸ ਦੇ ਖਤਰਨਾਕ ਰੁਝਾਨਾਂ ਬਾਰੇ ਸੁਚੇਤ ਵੀ ਕੀਤਾ ਜਾਂਦਾ ਹੈ । ਸਰਕਾਰ ਹਰ ਸਾਲ ਕੁਝ ਹੱਦ ਤੱਕ ਸਖ਼ਤੀ ਵੀ ਵਿਖਾਉਂਦੀ ਹੈ ਤੇ ਪ੍ਰਦੂਸ਼ਣ ਵਿਭਾਗ ਵੱਲੋਂ ਕਈ ਕਿਸਾਨ ਭਰਾਵਾਂ ਦੇ ਚਲਾਨ ਵੀ ਕੀਤੇ ਜਾਂਦੇ ਹਨ, ਪਰ ਪਰਨਾਲਾ ਉਥੇ ਦਾ ਉਥੇ ਹੀ ਹੈ ।

ਕੀ ਕਾਰਨ ਹਨ ਕਿ ਪਰਾਲੀ ਪ੍ਰਬੰਧਨ ਦੀ ਸਮੱਸਿਆ ਅੱਜ ਤਕ ਹੱਲ ਨਹੀਂ ਹੋ ਸਕੀ । ਪਰਾਲੀ ਨੂੰ ਅੱਗ ਲਗਾ ਕੇ ਨਸ਼ਟ ਕਰਨਾ ਕੀ ਕਿਸਾਨ ਦੀ ਮਜਬੂਰੀ ਹੈ ਜਾਂ ? ਮਜਬੂਰੀ ਤਾਂ ਹਰਗਿਜ਼ ਨਹੀਂ ਕਹੀ ਜਾ ਸਕਦੀ, ਕਿਉਂਕੀ ਇਹ ਕੋਈ ਬਹੁਤ ਵੱਡੀ ਸਮੱਸਿਆ ਨਹੀਂ ਤੇ ਨਾ ਹੀ ਪਰਾਲੀ ਸਾੜਨ ਨਾਲ ਕਿਸਾਨ ਨੂੰ ਕੋਈ ਫਾਇਦਾ ਹੁੰਦਾ ਹੈ। ਖੇਤਾਂ ਵਿਚੋਂ ਪਰਾਲੀ ਨੂੰ ਚੁੱਕਣਾ ਕੋਈ ਵੱਡੀ ਗੱਲ ਨਹੀਂ, ਬਸ ਸਿਰਫ ਸਮਾਂ ਮੰਗਦੀ ਹੈ, ਉਹ ਵੀ ਸਿਰਫ 2 ਜਾਂ ਚਾਰ ਦਿਨ ਦਾ । ਦੋਆਬੇ ਦੇ ਬਹੁਤੇ ਪਿੰਡਾਂ ਵਿਚ ਗੁੱਜਰ ਬਰਾਦਰੀ ਆਪ ਹੀ ਪਰਾਲੀ ਵੱਢ ਕੇ ਲੈ ਜਾਂਦੀ ਹੈ ਤੇ ਖੇਤ ਵੀ ਖਾਲੀ ਹੋ ਜਾਂਦਾ ਹੈ। ਮਾਲਵੇ ਤੇ ਮਾਝੇ ਵਿਚ ਗੁੱਜਰ ਘੱਟ ਹਨ, ਪਰ ਇਹ ਪਰਾਲੀ ਸਾੜਨ ਦਾ ਕਾਰਨ ਨਹੀਂ । ਸਿਰਫ ਲੇਬਰ ਬਚਾਉਣੀ ਹੀ ਇਕਮਾਤਰ ਕਾਰਨ ਹੈ ਕਿ ਕਿਸਾਨ ਭਰਾ ਪਰਾਲੀ ਸਾੜਨ ਨੂੰ ਮਜਬੂਰੀ ਦਾ ਨਾਂਅ ਦੇ ਕੇ ਜਿੱਦ ਕਰਦੇ ਹਨ । ਕਿਸਾਨ ਭਰਾ ਖੇਤ ਇਕ ਦਿਨ ਲਈ ਵੀ ਖਾਲੀ ਰੱਖਣਾ ਨਹੀਂ ਚਾਹੁੰਦੇ , ਇਧਰ ਇਕ ਫ਼ਸਲ ਵੱਢੀ ਤੇ ਦੂਸਰੀ ਬੀਜਣ ਲਈ ਨਾਲ ਹੀ ਤਿਆਰ ।ਜ਼ਮੀਨ ਨੂੰ ਵੀ ਆਪਣੇ ਆਪ ਨੂੰ ਤਿਆਰ ਕਰਨ ਲਈ ਸਮਾਂ ਚਾਹੀਦਾ ਹੈ, ਜੋ ਕਿ ਸਾਡੇ ਕਿਸਾਨ ਵੀਰ ਦੇਣ ਨੂੰ ਤਿਆਰ ਨਹੀਂ ।

ਪਰਾਲੀ ਸਾੜਨ ਨਾਲ ਜਿੱਥੇ ਮਿੱਟੀ ਵਿੱਚੋ ਨਮੀਂ ਖਤਮ ਹੁੰਦੀ ਹੈ, ਉਥੇ ਫ਼ਸਲ ਲਈ ਮਿੱਤਰ ਕੀੜੇ ਅਤੇ ਸੂਖਮ ਜੀਵ ਵੀ ਖਤਮ ਹੋ ਜਾਂਦੇ ਹਨ । ਇਕ ਹੋਰ ਸਮੱਸਿਆ ਜੋ ਪਰਾਲੀ ਸਾੜਨ ਨਾਲ ਪੈਦਾ ਹੁੰਦੀ ਹੈ ਕਿ ਅੱਗ ਦੀ ਗਰਮੀ ਕਾਰਨ ਖੁੱਡਾਂ ਵਿੱਚੋਂ ਚੂਹੇ ਅਤੇ ਸੱਪ ਬਾਹਰ ਨਿਕਲ ਕੇ ਲੋਕਾਂ ਦੇ ਘਰਾਂ ਵਿੱਚ ਦਾਖਲ ਹੁੰਦੇ ਹਨ ਅਤੇ ਨੁਕਸਾਨ ਪਹੁੰਚਾਉਂਦੇ ਹਨ। ਪਰਾਲੀ ਸਾੜਨ ਨਾਲ ਜ਼ਮੀਨ ਬੰਜਰ ਹੋਣ ਕਿਨਾਰੇ ਪਹੁੰਚ ਜਾਂਦੀ ਹੈ ਤੇ ਅਗਲੀ ਫ਼ਸਲ ਦਾ ਝਾੜ ਵੀ ਘਟਦਾ ਹੈ। ਝਾੜ ਪੂਰਾ ਲੈਣ ਲਈ ਵੱਧ ਖਾਦ ਅਤੇ ਵੱਧ ਪਾਣੀ ਦੀ ਲੋੜ ਪੈਂਦੀ ਹੈ, ਜਿਸ ਨਾਲ ਫ਼ਸਲੀ ਲਾਗਤ ਵਧ ਜਾਂਦੀ ਹੈ। ਹਵਾ ਪ੍ਰਦੂਸ਼ਣ ਵਧਣ ਕਾਰਨ ਸਾਹ ਨਾਲ ਸੰਬੰਧਤ ਬਿਮਾਰੀਆਂ ਦਾ ਖਤਰਾ ਵਧ ਜਾਂਦਾ ਹੈ ਤੇ ਇਲਾਜ ਲਈ ਖਰਚੇ ਵੀ ਵਧ ਜਾਂਦੇ ਹਨ, ਜਿਸ ਨਾਲ ਫ਼ਸਲ ਤੋਂ ਜੋ ਬੱਚਤ ਹੁੰਦੀ ਹੈ, ਉਹ ਖਤਮ ਹੋ ਜਾਂਦੀ ਹੈ ਤੇ ਖੇਤੀ ਨੂੰ ਫੇਰ ਅਸੀਂ ਘਾਟੇ ਦਾ ਸੌਦਾ ਕਹਿਣ ਲੱਗ ਜਾਂਦੇ ਹਾਂ।

ਸਮੱਸਿਆ ਦਾ ਹੱਲ : ਜਿਹੜੇ ਪਿੰਡਾਂ ਦੇ ਨੇੜੇ ਗੁੱਜਰ ਬਰਾਦਰੀ ਬੈਠੀ ਹੈ, ਓਹ ਪਰਾਲੀ ਆਪ ਹੀ ਲੈ ਜਾਂਦੇ ਹਨ, ਇਸ ਲਈ ਇਸ ਗੱਲ ਨੂੰ ਵਧਾਵਾ ਦਿੱਤਾ ਜਾਵੇ । ਕਿਸਾਨ ਵੀਰਾਂ ਵੱਲੋਂ ਲੇਬਰ ਲਗਾ ਕੇ ਜਾਂ ਮਸ਼ੀਨਾਂ ਨਾਲ ਪਰਾਲੀ ਕੱਟ ਕਿ ਕਿਸੇ ਸਾਂਝੀ ਥਾਂ ’ਤੇ ਇਕੱਠੀ ਕੀਤੀ ਜਾ ਸਕਦੀ ਹੈ ਅਤੇ ਇਸ ਕੰਮ ਲਈ ਪੰਚਾਇਤ ਦੀ ਜਗ੍ਹਾ ਵਰਤੋਂ ਵਿਚ ਲਿਆਂਦੀ ਜਾ ਸਕਦੀ ਹੈ। ਪੰਚਾਇਤ ਆਪਣੇ ਤੌਰ ’ਤੇ ਅਜਿਹੇ ਉਪਰਾਲਿਆਂ ਨੂੰ ਉਤਸ਼ਾਹਤ ਕਰਨ ਦਾ ਯਤਨ ਕਰੇ ਤਾਂ ਬਹੁਤ ਵਧੀਆ ਗੱਲ ਹੋਵੇਗੀ । ਪਿੰਡਾਂ ਵਿਚ ਬਣੀਆ ਸਹਿਕਾਰੀ ਸਭਾਵਾਂ ਦਾ ਇਸ ਵਿਚ ਬਹੁਤ ਵੱਡਾ ਯੋਗਦਾਨ ਹੋ ਸਕਦਾ ਹੈ । ਮਸ਼ੀਨਰੀ ਦੀ ਖਰੀਦ ਤੋਂ ਲੈ ਕੇ ਕਿਸਾਨ ਭਰਾਵਾਂ ਤੱਕ ਇਸ ਦੀ ਪਹੁੰਚ ਇਹ ਸਭਾਵਾਂ ਕਰ ਸਕਦੀਆਂ ਹਨ । ਪਿੰਡਾਂ ਵਿਚ ਨੌਜਵਾਨ ਸਭਾਵਾਂ ਵੀ ਇਸ ਵਿਚ ਸ਼ਾਮਲ ਹੋ ਕੇ ਜ਼ਮੀਨ ਅਤੇ ਵਾਤਾਵਰਨ ਨੂੰ ਬਚਾਉਣ ਲਈ ਆਪਣਾ ਖਾਸ ਯੋਗਦਾਨ ਪਾਉਣ।



ਸਰਕਾਰੀ ਤੰਤਰ ਨੂੰ ਵੀ ਇਸ਼ਤਿਹਾਰਬਾਜ਼ੀ ਛੱਡ ਕੇ ਜ਼ਮੀਨੀ ਪੱਧਰ ’ਤੇ ਕੰਮ ਕਰਨਾ ਪਵੇਗਾ । ਸਖ਼ਤੀ ਕਰਨ ਨਾਲ ਮਸਲੇ ਹੱਲ ਨਹੀਂ ਹੁੰਦੇ, ਇਸ ਦੇ ਲਈ ਠੋਸ ਉਪਰਾਲੇ ਕਰਨ ਦੀ ਲੋੜ ਹੈ, ਜਿਸ ਵਿਚ ਜਾਗਰੂਕਤਾ ਤੋਂ ਲੈ ਕੇ ਬਦਲਵੇਂ ਪ੍ਰਬੰਧ ਕਰਨ, ਲੋੜ ਅਨੁਸਾਰ ਮਸ਼ੀਨਰੀ ਮੁੱਹਈਆ ਕਰਵਾਉਣ, ਜ਼ਮੀਨ ਮੁੱਹਈਆ ਕਰਵਾਉਣ ਤੋਂ ਲੈ ਕੇ ਪਰਾਲੀ ਦੀ ਯੋਗ ਵਰਤੋਂ ਜਿਸ ਨਾਲ ਪਰਾਲੀ ਪ੍ਰਬੰਧਨ ਕਿਸਾਨ ਭਰਾਵਾਂ ਲਈ ਕਮਾਈ ਦਾ ਸਾਧਨ ਵੀ ਬਣ ਜਾਵੇ ਤਾਂ ਅਸੀਂ ਪਰਾਲੀ ਸਾੜਨ ਵਰਗੀਆਂ ਗੱਲਾਂ ਨੂੰ ਪੂਰੀ ਤਰ੍ਹਾਂ ਖਤਮ ਕਰਨ ਯੋਗ ਹੋ ਜਾਵਾਂਗੇ ਤੇ ਜ਼ਮੀਨ ਤੇ ਵਾਤਾਵਰਨ ਦੋਨੋਂ ਬਚਾ ਸਕਾਂਗੇ।

ਕਿਸਾਨ ਭਰਾਵੋ, ਆਪਣੇ ਅਤੇ ਆਪਣੇ ਬੱਚਿਆਂ ਦੇ ਭਵਿੱਖ ਲਈ, ਜ਼ਮੀਨ ਦੀ ਉਪਜਾਊ ਸ਼ਕਤੀ ਬਚਾਉਣ ਲਈ ਤੇ ਵਾਤਾਵਰਨ ਬਚਾਉਣ ਲਈ ਜ਼ਰੂਰੀ ਹੈ ਕਿ ਪਰਾਲੀ ਸਾੜਨ ਵਰਗੀਆਂ ਗੱਲਾਂ ਤੋਂ ਪੂਰੀ ਤਰ੍ਹਾਂ ਗ਼ੁਰੇਜ਼ ਕੀਤਾ ਜਾਵੇ । ਜੇਕਰ ਸਰਕਾਰਾਂ ਇਸ ਵੱਲ ਧਿਆਨ ਨਹੀਂ ਦੇ ਰਹੀਆਂ ਤਾਂ ਤੁਹਾਨੂੰ ਆਪ ਇਸ ਲਈ ਹੱਲ ਲੱਭਣੇ ਪੈਣੇ ਹਨ । ਪਰਾਲੀ ਸਾੜਨ ਨੂੰ ਮਜਬੂਰੀ ਦਾ ਨਾਂਅ ਦੇ ਕੇ ਆਪਣੀ ਜ਼ਿਦ ਪੁਗਾਉਣ ਤੋਂ ਗ਼ੁਰੇਜ਼ ਕਰਨਾ ਪੈਣਾ ਹੈ।

# ਸੰਪਰਕ : 78886-84597

12-OCT-PAGE-5.qxd 10/11/2024 10:12 PM Page 1



# ਠੇਕਾ ਮੁਲਾਜ਼ਮਾਂ ਪੰਜਾਬ ਸਰਕਾਰ ਦੀ ਅਰਥੀ ਫੂਕ ਕੇ ਕੀਤਾ ਰੋਸ ਪ੍ਰਦਰਸ਼ਨ

## 25 ਨੂੰ ਸੂਬਾ ਪੱਧਰੀ ਸੰਗਰੂਰ ਧਰਨੇ 'ਚ ਪਰਵਾਰਾਂ ਸਮੇਤ ਸ਼ਾਮਲ ਹੋਣ ਦਾ ਐਲਾਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੀ ਸੂਬਾ ਕਮੇਟੀ ਦੇ ਫੈਸਲੇ ਤਹਿਤ ਸ੍ਰੀ ਮੁਕਤਸਰ ਸਾਹਿਬ ਵਿਖੇ ਜ਼ਿਲ੍ਹਾ ਕਮੇਟੀ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਸ੍ਰੀ ਮੁਕਤਸਰ ਸਾਹਿਬ ਵੱਲੋਂ ਪੰਜਾਬ ਸਰਕਾਰ ਦੀ ਅਰਥੀ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ।

ਇਸ ਸੰਬੰਧੀ ਇਥੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਜਥੇਬੰਦੀ ਦੇ ਸੂਬਾ ਪ੍ਰਚਾਰ ਸਕੱਤਰ ਤੇ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਭੱਟੀ, ਜ਼ਿਲ੍ਹਾ ਜਨਰਲ ਸਕੱਤਰ ਸੁਰਜੀਤ ਸਿੰਘ ਤੱਖੀ, ਜ਼ਿਲ੍ਹਾ ਪ੍ਰੈੱਸ ਸਕੱਤਰ ਬਿਕਰਮਜੀਤ ਸਿੰਘ ਕਪੂਰ ਨੇ ਕਿਹਾ ਕਿ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਪੰਜਾਬ 'ਚ ਸਾਲਾਂਬੱਧੀ ਸਮੇਂ ਤੋਂ ਇੱਕ ਵਰਕਰ ਦੇ ਰੂਪ ਵਿੱਚ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਤੇ ਆਊਟਸੋਰਸ ਠੇਕਾ ਅਧਾਰਤ ਮੁਲਾਜ਼ਮਾਂ ਨੂੰ ਉਨ੍ਹਾਂ ਦੇ ਤਜਰਬੇ ਦੇ ਅਧਾਰ 'ਤੇ ਸਬੰਧਤ ਵਿਭਾਗ ਵਿੱਚ ਮਰਜ਼ ਕਰਕੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਨ ਵਾਲੀ ਪ੍ਰਪੋਜ਼ਲ ਨੂੰ ਲਾਗੂ ਕਰਨਾ ਤੇ ਜਦੋਂ ਤੱਕ ਇਹ ਮੰਗ ਪੂਰੀ ਨਹੀਂ ਕੀਤੀ ਜਾਂਦੀ, ਉਸ ਸਮੇਂ ਤੱਕ ਵਧਦੀ ਮਹਿੰਗਾਈ ਨੂੰ ਮੁੱਖ ਰੱਖ ਕੇ ਕਿਰਤ ਕਾਨੂੰਨ ਮੁਤਾਬਕ ਵਧੀਆਂ ਉਜਰਤਾਂ ਵਿੱਚ ਵਾਧਾ ਕਰਨਾ, ਈ.ਪੀ.ਐੱਫ., ਈ.ਐੱਸ.ਆਈ. ਤੇ 8.33 ਪ੍ਰਤੀਸ਼ਤ ਬੋਨਸ ਲਾਗੂ ਕਰਨਾ, ਜਲ ਸਪਲਾਈ ਸਕੀਮਾਂ 'ਤੇ ਸਕਾਡਾ ਸਿਸਟਮ ਲਗਾ ਕੇ ਨਿੱਜੀਕਰਨ/ਪੰਚਾਇਤੀਕਰਨ ਕਰਨ ਦੀਆਂ ਲੋਕ ਨੀਤੀਆਂ ਨੂੰ ਰੱਦ ਕਰਨਾ ਸਮੇਤ ਮੰਗ-ਪੱਤਰ ਵਿੱਚ ਦਰਜ ਤਮਾਮ ਮੰਗਾਂ ਦਾ ਹੱਲ ਕੀਤਾ ਜਾਵੇ।ਜੇਕਰ 22 ਅਕਤੂਬਰ 2024 ਨੂੰ ਕੈਬਨਿਟ ਸਬ ਕਮੇਟੀ ਦੇ ਮੰਤਰੀਆਂ ਤੇ ਵਿਭਾਗੀ ਅਧਿਕਾਰੀਆਂ ਨਾਲ ਹੋਣ ਵਾਲੀ ਪੈਨਲ ਮੀਟਿੰਗ ਵਿੱਚ ਯੂਨੀਅਨ ਦੀਆਂ ਮੰਗਾਂ ਦਾ ਹੱਲ ਨਹੀਂ ਕੀਤਾ ਜਾਂਦਾ ਜਾਂ ਇਸ 'ਪੈਨਲ-ਮੀਟਿੰਗ' ਨੂੰ ਰੱਦ ਕੀਤਾ ਜਾਂਦਾ ਹੈ ਤਾਂ ਯੂਨੀਅਨ ਵੱਲੋਂ ਮਜਬੂਰ ਹੋ ਕੇ ਪੰਜਾਬ ਸਰਕਾਰ ਤੇ ਵਿਭਾਗੀ ਮੈਨੇਜਮੈਂਟ ਦੇ ਵਿਰੁੱਧ 25 ਅਕਤੂਬਰ ਨੂੰ ਸੰਗਰੂਰ ਵਿਖੇ ਜਲ ਸਪਲਾਈ ਵਰਕਰਾਂ ਵੱਲੋਂ ਆਪਣੇ ਪਰਵਾਰਾਂ ਤੇ ਬੱਚਿਆਂ ਸਮੇਤ ਪੁਰ ਅਮਨ ਢੰਗ ਨਾਲ ਸੂਬਾ ਪੱਧਰੀ ਧਰਨਾ ਦਿੱਤਾ ਜਾਵੇਗਾ, ਜਿਸ ਦੀਆਂ ਤਿਆਰੀਆਂ ਪੂਰੇ ਜ਼ੋਰ ਸ਼ੋਰ ਨਾਲ ਚੱਲ ਰਹੀਆਂ ਹਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕੇਸਰ ਸਿੰਘ, ਵੀਰ ਸਿੰਘ, ਬਲਵਿੰਦਰ ਕੌਰ, ਹਰਪ੍ਰੀਤ ਕੌਰ, ਸੁਖਵਿੰਦਰ ਕੌਰ, ਗੁਰਦੀਪ ਕੌਰ, ਅਜੇ ਕੁਮਾਰ, ਹਰਜੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਾਥੀ ਹਾਜ਼ਰ ਹੋਏ।

# ਨਕਲੀ ਪਨੀਰ, ਦੁੱਧ ਤੇ ਦੇਸੀ ਘਿਓ ਦੀ ਫੜੋ-ਫੜੀ ਜਾਰੀ

**ਰਾਜਪੁਰਾ (ਰਮੇਸ਼ ਕਟਾਰੀਆ)**-ਨਕਲੀ ਪਨੀਰ, ਨਕਲੀ ਦੁੱਧ, ਨਕਲੀ ਦੇਸੀ ਘਿਓ ਜਿਹੇ ਖਾਣ-ਪੀਣ ਦੀਆਂ ਚੀਜ਼ਾਂ ਪੁਲਸ ਤੇ ਸਿਹਤ ਵਿਭਾਗ ਵੱਲੋਂ ਫੜੀਆਂ ਜਾ ਰਹੀਆਂ ਹਨ, ਕਿਉਂਕਿ ਰਾਜਪੁਰਾ ਦੇ ਹੀ ਰਹਿਣ ਵਾਲੇ ਕੁਝ ਲੋਕ ਦਿੱਲੀ ਤੋਂ ਪਸ਼ੂਆਂ ਦੀ ਫੀਡ ਦੇ ਨਾਂਅ 'ਤੇ ਟਰੱਕਾਂ ਦੇ ਟਰੱਕ ਭਰ ਕੇ ਕਰਿਆਨੇ ਦਾ ਤੇ ਹੋਰ ਸਮਾਨ ਜਿਨ੍ਹਾਂ ਵਿਚ ਨਕਲੀ ਦੁੱਧ ਦਾ ਪਾਊਡਰ, ਦਾਲਾਂ, ਆਟਾ, ਮੈਦਾ ਤੇ ਹੋਰ ਕਈ ਚੀਜ਼ਾਂ ਸ਼ਾਮਲ ਹਨ, ਲੈ ਕੇ ਰਾਜਪੁਰਾ ਵਿੱਚ ਆਉਂਦੇ ਹਨ ਅਤੇ ਇਨ੍ਹਾਂ ਨੇ ਰਾਜਪੁਰਾ ਵਿੱਚ ਹੀ ਵੱਡੇ-ਵੱਡੇ ਸਟੋਰ ਬਣਾ ਰੱਖੇ ਹਨ। ਇੱਥੇ ਉਹ ਐਕਸਪਾਇਰੀ ਜਾਂ ਨਕਲੀ ਸਮਾਨ ਨੂੰ ਪੈਕਟਾਂ ਵਿੱਚ ਭਰ ਕੇ ਰਾਜਪੁਰਾ ਦੇ ਵੱਖ-ਵੱਖ ਕਰਿਆਨਾ ਸਟੋਰਾਂ ਅਤੇ ਮਿਠਾਈ ਦੀਆਂ ਦੁਕਾਨਾਂ ਅਤੇ ਹੋਰਨਾਂ ਦੁਕਾਨਦਾਰਾਂ ਨੂੰ ਸਪਲਾਈ ਕਰ ਰਹੇ ਹਨ ਤੇ ਬਾਅਦ ਵਿੱਚ ਉਕਤ ਦੁਕਾਨਾਂ ਤੋਂ ਆਮ ਲੋਕ ਇਹ ਖਰਾਬ ਤੇ ਐਕਸਪਾਇਰੀ ਸਮਾਨ ਖਰੀਦ ਕੇ ਆਪਣੇ ਬੱਚਿਆਂ ਨੂੰ ਤੇ ਆਪ ਇਹ ਸਮਾਨ ਖਾਂਦੇ ਹਨ।

ਇਸ ਨਕਲੀ ਜਾਂ ਐਕਸਪਾਇਰੀ ਸਮਾਨ ਤੋਂ ਕਈ ਤਰ੍ਹਾਂ ਦੀਆਂ ਬਿਮਾਰੀਆਂ ਹੋਣ ਦਾ ਡਰ ਬਣਿਆ ਰਹਿੰਦਾ ਹੈ, ਪਰ ਪੁਲਸ ਸਿਵਲ ਪ੍ਰਸ਼ਾਸਨ ਤੇ ਸਿਹਤ ਵਿਭਾਗ ਇਸ ਤੋਂ ਬਿਲਕੁਲ ਬੇ ਖਬਰ ਹਨ, ਐਵੇਂ ਹੀ ਟਾਊਨ ਦੇ ਦੁਰਗਾ ਮੰਦਰ ਰੋਡ ਤੇ ਕਰਿਆਨਾ ਦੀ ਮਸ਼ਹੂਰ ਦੁਕਾਨ ਤੇ ਸ਼ਿਕਾਇਤ ਦੇ ਅਧਾਰ 'ਤੇ ਫੂਡ ਸੇਫਟੀ ਵਿਭਾਗ ਦੀ ਟੀਮ ਨੇ ਛਾਪਾ ਮਾਰ ਕੇ ਵੇਰਕਾ ਦਾ ਨਕਲੀ ਦੇਸੀ ਘਿਓ ਤੇ ਸਰ੍ਹੋਂ ਦੇ ਤੇਲ ਦੇ ਸੈਂਪਲ ਭਰ ਕੇ ਲੈ ਗਏ ਹਨ, ਇੱਥੇ ਸਾਮ ਵੇਲੇ ਅਲੱਗ ਅਲੱਗ ਥਾਂਵਾਂ 'ਤੇ ਸੋਹਣੀਆਂ ਰੇਹੜੀਆਂ ਤੇ ਮਿਲਾਵਟੀ ਜਾ ਨਕਲੀ ਦੁੱਧ ਦੀ ਆਈਸਕ੍ਰੀਮ ਜਾ ਬਾਦਾਮ ਦੁੱਧ ਸ਼ਰੇਆਮ ਵੇਚਿਆ ਜਾ ਰਿਹਾ ਹੈ, ਜੋ ਲੋਕਾਂ ਦੀ ਜ਼ਿੰਦਗੀ ਨਾਲ ਖਿਲਵਾੜ ਹੈ।

# ਸੰਗਰੂਰ ਖੇਤਰੀ ਯੁਵਕ ਮੇਲੇ ਦਾ ਸ਼ਾਨੋ-ਸ਼ੌਕਤ ਨਾਲ ਆਗਾਜ਼



**ਲੌਂਗੋਵਾਲ/ਸੰਗਰੂਰ (ਪ੍ਰਦੀਪ ਸਿੰਘ ਸੱਪਲ)**

ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਖੇਤਰੀ ਯੁਵਕ ਮੇਲੇ (ਸੰਗਰੂਰ ਜ਼ੋਨ) ਦਾ ਆਗਾਜ਼ ਅਕਾਲ ਡਿਗਰੀ ਕਾਲਜ ਮਸਤੂਆਣਾ ਸਾਹਿਬ ਵਿਖੇ ਸ਼ਾਨੋ-ਸ਼ੌਕਤ ਨਾਲ ਹੋ ਗਿਆ ਹੈ। ਅਕਾਲ ਕਾਲਜ ਕੌਂਸਲ ਦੇ ਸਕੱਤਰ ਜਸਵੰਤ ਸਿੰਘ ਖਹਿਰਾ ਦੀ ਅਗਵਾਈ ਵਿਚ ਕਰਾਏ ਜਾ ਰਹੇ ਮੇਲੇ ਦੇ ਪਹਿਲੇ ਦਿਨ ਸਟੇਜ ਨੰ 1 ਤੋਂ ਸਮਾ ਰੌਸ਼ਨ ਕਰਕੇ ਮੇਲੇ ਦਾ ਆਗਾਜ ਕੀਤਾ ਗਿਆ। ਉਪਰੰਤ ਕਾਲਜ ਪ੍ਰਿੰਸੀਪਲ ਡਾ. ਅਮਨਦੀਪ ਕੌਰ ਵੱਲੋਂ ਵੱਖ-ਵੱਖ ਕਾਲਜਾਂ ਤੋਂ ਆਏ ਵਿਦਿਆਰਥੀਆਂ, ਇੰਚਾਰਜ ਸਹਿਬਾਨ, ਯੂਨੀਅਨ ਅਧਿਕਾਰੀਆਂ ਤੇ ਮਹਿਮਾਨਾਂ ਨੂੰ ਜੀ ਆਇਆਂ ਕਿਹਾ। ਆਪਣੇ ਉਦਘਾਟਨੀ ਭਾਸ਼ਨ ਵਿਚ ਡਾਇਰੈਕਟਰ ਯੁਵਕ ਭਲਾਈ ਵਿਭਾਗ ਡਾ. ਵਰਿੰਦਰ ਕੁਮਾਰ ਕੌਸ਼ਿਕ ਵੱਲੋਂ ਜਿੱਥੇ ਕਾਲਜ ਦੀ ਮੈਨੇਜਮੈਂਟ ਨੂੰ ਵਧਾਈ ਦਿੱਤੀ ਉਥੇ ਹੀ ਮੇਲੇ ਨੂੰ ਪੂਰੀ ਨਿਰਪੱਖਤਾ ਨਾਲ ਕਰਾਉਣ ਲਈ ਆਪਣੀ ਵਚਨਬੱਧਤਾ ਦੁਹਰਾਈ। ਇਸ ਮੇਲੇ ਵਿਚ ਸ੍ਰ. ਪਰਮਜੀਤ ਸਿੰਘ ਪੰਮੀ ਬਾਈ, ਹੌਬੀ ਧਾਲੀਵਾਲ, ਜੱਸੀ ਲੌਂਗੋਵਾਲੀਆ, ਲੱਕੀ ਧਾਲੀਵਾਲ, ਪਾਲੀ ਧਨੌਲਾ, ਗੋਸ਼ਾ ਪਟਿਆਲਾ ਵਿਸੇਸ਼ ਤੌਰ 'ਤੇ ਪਹੁੰਚੇ।

ਭੰਗੜੇ ਵਿਚ ਅਕਾਲ ਡਿਗਰੀ ਕਾਲਜ ਮਸਤੂਆਣਾ ਸਾਹਿਬ ਪਹਿਲੇ ਨਾਲ ਅਤੇ ਸਰਕਾਰੀ ਰਿਪੁਦਮਨ ਕਾਲਜ ਨਾਭਾ ਦੂਜੇ ਤੇ ਸਰਕਾਰੀ ਰਣਵੀਰ ਕਾਲਜ ਸੰਗਰੂਰ ਤੀਜੇ ਸਥਾਨ 'ਤੇ ਰਹੇ। ਗਰੁੱਪ ਸ਼ਬਦ ਗਾਇਨ ਵਿਚ ਅਕਾਲ ਡਿਗਰੀ ਕਾਲਜ ਮਸਤੂਆਣਾ ਸਾਹਿਬ ਪਹਿਲੇ, ਦੂਜੇ ਸਥਾਨ ਤੇ ਸਰਕਾਰੀ ਰਿਪੁਦਮਨ ਕਾਲਜ ਨਾਭਾ ਅਤੇ ਸ਼ਹੀਦ ਊਧਮ ਸਿੰਘ ਸਰਕਾਰੀ ਕਾਲਜ ਸੁਨਾਮ ਤੀਜੇ ਸਥਾਨ 'ਤੇ ਰਹੇ, ਇਸ ਤਰ੍ਹਾਂ ਹੀ ਕਲਾਸੀਕਲ ਵੋਕਲ ਮੁਕਾਬਲਿਆਂ ਵਿਚ ਅਕਾਲ ਡਿਗਰੀ ਕਾਲਜ ਮਸਤੂਆਣਾ ਸਾਹਿਬ ਨੇ ਪਹਿਲਾ ਸਥਾਨ, ਸਰਕਾਰੀ ਰਿਪੁਦਮਨ ਕਾਲਜ ਨਾਭਾ ਦੂਜਾ ਅਤੇ ਸਰਕਾਰੀ ਰਣਵੀਰ ਕਾਲਜ ਸੰਗਰੂਰ ਨੇ ਤੀਜਾ ਸਥਾਨ ਹਾਸਲ ਕੀਤਾ। ਗੀਤ/ਗ਼ਜ਼ਲ ਮੁਕਾਬਲਿਆਂ ਵਿਚ ਅਕਾਲ ਡਿਗਰੀ ਕਾਲਜ ਮਸਤੂਆਣਾ ਪਹਿਲਾ, ਤਾਰਾ ਵਿਵੇਕ ਕਾਲਜ ਗੱਜਣਮਾਜਰਾ ਨੇ ਦੂਜਾ ਅਤੇ ਸ਼ਹੀਦ ਊਧਮ ਸਿੰਘ ਸਰਕਾਰੀ ਕਾਲਜ ਸੁਨਾਮ ਨੇ ਤੀਜਾ ਸਥਾਨ ਹਾਸਲ ਕੀਤਾ। ਸਮੂਹ ਗੀਤ ਗਾਇਨ ਮੁਕਾਬਲਿਆਂ ਵਿਚ ਅਕਾਲ ਡਿਗਰੀ ਕਾਲਜ ਮਸਤੂਆਣਾ ਸਾਹਿਬ ਨੇ ਪਹਿਲਾ, ਸਰਕਾਰੀ ਰਿਪੁਦਮਨ ਕਾਲਜ ਨਾਭਾ ਨੇ ਦੂਜਾ ਅਤੇ ਤਾਰਾ ਵਿਵੇਕ ਕਾਲਜ ਗੱਜਣਮਾਜਰਾ ਨੇ ਤੀਜਾ ਸਥਾਨ ਹਾਸਲ ਕੀਤਾ। ਗਰੁੱਪ ਸੌਂਗ ਵਿਚ ਪਹਿਲਾ ਅਕਾਲ ਡਿਗਰੀ ਕਾਲਜ ਮਸਤੂਆਣਾ ਸਾਹਿਬ, ਦੂਜਾ ਸਥਾਨ ਸਰਕਾਰੀ ਰਿਪੁਦਮਨ ਕਾਲਜ ਨਾਭਾ ਅਤੇ ਤਾਰਾ ਵਿਵੇਕ ਕਾਲਜ ਗੱਜਣਮਾਜਰਾ ਤੀਜੇ ਸਥਾਨ ਤੇ ਰਹੇ। ਕੁਇਜ਼ ਮੁਕਾਬਲਿਆਂ ਵਿੱਚ ਸਰਕਾਰੀ ਰਿਪੁਦਮਨ ਕਾਲਜ ਨਾਭਾ ਨੇ ਪਹਿਲਾ, ਤਾਰਾ ਵਿਵੇਕ ਕਾਲਜ ਮਲੇਰਕੋਟਲਾ ਨੇ ਦੂਜਾ ਤੇ ਸਰਕਾਰੀ ਰਣਬੀਰ ਕਾਲਜ ਸੰਗਰੂਰ ਨੇ ਤੀਜਾ ਸਥਾਨ ਹਾਲ ਕੀਤਾ। ਰੰਗੋਲੀ ਮੁਕਾਬਲਿਆਂ ਵਿੱਚ ਅਕਾਲ ਡਿਗਰੀ ਕਾਲਜ ਮਸਤੂਆਣਾ ਸਾਹਿਬ ਨੇ ਪਹਿਲਾ, ਸਰਕਾਰੀ ਰਣਵੀਰ ਕਾਲਜ ਸੰਗਰੂਰ ਨੇ ਦੂਜਾ ਅਤੇ ਸ਼ਹੀਦ ਊਧਮ ਸਿੰਘ ਸਰਕਾਰੀ ਕਾਲਜ ਸੁਨਾਮ ਨੇ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰਾਂ ਹੀ ਫੋਟੋਗ੍ਰਾਫੀ ਵਿਚ ਅਕਾਲ ਡਿਗਰੀ ਕਾਲਜ ਮਸਤੂਆਣਾ ਸਾਹਿਬ ਨੇ ਪਹਿਲਾ, ਤਾਰਾ ਵਿਵੇਕ ਕਾਲਜ ਮਲੇਰਕੋਟਲਾ ਨੇ ਦੂਜਾ ਤੇ ਸ਼ਹੀਦ ਸਿੰਘ ਕਾਲਜ ਆਫ ਐਜੂਕੇਸ਼ਨ ਸੰਗਰੂਰ ਨੇ ਤੀਜਾ ਸਥਾਨ ਹਾਸਲ ਕੀਤਾ। ਮਹਿੰਦੀ ਮੁਕਾਬਲਿਆਂ ਵਿਚ ਸਰਕਾਰੀ ਕਾਲਜ ਮਲੇਰਕੋਟਲਾ ਨੇ ਪਹਿਲਾ, ਸਰਕਾਰੀ ਰਿਪੁਦਮਨ ਕਾਲਜ ਨਾਭਾ ਨੇ ਦੂਜਾ ਤੇ ਸਰਕਾਰੀ ਰਣਬੀਰ ਕਾਲਜ ਸੰਗਰੂਰ ਨੇ ਤੀਜਾ ਸਥਾਨ ਹਾਸਲ ਕੀਤਾ। ਕਾਰਟੂਨਿੰਗ ਵਿਚ ਸਰਕਾਰੀ ਰਿਪੁਦਮਨ ਕਾਲਜ ਨਾਭਾ ਨੇ ਪਹਿਲਾ ਸਥਾਨ, ਹਾਰਦਿਕ ਕਾਲਜ ਆਫ਼ ਐਜੂਕੇਸ਼ਨ ਸੰਗਰੂਰ ਨੇ ਦੂਜਾ ਸਥਾਨ ਤੇ ਸ਼ਹੀਦ ਊਧਮ ਸਿੰਘ ਸਰਕਾਰੀ ਕਾਲਜ ਸੁਨਾਮ ਨੇ ਤੀਜਾ ਸਥਾਨ ਹਾਸਲ ਕੀਤਾ।

ਇੰਸਟਾਲੇਸ਼ਨ ਮੁਕਾਬਲਿਆਂ ਵਿਚ ਸਰਕਾਰੀ ਰਿਪੁਦਮਨ ਕਾਲਜ ਨਾਭਾ ਨੇ ਪਹਿਲਾ ਸਥਾਨ, ਸਰਕਾਰੀ ਰਣਬੀਰ ਕਾਲਜ ਸੰਗਰੂਰ ਨੇ ਦੂਜਾ ਸਥਾਨ ਅਤੇ ਸ਼ਹੀਦ ਊਧਮ ਸਿੰਘ ਸਰਕਾਰੀ ਕਾਲਜ ਸੁਨਾਮ ਨੇ ਤੀਜਾ ਸਥਾਨ ਹਾਸਲ ਕੀਤਾ। ਪੋਸਟਰ ਮੇਕਿੰਗ ਮੁਕਾਬਲਿਆਂ ਵਿਚ ਸ਼ਹੀਦ ਊਧਮ ਸਿੰਘ ਸਰਕਾਰੀ ਕਾਲਜ ਸੁਨਾਮ ਨੇ ਪਹਿਲਾ, ਅਕਾਲ ਡਿਗਰੀ ਕਾਲਜ ਮਸਤੂਆਣਾ ਸਾਹਿਬ ਨੇ ਦੂਜਾ ਅਤੇ ਸਰਕਾਰੀ ਰਿਪੁਦਮਨ ਕਾਲਜ ਨਾਭਾ ਨੇ ਤੀਜਾ ਸਥਾਨ ਹਾਸਲ ਕੀਤਾ। ਕਲਾਜ਼ ਮੇਕਿੰਗ ਮੁਕਾਬਲਿਆਂ ਵਿਚ ਸ਼ਹੀਦ ਊਧਮ ਸਿੰਘ ਸਰਕਾਰੀ ਕਾਲਜ ਸੁਨਾਮ ਨੇ ਪਹਿਲਾ, ਸਰਕਾਰੀ ਰਿਪੁਦਮਨ ਕਾਲਜ ਨਾਭਾ ਨੇ ਦੂਜਾ ਅਤੇ ਅਕਾਲ ਕਾਲਜ ਆਫ ਐਜੂਕੇਸ਼ਨ ਫਤਿਹਗੜ੍ਹ ਛੰਨਾਂ ਨੇ ਤੀਜਾ ਸਥਾਨ ਹਾਸਲ ਕੀਤਾ। ਇਸ ਮੌਕੇ ਚਿਤਰਕਾਰੀ ਮੁਕਾਬਲਿਆਂ ਵਿਚ ਅਕਾਲ ਡਿਗਰੀ ਕਾਲਜ ਮਸਤੂਆਣਾ ਸਾਹਿਬ ਨੇ ਪਹਿਲਾ, ਸਰਕਾਰੀ ਰਿਪੁਦਮਨ ਕਾਲਜ ਨਾਭਾ ਨੇ ਦੂਜਾ ਅਤੇ ਹਾਰਦਿਕ ਕਾਲਜ ਆਫ ਐਜੂਕੇਸ਼ਨ ਸੰਗਰੂਰ ਨੇ ਤੀਜਾ ਸਥਾਨ ਹਾਸਲ ਕੀਤਾ।

## ਕਾਤਰਾਂ

### ਸੜਕ ਹਾਦਸੇ 'ਚ ਗੰਭੀਰ ਜ਼ਖ਼ਮੀ ਦੀ ਇਲਾਜ ਦੌਰਾਨ ਮੌਤ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਬੀਤੇ ਦਿਨੀਂ ਸਰਹਿੰਦ ਦੇ ਚਾਵਲਾ ਚੌਕ ਨਜ਼ਦੀਕ ਵਾਪਰੇ ਸੜਕ ਹਾਦਸੇ ਵਿੱਚ ਗੰਭੀਰ ਜ਼ਖ਼ਮੀ ਹੋਏ ਮੋਟਰਸਾਈਕਲ ਸਵਾਰ ਦੀ ਇਲਾਜ ਦੌਰਾਨ ਮੌਤ ਹੋ ਗਈ।ਪ੍ਰਾਪਤ ਜਾਣਕਾਰੀ ਅਨੁਸਾਰ ਬੀਤੀ 6 ਅਕਤੂਬਰ ਨੂੰ ਰਵਿੰਦਰ ਪਾਲ ਸਿੰਘ (45) ਵਾਸੀ ਪਿੰਡ ਜੰਡੋਲੀ (ਪਟਿਆਲਾ) ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਦੁਪਹਿਰ ਕਰੀਬ 2 ਵਜੇ ਸਰਹਿੰਦ ਦੇ ਚਾਵਲਾ ਚੌਕ ਕੋਲੋਂ ਲੰਘ ਰਿਹਾ ਸੀ ਤਾਂ ਆਲਟੋ ਕਾਰ ਨੰਬਰ ਡੀ.ਐੱਲ.9ਸੀ.ਕਿਊ.ਐੱਸ- 2309 ਦੇ ਡਰਾਈਵਰ ਨੇ ਗੱਡੀ ਅਣਗਹਿਲੀ ਨਾਲ ਚਲਾਉਂਦੇ ਹੋਏ ਉਸ ਦੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਰਵਿੰਦਰ ਪਾਲ ਸਿੰਘ ਗੰਭੀਰ ਜ਼ਖ਼ਮੀ ਹੋ ਗਿਆ, ਜਿਸ ਉਪਰੰਤ ਰਵਿੰਦਰ ਪਾਲ ਸਿੰਘ ਨੂੰ ਸੈਕਟਰ 32 ਹਸਪਤਾਲ ਚੰਡੀਗੜ੍ਹ ਵਿਖੇ ਦਾਖਲ ਕਰਵਾਇਆ ਗਿਆ ਸੀ, ਜਿੱਥੇ ਇਲਾਜ ਦੌਰਾਨ ਬੀਤੇ ਕੱਲ੍ਹ ਉਸ ਦੀ ਮੌਤ ਹੋ ਗਈ।ਮ੍ਰਿਤਕ ਦੇ ਭਰਾ ਦੇ ਬਿਆਨਾਂ 'ਤੇ ਆਲਟੋ ਕਾਰ ਦੇ ਕਥਿਤ ਚਾਲਕ ਮਨਿੰਦਰ ਸਿੰਘ ਵਾਸੀ ਬਠਿੰਡਾ ਵਿਰੁੱਧ ਅ/ਧ 281,106,324(4) ਬੀ ਐਨ ਐਸ ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਸਰਹਿੰਦ ਦੀ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

### ਜੋਗਿੰਦਰ ਸਿੰਘ ਸੰਧੂ ਦੀ ਕਿਤਾਬ ਆਮਦ 'ਤੇ ਵਿਚਾਰ-ਗੋਸ਼ਟੀ ਭਲਕੇ

**ਮੱਖੂ (ਰਛਪਾਲ ਸਿੰਘ ਸੰਧੂ)**-ਪੰਜਾਬੀ ਲਿਖਾਰੀ ਸਭਾ ਪੀਰ ਮੁਹੰਮਦ ਵੱਲੋਂ ਪੰਜਾਬੀ ਤੇ ਪੰਜਾਬੀਅਤ ਨੂੰ ਪਿਆਰ ਕਰਨ ਵਾਲੇ ਹਰ ਉਸ ਵਿਅਕਤੀ ਨੂੰ ਸਰੋਤਿਆਂ ਦੀ ਕਚਹਿਰੀ ਵਿੱਚ ਪੇਸ਼ ਕੀਤਾ ਜਾਂਦਾ ਹੈ, ਜੋ ਪੰਜਾਬ, ਪੰਜਾਬੀਅਤ ਅਤੇ ਸੱਭਿਆਚਾਰ ਲਈ ਆਪਣਾ ਯੋਗਦਾਨ ਪਾ ਰਹੇ ਹਨ।ਹਰਭਿੰਦਰ ਸਿੰਘ ਸੰਧੂ ਪ੍ਰਧਾਨ ਪੰਜਾਬੀ ਲਿਖਾਰੀ ਸਭਾ ਪੀਰ ਮੁਹੰਮਦ ਨੇ ਦੱਸਿਆ ਕਿ ਇਸ ਲੜੀ ਤਹਿਤ ਪੰਜਾਬੀ ਲਿਖਾਰੀ ਸਭਾ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੀਰ ਮੁਹੰਮਦ ਵਿਖੇ 13 ਅਕਤੂਬਰ ਨੂੰ ਇਲਾਕੇ ਦੇ ਨਾਮਵਰ ਸ਼ਖ਼ਸੀਅਤ ਜੋਗਿੰਦਰ ਸਿੰਘ ਸੰਧੂ ਦੀ ਨਵੀਂ ਕਿਤਾਬ ਆਮਦ 'ਤੇ ਵਿਚਾਰ ਗੋਸ਼ਟੀ ਕਰਾਈ ਜਾ ਰਹੀ ਹੈ।ਇਸ ਮੌਕੇ ਪ੍ਰਸਿੱਧ ਸਾਹਿਤਕਾਰ ਡਾ. ਗੁਰਚਰਨ ਸਿੰਘ ਨੂਰਪੁਰ ਤੇ ਅਮਰਜੀਤ ਸਿੰਘ ਸਨ੍ਹੇਰਵੀ ਨਾਮਵਰ ਸ਼ਖ਼ਸ਼ੀਅਤ ਜੋਗਿੰਦਰ ਸਿੰਘ ਸੰਧੂ ਦੀ ਨਵੀਂ ਕਿਤਾਬ 'ਤੇ ਵਿਚਾਰ ਗੋਸ਼ਟੀ ਕਰਨਗੇ ਤੇ ਹੋਰ ਵੱਖ-ਵੱਖ ਕਸਬਿਆਂ ਤੋਂ ਸਹਿਤਕਾਰ ਵੀ ਇਸ ਗੋਸ਼ਟੀ ਵਿੱਚ ਪਹੁੰਚ ਰਹੇ ਹਨ।

### ਅੱਖਾਂ ਦਾ ਚੈੱਕਅੱਪ ਤੇ ਅਪ੍ਰੇਸ਼ਨ ਕੈਂਪ ਭਲਕੇ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸੰਸਥਾ ਪੁਨਰਜੋਤੀ ਆਈ ਡੋਨੇਸ਼ਨ ਸੁਸਾਇਟੀ (ਰਜਿ:) ਵੱਲੋਂ ਸ੍ਰੀ ਮਹੰਤ ਰਾਮ ਨਰਾਇਣ ਗਿਰੀ ਜੀ, ਤ੍ਰਿਵੈਣੀ ਗਿਰੀ ਆਸ਼ਰਮ ਦੇ ਅਸ਼ੀਰਵਾਦ ਸਦਕਾ ਸਵ: ਸ੍ਰੀਮਤੀ ਸ਼ੀਲਾ ਦੇਵੀ ਸੁਪੱਤਨੀ ਸਵ: ਸ਼੍ਰੀ ਸਿਵ ਦੱਤ ਜੀ (ਰਾਮਪੁਰੇ ਵਾਲੇ) ਦੇ ਸਿੰਗਲਾ ਪਰਵਾਰ ਵੱਲੋਂ ਸੰਤ ਤ੍ਰਿਵੈਣੀ ਗਿਰੀ ਪੁਨਰਜੋਤੀ ਆਈ ਹਸਪਤਾਲ ਨੇੜੇ ਬੱਸ ਸਟੈਂਡ, ਨਗਰ ਕੌਂਸਲ ਰਾਮਪੁਰਾ ਫੂਲ ਵਿਖੇ ਅੱਖਾਂ ਦਾ 118ਵਾਂ ਚੈਕਅੱਪ ਅਤੇ ਅਪ੍ਰੇਸ਼ਨ (ਲੈਂਜ) ਕੈਂਪ 13 ਅਕਤੂਬਰ ਨੂੰ ਸਵੇਰੇ 9 ਵਜੇ ਤੋਂ ਲੈ ਕੇ 1 ਵਜੇ ਤੱਕ ਲਾਇਆ ਜਾ ਰਿਹਾ ਹੈ।ਸੁਸਾਇਟੀ ਪ੍ਰਧਾਨ ਸ਼੍ਰੀ ਰਾਕੇਸ਼ ਤਾਇਲ ਨੇ ਦੱਸਿਆ ਕਿ ਇਸ ਕੈਂਪ ਵਿੱਚ ਮਰੀਜ਼ਾਂ ਦੇ ਅੱਖਾਂ ਦੇ ਆਪ੍ਰੇਸ਼ਨ (ਲੈਂਜ) ਤੇ ਦਵਾਈਆਂ ਬਿਲਕੁੱਲ ਮੁਫ਼ਤ ਦਿੱਤੀਆਂ ਜਾਣਗੀਆਂ।ਉਨ੍ਹਾਂ ਕੈਂਪ ਵਿੱਚ ਅਪ੍ਰੇਸ਼ਨ ਕਰਾਉਣ ਵਾਲੇ ਮਰੀਜ਼ਾਂ ਨੂੰ ਅਪੀਲ ਕੀਤੀ ਕਿ ਉਹ ਆਪਣਾ ਇੱਕ ਪਛਾਣ ਪੱਤਰ ਤੇ ਕਰੋਨਾ ਟੈਸਟ ਜ਼ਰੂਰ ਕਰਾ ਕੇ ਆਉਣ।

# ਕੇਂਦਰ ਵੱਲੋਂ ਭਾਰਤ 'ਚ ਖਾਣ ਵਾਲੇ ਤੇਲ ਦਾ ਉਤਪਾਦਨ ਵਧਾਉਣ ਦਾ ਫ਼ੈਸਲਾ ਸ਼ਲਾਘਾਯੋਗ ਕਦਮ : ਡਾ. ਸ਼ਰਮਾ

**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**



ਰਾਈਸੀਲਾ ਗਰੁੱਪ ਦੇ ਚੇਅਰਮੈਨ ਡਾ. ਆਰ. ਸ਼ਰਮਾ ਨੇ ਕੇਂਦਰ ਸਰਕਾਰ ਦੇ ਮਹਿੰਗੇ ਆਯਾਤ 'ਤੇ ਨਿਰਭਰਤਾ ਨੂੰ ਘਟਾਉਣ ਦੇ ਉਦੇਸ਼ ਨਾਲ ਅਗਲੇ ਸੱਤ ਸਾਲਾਂ ਦੇ ਅੰਦਰ ਦੇਸ਼ ਵਿੱਚ ਖਾਣ ਵਾਲੇ ਤੇਲ ਦੇ ਉਤਪਾਦਨ ਨੂੰ ਦੁੱਗਣਾ ਕਰਨ ਲਈ 101 ਅਰਬ ਰੁਪਏ (1.2 ਅਰਬ ਡਾਲਰ) ਦੇ ਪ੍ਰੋਗਰਾਮ ਨੂੰ ਮਨਜ਼ੂਰੀ ਦੇਣ ਦੇ ਫੈਸਲੇ ਦਾ ਸਵਾਗਤ ਕੀਤਾ ਹੈ।ਡਾ. ਸ਼ਰਮਾ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਵੀਰਵਾਰ ਨੂੰ ਇੱਕ ਬਿਆਨ ਵਿੱਚ ਕਿਹਾ ਕਿ ਪ੍ਰੋਗਰਾਮ ਦੇ ਤਹਿਤ, ਭਾਰਤ ਉੱਚ-ਉਪਜ ਵਾਲੀਆਂ, ਉੱਚ ਤੇਲ ਦੀਆਂ ਕਿਸਮਾਂ ਨੂੰ ਉਤਸ਼ਾਹਤ ਕਰਕੇ ਅਤੇ ਖੇਤੀ ਦਾ ਵਿਸਤਾਰ ਕਰਕੇ ਤੇਲ ਬੀਜ ਉਤਪਾਦਕਤਾ ਵਿੱਚ ਵਾਧਾ ਕਰੇਗਾ। ਬਿਆਨ 'ਚ ਕਿਹਾ ਗਿਆ ਹੈ ਕਿ ਬਿਹਤਰ ਬੀਜ ਵਿਕਸਤ ਕਰਨ ਲਈ ਜੀਨੋਮ ਐਡੀਟਿੰਗ ਵਰਗੀ ਉੱਨਤ ਤਕਨੀਕ ਦੀ ਵਰਤੋਂ ਕੀਤੀ ਜਾਵੇਗੀ। ਡਾ: ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਦੀ ਸੰਸਥਾ ਰਾਈਸੀਲਾ ਫਾਊਂਡੇਸ਼ਨ ਵੱਲੋਂ ਵੀ ਪਿਛਲੇ ਦੋ ਸਾਲਾਂ ਦੌਰਾਨ ਸੰਗਰੂਰ ਜ਼ਿਲ੍ਹੇ ਵਿੱਚ ਕਣਕ ਦੀ ਬਜਾਏ ਵੱਧ ਝਾੜ ਦੇਣ ਵਾਲੀ ਸਰ੍ਹੋਂ ਦੀ ਖੇਤੀ ਨੂੰ ਉਤਸ਼ਾਹਤ ਕਰਨ ਲਈ ਕਰਾਏ ਪ੍ਰੋਗਰਾਮ ਤੋਂ ਬਾਅਦ ਇਨ੍ਹਾਂ ਡੈਮੋ ਪਲਾਟਾਂ ਵਿੱਚ ਸਰ੍ਹੋਂ ਦੀ ਚੰਗੀ ਪੈਦਾਵਾਰ ਹੋਈ।

ਡਾ. ਸ਼ਰਮਾ ਨੇ ਦੱਸਿਆ ਕਿ ਜਿਨ੍ਹਾਂ ਮਾਡਲ ਫਾਰਮਾਂ ਵਿੱਚ ਸਹੀ ਸਮੇਂ 'ਤੇ ਬਿਜਾਈ ਕੀਤੀ ਗਈ ਤੇ ਵਿਗਿਆਨਕ ਤੌਰ 'ਤੇ ਸਾਬਤ ਹੋਏ ਚੰਗੇ ਖੇਤੀ ਤਰੀਕਿਆਂ ਨੂੰ ਅਪਣਾਇਆ ਗਿਆ, ਉੱਥੇ ਪ੍ਰਤੀ ਏਕੜ 12-13 ਕੁਇੰਟਲ ਸਰ੍ਹੋਂ ਦੀ ਪੈਦਾਵਾਰ ਹੋਈ। ਉਨ੍ਹਾਂ ਦੱਸਿਆ ਕਿ ਜੇਕਰ ਕਿਸਾਨਾਂ ਨੂੰ ਸਰ੍ਹੋਂ ਦਾ ਭਾਅ ਘੱਟੋ-ਘੱਟ ਸਮਰਥਨ ਮੁੱਲ ਦੇ ਬਰਾਬਰ ਮਿਲਦਾ ਹੈ ਤਾਂ ਕਣਕ ਦੇ ਮੁਕਾਬਲੇ ਪ੍ਰਤੀ ਏਕੜ ਮੁਨਾਫਾ ਬਹੁਤ ਜ਼ਿਆਦਾ ਹੋ ਸਕਦਾ ਹੈ, ਜਿਸ ਨਾਲ ਕਿਸਾਨਾਂ ਦੀ ਆਮਦਨ ਵੀ ਵਧੇਗੀ ਅਤੇ ਦੂਜੇ ਪਾਸੇ ਖਾਣ ਵਾਲੇ ਤੇਲ ਦੇ ਆਯਾਤ 'ਤੇ ਦੇਸ਼ ਦੀ ਨਿਰਭਰਤਾ ਨੂੰ ਘੱਟ ਕਰਨ ਦੀ ਦਿਸ਼ਾ 'ਚ ਇਹ ਇੱਕ ਮਹੱਤਵਪੂਰਨ ਕਦਮ ਸਾਬਤ ਹੋਵੇਗਾ।

ਉਨ੍ਹਾਂ ਕਿਹਾ ਕਿ ਸਰਕਾਰ ਨੂੰ ਸਮੇਂ-ਸਮੇਂ 'ਤੇ ਆਯਾਤ ਨੀਤੀ 'ਚ ਬਦਲਾਅ ਕਰਦੇ ਰਹਿਣਾ ਚਾਹੀਦਾ ਹੈ ਤਾਂ ਜੁ ਕਿਸਾਨਾਂ ਨੂੰ ਉਨ੍ਹਾਂ ਦੀਆਂ ਤੇਲ ਬੀਜ ਫ਼ਸਲਾਂ ਦਾ ਚੰਗਾ ਭਾਅ ਮਿਲ ਸਕੇ।

# ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਝੋਨੇ ਦੀ ਖਰੀਦ ਸ਼ੁਰੂ ਕਰਾਈ

**ਮੋਗਾ (ਇਕਬਾਲ ਸਿੰਘ ਖਹਿਰਾ)**



ਕਿਸੇ ਵੀ ਦਾਣਾ ਮੰਡੀ ਵਿੱਚ ਕਿਸੇ ਵੀ ਕਿਸਾਨ ਨੂੰ ਝੋਨਾ ਵੇਚਣ ਵਿੱਚ ਸਮੱਸਿਆ ਦਾ ਸਾਹਮਣਾ ਕਰਨ ਨਹੀਂ ਦਿੱਤਾ ਜਾਵੇਗਾ। ਜ਼ਿਲ੍ਹਾ ਮੋਗਾ ਦੀਆਂ ਸਾਰੀਆਂ ਮੰਡੀਆਂ ਵਿੱਚ ਝੋਨੇ ਦੀ ਖਰੀਦ, ਲੇਬਰ ਅਤੇ ਢੋਆ ਢੋਆਈ ਦੇ ਪ੍ਰਬੰਧ ਵੀ ਪੂਰਨ ਤੌਰ ਤੇ ਮੁਕੰਮਲ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਿਧਾਇਕ ਮੋਗਾ ਡਾ. ਅਮਨਦੀਪ ਕੌਰ ਅਰੋੜਾ ਨੇ ਮੋਗਾ ਦੀ ਨਵੀਂ ਦਾਣਾ ਮੰਡੀ ਵਿੱਚ ਝੋਨੇ ਦੀ ਖਰੀਦ ਸ਼ੁਰੂ ਕਰਵਾਉਣ ਮੌਕੇ ਕੀਤਾ। ਇਸ ਮੌਕੇ ਉਨ੍ਹਾਂ ਨਾਲ ਮਾਰਕੀਟ ਕਮੇਟੀ ਦੇ ਚੇਅਰਮੈਨ ਹਰਜਿੰਦਰ ਸਿੰਘ ਰੋਡੇ, ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਸ੍ਰੀਮਤੀ ਗੀਤਾ ਬਿਸ਼ੰਭੂ, ਐਸ.ਡੀ.ਐਮ ਮੋਗਾ ਸਾਰੰਗਪ੍ਰੀਤ ਸਿੰਘ ਔਜਲਾ, ਨਗਰ ਨਿਗਮ ਮੋਗਾ ਦੇ ਮੇਅਰ ਬਲਜੀਤ ਸਿੰਘ ਚਾਨੀ ਤੇ ਹੋਰ ਵੀ ਅਧਿਕਾਰੀ ਤੇ ਆੜਤੀਏ ਮੌਜੂਦ ਸਨ।

ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਆੜਤੀਆਂ ਤੇ ਕਿਸਾਨਾਂ ਨਾਲ ਗੱਲਬਾਤ ਵੀ ਕੀਤੀ ਤੇ ਭਰੋਸਾ ਦਿਵਾਇਆ ਝੋਨੇ ਦੀ ਖਰੀਦ ਦਾ ਕੰਮ ਨਿਰੰਤਰ ਜਾਰੀ ਰੱਖਿਆ ਜਾਵੇਗਾ। ਜੇਕਰ ਇਸ ਨਾਲ ਸਬੰਧਤ ਕਿਸੇ ਵੀ ਵਰਗ ਨੂੰ ਸਮੱਸਿਆ ਦਾ ਸਾਹਮਣਾ ਆਉਂਦਾ ਹੈ ਤਾਂ ਉਸਦਾ ਢੁੱਕਵਾਂ ਹੱਲ ਤੁਰੰਤ ਪ੍ਰਭਾਵ ਨਾਲ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਮੋਗਾ ਦੀਆਂ ਮੰਡੀਆਂ ਵਿੱਚ ਹੁਣ ਤੱਕ ਕੁੱਲ 1622 ਮੀਟ੍ਰਿਕ ਟਨ ਝੋਨਾ ਪਹੁੰਚ ਚੁੱਕਿਆ ਹੈ ਜਿਸ ਵਿੱਚੋਂ 722 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ। ਉਹਨਾਂ ਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ ਝੋਨੇ ਦੀ ਖਰੀਦ ਦੀ ਗਤੀ ਨੂੰ ਹੋਰ ਤੇਜ ਕੀਤਾ ਜਾਵੇਗਾ ਅਤੇ ਮੰਡੀਆਂ ਵਿੱਚੋਂ ਤੇਜ ਗਤੀ ਨਾਲ ਇਸ ਝੋਨੇ ਦੀ ਚੁਕਾਈ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਖਰੀਫ਼ ਸੀਜ਼ਨ 2024-25 ਦੌਰਾਨ ਝੋਨੇ ਦੀ ਕੁਲ 14,17,000 ਮੀਟਰਕ ਟਨ ਆਮਦ ਹੋਣ ਦੀ ਸੰਭਾਵਨਾ ਹੈ। ਜ਼ਿਲ੍ਹਾ ਮੋਗਾ ਵਿੱਚ ਝੋਨੇ ਦੀ ਖਰੀਦ ਲਈ ਕੁੱਲ 108 ਖਰੀਦ ਕੇਂਦਰ ਘੋਸ਼ਿਤ ਕੀਤੇ ਗਏ ਹਨ। ਸਰਕਾਰ ਵੱਲੋਂ ਖਰੀਦ ਏਜੰਸੀਆਂ ਲਈ ਖਰੀਦ ਟੀਚੇ ਨਿਰਧਾਰਤ ਕੀਤੇ ਗਏ ਹਨ, ਜਿਸ ਤਹਿਤ ਪਨਗ੍ਰੇਨ 34 ਫ਼ੀਸਦੀ, ਪਨਸਪ 22 ਫੀਸਦੀ, ਮਾਰਕਫੈੱਡ 26 ਫੀਸਦੀ, ਵੇਅਰ ਹਾਊਸ 13 ਫੀਸਦੀ, ਐਫ. ਸੀ. ਆਈ. 5 ਫੀਸਦੀ ਖਰੀਦ ਕਰਨਗੀਆਂ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਮੋਗਾ ਵਿੱਚ ਕੁੱਲ 361 ਚੌਲ ਮਿੱਲਾਂ ਹਨ, ਜਿਸ ਵਿੱਚੋਂ ਲਗਭਗ ਸਾਰੀਆਂ ਮਿੱਲਾਂ ਅਲਾਟ ਕੀਤੀਆਂ ਜਾ ਚੁੱਕੀਆਂ ਹਨ। ਸਰਕਾਰ ਵੱਲੋਂ ਝੋਨੇ ਵਿੱਚ ਨਮੀ ਦੀ ਵੱਧ ਤੋਂ ਵੱਧ ਮਾਤਰਾ 17 ਫੀਸਦੀ ਨਿਰਧਾਰਤ ਕੀਤੀ ਗਈ ਹੈ। ਝੋਨੇ ਦਾ ਘੱਟੋ ਘੱਟ ਸਮਰਥਨ ਮੁੱਲ 2320 ਰੁਪਏ ਪ੍ਰਤੀ ਕੁਇੰਟਲ ਨਿਰਧਾਰਤ ਕੀਤਾ ਗਿਆ ਹੈ। ਜ਼ਿਲ੍ਹਾ ਮੋਗਾ ਵਿੱਚ ਲੇਬਰ ਅਤੇ ਢੋਆ ਢੁਆਈ, ਫੜਾਂ ਦੀ ਸਫ਼ਾਈ, ਪੀਣ ਦੇ ਪਾਣੀ, ਬਿਜਲੀ, ਛਾਂ, ਨਮੀ ਮਾਪਣ ਵਾਲੇ ਯੰਤਰ ਆਦਿ ਦੇ ਮੁਕੰਮਲ ਪ੍ਰਬੰਧ ਕਰ ਲਏ ਗਏ ਹਨ।

ਉਨ੍ਹਾਂ ਕਿਹਾ ਕਿ ਖਰੀਫ਼ ਸੀਜ਼ਨ ਦੌਰਾਨ ਹਰ ਆੜਤੀਏ ਵਲੋਂ ਸੁਨਿਸਚਿਤ ਕੀਤਾ ਜਾਵੇਗਾ ਕਿ ਕਿਸਾਨਾਂ ਦੇ ਭੌਂ ਵੇਰਵਿਆਂ ਨੂੰ ਪੰਜਾਬ ਮੰਡੀ ਬੋਰਡ ਦੇ ਈ ਮੰਡੀਕਰਨ ਪੋਰਟਲ ਅਤੇ ਖੁਰਾਕ ਸਪਲਾਈਜ਼ ਵਿਭਾਗ ਦੇ ਅਨਾਜ ਖਰੀਦ ਪੋਰਟਲ ਉੱਤੇ ਦਰਜ ਤੇ ਤਸਦੀਕ ਕੀਤੇ ਜਾਣ ਅਤੇ ਕਿਸਾਨ ਵਲੋਂ ਲਿਆਂਦੀ ਗਈ ਫ਼ਸਲ ਦਰਜ ਕੀਤੀ ਭੂਮੀ ਦੇ ਅਨੁਪਾਤ ਵਿੱਚ ਹੀ ਹੋਵੇ।

# ਰਾਜ ਕੁਮਾਰ ਪੱਪੂ ਲੰਬੂ ਨਮਿਤ ਪਾਠ ਦਾ ਭੋਗ 15 ਨੂੰ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਲੰਬੂ ਪਰਿਵਾਰ ਤੇ ਆੜ੍ਹਤੀਆ ਐਸੋ. ਦੇ ਮੈਂਬਰ ਤਰਸੇਮ ਚੰਦ ਲੰਬੂ ਅਤੇ ਬਾਰੂ ਰਾਮ ਲੰਬੂ ਨੂੰ ਉਸ ਸਮੇਂ ਵੱਡਾ ਸਦਮਾ ਪੁੱਜਾ, ਜਦ ਉਨ੍ਹਾਂ ਦੇ ਭਰਾ ਰਾਜ ਕੁਮਾਰ ਪੱਪੂ ਲੰਬੂ ਦਾ ਬੀਤੇ ਦਿਨੀਂ ਦਿਹਾਂਤ ਹੋ ਗਿਆ। ਇਸ ਅਚਾਨਕ ਮੌਤ 'ਤੇ ਸਾਬਕਾ ਮੰਤਰੀ ਗੋਬਿੰਦ ਸਿੰਘ ਲੌਂਗੋਵਾਲ, ਕਾਂਗਰਸ ਦੇ ਯੂਥ ਪ੍ਰਧਾਨ ਗੁਰਤੇਗ ਸਿੰਘ ਲੌਂਗੋਵਾਲ, ਸੁਰਿੰਦਰ ਕੁਮਾਰ ਲੰਬੂ, ਪਵਨ ਕੁਮਾਰ ਬਾਬਲਾ, ਸੰਜੇ ਕੁਮਾਰ ਗਰਗ, ਬਲਵਿੰਦਰ ਸਿੰਘ ਢਿੱਲੋਂ, ਵਿਜੇ ਗੋਇਲ, ਕਾਲਾ ਮਿੱਤਲ, ਅੰਮ੍ਰਿਤਪਾਲ ਸਿੰਘ ਸਿੱਧੂ, ਡਾ. ਗੁਰਪ੍ਰੀਤ ਸਿੰਘ ਵਾਲੀਆ, ਮਾ. ਨਰਿੰਦਰਪਾਲ ਸ਼ਰਮਾ, ਮਨਜੀਤ ਸ਼ਰਮਾ, ਮਨੀਸ਼ ਕੁਮਾਰ ਮੋਨਾ, ਬੀਬੀ ਸ਼ਮਿੰਦਰ ਕੌਰ, ਮਹਿੰਦਰ ਸਿੰਘ ਦੁੱਲਟ, ਮੇਲਾ ਸਿੰਘ ਸੂਬੇਦਾਰ ਕੌਂਸਲਰ, ਗੁਰਮੀਤ ਸਿੰਘ ਲੱਲੀ ਕੌਂਸਲਰ, ਪ੍ਰਧਾਨ ਗੁਰਜੰਟ ਸਿੰਘ ਦੁੱਲਟ, ਰਤਨ ਕੁਮਾਰ ਮੰਗੂ, ਮੰਗਤ ਰਾਏ, ਨੀਟੂ ਸ਼ਰਮਾ, ਅਮਰਜੀਤ ਸਿੰਘ ਗਿੱਲ, ਹੈਪੀ ਖੰਨਾ, ਵਪਾਰ ਮੰਡਲ ਪ੍ਰਧਾਨ ਅੰਮ੍ਰਿਤਪਾਲ ਸਿੰਗਲਾ, ਡਾ. ਮਨੀਸ਼ ਵਸ਼ਿਸ਼ਟ ਤੋਂ ਇਲਾਵਾ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਤੇ ਪੱਤਰਕਾਰ ਭਾਈਚਾਰੇ ਨੇ ਵੀ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਪਰਵਾਰਕ ਮੈਂਬਰਾਂ ਵੱਲੋਂ ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ਼੍ਰੀ ਗਰੁੜ ਪੁਰਾਣ ਜੀ ਦੇ ਪਾਠ ਦਾ ਭੋਗ 15 ਅਕਤੂਬਰ ਨੂੰ ਪ੍ਰਾਚੀਨ ਸ਼ਿਵ ਮੰਦਰ ਪੱਤਰੀ ਸੁਨਾਮੀ ਵਿਖੇ ਪਾਏ ਜਾਣਗੇ।



# ਹਰਿਆਣੇ ਦੇ ਲੋਕਾਂ ਦਾ ਭਵਿੱਖ ਲਈ ਸਹੀ ਫੈਸਲਾ : ਗੋਸ਼ਾ

**ਲੁਧਿਆਣਾ (ਜਸਦੀਪ ਵਰਤੀਆ)**-ਪੰਜਾਬ ਭਾਜਪਾ ਦੇ ਮੀਡੀਆ ਪੇਨਲਿਸਟ ਗੁਰਦੀਪ ਸਿੰਘ ਗੋਸ਼ਾ ਨੇ ਹਰਿਆਣਾ ਦੇ ਲੋਕਾਂ ਦਾ ਤੀਜੀ ਵਾਰ ਸਰਕਾਰ ਬਣਾਉਣ 'ਤੇ ਧੰਨਵਾਦ ਕਰਦੇ ਹੋਏ ਕਿਹਾ ਕਿ ਹਰਿਆਣਾ ਦੇ ਲੋਕਾਂ ਨੇ ਆਪਣੇ ਭਵਿੱਖ ਲਈ ਸਹੀ ਫੈਸਲਾ ਕੀਤਾ ਹੈ। ਕੇਂਦਰ ਵਿੱਚ ਤੀਜੀ ਵਾਰ ਭਾਜਪਾ ਤੇ ਹਰਿਆਣੇ ਵਿੱਚ ਤੀਜੀ ਵਾਰ ਭਾਜਪਾ ਸਰਕਾਰ ਬਣਾਉਣ ਕਰਕੇ ਇਹ ਸੂਬਾ ਪੰਜਾਬ ਵਿੱਚੋਂ ਨਿੱਕਲਿਆ ਹੋਣ ਦੇ ਬਾਵਜੂਦ ਅੱਜ ਪੰਜਾਬ ਨਾਲੋਂ ਵੱਧ ਤਰੱਕੀ ਕਰ ਰਿਹਾ ਹੈ, ਪਰ ਇਸ ਦੇ ਉਲਟ ਪੰਜਾਬ ਸੂਬਾ ਲਗਾਤਾਰ ਗਲਤ ਫੈਸਲੇ ਕਰਕੇ ਤੇ ਗਲਤ ਨੇਤਾਵਾਂ ਦੀ ਚੋਣ ਕਰਕੇ ਪੰਜਾਬ ਅੱਜ ਸਾਰਿਆਂ ਸੂਬਿਆਂ ਨਾਲੋਂ ਪੱਛੜ ਰਿਹਾ ਹੈ।



ਇਸ ਕਰਕੇ ਪੰਜਾਬ ਦੇ ਲੋਕਾਂ ਨੂੰ ਅਪੀਲ ਕਰਦੇ ਹਾਂ ਕਿ ਪੰਜਾਬ ਦੇ ਲੋਕ ਸਹੀ ਨੇਤਾ ਤੇ ਸਹੀ ਸਰਕਾਰ ਭਾਜਪਾ ਦੀ ਚੁਣਨ ਤਾਂ ਜੋ ਪੰਜਾਬ ਤਰੱਕੀ ਤੇ ਚੜ੍ਹਦੀਕਲਾ ਦੀ ਰਾਹ 'ਤੇ ਜਾ ਸਕੇ। ਗੁਰਦੀਪ ਸਿੰਘ ਗੋਸ਼ਾ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਭਾਜਪਾ ਦੇ ਪ੍ਰਧਾਨ ਜੇ ਪੀ ਨੱਢਾ, ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸੈਨੀ ਤੇ ਭਾਜਪਾ ਦੇ ਮਿਹਨਤੀ ਵਰਕਰਾਂ ਨੂੰ ਹਰਿਆਣਾ ਤੇ ਜੰਮੂ ਕਸ਼ਮੀਰ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ 'ਤੇ ਵਧਾਇਆਂ ਅਤੇ ਧੰਨਵਾਦ ਕੀਤਾ ਤੇ ਪੰਜਾਬ ਦੇ ਭਵਿੱਖ ਲਈ ਕੰਮ ਕਰਨ ਦਾ ਸੰਕਲਪ ਲਿਆ।

# ਭਗਵੰਤ ਮਾਨ ਸਿਰਫ ਨਾਂਅ ਦਾ ਹੀ ਮੁੱਖ ਮੰਤਰੀ : ਪਰਮਿੰਦਰ ਢੀਂਡਸਾ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਜਿਸ ਤਰੀਕੇ ਨਾਲ ਆਪ ਦੀ ਕੇਂਦਰੀ ਲੀਡਰਸ਼ਿਪ ਮੁੱਖ ਮੰਤਰੀ ਨੂੰ ਜ਼ਲੀਲ ਕਰ ਰਹੀ ਹੈ, ਉਹ ਇੱਕ ਨਾਂਅ ਦਾ ਮੁੱਖ ਮੰਤਰੀ ਬਣ ਕੇ ਰਹਿ ਗਿਆ ਹੈ।ਉਹ ਕਾਹਦਾ ਮੁੱਖ ਮੰਤਰੀ ਹੈ, ਜੋ ਆਪਣਾ ਸਲਾਹਕਾਰ ਆਪਣੀ ਮਰਜ਼ੀ ਨਾਲ ਨਹੀਂ ਰੱਖ ਸਕਦਾ।ਇਸ ਤੋਂ ਪਹਿਲਾਂ ਕਿ ਮੁੱਖ ਮੰਤਰੀ ਨੂੰ ਹਟਾਇਆ ਜਾਵੇ, ਉਹ ਆਪਣਾ ਤੁਰੰਤ ਅਸਤੀਫ਼ਾ ਦੇ ਕੇ ਆਪਣੀ ਅਣਖ ਦਿਖਾਵੇ ਕਿ ਪੰਜਾਬੀ ਟੋਪੀ ਵਾਲਿਆਂ ਦੇ ਮੁਹਤਾਜ਼ ਨਹੀਂ।ਇਹ ਪ੍ਰਗਟਾਵਾ ਸਾਬਕਾ ਖ਼ਜ਼ਾਨਾ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਨੇ ਪ੍ਰਧਾਨ ਜਗਤਾਰ ਸਿੰਘ ਸਿੱਧੂ ਕਲਾਲਾ ਦੇ ਗ੍ਰਹਿ ਵਿਖੇ ਵਿਸ਼ੇਸ਼ ਗੱਲਬਾਤ ਦੌਰਾਨ ਕੀਤਾ।ਉਨ੍ਹਾ ਕਿਹਾ ਕਿ ਮਾਨਯੋਗ ਹਾਈਕੋਰਟ ਕੋਰਟ ਵੱਲੋਂ 250 ਤੋਂ ਵੱਧ ਪੰਚਾਇਤਾਂ ਦੀ ਚੋਣ ਉਪਰ ਰੋਕ ਲਗਾਉਣ ਦਾ ਫੈਸਲਾ ਸ਼ਲਾਘਾਯੋਗ ਕਦਮ ਹੈ।ਇਸ ਨਾਲ ਇਹ ਪੱਕਾ ਸਾਬਿਤ ਹੋ ਚੁੱਕਾ ਹੈ ਕਿ ਪੰਜਾਬ ਸਰਕਾਰ ਪੰਚਾਇਤੀ ਚੋਣਾਂ 'ਚ ਲੋਕਾਂ ਨਾਲ ਸ਼ਰੇਆਮ ਧੱਕੇਸ਼ਾਹੀ ਕਰ ਰਹੀ ਹੈ।ਇਕ ਸੁਆਲ ਦੇ ਜਵਾਬ 'ਚ ਸ੍ਰ: ਢੀਂਡਸਾ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਇੱਕ ਪਰਵਾਰ ਦੇ ਗਲਬੇ ਤੋਂ ਆਜ਼ਾਦ ਕਰਵਾਉਣ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਬ ਉੱਚਤਾ ਨੂੰ ਬਹਾਲ ਕਰਵਾਉਣ ਲਈ ਸਭ ਨੂੰ ਇੱਕਜੁੱਟ ਹੋਣਾ ਚਾਹੀਦਾ ਹੈ।ਉਨ੍ਹਾ ਕਿਹਾ ਕਿ ਕਿੰਨੀ ਸ਼ਰਮਨਾਕ ਗੱਲ ਹੈ ਕਿ ਸ੍ਰੀ ਅਕਾਲ ਤਖਤ ਸਾਹਿਬ ਤੋਂ ਤਨਖ਼ਾਹੀਆ ਕਰਾਰ ਦਿੱਤੇ ਜਾ ਚੁੱਕੇ ਪਾਰਟੀ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ 'ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਦੀ ਚੋਣ ਹੋਣ ਜਾ ਰਹੀ ਹੈ।ਉਨ੍ਹਾ ਸਮੂਹ ਸ਼੍ਰੋਮਣੀ ਕਮੇਟੀ ਮੈਂਬਰਾਂ ਨੂੰ ਆਪਣੀ ਜ਼ਮੀਰ ਦੀ ਆਵਾਜ਼ ਨੂੰ ਸੁਣ ਕੇ ਫੈਸਲਾ ਲੈਣ ਦੀ ਅਪੀਲ ਕੀਤੀ।ਇਸ ਮੌਕੇ ਸੀਨੀਅਰ ਆਗੂ ਜਗਸੀਰ ਸਿੰਘ ਭੋਲਾ ਛੀਨੀਵਾਲ, ਰਵਿੰਦਰ ਸਿੰਘ ਰੰਮੀ ਢਿੱਲੋਂ, ਹਰਦੀਪ ਸਿੰਘ ਘੁੰਨਸ, ਅਜੈਬ ਸਿੰਘ ਸਿੱਧੂ, ਜਗਰਾਜ ਸਿੰਘ ਰਾਜਾ ਬੀਹਲਾ, ਪ੍ਰਧਾਨ ਜਗਤਾਰ ਸਿੰਘ ਕਲਾਲਾ, ਇਕਬਾਲ ਸਿੰਘ ਸਿੱਧੂ, ਲਛਮਣ ਸਿੰਘ ਸੁਸਾਇਟੀ ਪ੍ਰਧਾਨ, ਰਾਜਵਿੰਦਰ ਸਿੰਘ ਰਾਜੂ, ਗੁਰਜੀਤ ਸਿੰਘ ਕਲਾਲਾ, ਗਿਆਨੀ ਪ੍ਰੀਤਮ ਸਿੰਘ ਛੀਨੀਵਾਲ, ਜਥੇ: ਬਲੌਰ ਸਿੰਘ ਛੀਨੀਵਾਲ, ਜਗਤਾਰ ਸਿੰਘ ਸੂਬੇਦਾਰ, ਭਾਈ ਭੋਲਾ ਸਿੰਘ ਗਰੰਥੀ ਆਦਿ ਆਗੂ ਹਾਜ਼ਰ ਸਨ।

# ਨੌਜਵਾਨ ਨੇ ਫਾਹਾ ਲੈ ਕੇ ਕੀਤੀ ਖੁਦਕੁਸ਼ੀ

**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**

ਪ੍ਰਾਈਵੇਟ ਹਸਪਤਾਲ ਵਿਖੇ 23 ਸਾਲਾ ਨੌਜਵਾਨ ਵੱਲੋਂ ਫਾਹਾ ਲੈ ਕੇ ਖੁਦਕੁਸ਼ੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ।ਪ੍ਰਾਈਵੇਟ ਹਸਪਤਾਲ ਦੇ ਮਾਲਕ ਸੁਰਜੀਤ ਸਿੰਘ ਨੇ ਦੱਸਿਆ ਕਿ ਮ੍ਰਿਤਕ ਨੌਜਵਾਨ ਜਸਪ੍ਰੀਤ ਸਿੰਘ ਬੀਤੀ ਰਾਤ ਮੇਰੇ ਹਸਪਤਾਲ ਵਿੱਚ ਡਿਊਟੀ 'ਤੇ ਸੀ ਤੇ ਸਵੇਰੇ ਜਦੋਂ ਮੈਂ ਕਰੀਬ 9 ਵਜੇ ਆਪਣੇ ਹਸਪਤਾਲ ਪਹੁੰਚਿਆ ਤਾਂ ਜਸਪ੍ਰੀਤ ਦੀ ਲਾਸ਼ ਲਟਕਦੀ ਵੇਖ ਕੇ ਮੈਂ ਘਬਰਾ ਗਿਆ। ਮੈਂ ਵੇਖਿਆ ਕਿ ਉਸਦਾ ਸਰੀਰ ਕੁਝ ਗਰਮ ਲੱਗਾ ਤਾਂ ਮੈਂ ਦੋਸਤਾਂ ਦੀ ਮਦਦ ਨਾਲ ਉਸ ਨੂੰ ਉਤਾਰ ਕੇ ਨੇੜਲੇ ਹਸਪਤਾਲ ਆਨੰਦ ਮੈਡੀਸਿਟੀ ਲੈ ਗਿਆ, ਜਿੱਥੇ ਉਨ੍ਹਾਂ ਜਸਪ੍ਰੀਤ ਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ।ਸੁਰਜੀਤ ਸਿੰਘ ਨੇ ਦੱਸਿਆ ਕਿ ਨੌਜਵਾਨ ਜਸਪ੍ਰੀਤ ਸਿੰਘ ਵਾਸੀ ਪਿੰਡ ਰਾਣਵਾਂ ਦਾ ਰਹਿਣ ਵਾਲਾ ਸੀ, ਜੋ ਪਿਛਲੇ ਛੇ ਸਾਲਾਂ ਤੋਂ ਮੇਰੇ ਹਸਪਤਾਲ ਵਿੱਚ ਕੰਮ ਕਰਦਾ ਸੀ।ਜਦੋਂ ਮਾਛੀਵਾੜਾ ਥਾਣਾ ਮੁਖੀ ਪਵਿੱਤਰ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਮ੍ਰਿਤਕ ਨੌਜਵਾਨ ਕੋਲੋਂ ਇੱਕ ਸੂ-ਸਾਈਡ ਨੋਟ ਮਿਲਿਆ ਹੈ, ਜਿਸ 'ਚ ਉਸ ਨੇ ਲਿਖਿਆ ਹੈ ਕਿ ਮੈਂ ਆਪਣੀ ਜ਼ਿੰਦਗੀ ਤੋਂ ਤੰਗ ਆ ਕੇ ਗਲ ਫਾਹਾ ਲੈ ਰਿਹਾ ਹਾਂ, ਜਿਸ ਵਿੱਚ ਕਿਸੇ ਦਾ ਕੋਈ ਕਸੂਰ ਨਹੀਂ ਤੇ ਅਖੀਰ ਵਿੱਚ ਉਸ ਨੇ ਆਪਣੇ ਪਿਤਾ ਤੋਂ ਮਾਫੀ ਵੀ ਮੰਗੀ ਕਿ ਮੈਂ ਜੋ ਬਣਨਾ ਚਾਹੁੰਦਾ ਸੀ, ਉਹ ਬਣ ਨਹੀਂ ਪਾਇਆ। ਮੈਨੂੰ ਮੁਆਫ਼ ਕਰਿਓ ਡੈਡੀ।ਥਾਣਾ ਮੁਖੀ ਪਵਿੱਤਰ ਸਿੰਘ ਨੇ ਦੱਸਿਆ ਕਿ ਲਾਸ਼ ਨੂੰ ਪੋਸਟਮਾਰਟਮ ਲਈ ਸਮਰਾਲਾ ਸਿਵਲ ਹਸਪਤਾਲ ਭੇਜ ਦਿੱਤਾ ਗਿਆ ਹੈ ਤੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ। ਹੈਰਾਨੀ ਦੀ ਗੱਲ ਤਾਂ ਇਹ ਹੈ ਕਿ 23 ਸਾਲਾਂ ਦਾ ਮ੍ਰਿਤਕ ਨੌਜਵਾਨ ਸੂ-ਸਾਈਡ ਨੋਟ ਲਿਖ ਕੇ ਗਿਆ ਹੈ ਆਪਣੇ ਪਿਤਾ ਨੂੰ ਕਿ ਮੈਂ ਜੋ ਕੁਝ ਬਣਨਾ ਚਾਹੁੰਦਾ ਸੀ, ਉਹ ਬਣ ਨਹੀਂ ਪਾਇਆ



# ਬੁਲਟ ਮੋਟਰਸਾਈਕਲ ਬੇਕਾਬੂ ਹੋ ਕੇ ਕੰਧ ਨਾਲ ਟਕਰਾਇਆ, ਫੌਜੀ ਦੀ ਮੌਤ




**ਜਲਾਲਾਬਾਦ (ਜੀਤ ਕੁਮਾਰ)**

ਪਿੰਡ ਢਾਬ ਖੁਸ਼ਹਾਲ ਜੋਈਆ ਵਿਖੇ ਬੀਤੀ ਰਾਤ ਨੂੰ ਬੁਲਟ ਮੋਟਰ ਸਾਇਕਲ ਅਚਾਨਕ ਬੇਕਾਬੂ ਹੋ ਕੇ ਦੀਵਾਰ ਨਾਲ ਟਕਰਾਉਣ ਨਾਲ ਵਾਪਰੇ ਇਕ ਹਾਦਸੇ 'ਚ ਛੁੱਟੀ 'ਤੇ ਆਏ ਫ਼ੌਜੀ ਜਵਾਨ ਦੀ ਮੌਤ ਹੋ ਗਈ। ਜਾਣਕਾਰੀ ਅਨੁਸਾਰ ਸੁਨੀਲ ਸਿੰਘ ਪੁੱਤਰ ਕਿਸ਼ੋਰ ਸਿੰਘ ਵਾਸੀ ਪਿੰਡ ਢਾਬ ਖ਼ੁਸ਼ਹਾਲ ਜੋਈਆ, ਜੋ ਪਿਛਲੇ ਚਾਰ ਸਾਲਾਂ ਤੋਂ ਫੌਜ ਵਿੱਚ ਤਾਇਨਾਤ ਸੀ ਤੇ ਬੀਤੇ ਦਿਨ ਛੁੱਟੀ 'ਤੇ ਆਪਣੇ ਘਰ ਆਇਆ ਹੋਇਆ ਸੀ। ਰਾਤ ਸਮੇਂ ਜਦੋਂ ਉਹ ਬੁਲਟ ਮੋਟਰਸਾਈਕਲ 'ਤੇ ਜਲਾਲਾਬਾਦ ਤੋਂ ਘਰ ਵਾਪਸ ਆ ਰਿਹਾ ਸੀ ਤਾਂ ਪਿੰਡ ਦੇ ਇਕ ਮੋੜ 'ਤੇ ਅਚਾਨਕ ਬੁਲੇਟ ਮੋਟਰਸਾਈਕਲ ਬੇਕਾਬੂ ਹੋ ਕੇ ਹਾਦਸੇ ਦਾ ਸ਼ਿਕਾਰ ਹੋ ਗਿਆ। ਹਾਦਸਾ ਏਨਾ ਭਿਆਨਕ ਸੀ ਕਿ ਬੁਲਟ ਮੋਟਰ ਸਾਇਕਲ ਚਲਾਉਣ ਵਾਲਾ ਫੌਜੀ ਕਾਫੀ ਦੂਰ ਜਾ ਡਿੱਗਿਆ ਤੇ ਗੰਭੀਰ ਜ਼ਖ਼ਮੀ ਹੋ ਗਿਆ, ਜਦੋਂ ਕਿ ਉਸਦਾ ਬਾਈਕ ਹਵਾ 'ਚ ਉਛਲ ਕੇ ਕੰਧ ਟੱਪ ਕੇ ਨੇੜੇ ਦੇ ਇੱਕ ਘਰ ਵਿੱਚ ਜਾ ਡਿੱਗਿਆ। ਹਾਦਸੇ 'ਚ ਜ਼ਖ਼ਮੀ ਹੋਏ ਫੌਜੀ ਜਵਾਨ ਨੂੰ ਸ੍ਰੀ ਮੁਕਤਸਰ ਸਾਹਿਬ ਦੇ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਹਾਦਸੇ ਵਿੱਚ ਬੁਲਟ ਮੋਟਰ ਸਾਇਕਲ ਨੁਕਸਾਨਿਆ ਗਿਆ। ਮੌਕੇ 'ਤੇ ਪਹੁੰਚੇ ਪਰਵਾਰਕ ਮੈਂਬਰਾਂ ਨੇ ਜ਼ਖ਼ਮੀ ਜਵਾਨ ਨੂੰ ਤੁਰੰਤ ਸ੍ਰੀ ਮੁਕਤਸਰ ਸਾਹਿਬ ਦੇ ਹਸਪਤਾਲ ਪੁਚਾਇਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਪਤਾ ਚੱਲਿਆ ਹੈ ਕਿ ਫੌਜੀ ਜਵਾਨ ਵਿਆਹਿਆ ਹੋਇਆ ਸੀ ਅਤੇ ਉਸਦਾ ਕਰੀਬ 10 ਮਹੀਨੇ ਦਾ ਬੱਚਾ ਹੈ। ਫਿਲਹਾਲ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ। ਘਟਨਾ ਦੀਆਂ ਤਸਵੀਰਾਂ ਸੀਸੀਟੀਵੀ ਕੈਮਰਿਆਂ 'ਚ ਕੈਦ ਹੋ ਗਈਆਂ ਹਨ, ਜੋ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਿਹਾ ਹੈ। ਇਸ ਬਾਰੇ ਜਾਂਚ ਅਧਿਕਾਰੀ ਮਹਿੰਦਰ ਸਿੰਘ ਨੇ ਦੱਸਿਆ ਕਿ ਧਾਰਾ 194 ਬੀ.ਐਨ.ਐਸ. ਅਧੀਨ ਕਾਰਵਾਈ ਕਰਕੇ ਮ੍ਰਿਤਕ ਫੌਜੀ ਦੀ ਲਾਸ਼ ਪੋਸਟਮਾਰਟਮ ਕਰਾਇਆ ਜਾ ਰਿਹਾ ਹੈ।

# ਸਿਹਤ ਮੰਤਰੀ ਨੇ 'ਤੜਕਸਾਰ ਡੇਂਗੂ 'ਤੇ ਵਾਰ' ਲਾਰਵਾ ਲੱਭਣ ਲਈ ਮੁਹਿੰਮ ਦੀ ਕੀਤੀ ਅਗਵਾਈ

## ਵਿਦਿਆਰਥੀਆਂ ਰਾਹੀਂ ਡੇਂਗੂ ਖ਼ਿਲਾਫ਼ ਮੁਹਿੰਮ ਨੂੰ ਘਰ-ਘਰ ਤੱਕ ਪਹੁੰਚਾਇਆ ਜਾਵੇਗਾ : ਡਾ. ਬਲਬੀਰ ਸਿੰਘ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬ ਦੇ ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਤੜਕਸਾਰ 'ਹਰ ਸ਼ੁਕਰਵਾਰ, ਡੇਂਗੂ 'ਤੇ ਵਾਰ' ਮੁਹਿੰਮ ਤਹਿਤ ਸਿਹਤ ਵਿਭਾਗ ਦੀਆਂ ਟੀਮਾਂ ਨਾਲ ਵਿੱਦਿਅਕ ਅਦਾਰਿਆਂ 'ਚ ਡੇਂਗੂ ਦਾ ਲਾਰਵਾ ਲੱਭਣ ਲਈ ਚਲਾਈ ਰਾਜ ਪੱਧਰੀ ਮੁਹਿੰਮ ਦੀ ਅਗਵਾਈ ਕੀਤੀ।ਇਸ ਮੌਕੇ ਸਿਹਤ ਮੰਤਰੀ ਨਾਲ ਵੱਖ ਵੱਖ ਟੀਮਾਂ ਨੇ ਸਰਕਾਰੀ ਫਿਜੀਕਲ ਕਾਲਜ, ਸਰਕਾਰੀ ਸਕੂਲ ਸਿਵਲ ਲਾਈਨਜ਼ ਤੇ ਸਰਕਾਰੀ ਮਲਟੀਪਰਪਜ਼ ਸਕੂਲ ਸਮੇਤ ਪੰਜਾਬੀ ਬਾਗ਼ ਵਿਖੇ ਘਰ-ਘਰ ਜਾ ਕੇ ਚੈਕਿੰਗ ਕੀਤੀ ਗਈ ਤੇ ਲੋਕਾਂ ਨੂੰ ਡੇਂਗੂ ਦਾ ਫੈਲਾਅ ਰੋਕਣ ਲਈ ਜਾਗਰੂਕ ਕੀਤਾ।

ਇਸ ਮੌਕੇ ਡਾ. ਬਲਬੀਰ ਸਿੰਘ ਨੇ ਕਿਹਾ ਕਿ ਸੂਬੇ ਦੇ ਲੋਕਾਂ ਨੂੰ ਵੈਕਟਰ-ਬੋਰਨ ਬਿਮਾਰੀਆਂ ਤੋਂ ਬਚਾਉਣ ਲਈ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ 'ਹਰ ਸ਼ੁਕਰਵਾਰ, ਡੇਂਗੂ 'ਤੇ ਵਾਰ' ਤਹਿਤ ਇਸ ਵਾਰ ਸੂਬੇ ਦੇ ਵਿੱਦਿਅਕ ਅਦਾਰਿਆਂ ਰਾਹੀਂ ਕਰੀਬ 2 ਲੱਖ ਵਿਦਿਆਰਥੀਆਂ ਨੂੰ ਡੇਂਗੂ ਤੋਂ ਬਚਾਅ ਲਈ ਜਾਗਰੂਕ ਕਰਨ ਦੀ ਮੁਹਿੰਮ ਵਿੱਢੀ ਗਈ ਹੈ।ਉਨ੍ਹਾਂ ਕਿਹਾ ਕਿ ਇਹ ਵਿਦਿਆਰਥੀ ਅੱਗੇ ਆਪਣੇ ਘਰਾਂ ਤੇ ਆਲੇ ਦੁਆਲੇ ਡੇਂਗੂ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਕੇ ਇਸ ਦੇ ਖ਼ਾਤਮੇ ਲਈ ਯੋਗਦਾਨ ਪਾਉਣਗੇ।

ਆਪਣੇ ਦੌਰੇ ਦੌਰਾਨ ਸਿਹਤ ਮੰਤਰੀ ਨੇ ਵਿਦਿਆਰਥੀਆਂ ਨੂੰ ਨਾਲ ਲੈ ਕੇ ਸਰਕਾਰੀ ਫਿਜੀਕਲ ਕਾਲਜ 'ਚ ਪਾਣੀ ਨਾਲ ਭਰੇ ਛੋਟੇ ਛੱਪੜ ਦੀ ਜਾਂਚ ਕਰਵਾਈ ਤੇ ਉਸ ਵਿੱਚ ਪਾਏ ਲਾਰਵਾ 'ਤੇ ਲਾਰਵੀਸਾਇਡ ਦਵਾਈ ਦੀ ਸਪਰੇਅ ਕਰਵਾਉਂਦਿਆਂ ਉਨ੍ਹਾਂ ਕਿਹਾ ਕਿ ਇਸ ਲਾਰਵੇ ਤੋਂ ਪੈਦਾ ਹੋਣ ਵਾਲਾ ਮੱਛਰ ਕਾਲਜ ਦੇ ਵਿਦਿਆਰਥੀਆਂ ਤੇ ਨਾਲ ਲਗਦੇ ਹੋਸਟਲ ਦੇ ਵਿਦਿਆਰਥੀਆਂ ਨੂੰ ਡੇਂਗੂ ਦੀ ਲਪੇਟ ਵਿੱਚ ਲੈ ਸਕਦਾ ਸੀ।ਉਨ੍ਹਾਂ ਕਿਹਾ ਕਿ ਡੇਂਗੂ 'ਤੇ ਕਾਬੂ ਪਾਉਣ ਲਈ ਹਰੇਕ ਨੂੰ ਸੁਚੇਤ ਹੋਣਾ ਜ਼ਰੂਰੀ ਹੈ, ਇਸ ਲਈ ਇਹ ਯਕੀਨੀ ਬਣਾਇਆ ਜਾਵੇ ਕਿ ਘਰਾਂ ਜਾ ਸਾਡੇ ਆਲੇ ਦੁਆਲੇ ਖੜੇ ਪਾਣੀ ਵਿੱਚ ਲਾਰਵਾ ਪੈਦਾ ਨਾ ਹੋਵੇ ਇਸ ਲਈ ਲੋਕ ਖੁਦ ਵੀ ਸਬਜ਼ੀਆਂ ਬਣਾਉਣ ਲਈ ਵਰਤੇ ਜਾਣ ਵਾਲੇ ਬਚੇ ਹੋਏ ਤੇਲ ਨੂੰ ਵੀ ਖੜੇ ਪਾਣੀ ਵਿੱਚ ਪਾ ਕੇ ਲਾਰਵਾ ਨਸ਼ਟ ਕੀਤਾ ਜਾ ਸਕਦਾ ਹੈ।

ਡਾ. ਬਲਬੀਰ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵੱਲੋਂ ਡੇਂਗੂ ਵਿਰੁੱਧ ਚਲਾਈ ਜਾ ਰਹੀ ਇਸ ਮੁਹਿੰਮ ਦੇ ਵਿਦਿਆਰਥੀ ਬਰੈਂਡ ਅੰਬੈਸਡਰ ਹਨ, ਜੋ ਇੱਥੋਂ ਡੇਂਗੂ ਦੇ ਖ਼ਾਤਮੇ ਲਈ ਕੀਤੇ ਜਾਣ ਵਾਲੇ ਉਪਾਵਾਂ ਦੀ ਜਾਣਕਾਰੀ ਲੈ ਕੇ ਘਰ ਘਰ ਤੱਕ ਪਹੁੰਚਾਉਣਗੇ।ਉਨ੍ਹਾਂ ਕਿਹਾ ਕਿ ਸੂਬੇ ਭਰ ਚ ਅੱਜ ਦੋ ਲੱਖ ਵਿਦਿਆਰਥੀ ਇਸ ਮੁਹਿੰਮ ਨਾਲ ਜੁੜੇ ਹਨ ਜੋ ਪੰਜਾਬ ਦੇ 60 ਲੱਖ ਘਰਾਂ ਤੱਕ ਡੇਂਗੂ ਦੇ ਖ਼ਾਤਮੇ ਦਾ ਸੁਨੇਹਾ ਪਹੁੰਚਾਉਣਗੇ। ਇਸ ਮੌਕੇ ਸਿਵਲ ਸਰਜਨ ਡਾ. ਜਤਿੰਦਰ ਕਾਂਸਲ, ਡਾ. ਸੁਮੀਤ ਸਿੰਘ ਸਮੇਤ ਵੱਡੀ ਗਿਣਤੀ ਵਿਦਿਆਰਥੀ ਤੇ ਅਧਿਆਪਕ ਮੌਜੂਦ ਸਨ।

# ਦੇਸ਼ ਭਗਤ ਗਲੋਬਲ ਸਕੂਲ ਵਿਖੇ ਦੁਸਹਿਰੇ ਦਾ ਤਿਉਹਾਰ ਮਨਾਇਆ

## ਦੁਸਹਿਰਾ ਬੁਰਾਈ 'ਤੇ ਚੰਗਿਆਈ ਦੀ ਜਿੱਤ ਦਾ ਪ੍ਰਤੀਕ : ਪ੍ਰਿੰ. ਜਿੰਦਲ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਦੇਸ਼ ਭਗਤ ਗਲੋਬਲ ਸਕੂਲ ਸ੍ਰੀ ਮੁਕਤਸਰ ਸਾਹਿਬ ਵੱਲੋਂ ਦੇਸ਼ ਭਗਤ ਯੂਨਾਈਟਡ ਗਰੁੱਪ ਦੇ ਚਾਂਸਲਰ ਡਾਕਟਰ ਜ਼ੋਰਾ ਸਿੰਘ ਤੇ ਪ੍ਰੋ. ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਸਰਪ੍ਰਸਤੀ ਹੇਠ ਚੱਲ ਰਹੇ ਦੇਸ਼ ਭਗਤ ਗਲੋਬਲ ਸਕੂਲ ਦੇ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਤੇ ਵਾਈਸ ਪ੍ਰਿੰਸੀਪਲ ਪਰਮਪ੍ਰੀਤ ਕੌਰ ਦੀ ਯੋਗ ਅਗਵਾਈ ਹੇਠ ਦੇਸ਼ ਭਗਤ ਗਲੋਬਲ ਸਕੂਲ ਵਿਖੇ ਦੁਸਹਿਰੇ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਜਸ਼ਨ ਦੀ ਸ਼ੁਰੂਆਤ ਬੱਚਿਆਂ ਨੇ ਦੁਸਹਿਰੇ ਦੇ ਤਿਉਹਾਰ ਦੇ ਪਿੱਛੇ ਦੀ ਅਸਲ ਕਹਾਣੀ ਤੇ ਮਹੱਤਤਾ ਨੂੰ ਸਾਂਝੀ ਕਰਦੇ ਹੋਏ ਕੀਤੀ।

ਬੱਚਿਆਂ ਨੇ ਰਾਵਣ ਦਾ ਪੁਤਲਾ ਬਣਾਇਆ ਤੇ ਭਗਵਾਨ ਰਾਮ ਦੇ ਜੀਵਨ ਦੇ ਕੁਝ ਦ੍ਰਿਸ਼ ਵੀ ਬਣਾਏ।ਇਸ ਮੌਕੇ ਬੱਚਿਆਂ ਨੇ ਭਾਸ਼ਣ ਤੇ ਕਵਿਤਾਵਾਂ ਵੀ ਪੇਸ਼ ਕੀਤੀਆਂ।ਪ੍ਰਿੰਸੀਪਲ ਡਾ. ਸੰਜੀਵ ਜਿੰਦਲ ਨੇ ਇਸ ਤਿਉਹਾਰ ਬਾਰੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਦੁਸਹਿਰਾ ਬੁਰਾਈ 'ਤੇ ਚੰਗਿਆਈ ਦੀ ਜਿੱਤ ਦਾ ਸਮਾਨਾਰਥੀ ਹੈ, ਜੋ ਇਹ ਵੀ ਦਰਸਾਉਂਦਾ ਹੈ ਕਿ ਕਿਵੇਂ ਜ਼ਾਲਮ ਇਰਾਦੇ ਵਾਲੇ ਲੋਕ ਜ਼ਿੰਦਗੀ ਦੀ ਇਸ ਲੜਾਈ ਵਿੱਚ ਜਿੱਤ ਨਹੀਂ ਸਕਦੇ।ਸਾਨੂੰ ਇਸ ਤਿਉਹਾਰ ਨੂੰ ਪੂਰੇ ਦਿਲ ਨਾਲ ਮਨਾਉਣਾ ਚਾਹੀਦਾ ਹੈ, ਤਾਂ ਜੋ ਅਸੀਂ ਆਪਣੀਆਂ ਜੜ੍ਹਾਂ ਦੇ ਨੇੜੇ ਰਹਿ ਸਕੀਏ।ਵਾਈਸ ਪ੍ਰਿੰਸੀਪਲ ਪਰਮਪ੍ਰੀਤ ਕੌਰ ਨੇ ਦੱਸਿਆ ਕਿ ਸਾਨੂੰ ਆਪਣੇ ਅੰਦਰਲੇ ਔਗੁਣਾਂ ਦਾ ਵਿਨਾਸ਼ ਕਰਦੇ ਹੋਏ ਗੁਣਾਂ ਨੂੰ ਲਿਆਉਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ।ਸਕੂਲ ਮੈਨੇਜਮੈਂਟ ਨੇ ਇਸ ਸ਼ੁੱਭ ਅਵਸਰ ਉੱਪਰ ਸਭ ਵਿਦਿਆਰਥੀਆਂ, ਅਧਿਆਪਕਾਂ ਤੇ ਮਾਪਿਆਂ ਨੂੰ ਵਧਾਈ ਦਿੱਤੀ।ਇਸ ਮੌਕੇ ਸਮੂਹ ਸਟਾਫ਼ ਮੌਜੂਦ ਸੀ।

# ਕਿਸਾਨ ਗੁਰਪ੍ਰੀਤ ਸਿੰਘ 10 ਸਾਲਾਂ ਤੋਂ ਪਰਾਲੀ ਨੂੰ ਬਿਨਾਂ ਸਾੜੇ ਕਰ ਰਿਹਾ 15 ਏਕੜ ਦੀ ਖੇਤੀ

**ਮੋਗਾ (ਇਕਬਾਲ ਸਿੰਘ ਖਹਿਰਾ)**



ਅਜੋਕੇ ਸਮੇਂ ਵਿੱਚ ਵਾਤਾਵਰਨ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਉਣ ਲਈ ਸਾਰੇ ਵਰਗਾਂ ਦੇ ਲੋਕਾਂ ਦਾ ਸਹਿਯੋਗ ਜ਼ਰੂਰੀ ਹੈ, ਪ੍ਰੰਤੂ ਕਿਸਾਨ ਇਸ ਵਿੱਚ ਇੱਕ ਅਹਿਮ ਭੂਮਿਕਾ ਨਿਭਾਅ ਸਕਦੇ ਹਨ ਤੇ ਵੱਡੀ ਗਿਣਤੀ ਵਿੱਚ ਕਿਸਾਨ ਹੁਣ ਵਾਤਾਵਰਨ ਪੱਖੀ ਖੇਤੀਬਾੜੀ ਸੰਦਾਂ ਦੀ ਵਰਤੋਂ ਕਰਕੇ ਵਾਤਾਵਰਨ ਸ਼ੁੱਧਤਾ ਵਿੱਚ ਆਪਣਾ ਵੱਡਮੁੱਲਾ ਯੋਗਦਾਨ ਦੇ ਵੀ ਰਹੇ ਹਨ, ਕਿਉਂਕਿ ਇਨ੍ਹਾਂ ਨਾਲ ਪਰਾਲੀ ਦੇ ਨਾੜ ਜਾਂ ਹੋਰ ਰਹਿੰਦ-ਖੂੰਹਦ ਨੂੰ ਅੱਗ ਲਾਉਣ ਦੀ ਜ਼ਰੂਰਤ ਨਹੀਂ ਰਹਿੰਦੀ ਅਤੇ ਵਾਤਾਵਰਣ ਪੱਖੀ ਖੇਤੀਬਾੜੀ ਸੰਭਵ ਹੁੰਦੀ ਹੈ। ਇਨ੍ਹਾਂ ਕਿਸਾਨਾਂ ਦੀ ਸੂਚੀ ਵਿੱਚ ਇੱਕ ਨਾਂਅ ਜ਼ਿਲ੍ਹਾ ਮੋਗਾ ਦੇ ਪਿੰਡ ਧੱਲੇਕੇ ਦੇ ਕਿਸਾਨ ਗੁਰਪ੍ਰੀਤ ਸਿੰਘ ਦਾ ਵੀ ਆਉਂਦਾ ਹੈ। ਗੁਰਪ੍ਰੀਤ ਸਿੰਘ 15 ਏਕੜ ਜ਼ਮੀਨ ਵਿਚ ਖੇਤੀ ਕਰ ਰਿਹਾ ਹੈ ਤੇ ਪਿਛਲੇ 10 ਸਾਲਾਂ ਤੋਂ ਇਹ ਕਿਸਾਨ ਝੋਨੇ ਦੀ ਪਰਾਲੀ ਨੂੰ ਬਿਨਾਂ ਅੱਗ ਲਗਾਏ ਕਣਕ ਦੀ ਫ਼ਸਲ ਦੀ ਬਿਜਾਈ ਹੈਪੀਸੀਡਰ ਨਾਲ ਕਰ ਰਿਹਾ ਹੈ। ਪਿਛਲੇ ਸਾਲ ਤੋਂ ਇਸ ਕਿਸਾਨ ਨੇ ਸੁਪਰਸੀਡਰ ਨਾਲ ਕਣਕ ਦੀ ਬਿਜਾਈ ਸ਼ੁਰੂ ਕਰ ਦਿੱਤੀ ਹੈ। ਕਿਸਾਨ ਗੁਰਪ੍ਰੀਤ ਸਿੰਘ ਦਾ ਕਹਿਣਾ ਹੈ ਕਿ ਫ਼ਸਲੀ ਰਹਿੰਦ-ਖੂੰਹਦ ਨੂੰ ਖੇਤਾਂ ਵਿਚ ਹੀ ਵਾਹੁਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵਿਚ ਬਹੁਤ ਵਾਧਾ ਹੋਇਆ ਹੈ, ਖੇਤੀ ਖਰਚੇ ਘਟੇ ਹਨ ਤੇ ਹਰ ਸਾਲ ਝਾੜ ਵਿੱਚ ਵੀ ਵਾਧਾ ਹੋ ਰਿਹਾ ਹੈ। ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਖੇਤੀਬਾੜੀ ਮਾਹਿਰਾਂ ਦੀ ਸਲਾਹ ਨਾਲ ਖੇਤੀ ਕਰਕੇ ਉਹ ਆਪਣੇ ਸਮੇਂ ਅਤੇ ਪੈਸੇ ਦੀ ਬੱਚਤ ਤਾਂ ਕਰ ਹੀ ਰਿਹਾ ਹੈ, ਸਗੋਂ ਉਹ ਵਾਤਾਵਰਣ ਸ਼ੁੱਧਤਾ ਵਿੱਚ ਵੀ ਆਪਣਾ ਵੱਡਮੁੱਲਾ ਯੋਗਦਾਨ ਦੇ ਰਿਹਾ ਹੈ, ਜਿਸਦੀ ਉਸਨੂੰ ਬਹੁਤ ਖੁਸ਼ੀ ਹੈ। ਉਨ੍ਹਾਂ ਕਿਹਾ ਕਿ ਝੋਨੇ ਦੀ ਪਰਾਲੀ ਨੂੰ ਅੱਗ ਲਾਏ ਬਿਨਾਂ ਹੁਣ ਕਣਕ ਦੀ ਬਿਜਾਈ ਸੁਪਰਸੀਡਰ ਨਾਲ ਕਰਨੀ ਬਹੁਤ ਸੁਖਾਲੀ ਹੋ ਗਈ ਹੈ। ਇਸ ਤੋਂ ਇਲਾਵਾ ਉਹ ਆਪਣੀ ਫਸਲ ਸੁਪਰ ਐਸ.ਐਮ.ਐਸ. ਲੱਗੀ ਕੰਬਾਈਨ ਨਾਲ ਹੀ ਕਰਵਾਉਂਦਾ ਹੈ। ਜਿਸ ਨਾਲ ਝੋਨੇ ਦੀ ਪਰਾਲੀ ਦੇ ਛੋਟੇ-ਛੋਟੇ ਟੁਕੜੇ ਹੋ ਕੇ ਜ਼ਮੀਨ ਵਿੱਚ ਮਿਲ ਜਾਂਦੇ ਹਨ, ਜਿਹੜੇ ਮਿੱਟੀ ਲਈ ਉਪਜਾਊ ਸ਼ਕਤੀ ਜਾ ਸਰੋਤ ਵੀ ਬਣਦੇ ਹਨ।

ਉਨ੍ਹਾਂ ਕਿਹਾ ਕਿ ਖੇਤੀਬਾੜੀ ਵਿਭਾਗ ਦੇ ਅਧਿਕਾਰੀ ਵੀ ਉਨ੍ਹਾਂ ਦਾ ਖੇਤਾਂ ਦਾ ਦੌਰਾ ਕਰਨ ਆਉਂਦੇ ਹਨ ਅਤੇ ਪੂਰੀ ਹੱਲਾਸ਼ੇਰੀ ਨਾਲ ਉਨ੍ਹਾਂ ਨੂੰ ਪ੍ਰੇਰਤ ਕਰਦੇ ਹਨ ਕਿ ਉਹ ਪਰਾਲੀ ਸਾੜੇ ਬਿਨਾਂ ਅਗਲੀ ਫ਼ਸਲ ਦੀ ਬਿਜਾਈ ਦੇ ਸ਼ਲਾਘਾਯੋਗ ਕੰਮ ਨੂੰ ਨਿਰੰਤਰ ਜਾਰੀ ਰੱਖਣ। ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਕਿਸਾਨ ਗੁਰਪ੍ਰੀਤ ਸਿੰਘ ਦੀ ਹਿੰਮਤ ਦੀ ਸ਼ਲਾਘਾ ਕਰਦਿਆਂ ਹੋਰ ਕਿਸਾਨਾਂ ਨੂੰ ਵੀ ਪਰਾਲੀ ਨੂੰ ਅੱਗ ਨਾ ਲਾਉਣ ਦੀ ਅਪੀਲ ਕੀਤੀ ਹੈ।

## ਪੰਜਾਬ ਕੋ-ਐਜੂਕੇਸ਼ਨ ਸਕੂਲ ਵੱਲੋਂ ਵਿਦਿਆਰਥੀਆਂ ਦਾ ਵਿੱਦਿਅਕ ਟੂਰ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਵਿੱਦਿਅਕ ਸੰਸਥਾ ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਬਾਘਾ ਪੁਰਾਣਾ, ਜੋ ਚੇਅਰਮੈਨ ਸ੍ਰ. ਗੁਰਦੇਵ ਸਿੰਘ, ਪ੍ਰਿੰਸੀਪਲ ਤੇ ਡਾਇਰੈਕਟਰ ਸੰਦੀਪ ਮਹਿਤਾ ਦੀ ਯੋਗ ਅਗਵਾਈ ਵਿੱਚ ਵਿਦਿਆਰਥੀਆਂ ਦੇ ਵਿੱਦਿਅਕ, ਮਾਨਸਿਕ ਨੈਤਿਕ ਵਿਕਾਸ ਲਈ ਹਮੇਸ਼ਾ ਯਤਨਸ਼ੀਲ ਰਹਿੰਦੀ ਹੈ, ਵੱਲੋਂ ਵਿੱਦਿਅਕ ਟੂਰ ਦੌਰਾਨ ਛੇਵੀਂ ਤੋਂ ਅੱਠਵੀਂ ਸ਼੍ਰੇਣੀ ਤੱਕ ਦੇ ਵਿਦਿਆਰਥੀਆਂ ਨੂੰ ਸਾਇੰਸ ਸਿਟੀ ਲਿਜਾਇਆ ਗਿਆ।ਇਨ੍ਹਾਂ ਵਿਦਿਅਰਥੀਆਂ ਨਾਲ ਮਿਡਲ ਵਿੰਗ ਦੇ ਕੋ-ਆਰਡੀਨੇਟਰ ਮੈਡਮ ਦੀਪਿਕਾ ਮਨਚੰਦਾ ਤੇ ਕਲਾਸ ਇੰਚਾਰਜਾਂ ਤੋਂ ਇਲਾਵਾ ਸਾਇੰਸ ਵਿਸ਼ੇ ਦੇ ਅਧਿਆਪਕ ਸ਼ਾਮਲ ਹੋਏ।ਇਸ ਦੇ ਨਾਲ-ਨਾਲ ਨੌਵੀਂ ਤੋਂ 12ਵੀਂ ਸ਼੍ਰੇਣੀ ਦੀਆਂ ਲੜਕੀਆਂ ਦਾ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਤੇ 'ਸਾਡਾ ਪਿੰਡ', ਜਲ੍ਹਿਆਂਵਾਲਾ ਬਾਗ਼ ਵਿੱਦਿਅਕ ਟੂਰ ਲਿਜਾਣ ਦਾ ਪ੍ਰਬੰਧ ਕੀਤਾ ਗਿਆ।ਇਸ ਟਰਿੱਪ ਵਿੱਚ ਲੜਕੀਆਂ ਦੇ ਇੰਚਾਰਜ ਅਧਿਆਪਕਾਂ ਤੋਂ ਇਲਾਵਾ ਡੀ.ਪੀ.ਆਈ. ਬਲਰਾਜ ਸਿੰਘ ਤੇ ਨਵਨੀਤ ਸਿੰਘ ਸ਼ਾਮਲ ਸਨ।ਇਸ ਵਿੱਦਿਅਕ ਟੂਰ ਦਾ ਉਦੇਸ਼ ਵਿਦਿਆਰਥੀਆਂ ਵਿੱਚ ਧਾਰਮਿਕ ਭਾਵਨਾਵਾਂ ਉਜਾਗਰ ਕਰਨਾ ਤੇ ਆਪਣੇ ਸੱਭਿਆਚਾਰ ਨਾਲ ਜੋੜਨਾ ਸੀ।

## ਟਰੱਕ ਯੂਨੀਅਨ ਨੇ ਚੌਲਾਂ ਦਾ ਲੰਗਰ ਵਰਤਾਇਆ



**ਮੱਖੂ (ਰਛਪਾਲ ਸਿੰਘ ਸੰਧੂ)**-ਝੋਨੇ ਦੇ ਸੀਜ਼ਨ ਦੇ ਸਬੰਧ ਵਿੱਚ ਟਰੱਕ ਯੂਨੀਅਨ ਮੱਖੂ ਦੀ ਹੋਈ ਮੀਟਿੰਗ 'ਚ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਨਰਿੰਦਰ ਕਟਾਰੀਆ, ਰਿਸ਼ੂ ਖੁਰਾਣਾ, ਬਲਵੀਰ ਲਹਿਰਾ, ਟਰੱਕ ਯੂਨੀਅਨ ਦੇ ਮੈਂਬਰ ਜਰਨੈਲ ਸਿੰਘ ਸੰਧੂ, ਮਨਮੋਹਨ ਗਰੋਵਰ, ਪ੍ਰਦੀਪ ਕੱਕੜ, ਅਨਿਲ ਧਵਨ ਡੀਸੀ, ਕੁਲਵੰਤ ਸਿੰਘ ਲਾਟੀਆ, ਨਿਸ਼ਾਨ ਸਿੰਘ, ਪਤਰਸ ਮਸੀਹ, ਥੋਮਸ ਮਸੀਹ, ਕਸ਼ਮੀਰ ਮਸੀਹ, ਗੁਰਜੰਟ ਸਿੰਘ ਤੇ ਟਰੱਕ ਓਪਰੇਟਰ ਹਾਜ਼ਰ ਸਨ।ਇਸ ਮੀਟਿੰਗ ਦੌਰਾਨ ਟਰੱਕ ਯੂਨੀਅਨ ਵੱਲੋਂ ਝੋਨੇ ਦੇ ਨਵੇਂ ਸੀਜ਼ਨ ਦੇ ਸ਼ੁਰੂਆਤ ਮੌਕੇ ਪ੍ਰਮਾਤਮਾ ਦਾ ਓਟ ਆਸਰਾ ਲੈਂਦੇ ਹੋਏ ਅਰਦਾਸ ਬੇਨਤੀ ਕਰਕੇ ਚੌਲਾਂ ਦਾ ਲੰਗਰ ਵਰਤਾਇਆ ਗਿਆ।ਇਸ ਮੌਕੇ ਮੀਟਿੰਗ ਦੌਰਾਨ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਨਰਿੰਦਰ ਕਟਾਰੀਆ ਨੇ ਟਰੱਕ ਓਪਰੇਟਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਟਰੱਕਾਂ ਦੇ ਨੰਬਰ ਟਰੱਕ ਯੂਨੀਅਨ ਵਿੱਚ ਦਰਜ ਕਰਵਾਉਣ ਤਾਂ ਜੋ ਝੋਨੇ ਦੇ ਸੀਜ਼ਨ ਦੌਰਾਨ ਕਿਸੇ ਵੀ ਟਰੱਕ ਓਪਰੇਟਰ ਨੂੰ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

## ਬੀਬੀ ਪਰਮੇਸ਼ਵਰ ਦੀ ਯਾਦ 'ਚ ਗੁਰਦੁਆਰਾ ਸਾਹਿਬ ਲਈ 10 ਲੱਖ ਦਾ ਚੈੱਕ ਭੇਟ



**ਪਟਿਆਲਾ (ਰਾਜਿੰਦਰ ਸਿੰਘ ਬਿੰਦ)**-ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ 'ਆਦੀ ਗੋਦਰੇਜ' ਪਰਵਾਰ ਵੱਲੋਂ ਬੀਬੀ ਪਰਮੇਸ਼ਵਰ ਦੀ ਨਿੱਘੀ ਯਾਦ ਵਿੱਚ ਰੱਖੇ ਗਏ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ।ਇਸ ਮੌਕੇ 'ਆਦੀ ਗੋਦਰੇਜ' ਪਰਵਾਰ ਵੱਲੋਂ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੂੰ 10 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦਾ ਚੈੱਕ ਵੀ ਸੌਂਪਿਆ ਗਿਆ।ਹੈੱਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 'ਗੋਦਰੇਜ' ਪਰਵਾਰ ਵੱਲੋਂ ਬੀਬੀ ਪਰਮੇਸ਼ਵਰ ਦੀ ਯਾਦ ਵਿੱਚ ਸ੍ਰੀ ਆਖੰਡ ਪਾਠ ਸਾਹਿਬ ਰਖਵਾਇਆ ਗਿਆ, ਜਿਨ੍ਹਾਂ ਦਾ ਭੋਗ ਗੁਰਦੁਆਰਾ ਸਾਹਿਬ ਵਿਖੇ ਪਾਇਆ ਗਿਆ। ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਲਈ ਗੁਰਦੁਆਰਾ ਪ੍ਰਬੰਧਕਾਂ ਨੂੰ 10 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦਾ ਚੈੱਕ 'ਗੋਦਰੇਜ' ਪਰਵਾਰ ਵੱਲੋਂ ਅਨਿਲ ਸਹਿਗਲ ਨੇ ਸੌਂਪਿਆ।ਇਸ ਮੌਕੇ ਗੁਰਦੁਆਰਾ ਪ੍ਰਬੰਧਕ ਮੈਨੇਜਰ ਰਜਿੰਦਰ ਸਿੰਘ ਟੌਹੜਾ ਨੇ ਅਨਿਲ ਸਹਿਗਲ ਦਾ ਇਥੇ ਪੁੱਜਣ 'ਤੇ ਸਿਰੋਪਾਓ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮੀਤ ਮੈਨੇਜਰ ਭਾਗ ਸਿੰਘ ਚੌਹਾਨ, ਸੁਰਜੀਤ ਸਿੰਘ ਕੌਲੀ, ਆਤਮ ਪ੍ਰਕਾਸ਼ ਸਿੰਘ ਬੇਦੀ, ਭਾਈ ਦਰਸ਼ਨ ਸਿੰਘ, ਸਾਬਕਾ ਅਧਿਕਾਰੀ ਡਾ. ਪਰਮਜੀਤ ਸਿੰਘ ਸਰੋਆ, ਸਾਬਕਾ ਹੈੱਡ ਗ੍ਰੰਥੀ ਭਾਈ ਸੁਖਦੇਵ ਸਿੰਘ ਆਦਿ ਹਾਜ਼ਰ ਸਨ।

## ਮਾਰਕਫੈੱਡ ਤੇ ਪਨਗਰੇਨ ਵੱਲੋਂ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਸਰਕਾਰੀ ਖਰੀਦ ਏਜੰਸੀ ਮਾਰਕਫੈੱਡ ਤੇ ਪਨਗਰੇਨ ਵੱਲੋਂ ਬਲਾਕ ਤਲਵੰਡੀ ਸਾਬੋ ਦੇ ਵੱਡੇ ਪਿੰਡ ਭਾਗੀਵਾਂਦਰ ਦੀ ਅਨਾਜ ਮੰਡੀ ਵਿਖੇ ਸੁੱਕੇ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਕਰ ਦਿੱਤੀ ਗਈ ਹੈ।ਮਾਰਕਫੈੱਡ ਦੇ ਮੈਨੇਜਰ ਹਰਪ੍ਰੀਤ ਸਿੰਘ, ਪਨਗਰੇਨ ਦੇ ਏਐੱਫਐੱਸਓ ਗਗਨਦੀਪ ਸ਼ਰਮਾ ਤੇ ਇੰਸਪੈਕਟਰ ਮਨਦੀਪ ਸਿੰਘ ਬਰਾੜ ਵੱਲੋਂ ਆੜ੍ਹਤੀਆਂ ਤੇ ਕਿਸਾਨਾਂ ਦੀ ਹਾਜ਼ਰੀ 'ਚ ਸੁੱਕੇ ਝੋਨੇ ਦੀ ਸਰਕਾਰੀ ਬੋਲੀ 2320 ਰੁਪਏ ਪ੍ਰਤੀ ਕੁਇੰਟਲ ਲਗਾ ਕੇ ਸਰਕਾਰੀ ਖਰੀਦ ਸ਼ੁਰੂ ਕੀਤੀ ਗਈ।ਮੈਨੇਜਰ ਮਾਰਕਫੈੱਡ ਨੇ ਅਨਾਜ ਮੰਡੀ 'ਚ ਝੋਨਾ ਲਿਆਉਣ ਵਾਲੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀ 'ਚ ਸਰਕਾਰੀ ਖਰੀਦ ਮਾਪ ਦੰਡ ਅਨੁਸਾਰ ਹੀ ਸੁੱਕਾ ਝੋਨਾ ਲਿਆਉਣ ਤਾਂ ਜੋ ਉਨ੍ਹਾਂ ਦੇ ਸੁੱਕੇ ਝੋਨੇ ਦੀ ਫਸਲ ਨੂੰ ਖਰੀਦ ਏਜੰਸੀ ਵੱਲੋਂ ਬੋਲੀ ਲਗਾ ਕੇ ਖਰੀਦਿਆ ਜਾ ਸਕੇ।

## 400 ਗ੍ਰਾਮ ਅਫੀਮ ਤੇ 50 ਹਜ਼ਾਰ ਡਰੱਗ ਮਨੀ ਸਮੇਤ ਦੋ ਕਾਬੂ



**ਮਲੋਟ (ਗੁਰਮੀਤ ਸਿੰਘ ਮੱਕੜ)**-ਪੰਜਾਬ ਸਰਕਾਰ ਤੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਜ਼ਿਲ੍ਹਾ ਪੁਲਸ ਮੁਖੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਚਲਾਏ ਜਾ ਰਹੇ ਸਰਚ ਅਭਿਆਨ ਤਹਿਤ ਸੀ ਆਈ ਏ ਸਟਾਫ ਮਲੋਟ ਪੁਲਸ ਵੱਲੋਂ ਚੈਕਿੰਗ ਦੌਰਾਨ ਇੱਕ ਕਰੇਟਾ ਕਾਰ ਦੀ ਤਾਲਾਸ਼ੀ ਲੈਣ 'ਤੇ ਉਸ ਵਿੱਚੋਂ ਅਫੀਮ ਤੇ ਨਕਦੀ ਬਰਾਮਦ ਕੀਤੀ ਗਈ। ਸੀ.ਆਈ.ਏ. ਸਟਾਫ ਦੇ ਤਫਤੀਸ਼ੀ ਅਧਿਕਾਰੀ ਨੇ ਦੱਸਿਆ ਕਿ ਤਾਲਾਸ਼ੀ ਅਭਿਆਨ ਤਹਿਤ ਇੱਕ ਕਰੇਟਾ ਕਾਰ ਦੀ ਤਲਾਸ਼ੀ ਲਈ ਗਈ ਤਾਂ ਉਸ ਵਿੱਚ ਸਵਾਰ ਦੋ ਵਿਅਕਤੀਆਂ ਤੋਂ 400 ਗ੍ਰਾਮ ਅਫੀਮ ਤੇ 50 ਹਜ਼ਾਰ ਡਰੱਗ ਮਨੀ ਬਰਾਮਦ ਹੋਈ, ਜਿਨ੍ਹਾਂ ਦੀ ਪਹਿਚਾਣ ਦੇਸ ਰਾਮ, ਵਾਸੀ ਕਾਲਿਆਂਵਾਲੀ ਤੇ ਵਿਰਸਾ ਸਿੰਘ, ਵਾਸੀ ਰੱਤਾਵਾਲੀ ਵੱਜੋਂ ਹੋਈ, ਜਿਨ੍ਹਾਂ ਖਿਲਾਫ ਮਾਮਲਾ ਦਰਜ ਕਰਕੇ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

## ਸੁਪੀਰੀਅਰ ਵਰਲਡ ਸਕੂਲ ਦਾ ਪ੍ਰਾਇਮਰੀ ਖੇਡਾਂ 'ਚ ਸ਼ਾਨਦਾਰ ਪ੍ਰਦਰਸ਼ਨ




**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਦਾ ਸੁਪੀਰੀਅਰ ਵਰਲਡ ਸਕੂਲ ਦੇ ਵਿਦਿਆਰਥੀਆਂ ਨੇ ਭੈਣੀ ਸਾਹਿਬ ਵਿਖੇ ਪ੍ਰਾਇਮਰੀ ਸਕੂਲ ਖੇਡਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ। ਦਾ ਸੁਪੀਰੀਅਰ ਵਰਲਡ ਸਕੂਲ ਦੇ ਵਿਦਿਆਰਥੀਆਂ ਨੇ ਆਪਣੀਆਂ ਖੇਡ ਤਕਨੀਕਾਂ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸਕੂਲ ਵਿਦਿਆਰਥੀ ਮਨਰਾਜ ਨੇ ਰੱਸਾਕਸੀ ਵਿੱਚ ਚਾਂਦੀ ਦਾ ਤਮਗਾ, ਇਮਰਾਨ, ਐੱਮ. ਡੀ. ਕੈਫ ਤੇ ਗੁਰਮੁੱਖ ਨੇ ਖੋ-ਖੋ ਵਿੱਚ ਚਾਂਦੀ ਦਾ ਤਮਗਾ ਹਾਸਲ ਕਰਕੇ ਸਕੂਲ ਦਾ ਮਾਣ ਵਧਾਇਆ। ਇਸ ਮਾਣਮੱਤੀ ਪ੍ਰਾਪਤੀ 'ਤੇ ਪ੍ਰਿੰਸੀਪਲ ਰਸ਼ਮੀ ਸ਼ਰਮਾ, ਭਜਨ ਕੌਰ ਨੇ ਵਿਦਿਆਰਥੀਆਂ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ। ਖੇਡਾਂ ਦੇ ਇੰਚਾਰਜ ਕਰਨਦੀਪ ਸਿੰਘ, ਸੰਦੀਪ ਕੌਰ, ਜਸਵਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਭਵਿੱਖ ਵਿੱਚ ਹੋਰ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

## ਡੀ ਏ ਵੀ ਕਕਰਾਲਾ ਦਾ ਰਾਜ ਪੱਧਰੀ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ

**ਸਮਾਣਾ (ਇਕਬਾਲ ਸਿੰਘ ਬੱਲ)**-ਡੀ.ਏ.ਵੀ. ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕਕਰਾਲਾ ਦੇ ਯੁਵਾ ਖਿਡਾਰੀਆਂ ਨੇ 28 ਸਤੰਬਰ ਤੋਂ 8 ਅਕਤੂਬਰ 2024 ਤੱਕ ਲੁਧਿਆਣਾ ਤੇ ਜਲੰਧਰ 'ਚ ਹੋਏ ਰਾਜ ਪੱਧਰੀ ਡੀ.ਏ.ਵੀ. ਖੇਡ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਕਕਰਾਲਾ ਦੇ ਖਿਡਾਰੀਆਂ ਨੇ ਕੁੱਲ 11 ਸੋਨੇ ਦੇ, 34 ਚਾਂਦੀ ਦੇ ਤੇ 31 ਕਾਂਸੀ ਦੇ ਤਮਗੇ ਹਾਸਲ ਕਰਕੇ ਕੁੱਲ 76 ਤਮਗੇ ਜਿੱਤੇ।ਡੀ.ਏ.ਵੀ. ਕਕਰਾਲਾ ਦੇ 60 ਵਿਦਿਆਰਥੀਆਂ ਨੇ ਵੱਖ-ਵੱਖ ਖੇਡਾਂ ਵਿੱਚ ਭਾਗ ਲਿਆ, ਜਿਸ ਵਿੱਚ ਖੋ-ਖੋ (ਅੰਡਰ-14 ਤੇ 19 ਮੁੰਡੇ ਤੇ ਕੁੜੀਆਂ), ਕੁਸ਼ਤੀ (ਅੰਡਰ-14, 17 ਤੇ 19 ਮੁੰਡੇ ਤੇ ਕੁੜੀਆਂ) ਅਤੇ ਐਥਲੈਟਿਕਸ (ਅੰਡਰ-14, 17 ਤੇ 19 ਮੁੰਡੇ ਤੇ ਕੁੜੀਆਂ) ਸ਼ਾਮਲ ਸਨ।ਖਾਸ ਕਰਕੇ ਅੰਡਰ-14 ਕੁੜੀਆਂ ਦੀ ਕੁਸ਼ਤੀ ਟੀਮ ਨੇ ਵਿਜੇਤਾ ਟਰਾਫੀ ਜਿੱਤੀ, ਜਦੋਂਕਿ ਅੰਡਰ-17 ਮੁੰਡਿਆਂ ਦੀ ਕੁਸ਼ਤੀ ਟੀਮ ਨੇ ਰਨਰ-ਅਪ ਟਰਾਫੀ ਹਾਸਲ ਕੀਤੀ।ਅੰਡਰ-14 ਕੁੜੀਆਂ ਦੀ ਟੀਮ ਨੇ ਖੋ-ਖੋ ਵਿੱਚ ਰਨਰ-ਅਪ ਟਰਾਫੀ ਜਿੱਤੀ ਅਤੇ ਅੰਡਰ-19 ਮੁੰਡਿਆਂ ਤੇ ਕੁੜੀਆਂ ਦੀਆਂ ਟੀਮਾਂ ਨੇ ਵੀ ਖੋ-ਖੋ ਵਿੱਚ ਰਨਰ-ਅਪ ਟਰਾਫੀ ਹਾਸਲ ਕੀਤੀ।ਸਕੂਲ ਮੁਖੀ ਨੇ ਇਸ ਸ਼ਾਨਦਾਰ ਪ੍ਰਦਰਸ਼ਨ ਲਈ ਸਾਰੇ ਖਿਡਾਰੀਆਂ ਤੇ ਉਨ੍ਹਾਂ ਦੇ ਸਪੋਰਟਸ ਅਧਿਆਪਕਾਂ ਨੂੰ ਵਧਾਈ ਦਿੱਤੀ।ਉਨ੍ਹਾਂ ਖ਼ਾਸ ਤੌਰ 'ਤੇ ਖੇਡ ਵਿਭਾਗ ਦੇ ਅਧਿਆਪਕ ਸ੍ਰੀ ਹਰਮੀਤ ਸਿੰਘ ਤੇ ਸ੍ਰੀਮਤੀ ਸੀਮਾ ਹਾਂਡਾ ਦੇ ਯਤਨਾਂ ਦੀ ਸ਼ਲਾਘਾ ਕੀਤੀ।ਉਨ੍ਹਾ ਨੇ ਸਾਰੇ ਖਿਡਾਰੀਆਂ ਦੀ ਮਿਹਨਤ ਤੇ ਸਮਰਪਣ ਦੀ ਸ਼ਲਾਘਾ ਕੀਤੀ ਅਤੇ ਮਾਤਾ-ਪਿਤਾ ਦਾ ਸਹਿਯੋਗ ਲਈ ਧੰਨਵਾਦ ਕੀਤਾ।ਉਨ੍ਹਾਂ ਸਾਰੇ ਵਿਦਿਆਰਥੀਆਂ ਨੂੰ ਰਾਸ਼ਟਰੀ ਪੱਧਰ ਦੇ ਮੁਕਾਬਲੇ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਤੇ ਭਰੋਸਾ ਜਤਾਇਆ ਕਿ ਕਕਰਾਲਾ ਦੇ ਨੌਜਵਾਨ ਖਿਡਾਰੀ ਭਵਿੱਖ ਵਿੱਚ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ 'ਤੇ ਵੀ ਜਿੱਤ ਦਾ ਝੰਡਾ ਲਹਿਰਾਉਣਗੇ।



## ਝੋਨੇ ਦੀ ਖਰੀਦ ਨਾ ਹੋਣ 'ਤੇ ਆੜ੍ਹਤੀਆਂ, ਮਜ਼ਦੂਰਾਂ ਤੇ ਕਿਸਾਨਾਂ ਵੱਲੋਂ ਚੱਕਾ ਜਾਮ

### ਵਿਧਾਇਕ ਦੇ ਭਰੋਸੇ ਤੋਂ ਬਾਅਦ ਧਰਨਾ ਕੀਤਾ ਖਤਮ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਅਨਾਜ ਮੰਡੀ ਵਿੱਚ ਪਿਛਲੇ 10 ਦਿਨਾਂ ਤੋਂ ਆਪਣੀ ਫਸਲ ਵਿਕਣ ਦੇ ਇੰਤਜ਼ਾਰ ਵਿੱਚ ਬੈਠੇ ਕਿਸਾਨਾਂ, ਮਜ਼ਦੂਰਾਂ ਤੇ ਆੜ੍ਹਤੀਆਂ ਨੇ ਵੀਰਵਾਰ ਖੰਨਾ-ਨਵਾਂਸ਼ਹਿਰ ਹਾਈਵੇ 'ਤੇ ਧਰਨਾ ਲਗਾ ਕੇ ਚੱਕਾ ਜਾਮ ਕਰ ਦਿੱਤਾ। ਮਾਛੀਵਾੜਾ ਆੜ੍ਹਤੀ ਐਸੋਸੀਏਸ਼ਨ ਵੱਲੋਂ ਆਪਣੀਆਂ ਸਮੱਸਿਆਵਾਂ ਦਾ ਹੱਲ ਨਾ ਹੋਣ 'ਤੇ ਆੜ੍ਹਤੀਆਂ ਨੇ ਆਪਣੀਆਂ ਦੁਕਾਨਾਂ ਬੰਦ ਕਰਕੇ ਰੋਸ ਮੁਜ਼ਾਹਰਾ ਕੀਤਾ ਤੇ ਫਿਰ ਸੜਕ 'ਤੇ ਪੱਕਾ ਧਰਨਾ ਲਗਾ ਦਿੱਤਾ। ਇਸ ਧਰਨੇ ਵਿੱਚ ਉਨ੍ਹਾਂ ਦਾ ਸਾਥ ਵੱਖ-ਵੱਖ ਕਿਸਾਨ ਯੂਨੀਅਨਾਂ, ਜਿਸ 'ਚ ਕਾਦੀਆਂ ਗਰੁੱਪ, ਰਾਜੇਵਾਲ, ਏਕਤਾ ਉਗਰਾਹਾਂ, ਮਜ਼ਦੂਰ ਯੂਨੀਅਨਾਂ ਤੇ ਸ਼ੈਲਰ ਮਾਲਕਾਂ ਨੇ ਦਿੰਦਿਆਂ ਕਿਹਾ ਕਿ ਸਰਕਾਰ ਗੰਭੀਰਤਾ ਨਾਲ ਜੋ ਵੀ ਉਨ੍ਹਾਂ ਦੀਆਂ ਸਮੱਸਿਆਵਾਂ ਹਨ, ਉਨ੍ਹਾਂ ਦਾ ਹੱਲ ਕਰੇ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆੜ੍ਹਤੀ ਐਸੋ. ਦੇ ਪ੍ਰਧਾਨ ਮੋਹਿਤ ਕੁੰਦਰਾ ਨੇ ਕਿਹਾ ਕਿ ਅਸੀਂ ਸਮੂਹ ਆੜ੍ਹਤੀ ਫਸਲ ਖਰੀਦ ਸ਼ੁਰੂ ਕਰਵਾਉਣ ਨੂੰ ਤਿਆਰ ਹਾਂ, ਪਰ ਸਰਕਾਰ ਇਹ ਤਾਂ ਦੱਸੇ ਕਿ ਝੋਨੇ ਦੀ ਤੁਲਾਈ ਤੋਂ ਬਾਅਦ ਉਸ ਨੂੰ ਲਿਫਟ ਕੌਣ ਕਰੇਗਾ। ਉਨ੍ਹਾ ਕਿਹਾ ਕਿ ਸ਼ੈਲਰ ਮਾਲਕ ਝੋਨਾ ਚੁੱਕਣ ਨੂੰ ਤਿਆਰ ਨਹੀਂ, ਕਿਉਂਕਿ ਸਰਕਾਰ ਕੋਲ ਗੁਦਾਮਾਂ ਵਿੱਚ ਪਿੜਾਈ ਤੋਂ ਬਾਅਦ ਚਾਵਲ ਲਗਾਉਣ ਲਈ ਜਗ੍ਹਾ ਨਹੀਂ। ਪ੍ਰਧਾਨ ਮੋਹਿਤ ਕੁੰਦਰਾ ਨੇ ਕਿਹਾ ਕਿ ਸਰਕਾਰ 72 ਘੰਟੇ ਅੰਦਰ ਫਸਲ ਲਿਫਟਿੰਗ ਦਾ ਪ੍ਰਬੰਧ ਕਰੇ, ਉਹ ਤੁਰੰਤ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਕਰਵਾ ਦੇਣਗੇ।

ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਆਗੂ ਕੁਲਦੀਪ ਸਿੰਘ ਨਾਨੋਵਾਲ ਨੇ ਦੱਸਿਆ ਕਿ ਪਿਛਲੇ 10 ਦਿਨਾਂ ਤੋਂ ਕਿਸਾਨ ਮੰਡੀਆਂ ਵਿੱਚ ਰੁਲ ਰਹੇ ਹਨ ਤੇ ਉਨ੍ਹਾਂ ਨੂੰ ਆਸ ਹੁੰਦੀ ਹੈ ਕਿ ਅੱਜ ਉਨ੍ਹਾਂ ਦੀ ਫਸਲ ਵਿਕੇਗੀ, ਪਰ ਸਰਕਾਰ ਦੀਆਂ ਠੋਸ ਨੀਤੀਆਂ ਨਾ ਹੋਣ ਕਾਰਨ ਫਸਲ ਨਹੀਂ ਵਿਕ ਰਹੀ।

ਉਨ੍ਹਾ ਕਿਹਾ ਕਿ ਕਿਸਾਨ, ਮਜ਼ਦੂਰ ਤੇ ਆੜ੍ਹਤੀ ਇੱਕਜੁਟ ਹੋ ਕੇ ਧਰਨਾ ਲਗਾਉਣ ਲਈ ਮਜਬੂਰ ਹੋ ਰਹੇ ਹਨ ਕਿ ਉਨ੍ਹਾਂ ਦੀ ਫਸਲ ਵੇਚਣ ਦਾ ਸਰਕਾਰ ਪ੍ਰਬੰਧ ਕਰੇ। ਇਸ ਮੌਕੇ ਸਾਬਕਾ ਪ੍ਰਧਾਨ ਹਰਜਿੰਦਰ ਸਿੰਘ ਖੇੜਾ ਨੇ ਦੱਸਿਆ ਕਿ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਵੱਲੋਂ ਸਮੱਸਿਆਵਾਂ ਦੇ ਹੱਲ ਸਬੰਧੀ ਕੇਵਲ ਭਰੋਸੇ ਹੀ ਦਿੱਤੇ ਜਾਂਦੇ ਹਨ, ਜਦਕਿ ਜ਼ਰੂਰਤ ਹੈ ਪੰਜਾਬ ਸਰਕਾਰ ਕੇਂਦਰ ਸਰਕਾਰ ਨਾਲ ਰਾਬਤਾ ਕਾਇਮ ਕਰ ਚਾਵਲ ਬਾਹਰਲੇ ਸੂਬਿਆਂ ਵਿੱਚ ਭੇਜਿਆ ਜਾਵੇ। ਧਰਨੇ ਵਿੱਚ ਹਲਕਾ ਸਮਰਾਲਾ ਦੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਵੀ ਵਿਸ਼ੇਸ਼ ਤੌਰ 'ਤੇ ਪੁੱਜੇ ਜਿਨ੍ਹਾਂ ਖਰੀਦ ਏਜੰਸੀਆਂ ਦੇ ਨੁਮਾਇੰਦਿਆਂ ਨੂੰ ਨਾਲ ਲੈ ਕੇ ਪੁੱਜੇ, ਜਿਨ੍ਹਾਂ ਨੇ ਆੜ੍ਹਤੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਖਰੀਦ ਸ਼ੁਰੂ ਕਰਵਾਉਣ, ਜਿਸ ਨੂੰ ਏਜੰਸੀਆਂ 72 ਘੰਟੇ ਵਿੱਚ ਲਿਫਟਿੰਗ ਕਰਵਾਉਣਗੀਆਂ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕੇਂਦਰ ਸਰਕਾਰ ਨਾਲ ਰਾਬਤਾ ਕਾਇਮ ਕਰ ਗੁਦਾਮਾਂ ਵਿਚ ਜਗ੍ਹਾ ਬਣਾਉਣ ਲਈ ਯਤਨਸ਼ੀਲ ਹੈ ਜਿਸ ਦਾ ਹੱਲ ਜਲਦ ਕੱਢ ਲਿਆ ਜਾਵੇਗਾ।

## ਡਿਪਟੀ ਕਮਿਸ਼ਨਰ ਨੇ ਖਿਡਾਰੀਆਂ ਨੂੰ ਕੀਤਾ ਸਨਮਾਨਤ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਰਾਸ਼ਟਰੀ ਤੇ ਅੰਤਰਰਾਸ਼ਟਰੀ ਖੇਡਾਂ ਵਿੱਚ ਭਾਗ ਲੈਣਾ ਹੀ ਬਹੁਤ ਵੱਡੀ ਤੇ ਮਾਣ ਵਾਲੀ ਗੱਲ ਹੈ।ਅਜਿਹਾ ਕਰਨ ਵਾਲਿਆਂ ਦੀ ਜਿੰਨੀ ਹੌਸਲਾ ਅਫ਼ਜ਼ਾਈ ਕੀਤੀ ਜਾਵੇ, ਓਨੀ ਥੋੜ੍ਹੀ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਡਾਕਟਰ ਸੋਨਾ ਥਿੰਦ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸੈਰਵਲ ਪੋਲਸੀ ਵਾਲੇ ਖਿਡਾਰੀਆਂ ਨੂੰ ਸਨਮਾਨਤ ਕਰਨ ਮੌਕੇ ਕੀਤਾ।ਇਸ ਮੌਕੇ ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ ਸੁਰਿੰਦਰ ਸਿੰਘ ਧਾਲੀਵਾਲ, ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਸ਼ਮਸ਼ੇਰ ਸਿੰਘ ਨੇ ਦੱਸਿਆ ਕਿ ਗੁਜਰਾਤ ਵਿੱਚ ਥਰਡ ਨੈਸ਼ਨਲ ਐਥਲੈਟਿਕਸ ਐਂਡ ਸਵੀਵਿੰਗ ਚੈਂਪੀਅਨਸ਼ਿਪ 2024 ਦੀਆਂ ਹੋਈਆਂ ਖੇਡਾਂ ਵਿੱਚ ਮੁਸਕਾਨ, ਰੁਪਿੰਦਰ ਸਿੰਘ ਤੇ ਬਲਵੰਤ ਨੇ ਭਾਗ ਲਿਆ ਸੀ, ਜਿਸ ਵਿੱਚ ਮੁਸਕਾਨ ਨੇ ਸ਼ਾਰਟਪੁੱਟ ਵਿੱਚ ਗੋਲਡ ਮੈਡਲ ਹਾਸਲ ਕੀਤਾ ਸੀ, ਰੁਪਿੰਦਰ ਸਿੰਘ ਨੇ 1500 ਮੀਟਰ ਦੌੜ ਵਿੱਚ ਸਿਲਵਰ ਤੇ 400 ਦੌੜ ਵਿੱਚ ਬਰਾਊਨ ਮੈਡਲ ਹਾਸਲ ਕੀਤਾ ਸੀ, ਬਲਵੰਤ ਸਿੰਘ ਨੇ 100 ਮੀਟਰ ਵਿੱਚ ਸਿਲਵਰ ਮੈਡਲ ਤੇ 400 ਮੀਟਰ ਵਿੱਚ ਬਰਾਊਨ ਮੈਡਲ ਹਾਸਲ ਕੀਤਾ।ਇਸੇ ਤਰ੍ਹਾਂ ਮੋਹਾਲੀ ਵਿਖੇ ਸਟੇਟ ਲੈਵਲ ਦੀ ਹੋਈਆਂ ਚੈਂਪੀਅਨਸ਼ਿਪ ਵਿੱਚ ਦਵਿੰਦਰ ਸਿੰਘ ਨੇ ਸ਼ਾਰਟਪੁੱਟ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਜ਼ਿਲ੍ਹੇ ਦਾ ਮਾਣ ਵਧਾਇਆ ਹੈ।ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਵਾਸੀਆਂ ਨੂੰ ਅਪੀਲ ਕੀਤੀ ਕਿ ਆਪਣੇ ਬੱਚਿਆਂ ਨੂੰ ਖੇਡਾਂ ਨਾਲ ਜੋੜਨ ਤੇ ਉਨ੍ਹਾਂ ਅੰਦਰ ਛੁਪੀ ਪ੍ਰਤਿਭਾ ਨੂੰ ਦਿਖਾਉਣ ਵਿੱਚ ਆਪਣਾ ਸਹਿਯੋਗ ਦੇਣ ਤਾਂ ਜੋ ਬੱਚੇ ਰਾਸ਼ਟਰੀ ਤੇ ਅੰਤਰਾਸ਼ਟਰੀ ਖੇਡਾਂ ਵਿੱਚ ਮੱਲਾਂ ਮਾਰਨ ਤੇ ਜ਼ਿਲ੍ਹੇ ਅਤੇ ਪੰਜਾਬ ਦਾ ਨਾਮ ਰੋਸ਼ਨ ਕਰਨ।ਇਸ ਮੌਕੇ ਉਨ੍ਹਾਂ ਜ਼ਿਲ੍ਹਾ ਸੈਰੀਬਰਲ ਪਾਲਜ਼ੀ ਸਪੋਰਟਸ ਐਸੋਸੀਏਸ਼ਨ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਨੇ ਇਨ੍ਹਾਂ ਬੱਚਿਆਂ ਅੰਦਰ ਛੁਪੀ ਪ੍ਰਤਿਭਾ ਨੂੰ ਦੇਖਦੇ ਹੋਏ ਇਨ੍ਹਾਂ ਦੀ ਹਰ ਸੰਭਵ ਮੱਦਦ ਕੀਤੀ।

ਇਸ ਮੌਕੇ ਐਸੋਸੀਏਸ਼ਨ ਦੇ ਚੇਅਰਮੈਨ ਸੁਖਰਾਜ ਸਿੰਘ ਰਾਜਾ, ਪ੍ਰਧਾਨ ਗੁਰਵਿੰਦਰ ਸਿੰਘ ਸੋਹੀ, ਵਾਈਸ ਚੇਅਰਮੈਨ ਹਰਵਿੰਦਰ ਸਿੰਘ ਬੱਬਲ ਤੇ ਸੀਨੀਅਰ ਵਾਈਸ ਪ੍ਰਧਾਨ ਗੁਰਪ੍ਰੀਤ ਸਿੰਘ ਸੈਣੀ ਨੇ ਦੱਸਿਆ ਕਿ ਮੁਸਕਾਨ, ਰੁਪਿੰਦਰ ਸਿੰਘ ਤੇ ਬਲਵੰਤ ਸਿੰਘ ਇਸ ਸਾਲ ਥਾਈਲੈਂਡ ਵਿੱਚ ਹੋਣ ਵਾਲੀਆਂ ਖੇਡਾਂ ਵਿੱਚ ਭਾਗ ਲੈਣਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੈਕਟਰੀ ਧਰਮਿੰਦਰ ਕੁਮਾਰ ਬਾਂਡਾ, ਗਿਆਨ ਸਿੰਘ, ਗੁਰਸੇਵਕ ਸਿੰਘ, ਹਰਨੇਕ ਸਿੰਘ, ਬਲਵੀਰ ਸਿੰਘ ਧਾਰਨੀ, ਸੁਖਵਿੰਦਰ ਸਿੰਘ, ਸੰਤੋਸ਼ ਕੁਮਾਰੀ ਆਦਿ ਹਾਜ਼ਰ ਸਨ।

## ਸਿਰਜਣਾਤਮਕ ਲੇਖ ਲਿਖਣ ਮੁਕਾਬਲੇ ਕਰਵਾਏ

**ਦੋਰਾਹਾ (ਹਰਮਿੰਦਰ ਸੇਠ)**-ਐਡਵੋਕੇਟ ਸ੍ਰ. ਹਰਜਿੰਦਰ ਸਿੰਘ ਦੀ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਜੀ ਦੀ ਰਹਿਨੁਮਾਈ ਅਧੀਨ ਚੱਲ ਰਹੇ ਮਾਤਾ ਗੰਗਾ ਖਾਲਸਾ ਕਾਲਜ, ਮੰਜੀ ਸਾਹਿਬ ਕੋਟਾਂ ਵਿਖੇ 10 ਅਕਤੂਬਰ 2024 ਨੂੰ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਦੇ ਪੰਜਾਬੀ ਸਾਹਿਤ ਸਭਾ ਵੱਲੋਂ 'ਸਿਰਜਣਾਤਮਕ ਲੇਖ ਲਿਖਣ' ਮੁਕਾਬਲੇ ਦਾ ਆਯੋਜਨ ਕੀਤਾ ਗਿਆ। ਇਸ ਦਾ ਮੁੱਖ ਵਿਸ਼ਾ 'ਮਾਂ' ਤੇ 'ਕੁਦਰਤ/ਪ੍ਰਕਿਰਤੀ' ਸੀ।ਇਸ ਮੁਕਾਬਲੇ ਵਿੱਚ ਕਾਲਜ ਦੇ 23 ਵਿਦਿਆਰਥੀਆਂ ਨੇ ਭਾਗ ਲੈ ਕੇ ਆਪਣੇ ਵਿਚਾਰਾਂ ਨੂੰ ਲਿਖਤੀ ਰੂਪ ਪ੍ਰਦਾਨ ਕੀਤਾ।ਜ਼ਿਕਰਯੋਗ ਹੈ ਕਿ ਵਿਭਾਗ ਵੱਲੋਂ ਵਿਦਿਆਰਥੀਆਂ ਦੀ ਕਲਾ ਨੂੰ ਨਿਖਾਰਨ ਲਈ ਅਜਿਹੀਆਂ ਗਤੀਵਿਧੀਆਂ ਲਗਾਤਾਰ ਕਰਵਾਈਆਂ ਜਾਂਦੀਆਂ ਹਨ।ਕਾਲਜ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਨੇ ਪੰਜਾਬੀ ਵਿਭਾਗ ਦੀਆਂ ਅਜਿਹੀਆਂ ਕਰਵਾਈਆਂ ਜਾਂਦੀਆਂ ਗਤੀਵਿਧੀਆਂ ਲਈ ਉਤਸ਼ਾਹਤ ਕੀਤਾ।ਇਸ ਮੌਕੇ ਪੰਜਾਬੀ ਵਿਭਾਗ ਦੇ ਸਮੂਹ ਸਟਾਫ਼ ਤੇ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ।



## ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ ਸਰਵੋਤਮ ਖ਼ੂਨਦਾਨ ਕੇਂਦਰ ਵਜੋਂ ਸਨਮਾਨਤ




**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**

ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ ਫ਼ਰੀਦਕੋਟ ਨੂੰ ਪੰਜਾਬ ਰਾਜ ਬਲੱਡ ਟ੍ਰਾਂਸਫਿਊਜ਼ਨ ਕੌਂਸਲ (ਪੀ.ਐੱਸ.ਬੀ.ਟੀ.ਸੀ.) ਵੱਲੋਂ 2023-24 ਦੌਰਾਨ ਖੂਨ ਇਕੱਠਾ ਕਰਨ, ਸਵੈ-ਇੱਛਤ ਖ਼ੂਨਦਾਨ ਕੈਂਪ ਲਾਉਣ ਤੇ ਬਲੱਡ ਕੰਪੋਨੈਂਟ ਤਿਆਰ ਕਰਨ ਵਿੱਚ ਸ਼ਾਨਦਾਰ ਯੋਗਦਾਨ ਲਈ ਟਾਪ ਪ੍ਰਫਾਰਮਿੰਗ ਬਲੱਡ ਸੈਂਟਰ ਦਾ ਵੱਕਾਰੀ ਖਿਤਾਬ ਦਿੱਤਾ ਗਿਆ ਹੈ।ਇਹ ਐਵਾਰਡ ਪੰਜਾਬ ਦੇ ਮਾਨਯੋਗ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ 10 ਅਕਤੂਬਰ ਨੂੰ ਪਟਿਆਲਾ ਵਿਖੇ ਰਾਸ਼ਟਰੀ ਸਵੈ-ਇੱਛੁਕ ਖ਼ੂਨਦਾਨ ਦਿਵਸ ਮਨਾਉਣ ਵਾਲੇ ਰਾਜ ਪੱਧਰੀ ਸਮਾਗਮ ਦੌਰਾਨ ਪ੍ਰਦਾਨ ਕੀਤਾ ਗਿਆ।ਸੰਸਥਾ ਦੀ ਨੁਮਾਇੰਦਗੀ ਕਰਦਿਆਂ ਇਹ ਐਵਾਰਡ ਡਾ: ਨੀਤੂ ਕੁੱਕੜ, ਪ੍ਰੋਫ਼ੈਸਰ ਤੇ ਵਿਭਾਗ ਦੇ ਮੁਖੀ, ਡਾ: ਅੰਜਲੀ ਹਾਂਡਾ (ਸਹਾਇਕ ਪ੍ਰੋਫ਼ੈਸਰ), ਡਾ: ਨਵਰੀਤ ਸਿੰਘ (ਸਹਾਇਕ ਪ੍ਰੋਫ਼ੈਸਰ), ਕੌਂਸਲਰ ਵਿਜੇਤਾ ਰਾਣੀ ਤੇ ਲੈਬ ਟੈਕਨੀਸ਼ੀਅਨ ਵਿਜੇ ਕੁਮਾਰ ਵੱਲੋਂ ਪ੍ਰਾਪਤ ਕੀਤਾ ਗਿਆ।

ਇਸ ਮੌਕੇ ਬੋਲਦਿਆਂ ਡਾ. ਨੀਤੂ ਕੁੱਕੜ ਨੇ ਸਵੈ-ਇੱਛੁਕ ਖ਼ੂਨਦਾਨੀਆਂ ਦੀ ਅਹਿਮ ਭੂਮਿਕਾ ਤੇ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਲਈ ਸਮੂਹਕ ਯਤਨਾਂ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ ਮਾਨਤਾ ਲਈ ਧੰਨਵਾਦ ਪ੍ਰਗਟ ਕੀਤਾ।ਹਸਪਤਾਲ ਭਵਿੱਖ ਵਿੱਚ ਆਪਣੀਆਂ ਖ਼ੂਨਦਾਨ ਪਹਿਲਕਦਮੀਆਂ ਨੂੰ ਵਧਾਉਣ ਲਈ ਵਚਨਬੱਧ ਹੈ।

ਇਸ ਮੌਕੇ ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ (ਬੀ.ਐਫ.ਯੂ.ਐਚ.ਐਸ.) ਦੇ ਵਾਈਸ ਚਾਂਸਲਰ ਪ੍ਰੋ. (ਡਾ.) ਰਾਜੀਵ ਸੂਦ ਨੇ ਟੀਮ ਨੂੰ ਹਾਰਦਿਕ ਵਧਾਈ ਦਿੰਦਿਆਂ ਕਿਹਾ ਕਿ ਇਹ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ ਲਈ ਮਾਣ ਵਾਲੀ ਗੱਲ ਹੈ।ਰਾਜ ਵਿੱਚ ਸਭ ਤੋਂ ਵਧੀਆ ਪ੍ਰਦਰਸ਼ਨ ਕਰਨ ਵਾਲੇ ਖ਼ੂਨ ਕੇਂਦਰ ਵਜੋਂ ਜਾਣਿਆ ਜਾਣ ਵਾਲਾ ਇਹ ਸਨਮਾਨ ਸਵੈ-ਇੱਛਾ ਨਾਲ ਖ਼ੂਨਦਾਨ ਕਰਨ ਲਈ ਸੰਸਥਾ ਦੇ ਅਟੁੱਟ ਸਮਰਪਣ ਨੂੰ ਦਰਸਾਉਂਦਾ ਹੈ।

## ਸ਼ਕਤੀ ਭਵਨ ਮੰਦਰ ਵਿਖੇ ਦੁਰਗਾ ਅਸ਼ਟਮੀ ਦੀ ਕੀਤੀ ਪੂਜਾ



**ਮਾਨਸਾ (ਆਤਮਾ ਸਿੰਘ ਪਮਾਰ)**-ਮਾਨਸਾ ਸ਼ਹਿਰ ਦੇ ਸ੍ਰੀ ਸ਼ਕਤੀ ਭਵਨ ਮੰਦਰ ਵਿਖੇ ਪ੍ਰਧਾਨ ਸੁਖਪਾਲ ਬਾਂਸਲ ਦੀ ਅਗਵਾਈ ਹੇਠ ਨਵਰਾਤਰਿਆਂ ਸਮੇਂ ਸ੍ਰੀ ਅਖੰਡ ਜੋਤ ਸਥਾਪਤ ਕੀਤੀ ਜਾਂਦੀ ਹੈ ਤੇ ਧਾਰਮਿਕ ਰਸਮਾਂ ਅਨੁਸਾਰ ਪੂਜਾ ਅਰਚਨਾ ਵੀ ਕੀਤੀ ਜਾਂਦੀ ਹੈ।ਇਸੇ ਲੜੀ ਤਹਿਤ ਸ੍ਰੀ ਦੁਰਗਾ ਅਸ਼ਟਮੀ ਮੌਕੇ ਮਾਤਾ ਜੀ ਦੀ ਅਰਾਧਨਾ ਕੀਤੀ ਗਈ। ਇਹ ਜਾਣਕਾਰੀ ਦਿੰਦਿਆਂ ਮੰਡਲ ਦੇ ਚੇਅਰਮੈਨ ਪ੍ਰਵੀਨ ਟੋਨੀ ਸ਼ਰਮਾ ਨੇ ਦੱਸਿਆ ਕਿ ਇਸ ਮੰਦਰ ਦੀ ਸਾਂਭ ਸੰਭਾਲ ਦੀ ਜ਼ਿੰਮੇਵਾਰੀ ਸੰਭਾਲਣ ਦਾ ਮੌਕਾ ਖੁਸ਼ਕਿਸਮਤੀ ਨਾਲ ਸ੍ਰੀ ਦੁਰਗਾ ਕੀਰਤਨ ਮੰਡਲ ਮਾਨਸਾ ਨੂੰ ਮਿਲਿਆ ਹੈ ਅਤੇ ਉਨ੍ਹਾਂ ਦੀ ਟੀਮ ਵਲੋਂ ਇਹ ਕੋਸ਼ਿਸ਼ ਰਹਿੰਦੀ ਹੈ ਕਿ ਹਰੇਕ ਧਾਰਮਿਕ ਦਿਹਾੜੇ ਨੂੰ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਵੇ। ਉਨ੍ਹਾਂ ਦੱਸਿਆ ਕਿ ਪੰਡਤ ਕਨ੍ਹਈਆ ਵੱਲੋਂ ਧਾਰਮਿਕ ਰਸਮਾਂ ਅਨੁਸਾਰ ਪੂਜਾ ਅਰਚਨਾ ਕਰਵਾਈ ਗਈ।ਇਸ ਮੌਕੇ ਮਹੰਤ ਵਿਜੇ ਕਮਲ, ਪ੍ਰਧਾਨ ਸੁਖਪਾਲ ਬਾਂਸਲ, ਲਛਮਣ ਦਾਸ, ਬੰਟੀ ਕੁਮਾਰ, ਨਵਜੋਤ ਗੋਇਲ ਸਮੇਤ ਸਾਰੇ ਮੈਂਬਰ ਹਾਜ਼ਰ ਸਨ।

## ਸਿਹਤ ਮੰਤਰੀ ਵੱਲੋਂ ਖ਼ੂਨਦਾਨ ਦਿਵਸ ਮੌਕੇ ਮਾਨਵ ਸੇਵਾ ਸੰਸਥਾ ਦਾ ਸਨਮਾਨ



**ਨਾਭਾ (ਵਰਿੰਦਰ ਵਰਮਾ)**-ਕੌਮੀ ਸਵੈ ਇੱਛਕ ਖ਼ੂਨਦਾਨ ਦਿਵਸ ਮੌਕੇ ਪੰਜਾਬ ਸਟੇਟ ਏਡਜ਼ ਕੰਟਰੋਲ ਸੁਸਾਇਟੀ ਵੱਲੋਂ ਕਰਵਾਏ ਰਾਜ ਪੱਧਰੀ ਸਮਾਗਮ ਦੌਰਾਨ ਸੂਬੇ ਦੇ ਵੱਖ ਵੱਖ ਜ਼ਿਲ੍ਹਿਆਂ ਤੋਂ ਆਏ ਸਵੈ ਇੱਛਕ ਖ਼ੂਨਦਾਨੀਆਂ ਤੇ ਸੰਸਥਾਵਾਂ ਨੂੰ ਸਨਮਾਨਤ ਕੀਤਾ ਕੀਤਾ ਗਿਆ।ਇਸ ਮੌਕੇ ਮੁੱਖ ਮਹਿਮਾਨ ਵੱਜੋਂ ਪੰਜਾਬ ਸਰਕਾਰ ਦੇ ਸਿਹਤ ਵਿਭਾਗ ਦੇ ਕੈਬਨਿਟ ਮੰਤਰੀ ਡਾਕਟਰ ਬਲਵੀਰ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਸਮਾਗਮ ਵਿੱਚ ਹਲਕਾ ਨਾਭਾ ਤੋਂ ਮਾਨਵ ਸੇਵਾ ਉੱਤਮ ਸੇਵਾ ਸੰਸਥਾ ਦੇ ਮੁੱਖ ਸੇਵਾਦਾਰ ਵਿਕਾਸ ਮਿੱਤਲ, ਸੁਨੀਲ ਗੁਪਤਾ ਵੱਲੋਂ ਖ਼ੂਨਦਾਨ ਕੈਂਪ ਵਿੱਚ ਖੂਨ ਇਕੱਤਰ ਕਰਨਾ ਤੇ ਲੋਕ ਭਲਾਈ ਦੀਆਂ ਸੇਵਾਵਾਂ ਨੂੰ ਵੇਖਦੇ ਹੋਏ ਡਾਕਟਰ ਬਲਵੀਰ ਸਿੰਘ ਵੱਲੋਂ ਸਟੇਟ ਐਵਾਰਡ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਡਾ. ਬਲਬੀਰ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਵੈ ਇੱਛਾ ਨਾਲ ਖ਼ੂਨਦਾਨ ਕਰਨ ਵਾਲੇ ਸਾਡੇ ਨਾਇਕ ਹਨ, ਜੋ ਉਨ੍ਹਾਂ ਲੋੜਵੰਦਾਂ ਦੀ ਮਦਦ ਲਈ ਅੱਗੇ ਆਉਂਦੇ ਹਨ, ਜਿਨ੍ਹਾਂ ਨੂੰ ਖ਼ੂਨ ਦੀ ਜ਼ਰੂਰ ਹੁੰਦੀ ਹੈ ਤੇ ਇਸ ਦਾ ਕੋਈ ਹੋਰ ਬਦਲ ਵੀ ਮੌਜੂਦ ਨਹੀਂ ਹੈ।ਉਨ੍ਹਾ ਕਿਹਾ ਕਿ ਖ਼ੂਨਦਾਨ ਕਰਕੇ ਅਸੀਂ ਸਹੀ ਅਰਥਾਂ ਵਿੱਚ ਸਮਾਜ ਤੇ ਮਾਨਵਤਾ ਦੀ ਸੇਵਾ ਕਰ ਰਹੇ ਹਾਂ।ਸਨਮਾਨਤ ਹੋਣ ਉਪਰੰਤ ਸੰਸਥਾ ਦੇ ਮੁੱਖ ਸੇਵਾਦਾਰ ਵਿਕਾਸ ਮਿੱਤਲ ਨੇ ਸਿਹਤ ਵਿਭਾਗ ਦੇ ਕੈਬਨਿਟ ਮੰਤਰੀ ਡਾਕਟਰ ਦਲਬੀਰ ਸਿੰਘ ਦਾ ਤਹਿ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਨਰਿੰਦਰ ਸ਼ਰਮਾ, ਅੰਕੁਰ ਸਿੰਗਲਾ, ਰਵਿੰਦਰ ਸਿੰਘ, ਵਰੁਣ ਸਿੰਗਲਾ, ਕਮਲ ਗੋਇਲ, ਦੀਪਕ ਕੁਮਾਰ ਆਦਿ ਹਾਜ਼ਰ ਸਨ।

## ਲੋਕਾਂ ਨੂੰ ਗੁੰਮਰਾਹ ਕਰ ਰਹੀ ਹੈ ਵਿਰੋਧੀ ਧਿਰ : ਨੂਰ ਔਲਖ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਆਮ ਆਦਮੀ ਪਾਰਟੀ ਯੂਥ ਵਿੰਗ ਦੇ ਸੂਬਾਈ ਆਗੂ ਪਰਮਿੰਦਰ ਸਿੰਘ ਨੂਰ ਔਲਖ਼ ਨੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ 'ਤੇ ਤੱਥਾਂ ਤੋਂ ਰਹਿਤ ਅਧੂਰੀ ਜਾਣਕਾਰੀ ਰਾਹੀਂ ਲੋਕਾਂ ਨੂੰ ਗੁੰਮਰਾਹ ਕਰਨ ਲਈ ਸਖ਼ਤ ਆਲੋਚਨਾ ਕੀਤੀ।ਉਨ੍ਹਾਂ ਕਿਹਾ ਕਿ ਪੀਆਰ-126 'ਤੇ ਬਾਜਵਾ ਦਾ ਬਿਆਨ ਪੂਰੀ ਤਰ੍ਹਾਂ ਗੈਰ-ਜ਼ਿੰਮੇਵਾਰਾਨਾ, ਬੇਬੁਨਿਆਦ ਤੇ ਗੁੰਮਰਾਹਕੁੰਨ ਹੈ।ਉਨ੍ਹਾਂ ਕਿਹਾ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਮਾਹਿਰਾਂ ਨੇ ਵਾਰ-ਵਾਰ ਇਸ ਗੱਲ 'ਤੇ ਜ਼ੋਰ ਦਿੱਤਾ ਹੈ ਕਿ ਲੰਮੇ ਸਮੇਂ ਤੱਕ ਚੱਲਣ ਵਾਲੀ ਕਿਸਮ (ਪੂਸਾ-44) ਦੇ ਮੁਕਾਬਲੇ ਪੀ.ਆਰ.-126 ਕਿਸਮ 20 ਤੋਂ 25 ਫੀਸਦੀ ਤੱਕ ਪਾਣੀ ਦੀ ਬੱਚਤ ਕਰਦੀ ਹੈ।ਉਨ੍ਹਾਂ ਕਿਹਾ ਕਿ ਇਸ ਵਿੱਚ ਪਰਾਲੀ ਦਾ ਬੋਝ (10%) ਘੱਟ ਹੈ, ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ 25-40 ਦਿਨ ਦਾ ਵਧੇਰੇ ਸਮਾਂ ਮਿਲਦਾ ਹੈ ਤੇ ਖੇਤੀ ਲਾਗਤ ਵਿੱਚ 5000 ਰੁਪਏ ਪ੍ਰਤੀ ਏਕੜ ਬੱਚਤ ਹੁੰਦੀ ਹੈ, ਜਿਸ ਨਾਲ ਕਿਸਾਨਾਂ ਨੂੰ ਲਾਭ ਹੁੰਦਾ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਸਾਰੇ ਫ਼ਾਇਦਿਆਂ ਕਰਕੇ ਹੀ ਇਸ ਕਿਸਮ ਨੇ ਪਿਛਲੇ ਪੰਜ ਸਾਲਾਂ ਦੌਰਾਨ 13.9 ਫ਼ੀਸਦੀ ਤੋਂ 45.0 ਫ਼ੀਸਦੀ ਤੱਕ ਰਕਬਾ ਵਧਾਉਣ ਦੇ ਨਾਲ-ਨਾਲ ਸੂਬੇ ਦੇ ਕਿਸਾਨਾਂ ਵਿੱਚ ਵਧੇਰੇ ਪ੍ਰਸਿੱਧੀ ਹਾਸਲ ਕੀਤੀ ਹੈ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਕਿਸਾਨਾਂ ਦੀ ਫ਼ਸਲ ਦੀ ਨਿਰਵਿਘਨ ਖਰੀਦ ਤੇ ਚੁਕਾਈ ਲਈ ਵਚਨਬੱਧ ਹੈ।

## ਪੰਜਾਬੀ ਯੂਨੀਵਰਸਿਟੀ ਕੈਂਪਸ 'ਚ ਵਰਕਸ਼ਾਪ ਦਾ ਆਯੋਜਨ

**ਤਲਵੰਡੀ ਸਾਬੋ (ਜਗਦੀਪ ਗਿੱਲ)**

ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਦੇ ਗੁਰੂ ਕਾਸ਼ੀ ਭਾਸ਼ਾਵਾਂ ਵਿਭਾਗ ਤੇ ਸੋਸ਼ਲ ਸਾਇੰਸਜ਼ ਵਿਭਾਗ ਵਿਖੇ ਖੋਜ ਵਿਧੀ ਸਿਧਾਂਤ ਦੇ ਸੰਦਰਭ 'ਚ ਹਫ਼ਤਾਵਾਰੀ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ, ਜਿਸ ਦੇ ਪਹਿਲੇ ਦਿਨ ਸ੍ਰੀ ਕਮਲਜੀਤ ਸਿੰਘ (ਦਰਸ਼ਨ ਸ਼ਾਸਤਰ ਵਿਭਾਗ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ) ਨੇ ਮੁੱਖ ਬੁਲਾਰੇ ਵਜੋਂ ਸ਼ਮੂਲੀਅਤ ਕੀਤੀ।ਭਾਸ਼ਾਵਾਂ ਵਿਭਾਗ ਦੇ ਮੁਖੀ ਪ੍ਰੋ. ਕੁਮਾਰ ਸੁਸ਼ੀਲ ਨੇ ਆਏ ਹੋਏ ਬੁਲਾਰੇ ਨੂੰ ਜੀ ਆਇਆਂ ਆਖਿਆ ਤੇ ਖੋਜ ਦੀ ਮਹੱਤਤਾ ਬਾਰੇ ਦੱਸਿਆ।ਮੁੱਖ ਬੁਲਾਰੇ ਨੇ ਆਪਣੇ ਵਿਖਿਆਨ ਵਿੱਚ ਦਰਸ਼ਨ ਦੇ ਨਜ਼ਰੀਏ ਤੋਂ ਖੋਜ ਸਿਧਾਂਤਾਂ ਦੇ ਵਿਕਾਸ ਦਾ ਪ੍ਰਤਿਪਾਦਨ ਕੀਤਾ। ਵਿਦਿਆਰਥੀਆਂ ਵਿੱਚ ਵਿਖਿਆਨ ਨੂੰ ਲੈ ਕੇ ਕਾਫੀ ਉਤਸੁਕਤਾ ਪਾਈ ਗਈ ਤੇ ਮੁੱਖ ਵਕਤੇ ਨੂੰ ਕਾਫੀ ਸਵਾਲਾਤ ਕੀਤੇ ਗਏ।ਵਰਕਸ਼ਾਪ ਵਿੱਚ ਅਧਿਆਪਨ ਅਮਲੇ ਸਮੇਤ ਵੱਡੀ ਗਿਣਤੀ 'ਚ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ।ਮੁਖੀ ਸੋਸ਼ਲ ਸਾਇੰਸਜ਼ ਵਿਭਾਗ, ਡਾ. ਬਲਦੇਵ ਸਿੰਘ ਨੇ ਮੁੱਖ ਬੁਲਾਰੇ ਦਾ ਧੰਨਵਾਦ ਕਰਦਿਆਂ ਜੀਵਨ ਵਿੱਚ ਖੋਜ ਦੀ ਲਗਨ ਨੂੰ ਬਿਆਨ ਕੀਤਾ।ਵਰਕਸ਼ਾਪ ਦੇ ਕੁਆਰਡੀਨੇਟਰ ਡਾ. ਸੁਨੀਤਾ ਸਿੰਘ ਰਹੇ।ਕੈਂਪਸ ਡਾਇਰੈਕਟਰ ਪ੍ਰੋ. ਕਮਲਜੀਤ ਸਿੰਘ ਨੇ ਇਸ ਪ੍ਰੋਗਰਾਮ ਦੀ ਸ਼ਲਾਘਾ ਕਰਦਿਆਂ ਹੋਇਆਂ ਸਮੂਹ ਅਧਿਆਪਨ ਅਮਲੇ ਤੇ ਪ੍ਰਬੰਧਕਾਂ ਨੂੰ ਵਧਾਈ ਦਿੰਦਿਆਂ ਭਵਿੱਖ ਵਿੱਚ ਇਹੋ ਜਿਹੇ ਹੋਰ ਸਿੱਖਿਆਦਾਇਕ ਕਾਰਜ ਕਰਦੇ ਰਹਿਣ ਲਈ ਹੱਲਾਸ਼ੇਰੀ ਦਿੱਤੀ।

## ਰੈਵੀਨਿਊ ਪਟਵਾਰ ਯੂਨੀਅਨ ਪੰਜਾਬ ਦੀ ਜ਼ਿਲ੍ਹਾ ਇਕਾਈ ਦੀ ਮੀਟਿੰਗ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਕੁਲਭੂਸ਼ਨ ਚਾਵਲਾ)**-ਅੱਜ ਦੀ ਰੈਵੀਨਿਊ ਪਟਵਾਰ ਯੂਨੀਅਨ ਪੰਜਾਬ ਦੀ ਜ਼ਿਲ੍ਹਾ ਇਕਾਈ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ।ਇਸ ਮੌਕੇ ਓਮ ਪ੍ਰਕਾਸ਼ ਥਿੰਦ ਸਾਬਕਾ ਪੰਜਾਬ ਪ੍ਰਧਾਨ, ਹਰਬੰਸ ਸਿੰਘ ਸਾਬਕਾ ਤਹਿਸੀਲ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ, ਸ੍ਰੀ ਸਵਰਨ ਸਿੰਘ ਗਿੱਲ ਸਾਬਕਾ ਜ਼ਿਲ੍ਹਾ ਜਰਨਲ ਸਕੱਤਰ, ਸੁਖਦੇਵ ਮੁਹੰਮਦ ਪ੍ਰਧਾਨ ਕਾਨੂੰਗੋ ਐਸੋਸੀਏਸ਼ਨ ਸ਼ਾਮਲ ਹੋਏ। ਇਸ ਮੀਟਿੰਗ ਵਿੱਚ ਤਹਿਸੀਲ ਪ੍ਰਧਾਨ ਸਹਿਬਾਨ ਅਤੇ ਸਮੂਹ ਜ਼ਿਲ੍ਹਾ ਅਤੇ ਤਹਿਸੀਲ ਡੈਲੀਗੇਟ, 710 ਬੈਚ ਦੇ ਸਿਖਿਆਰਥੀ ਪਟਵਾਰੀ ਸਾਥੀ ਹਾਜ਼ਰ ਆਏ। ਸਮੁੱਚੇ ਹਾਊਸ ਨੇ ਦੀ ਰੈਵੀਨਿਊ ਪਟਵਾਰ ਯੂਨੀਅਨ ਪੰਜਾਬ ਦਾ ਪਵਨ ਕੁਮਾਰ ਨੁਮਾਇੰਦਾ ਪੰਜਾਬ (ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ) ਨੂੰ ਸੂਬਾ ਖਜ਼ਾਨਚੀ ਨਿਯੁਕਤ ਕਰਨ 'ਤੇ ਧੰਨਵਾਦ ਕੀਤਾ ਅਤੇ ਨਾਲ ਸਟੇਟ ਬਾਡੀ ਨੂੰ ਇਹ ਵੀ ਵਿਸ਼ਵਾਸ ਦਿਵਾਇਆ ਕਿ ਪਵਨ ਕੁਮਾਰ ਦੀ ਰੈਵੀਨਿਊ ਪਟਵਾਰ ਯੂਨੀਅਨ ਪੰਜਾਬ ਦੇ ਮਾਣ ਸਨਮਾਨ ਅਤੇ ਇਸ ਸੌਂਪੀ ਹੋਈ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਅਤੇ ਮਰਿਆਦਾ ਨਾਲ ਨਿਭਾਵੇਗਾ। ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਪੰਜਾਬ ਬਾਡੀ ਵੱਲੋਂ ਹਰ ਉਲੀਕੇ ਸੰਘਰਸ਼ ਵਿੱਚ ਮੋਹਰੀ ਰਹੇਗਾ।

## ਜ਼ਿਲ੍ਹਾ ਮੈਜਿਸਟ੍ਰੇਟ ਨੇ ਡਰਾਈ ਡੇਅ ਐਲਾਨਿਆ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਰਾਜੇਸ਼ ਤ੍ਰਿਪਾਠੀ ਜਿਲ੍ਹਾ ਮੈਜਿਸਟ੍ਰੇਟ ਨੇ ਭਾਰਤੀਯ ਨਾਗਰਿਕ ਸੁਰੱਖਿਆ ਸੁਹਿੰਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਈਆਂ ਸ਼ਕਤੀਆਂ ਦੀ ਵਰਤੋਂ ਕਰਦਿਆਂ ਸੀਮਾਵਾਂ ਅੰਦਰ 13 ਅਕਤੂਬਰ ਦੀ ਸ਼ਾਮ 6.00 ਵਜੇ ਤੋਂ 15 ਅਕਤੂਬਰ ਨੂੰ ਵੋਟਿੰਗ ਤੇ ਗਿਣਤੀ ਪ੍ਰਕਿਰਿਆ ਖਤਮ ਹੋਣ ਤੱਕ ਡਰਾਈ ਡੇਅ ਘੋਸ਼ਿਤ ਕਰਨ ਦੇ ਹੁਕਮ ਜਾਰੀ ਕੀਤੇ ਹਨ।ਹੁਕਮ ਅਨੁਸਾਰ ਡਰਾਈ ਡੇਅ ਦੌਰਾਨ ਸ਼ਰਾਬ ਦੇ ਠੇਕੇ ਬੰਦ ਰਹਿਣਗੇ ਤੇ ਕਿਸੇ ਵੀ ਵਿਅਕਤੀ ਦੁਆਰਾ ਸ਼ਰਾਬ ਸਟੋਰ ਕਰਨ ਅਤੇ ਵੇਚਣ ਤੇ ਪੂਰਨ ਤੌਰ 'ਤੇ ਪਾਬੰਦੀ ਹੋਵੇਗੀ।

## ਗੁਰਦੁਆਰਾ ਮੋਤੀ ਬਾਗ ਸਾਹਿਬ ਦੇ ਮੀਤ ਮੈਨੇਜਰ ਵਜੋਂ ਸੰਭਾਲਿਆ ਅਹੁਦਾ



**ਪਟਿਆਲਾ (ਰਾਜਿੰਦਰ ਸਿੰਘ ਬਿੰਦ)**

ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਚਰਨਛੋਹ ਅਸਥਾਨ ਇਤਿਹਾਸਕ ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ ਦੇ ਮੀਤ ਮੈਨੇਜਰ ਆਤਮ ਪ੍ਰਕਾਸ਼ ਸਿੰਘ ਬੇਦੀ ਨੇ ਅਹੁਦੇ ਦੇ ਕਾਰਜਭਾਰ ਦੀ ਜ਼ਿੰਮੇਵਾਰੀ ਸੰਭਾਲੀ।ਜਾਣਕਾਰੀ ਗੁਰਦੁਆਰਾ ਸ੍ਰੀ ਦੂਖਨਿਵਾਰਨ ਦੇ ਮੈਨੇਜਰ ਰਜਿੰਦਰ ਸਿੰਘ ਟੌਹੜਾ ਨੇ ਦਿੱਤੀ।ਉਨ੍ਹਾਂ ਕਿਹਾ ਕਿ ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ ਦੇ ਪ੍ਰਬੰਧਾਂ ਨੂੰ ਵਧੇਰੇ ਬੇਹਤਰ ਤੇ ਸੁਚਾਰੂ ਬਣਾਉਣ ਲਈ ਇਹ ਜ਼ਿੰਮੇਵਾਰੀ ਮੀਤ ਮੈਨੇਜਰ ਨੂੰ ਸੌਂਪੀ ਗਈ ਹੈ।ਅਹੁਦੇ ਦਾ ਕਾਰਜਭਾਰ ਸੰਭਾਲਣ ਦੌਰਾਨ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਤੋਂ ਇਲਾਵਾ ਸ਼ਹਿਰ ਦੀਆਂ ਸਿੱਖ ਸਭਾਵਾਂ, ਸੁਸਾਇਟੀਆਂ ਦੇ ਅਹੁਦੇਦਾਰ ਵੀ ਮੌਜੂਦ ਸਨ।ਗੁਰੂ ਸਾਹਿਬ ਦੇ ਦਰਬਾਰ ਵਿਚ ਸ਼ੁਕਰਾਨਾ ਤੇ ਅਰਦਾਸ ਕਰਨ ਉਪਰੰਤ ਮੀਤ ਮੈਨੇਜਰ ਆਤਮ ਪ੍ਰਕਾਸ਼ ਸਿੰਘ ਬੇਦੀ ਨੇ ਆਪਣਾ ਕਾਰਜਭਾਰ ਸੰਭਾਲਿਆ।ਇਸ ਮੌਕੇ ਸ੍ਰੀ ਗੁਰੂ ਗੋਬਿੰਦ ਸਿੰਘ ਪਰਿਵਾਰ ਸਰਕਲ ਦੇ ਪ੍ਰਧਾਨ ਜੋਗਿੰਦਰ ਸਿੰਘ ਤੇ ਉਨ੍ਹਾਂ ਦੀ ਸੰਗੀਤ ਅਕੈਡਮੀ ਦੇ ਬੱਚੇ ਵੀ ਮੌਜੂਦ ਸਨ।ਇਸ ਦੌਰਾਨ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਤੇ ਗੁਰਦੁਆਰਾ ਪ੍ਰਬੰਧਕਾਂ ਨੂੰ ਸਿਰੋਪਾਓ ਭੇਂਟ ਕੀਤਾ।ਅਹੁਦਾ ਸੰਭਾਲਣ ਮੌਕੇ ਹੈਡ ਗ੍ਰੰਥੀ ਗਿਆਨੀ ਫੂਲਾ ਸਿੰਘ, ਜਸਵਿੰਦਰ ਸਿੰਘ ਬਿੱਲਾ, ਹਰਵਿੰਦਰ ਸਿੰਘ ਕਾਹਲਵਾਂ, ਇੰਦਰਜੀਤ ਸਿੰਘ, ਭਵਨਪੁਨੀਤ ਸਿੰਘ ਆਦਿ ਸਖਸ਼ੀਅਤ ਵੀ ਮੌਜੂਦ ਸਨ।

ਫੋਟੋ : ਗੁਰੂ ਸਾਹਿਬ ਦਾ ਸ਼ੁਕਰਾਨਾ ਕਰਦੇ ਹੋਏ ਮੀਤ ਮੈਨੇਜਰ ਆਤਮ ਪ੍ਰਕਾਸ਼ ਸਿੰਘ ਬੇਦੀ, ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਤੇ ਹੋਰ।

## ਡੀ ਐੱਸ ਪੀ ਬਣ ਕੇ ਪਹੁੰਚੇ ਤੇਜਿੰਦਰਪਾਲ ਸਿੰਘ ਤੂਰ ਦਾ ਪਿੰਡ ਵਾਸੀਆਂ ਵੱਲੋਂ ਸਨਮਾਨ



**ਮੋਗਾ (ਇਕਬਾਲ ਸਿੰਘ ਖਹਿਰਾ)**

ਏਸ਼ੀਅਨ ਖੇਡਾਂ ਵਿੱਚ ਦੋ ਵਾਰ ਗੋਲਡ ਮੈਡਲ ਜਿੱਤਣ ਵਾਲੇ ਅਤੇ ਉਲੰਪਿਕ ਵਿੱਚ ਹਿੱਸਾ ਲੈਣ ਵਾਲੇ ਪਿੰਡ ਖੋਸਾ ਪਾਂਡੋ ਦੇ ਨੌਜਵਾਨ ਖਿਡਾਰੀ, ਜਿਸ ਨੂੰ ਪਿਛਲੇ ਦਿਨੀਂ ਪੰਜਾਬ ਸਰਕਾਰ ਵੱਲੋਂ ਡੀ.ਐਸ.ਪੀ. ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਦੇ ਪਿੰਡ ਪੁੱਜਣ ਤੇ ਪਿੰਡ ਵਾਸੀਆਂ ਵੱਲੋਂ ਸਨਮਾਨ ਸਮਾਗਮ ਰੱਖਿਆ ਗਿਆ। ਇਸ ਮੌਕੇ ਸਰਪੰਚ ਤਰਸੇਮ ਸਿੰਘ ਤੂਰ, ਐਨ.ਆਰ.ਆਈ. ਬੂਟਾ ਸਿੰਘ ਤੂਰ, ਪੰਚਾਇਤ ਮੈਂਬਰ ਜਗਸੀਰ ਸਿੰਘ ਖੋਸਾ, ਬਿੰਦਰ ਸਿੰਘ ਬਰਾੜ , ਰਣਜੀਤ ਸਿੰਘ ਸਾਬਕਾ ਪੰਚ ਅਤੇ ਮੈਡਮ ਗੁਰਸ਼ਰਨ ਕੌਰ ਨੇ ਕਿਹਾ ਕਿ ਸਾਨੂੰ ਸਾਰੇ ਪਿੰਡ ਵਾਸੀਆਂ ਨੂੰ ਇਸ ਨੌਜਵਾਨ ਉੱਪਰ ਮਾਣ ਹੈ, ਜਿਸ ਨੇ ਏਸ਼ੀਅਨ ਖੇਡਾਂ ਵਿੱਚ ਦੋ ਵਾਰ ਗੋਲਡ ਮੈਡਲ ਜਿੱਤ ਕੇ ਪਿੰਡ ਖੋਸਾ ਪਾਂਡੋ ਦਾ ਨਾਂਅ ਪੂਰੀ ਦੁਨੀਆ ਵਿੱਚ ਰੌਸ਼ਨ ਕੀਤਾ ਹੈ। ਉਨ੍ਹਾਂ ਅੱਗੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਵਰਗੀਆਂ ਅਲਾਮਤਾਂ ਤੋਂ ਬਚਾਉਣ ਲਈ ਲਈ ਖੇਡਾਂ ਨਾਲ ਜੋੜਨਾ ਸਮੇਂ ਦੀ ਲੋੜ ਹੈ। ਉਹਨਾਂ ਅੱਗੇ ਕਿਹਾ ਕਿ ਤੇਜਿੰਦਰਪਾਲ ਸਿੰਘ ਵਰਗੇ ਨੌਜਵਾਨਾਂ ਤੋਂ ਅੱਜ ਦੇ ਬੱਚਿਆਂ ਅਤੇ ਨੌਜਵਾਨਾਂ ਨੂੰ ਪ੍ਰੇਰਨਾ ਲੈਣੀ ਚਾਹੀਦੀ ਹੈ ਜਿਸ ਨੇ ਕਿ ਪਿੰਡ ਵਿਚੋਂ ਉੱਠ ਕੇ ਉਲੰਪਿਕ ਖੇਡਾਂ ਤੱਕ ਅਪਣੇ ਆਪ ਨੂੰ ਪੁਚਾਇਆ।

ਇਸ ਮੌਕੇ ਤੇਜਿੰਦਰਪਾਲ ਸਿੰਘ ਤੂਰ ਨੇ ਆਏ ਹੋਏ ਮਹਿਮਾਨਾਂ, ਪਤਵੰਤਿਆਂ ਅਤੇ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਨਿਰੋਗ ਅਤੇ ਤੰਦਰੁਸਤ ਜੀਵਨ ਲਈ ਖੇਡਾਂ ਬਹੁਤ ਹੀ ਜ਼ਰੂਰੀ ਹਨ। ਸਾਨੂੰ ਆਪਣੇ ਮਹਾਨ ਵਿਰਸੇ ਤੋਂ ਪ੍ਰੇਰਨਾ ਲੈ ਕੇ ਇੱਕ ਵਧੀਆ ਸਮਾਜ ਸਿਰਜਣ ਵੱਲ ਵਧਣਾ ਚਾਹੀਦਾ ਹੈ।

## ਇੰਸਪੈਕਟਰ ਸਰਬਜੀਤ ਸਿੰਘ ਨੇ ਥਾਣਾ ਸਿਟੀ ਦੇ ਮੁੱਖ ਅਫ਼ਸਰ ਵਜੋਂ ਅਹੁਦਾ ਸੰਭਾਲਿਆ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਇੰਸਪੈਕਟਰ ਸਰਬਜੀਤ ਸਿੰਘ ਨੇ ਥਾਣਾ ਸਿਟੀ ਦੇ ਮੁੱਖ ਅਫਸਰ ਵਜੋਂ ਅਹੁਦਾ ਸੰਭਾਲ ਲਿਆ ਹੈ।ਅਹੁਦਾ ਸੰਭਾਲਣ ਮੌਕੇ ਇੰਸਪੈਕਟਰ ਸਰਬਜੀਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ, ਡੀਜੀਪੀ ਤੇ ਐਸ.ਐਸ.ਪੀ. ਸੰਗਰੂਰ ਦੇ ਦਿਸ਼ਾ-ਨਿਰਦੇਸ਼ਾਂ ਤੇ ਡੀਐਸਪੀ ਦੀ ਅਗਵਾਈ ਹੇਠ ਪੁਲਿਸ ਨਸ਼ੇ ਦੇ ਖਾਤਮੇ ਲਈ ਤਤਪਰ ਹੈ ਤੇ ਗੈਰ ਕਾਨੂੰਨੀ ਕੰਮ ਕਰਨ ਵਾਲਿਆਂ ਨੂੰ ਕਿਸੇ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ।ਉਨ੍ਹਾਂ ਲੋਕਾਂ ਤੋਂ ਸਹਿਯੋਗ ਦੀ ਅਪੀਲ ਕਰਦਿਆਂ ਕਿਹਾ ਕਿ ਪੁਲਸ ਹਰ ਵੇਲੇ ਲੋਕਾਂ ਦੀ ਜਾਨ ਤੇ ਮਾਲ ਦੀ ਹਿਫ਼ਾਜ਼ਤ ਲਈ ਤਤਪਰ ਹੈ ਤੇ ਜੇਕਰ ਤੁਹਾਨੂੰ ਨੇੜੇ ਕੋਈ ਵੀ ਵਿਅਕਤੀ ਸ਼ੱਕੀ ਜਾਪਦਾ ਹੈ ਜਾਂ ਗ਼ੈਰ ਕਾਨੂੰਨੀ ਕੰਮ ਕਰਨ ਵਾਲਾ ਜਾਪਦਾ ਹੈ ਤਾਂ ਇਸਦੀ ਸੂਚਨਾ ਤੁਰੰਤ ਪੁਲਸ ਨੂੰ ਦਿੱਤੀ ਜਾਵੇ।

ਪੁਲਸ ਸੂਚਨਾਕਾਰ ਦਾ ਨਾਂਅ ਤੇ ਪਤਾ ਗੁਪਤ ਰੱਖੇਗੀ।ਲੜਕੀਆਂ ਦੇ ਸਕੂਲਾਂ-ਕਾਲਜਾਂ ਅੱਗੇ ਅਵਾਰਾਗਰਦੀ ਨੂੰ ਰੋਕਣ ਸਬੰਧੀ ਪੁੱਛੇ ਸਵਾਲ ਦਾ ਜਵਾਬ ਦਿੰਦਿਆਂ ਇੰਸਪੈਕਟਰ ਸਰਬਜੀਤ ਸਿੰਘ ਨੇ ਕਿਹਾ ਕਿ ਉਨ੍ਹਾਂ ਨੇ ਕੱਲ੍ਹ ਹੀ ਅਹੁਦਾ ਸੰਭਾਲਿਆ ਹੈ ਤੇ ਉਹ ਸ਼ਹਿਰ ਦੀਆਂ ਵੱਖ-ਵੱਖ ਥਾਂਵਾਂ ਦਾ ਦੌਰਾ ਕਰਨਗੇ, ਜਾਇਜ਼ਾ ਲੈਣਗੇ ਤੇ ਲੜਕੀਆਂ ਦੇ ਸਕੂਲਾਂ-ਕਾਲਜਾਂ ਅੱਗੇ ਪੁਲਸ ਗਸ਼ਤ ਵਧਾਈ ਜਾਵੇਗੀ ਤੇ ਕਿਸੇ ਕਿਸਮ ਦੀ ਹੁੱਲੜਬਾਜ਼ੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

## ਵਿਧਾਇਕ ਬਲਕਾਰ ਸਿੱਧੂ ਦੇ ਜਨਮ ਦਿਨ ਮੌਕੇ ਖ਼ੂਨਦਾਨ ਕੈਂਪ ਲਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਸਿਵਲ ਹਸਪਤਾਲ ਵਿਖੇ ਆਮ ਆਦਮੀ ਪਾਰਟੀ ਦੇ ਆਗੂਆਂ ਵੱਲੋਂ ਹਲਕਾ ਵਿਧਾਇਕ ਬਲਕਾਰ ਸਿੰਘ ਸਿੱਧੂ ਦੇ ਜਨਮ ਦਿਨ ਮੌਕੇ ਵਿਸ਼ਾਲ ਖ਼ੂਨਦਾਨ ਕੈਂਪ ਲਾਇਆ ਗਿਆ, ਜਿਸ ਵਿੱਚ ਹਲਕਾ ਵਾਸੀਆਂ ਨੇ ਵੱਡੀ ਗਿਣਤੀ ਵਿਚ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਖ਼ੂਨਦਾਨ ਕੀਤਾ।ਇਸ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਹਲਕਾ ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਕਿਹਾ ਕਿ ਖ਼ੂਨਦਾਨ ਇੱਕ ਮਹਾਂ ਪਵਿੱਤਰ ਕਾਰਜ ਹੈ, ਜਿਸ ਨਾਲ ਕਿਸੇ ਵਿਅਕਤੀ ਦੀ ਜ਼ਿੰਦਗੀ ਬਚਾਈ ਜਾ ਸਕਦੀ ਹੈ।ਉਨ੍ਹਾਂ ਕਿਹਾ ਕਿ ਇਕ ਜ਼ਿੰਦਗੀ ਨਾਲ ਉਸ ਦੇ ਪਰਵਾਰ ਦੀਆਂ ਜਾਨਾਂ ਵੀ ਜੁੜੀਆਂ ਹੁੰਦੀਆਂ ਹਨ ਅਤੇ ਅੱਜ-ਕੱਲ੍ਹ ਦੇ ਤੇਜ ਰਫਤਾਰ ਵਾਲੇ ਯੁੱਗ ਵਿੱਚ ਜਿਸ ਤਰ੍ਹਾਂ ਨਾਲ ਸੜਕੀ ਹਾਦਸੇ ਵਾਪਰਦੇ ਰਹਿੰਦੇ ਹਨ, ਉਥੇ ਅਜਿਹੇ ਹਾਦਸਾਗ੍ਰਸਤ ਹੋਏ ਲੋਕਾਂ ਨੂੰ ਸਭ ਤੋਂ ਪਹਿਲੀ ਜ਼ਰੂਰਤ ਖ਼ੂਨ ਦੀ ਹੀ ਪੈਂਦੀ ਹੈ।ਉਨ੍ਹਾਂ ਕਿਹਾ ਕਿ ਆਪਣੇ ਜਨਮ ਦਿਹਾੜੇ ਮੌਕੇ ਅਜਿਹਾ ਮਹਾਨ ਕਾਰਜ ਕਰਨ ਨਾਲ ਉਨ੍ਹਾਂ ਨੂੰ ਦਿਲੋਂ ਖੁਸ਼ੀ ਮਿਲੀ ਹੈ ਤੇ ਉਨ੍ਹਾਂ ਦਾ ਇਹ ਵੀ ਕਹਿਣਾ ਹੈ ਕਿ ਜੇਕਰ ਹਰ ਇਨਸਾਨ ਆਪਣੇ ਜਨਮ ਦਿਹਾੜੇ ਮੌਕੇ ਕੋਈ ਮਾਨਵਤਾ ਦੀ ਭਲਾਈ ਦਾ ਕਾਰਜ ਕਰੇ ਤਾਂ ਵਾਕਈ ਇਹ ਦੁਨੀਆ ਸਵਰਗ ਬਣ ਸਕਦੀ ਹੈ।ਇਸ ਮੌਕੇ ਸਿਵਲ ਹਸਪਤਾਲ ਰਾਮਪੁਰਾ ਫੂਲ ਦੇ ਐਸ ਐਮ ਓ ਗੁਨਿੰਦਰ ਗੀਤ ਕੌਰ, ਸਮੂਹ ਡਾਕਟਰ ਤੇ ਆਮ ਆਦਮੀ ਪਾਰਟੀ ਦੇ ਆਗੂ, ਵਰਕਰ ਤੇ ਸ਼ਹਿਰ ਵਾਸੀ ਹਾਜ਼ਰ ਸਨ।

## ਗੈਰ-ਸਮਾਜੀ ਅਨਸਰਾਂ ਨੂੰ ਨਕੇਲ ਪਾਉਣ ਲਈ ਪੁਲਸ ਨੇ ਚਲਾਇਆ ਕਾਸੋ ਅਭਿਆਨ



**ਸ੍ਰੀ ਅਨੰਦਪੁਰ ਸਾਹਿਬ (ਹਰਵਿੰਦਰ ਸਿੰਘ ਬਿੰਦੀ)** ਐਸ ਕੇ ਅਸਥਾਨਾ ਆਈ ਪੀ ਐਸ ਸਪੈਸ਼ਲ ਡੀ ਜੀ ਪੀ ਪਾਲਿਸੀ ਐਂਡ ਰੂਲਜ਼ ਪੰਜਾਬ ਦੇ ਦਿਸ਼ਾ ਨਿਰਦੇਸ਼ਾ ਤਹਿਤ ਅਤੇ ਗੁਲਨੀਤ ਸਿੰਘ ਖੁਰਾਨਾ ਐਸ ਐਸ ਪੀ ਰੂਪਨਗਰ ਦੀ ਅਗਵਾਈ ਵਿੱਚ ਪੰਜਾਬ ਪੁਲਸ ਵੱਲੋਂ ਚਲਾਏ ਕਾਸੋ ਅਭਿਆਨ ਰਾਹੀ ਗੈਰ ਸਮਾਜੀ ਅਨਸਰਾਂ ਨੂੰ ਨਕੇਲ ਪਾਉਣ ਦਾ ਵਿਆਪਕ ਉਪਰਾਲਾ ਕੀਤਾ ਗਿਆ ਹੈ, ਇਸੇ ਅਧੀਨ ਸ੍ਰੀ ਅਨੰਦਪੁਰ ਸਾਹਿਬ ਦੇ ਆਲੇ ਦੁਆਲੇ ਦੀਆਂ ਬਸਤੀਆਂ, ਪਿੰਡਾਂ, ਸ਼ਹਿਰਾਂ ਤੇ ਅੰਤਰਰਾਜੀ ਨਾਕਿਆਂ ਤੇ ਵਿਸ਼ੇਸ਼ ਅਭਿਆਨ ਚਲਾ ਕੇ ਮਾੜੇ ਅਨਸਰਾਂ ਨੂੰ ਕਾਬੂ ਕਰਨ ਦਾ ਉਪਰਾਲਾ ਕੀਤਾ ਗਿਆ।ਇਸ ਤੋਂ ਇਲਾਵਾ ਆਮ ਲੋਕਾਂ ਨੂੰ ਸੁਰੱਖਿਆਂ ਦੀ ਭਾਵਨਾ ਮਜਬੂਤ ਕਰਨ ਲਈ ਕਾਸੋ ਤਹਿਤ ਇਹ ਵਿਸ਼ੇਸ਼ ਮੁਹਿੰਮ ਚਲਾਈ ਗਈ।ਜਾਣਕਾਰੀ ਦਿੰਦੇ ਹੋਏ ਅਜੇ ਸਿੰਘ ਡੀ ਐਸ ਪੀ ਸ੍ਰੀ ਅਨੰਦਪੁਰ ਸਾਹਿਬ ਨੇ ਦੱਸਿਆ ਕਿ ਪੰਜਾਬ ਪੁਲਸ ਦੇ ਉੱਚ ਅਧਿਕਾਰੀਆਂ ਦੀਆਂ ਹਦਾਇਤਾਂ ਅਨੁਸਾਰ ਗੈਰ ਸਮਾਜੀ ਅਨਸਰਾਂ ਨੂੰ ਨਕੇਲ ਪਾਉਣ ਅਤੇ ਤਿਉਹਾਰਾਂ ਦੌਰਾਨ ਸੁਰੱਖਿਅਤ ਵਾਤਾਵਰਣ ਮੁਹੱਇਆ ਕਰਵਾਉਣ ਦੇ ਮੰਤਵ ਨਾਲ ਕਾਸੋ ਤਹਿਤ ਵਿਸ਼ੇਸ਼ ਅਭਿਆਨ ਚਲਾਇਆ ਜਾ ਰਿਹਾ ਹੈ।ਇਸ ਦੌਰਾਨ ਨਸ਼ਿਆ ਦੇ ਸੌਦਾਗਰ ਕਾਬੂ ਕੀਤੇ ਜਾ ਰਹੇ ਹਨ।ਉਨ੍ਹਾਂ ਨੇ ਦੱਸਿਆ ਕਿ ਵਿਸ਼ੇਸ਼ ਚੈਕਿੰਗ ਅਭਿਆਨ ਦੌਰਾਨ ਗੰਭੀਰਪੁਰ ਤੇ ਮਜਾਰੀ ਖੱਡ ਵਿੱਚ ਵਿਸ਼ੇਸ਼ ਚੈਕਿੰਗ ਅਭਿਆਨ ਚਲਾਇਆ ਗਿਆ।ਸ੍ਰੀ ਅਨੰਦਪੁਰ ਸਾਹਿਬ ਦੇ ਪੁਲਸ ਟੀਮ ਦੇ ਨਾਲ ਨਾਲ ਐਕਸਾਈਜ਼ ਵਿਭਾਗ ਦੇ ਅਧਿਕਾਰੀ ਲਖਮੇਰ ਚੰਦ ਦੇ ਸਾਂਝੇ ਐਕਸ਼ਨ ਦੌਰਾਨ 200-200 ਲੀਟਰ ਲਾਹਨ ਦੇ ਦੋ ਡਰੰਮ ਕਾਬੂ ਕੀਤੇ ਗਏ। ਉਨ੍ਹਾਂ ਨੇ ਦੱਸਿਆ ਕਿ ਲਾਹਨ ਮੌਕੇ 'ਤੇ ਨਸ਼ਟ ਕਰ ਦਿੱਤੀ ਹੈ ਅਤੇ ਲੋਕਾਂ ਨੂੰ ਅਪੀਲ ਹੈ ਕਿ ਉਹ ਗੈਰ ਸਮਾਜੀ ਅਨਸਰਾਂ ਦੀ ਜਾਣਕਾਰੀ ਪੁਲਸ ਨੂੰ ਦੇਣ ਤਾਂ ਜੋ ਸਮਾਜ ਵਿਚੋਂ ਨਸ਼ੇ ਦੀ ਲਾਹਨਤ ਨੂੰ ਖਤਮ ਕੀਤਾ ਜਾ ਸਕੇ।

## ਕਿਰਾਏਦਾਰਾਂ, ਨੌਕਰਾਂ ਤੇ ਪੇਇੰਗ ਗੈਸਟ ਦਾ ਪੂਰਾ ਵੇਰਵਾ ਨਜ਼ਦੀਕੀ ਥਾਣੇ ਨੂੰ ਦੇਣਾ ਲਾਜ਼ਮੀ

**ਮੋਹਾਲੀ,, (ਗੁਰਜੀਤ ਬਿੱਲਾ)** ਜ਼ਿਲ੍ਹਾ ਮੈਜਿਸਟਰੇਟ ਸ੍ਰੀਮਤੀ ਆਸ਼ਿਕਾ ਜੈਨ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ-2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੁਕਮ ਜਾਰੀ ਕੀਤਾ ਹੈ ਕਿ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਹਦੂਦ ਅੰਦਰ ਸਥਿਤ ਮਿਊਂਸਪਲ ਕੌਂਸਲਾਂ, ਨਗਰ ਪੰਚਾਇਤਾਂ ਅਤੇ ਪਿੰਡਾਂ ਦੀਆਂ ਪੰਚਾਇਤਾਂ ਦੇ ਅਧਿਕਾਰ ਖੇਤਰ ਵਿੱਚ ਰਹਿਣ ਵਾਲਾ ਕੋਈ ਵੀ ਵਿਅਕਤੀ ਆਪਣੇ ਘਰ ਵਿੱਚ ਜਦੋਂ ਕਿਰਾਏਦਾਰ/ਨੌਕਰ/ਪੇਇੰਗ ਗੈਸਟ ਰੱਖੇਗਾ ਤਾਂ ਉਹ ਉਸ ਦਾ ਪੂਰਾ ਵੇਰਵਾ ਇੱਕ ਹਫ਼ਤੇ ਦੇ ਵਿੱਚ-ਵਿੱਚ ਨੇੜਲੇ ਪੁਲਸ ਥਾਣੇ ਨੂੰ ਦੇਣਾ ਯਕੀਨੀ ਬਣਾਏਗਾ।ਇਹ ਹੁਕਮ ਉਨ੍ਹਾਂ 'ਤੇ ਵੀ ਲਾਗੂ ਹੋਵੇਗਾ, ਜਿਨ੍ਹਾਂ ਨੇ ਪਹਿਲਾਂ ਤੋਂ ਹੀ ਰੱਖੇ ਹੋਏ ਕਿਰਾਏਦਾਰਾਂ, ਨੌਕਰਾਂ ਅਤੇ ਪੇਇੰਗ ਗੈਸਟ ਦਾ ਵੇਰਵਾ ਹਾਲਾਂ ਤੱਕ ਪੁਲਿਸ ਨੂੰ ਨਹੀਂ ਦਿੱਤਾ ਹੈ।ਮਨਾਹੀ ਦੇ ਇਨ੍ਹਾਂ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਜ਼ਿਲ੍ਹੇ ਵਿੱਚ ਦੂਜੇ ਰਾਜਾਂ ਅਤੇ ਬਾਹਰਲੇ ਜ਼ਿਲ੍ਹਿਆਂ ਤੋਂ ਬਹੁਤ ਸਾਰੇ ਲੋਕ ਨੌਕਰੀ/ਕੰਮ ਕਾਰ ਵਗੈਰਾ ਕਰਨ ਲਈ ਆਉਂਦੇ ਹਨ।ਇਸ ਤੋਂ ਇਲਾਵਾ ਹੋਰ ਵਿਦਿਅਕ ਅਦਾਰਿਆਂ/ਸੰਸਥਾਵਾਂ ਵਿੱਚ ਪੜ੍ਹਾਈ ਲਈ ਦੂਜੇ ਰਾਜਾਂ ਤੋਂ ਵਿਦਿਆਰਥੀ/ਸਿੱਖਿਆਰਥੀ, ਵੱਖ-ਵੱਖ ਕਿੱਤਿਆਂ/ਕਾਰੋਬਾਰਾਂ ਨਾਲ ਸਬੰਧਤ ਵਿਅਕਤੀ ਬਤੌਰ ਪੇਇੰਗ ਗੈਸਟ ਅਤੇ ਕਾਲ ਸੈਂਟਰਾਂ ਵਿੱਚ ਸਰਵਿਸ ਕਰ ਰਹੇ ਕਰਮਚਾਰੀ ਵੀ ਕਿਰਾਏ 'ਤੇ ਰਹਿ ਰਹੇ ਹਨ।ਇਨ੍ਹਾਂ ਵਿੱਚੋਂ ਕਈ ਵਿਅਕਤੀ ਨਸ਼ੇ, ਅਸਮਾਜਿਕ ਅਤੇ ਅਪਰਾਧਿਕ ਪਿਛੋਕੜ ਦੇ ਹੁੰਦੇ ਹਨ ਅਤੇ ਕਿਰਾਏ ਵਾਲੀਆਂ ਥਾਂਵਾਂ ਅਤੇ ਜਨਤਕ ਸਥਾਨਾਂ 'ਤੇ ਹੁੜਦੰਗ ਮਚਾਉਂਦੇ ਹਨ। ਮਕਾਨ ਮਾਲਕਾਂ ਵੱਲੋਂ ਇਨ੍ਹਾਂ ਕਿਰਾਏਦਾਰਾਂ ਦੀ ਸੂਚਨਾ ਪੁਲਸ ਕੋਲ ਦਰਜ ਨਹੀਂ ਕਰਵਾਈ ਜਾਂਦੀ ਜਿਸ ਕਰਕੇ ਅਮਨ ਤੇ ਕਾਨੂੰਨ ਦੀ ਸਥਿਤੀ ਦੇ ਭੰਗ ਹੋਣ ਦਾ ਖਦਸ਼ਾ ਬਣਿਆ ਰਹਿੰਦਾ ਹੈ। ਇਹ ਹੁਕਮ 11 ਅਕਤੂਬਰ ਤੋਂ 10 ਦਸੰਬਰ, 2024 ਤੱਕ ਲਾਗੂ ਰਹਿਣਗੇ।

## ਪੰਜਾਬੀ ਤੇ ਪੋਲੀਟੀਕਲ ਸਾਇੰਸ ਲੈਕਚਰਾਰਾਂ ਨੂੰ ਸਟੇਸ਼ਨ ਚੋਣ ਕਰਨ ਦਾ ਇੱਕ ਹੋਰ ਮੌਕਾ ਦੇਣ ਦੀ ਮੰਗ

**ਜਲੰਧਰ: (ਰਾਜੇਸ਼ ਥਾਪਾ)** ਪਿਛਲੇ ਦਿਨੀਂ ਮਾਸਟਰ ਕੇਡਰ ਤੋਂ ਲੈਕਚਰਾਰ ਦੀਆਂ ਕੀਤੀਆਂ ਗਈਆਂ ਪ੍ਰਮੋਸ਼ਨਾਂ ਸਮੇਂ ਅਧਿਆਪਕਾਂ ਨੂੰ ਉਹਨਾਂ ਦੀ ਰਿਹਾਇਸ਼ ਨੇੜੇ ਸਟੇਸ਼ਨ ਖਾਲੀ ਹੋਣ ਦੇ ਬਾਵਜੂਦ ਦੂਰ-ਦੁਰਾਡੇ ਭੇਜਣ ਦੀ ਨਿਖੇਧੀ ਕਰਦਿਆਂ ਕਿਹਾ ਕਿ ਬਹੁਤ ਸਾਰੇ ਸਕੂਲਾਂ ਵਿੱਚ ਲੈਕਚਰਾਰਾਂ ਦੀਆਂ ਖਾਲੀ ਅਸਾਮੀਆਂ ਹੋਣ ਦੇ ਬਾਵਜੂਦ ਸਟੇਸ਼ਨ ਦੀ ਚੋਣ ਕਰਨ ਸਮੇਂ ਇਹਨਾਂ ਸਕੂਲਾਂ ਨੂੰ ਵਿਖਾਇਆ ਹੀ ਨਹੀਂ ਗਿਆ।ਪਰ ਜਦੋਂ ਫੀਲਡ ਵਿੱਚ ਇਸ ਸੰਬੰਧੀ ਰੌਲਾ ਰੱਪਾ ਪਿਆ ਤਾਂ ਹੁਣ ਜਿਹੜੇ ਸਕੂਲ ਪੰਜਾਬੀ ਅਤੇ ਪੋਲੀਟੀਕਲ ਸਾਇੰਸ ਦੇ ਲੈਕਚਰਾਰਾਂ ਦੀ ਪ੍ਰਮੋਸ਼ਨ ਕਰਨ ਸਮੇਂ ਸ਼ੋਅ ਨਹੀਂ ਕੀਤੇ ਸਨ, ਪਰ ਹੁਣ ਅੰਗਰੇਜ਼ੀ ਅਤੇ ਮੈਥ ਵਿਸ਼ੇ ਦੇ ਲੈਕਚਰਾਰਾਂ ਦੀਆਂ ਪ੍ਰਮੋਸ਼ਨਾਂ ਕਰਨ ਸੰਬੰਧੀ ਖਾਲੀ ਦਿਖਾਈ ਗਏ ਹਨ। ਇਸ ਸੰਬੰਧੀ ਬਿਆਨ ਜਾਰੀ ਕਰਦਿਆਂ ਪ.ਸ.ਸ. ਫ. ਦੇ ਜ਼ਿਲ੍ਹਾ ਪ੍ਰਧਾਨ ਪ੍ਰਧਾਨ ਪੁਸ਼ਪਿੰਦਰ ਕੁਮਾਰ ਵਿਰਦੀ, ਕਾਰਜਕਾਰੀ ਜਨਰਲ ਸਕੱਤਰ ਪ੍ਰੇਮ ਖਲਵਾੜਾ, ਕੈਸ਼ੀਅਰ ਅਕਲ ਚੰਦ ਸਿੰਘ, ਪ੍ਰੈਸ ਸਕੱਤਰ ਪਰਨਾਮ ਸਿੰਘ ਸੈਨੀ, ਪ ਸ ਸ ਫ ਦੇ ਸੂਬਾ ਕਮੇਟੀ ਮੈਂਬਰ ਤਰਸੇਮ ਮਾਧੋਪੁਰੀ, ਕੁਲਦੀਪ ਵਾਲੀਆ ਬਿਲਗਾ, ਪ.ਸ.ਸ.ਫ. ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ, ਗੌਰਮਿੰਟ ਟੀਚਰਜ਼ ਯੂਨੀਅਨ ਦੇ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਕਰਨੈਲ ਫਿਲੌਰ, ਜਨਰਲ ਸਕੱਤਰ ਸੁਖਵਿੰਦਰ ਸਿੰਘ ਮੱਕੜ, ਵਿੱਤ ਸਕੱਤਰ ਹਰਮਨਜੋਤ ਸਿੰਘ ਆਹਲੂਵਾਲੀਆ, ਪ੍ਰੈੱਸ ਸਕੱਤਰ ਵੇਦ ਰਾਜ ਅਤੇ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸਾਬਕਾ ਸੂਬਾ ਪ੍ਰਧਾਨ ਕਰਨੈਲ ਸਿੰਘ ਸੰਧੂ ਨੇ ਕਿਹਾ ਕਿ ਜਿਹੜੇ ਅਧਿਆਪਕਾਂ ਨੇ ਦੂਰ-ਦੁਰਾਡੇ ਸਟੇਸ਼ਨ ਮਿਲਣ ਕਾਰਨ ਪ੍ਰਮੋਸ਼ਨਾਂ ਹੀ ਛੱਡ ਦਿੱਤੀਆਂ ਹਨ ਜਾਂ ਉਹਨਾਂ ਦੇ ਰਿਹਾਇਸ਼ੀ ਸਥਾਨਾਂ ਦੇ ਨੇੜੇ ਖਾਲੀ ਪੋਸਟਾਂ ਹਨ, ਪਰ ਉਹਨਾਂ ਨੂੰ ਸਟੇਸ਼ਨ ਦੇਣ ਸਮੇਂ ਜਾਣ ਬੁੱਝ ਕੇ ਉਹ ਸਟੇਸ਼ਨ ਸ਼ੋ ਨਹੀਂ ਕੀਤੇ ਗਏ ਸਨ, ਹੁਣ ਉਹਨਾਂ ਪੰਜਾਬੀ ਅਤੇ ਪੋਲੀਟੀਕਲ ਸਾਇੰਸ ਵਿਸ਼ਿਆਂ ਦੇ ਲੈਕਚਰਾਰਾਂ ਨੂੰ ਵੀ ਮੈਥ ਅਤੇ ਅੰਗਰੇਜ਼ੀ ਦੇ ਲੈਕਚਰਾਰਾਂ ਵਾਂਗ ਨੇੜੇ ਸਟੇਸ਼ਨ ਦੇਣ ਸੰਬੰਧੀ ਦੁਬਾਰਾ ਉਨ੍ਹਾਂ ਦੇ ਆਰਡਰ ਜਾਰੀ ਕਰਨ ਤੋਂ ਪਹਿਲਾਂ ਨੇੜੇ ਦੇ ਸਕੂਲਾਂ ਦੀ ਚੋਣ ਕਰਨ ਦਾ ਇੱਕ ਮੌਕਾ ਹੋਰ ਪ੍ਰਦਾਨ ਕੀਤਾ ਜਾਵੇ।

## ਦੁਸਹਿਰੇ ਮਹੱਲੇ ਮੌਕੇ ਸ਼ਰਧਾਲੂਆਂ ਦੇ ਪੁੱਜਣ ਦਾ ਸਿਲਸਿਲਾ ਸ਼ੁਰੂ



**ਸ੍ਰੀ ਅਨੰਦਪੁਰ ਸਾਹਿਬ ( ਅਰਵਿੰਦਰ ਸਿੰਘ ਬਿੰਦੀ)** ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਸਕੱਤਰ ਦਿਲਜੀਤ ਸਿੰਘ ਬੇਦੀ ਵੱਲੋਂ ਜਾਰੀ ਇੱਕ ਲਿਖਤੀ ਪ੍ਰੈਸ ਨੋਟ ਵਿੱਚ ਦੱਸਿਆ ਗਿਆ ਕਿ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ ਮਾਨਏ ਜਾ ਰਹੇ ਦੁਸਹਿਰੇ ਤਿਉਹਾਰ ਦੇ ਮਹੱਲੇ ਵਿਚ ਭਾਗ ਲੈਣ ਲਈ ਦੇਸ਼-ਵਿਦੇਸ਼ ਤੋਂ ਸੰਗਤਾਂ ਦੇ ਪਹੁੰਚਣ ਦਾ ਸਿਲਸਿਲਾ ਸ਼ੁਰੂ ਹੋ ਗਿਆ ਹੈ। ਉਨ੍ਹਾਂ ਕਿਹਾ ਇਸ ਦੌਰਾਨ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਵੱਲੋਂ ਹਰ ਸਾਲ ਦੀ ਤਰ੍ਹਾਂ ਬਾਬਾ ਜੱਸਾ ਸਿੰਘ ਤਲਵੰਡੀ ਸਾਬੋ ਦੀ ਅਗਵਾਈ ਹੇਠ ਇਕ ਵਿਸ਼ੇਸ਼ ਟੀਮ ਹਜ਼ੂਰ ਸਾਹਿਬ (ਨਾਂਦੇੜ) ਵਿਖੇ ਦੁਸਹਿਰੇ ਮਹੱਲੇ ਵਿਚ ਸ਼ਮੂਲੀਅਤ ਕਰਨ ਲਈ ਭੇਜੀ ਗਈ ਹੈ।

## ਗੱਜਪੁਰ ਸਕੂਲ ਨੇ ਬਲਾਕ ਪੱਧਰੀ ਖੇਡਾਂ 'ਚ ਮਾਰੀਆਂ ਮੱਲਾਂ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਗੱਜਪੁਰ ਦੇ ਵਿਦਿਆਰਥੀਆਂ ਨੇ ਹੋਈਆਂ ਬਲਾਕ ਪੱਧਰ ਦੀਆਂ ਖੇਡਾਂ ਦੇ ਵਿੱਚ ਮੱਲਾ ਮਾਰਦੇ ਹੋਏ ਚਾਰ ਗੋਲਡ ਅਤੇ ਦੋ ਸਿਲਵਰ ਮੈਡਲ ਹਾਸਿਲ ਕੀਤੇ, ਅੱਜ ਸਕੂਲ ਪੁੱਜਣ ਤੇ ਬੱਚਿਆਂ ਨੂੰ ਜਿੱਥੇ ਸਨਮਾਨਿਤ ਕੀਤਾ ਗਿਆ ਉੱਥੇ ਹੀ ਨਗਦ ਇਨਾਮ ਵੀ ਦਿੱਤੇ ਗਏ। ਇਸ ਮੌਕੇ ਗੱਲਬਾਤ ਕਰਦਿਆਂ ਸਕੂਲ ਹੈਡ ਟੀਚਰ ਵਰਿੰਦਰ ਸਿੰਘ ਨੇ ਦੱਸਿਆ ਕਿ ਬੱਚਿਆਂ ਨੇ ਬਲਾਕ ਪੱਧਰੀ ਖੇਡਾਂ ਦੇ ਵਿੱਚ ਬਹੁਤ ਹੀ ਵਧੀਆ ਖੇਡ ਦਾ ਮੁਜਰਾ ਕਰਦੇ ਹੋਏ

ਜਿੱਤ ਪ੍ਰਾਪਤ ਕੀਤੀ ਜਿਸ ਦੇ ਵਿੱਚ ਰਾਵੀਆ ਨੇ 200 ਮੀਟਰ ਰੇਸ ਅਤੇ 400 ਮੀਟਰ ਰੇਸ ਦੇ ਵਿੱਚ ਗੋਲਡ ਪ੍ਰਾਪਤ ਕੀਤਾ, ਰਵਨੀਤ ਕੌਰ ਨੇ 600 ਮੀਟਰ ਦੌੜ ਦੇ ਵਿੱਚ ਗੋਲਡ ਪ੍ਰਾਪਤ ਕੀਤਾ।ਬੈਡਮਿੰਟਨ ਲੜਕੀਆਂ ਦੇ ਵਿੱਚ ਪਹਿਲਾ ਸਥਾਨ ਜਦਕਿ ਬੈਡਮਿੰਟਨ ਮੁੰਡਿਆਂ ਦੇ ਵਿੱਚ ਦੂਸਰਾ ਸਥਾਨ ਪ੍ਰਾਪਤ ਕੀਤਾ।ਰਿਲੇ ਰੇਸ ਕੁੜੀਆਂ ਦੇ ਵਿੱਚ ਦੂਸਰਾ ਸਥਾਨ ਹਾਸਲ ਕੀਤਾ। ਇਸ ਮੌਕੇ ਉਨ੍ਹਾਂ ਨੇ ਬੱਚਿਆਂ ਨੂੰ ਜਿੱਥੇ ਜਿੱਤ ਤੇ ਮੁਬਾਰਕਬਾਦ ਦਿੱਤੀ ਉੱਥੇ ਹੀ ਆਉਣ ਵਾਲੇ ਜਿਲਾ ਪੱਧਰੀ ਮੁਕਾਬਲਿਆਂ ਦੇ ਲਈ ਹੋਰ ਮਿਹਨਤ ਕਰਨ ਦੇ ਲਈ ਪ੍ਰੇਰਿਤ ਕੀਤਾ।

## ਬਜ਼ੁਰਗ ਸਾਡੇ ਮਾਰਗਦਰਸ਼ਕ ਨਾ ਕਿ ਬੋਝ : ਸਿਵਲ ਸਰਜਨ

**ਫਗਵਾੜਾ (ਜਸਵਿੰਦਰ ਢੱਡਾ)** ਬਜ਼ੁਰਗ ਬੱਚਿਆਂ ਦੇ ਮਾਰਗਦਰਸ਼ਕ ਹੁੰਦੇ ਹਨ ਨਾ ਕਿ ਬੋਝ।ਇਹ ਸ਼ਬਦ ਸਿਵਲ ਸਰਜਨ ਕਪੂਰਥਲਾ ਡਾ. ਰਿਚਾ ਭਾਟੀਆ ਨੇ ਵਿਸ਼ਵ ਬਜ਼ੁਰਗ ਦਿਵਸ ਦੇ ਸੰਬੰਧ ਵਿਚ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਬਜ਼ੁਰਗਾਂ ਦਾ ਮਾਰਗਦਰਸ਼ਨ ਹਮੇਸ਼ਾ ਬੱਚਿਆਂ ਉਪੱਰ ਬਣਿਆ ਰਹੇ ਉਸ ਲਈ ਜਰੂਰੀ ਹੈ ਕਿ ਉਹ ਹਮੇਸ਼ਾ ਸਿਹਤਮੰਦ ਰਹਿਣ।ਉਨ੍ਹਾਂ ਕਿਹਾ ਕਿ ਵਰਤਮਾਨ ਯੁੱਗ ਵਿੱਚ ਬੱਚੇ ਘਰ ਦੇ ਬਜ਼ੁਰਗਾਂ ਦੀ ਅਣਦੇਖੀ ਕਰਦੇ ਹਨ ਜੋ ਕਿ ਚਿੰਤਾਜਨਕ ਹੈ।ਉਨ੍ਹਾਂ ਦੱਸਿਆ ਕਿ ਇਸ ਦਿਨ ਨੂੰ ਮਨਾਉਣ ਦਾ ਉਦੇਸ਼ ਹੀ ਬਜ਼ੁਰਗਾਂ ਦੇ ਸਿਹਤਮੰਦ ਜੀਵਨ ਲਈ ਤੇ ਉਨ੍ਹਾਂ ਨੂੰ ਕਿਸੇ ਵੀ ਅਪਮਾਨ ਤੇ ਦੁਰਵਿਹਾਰ ਤੋਂ ਬਚਾਉਣ ਲਈ ਸੁਖਾਵਾਂ ਮਾਹੌਲ ਪ੍ਰਦਾਨ ਕਰਨ ਲਈ ਲੋਕਾਂ ਨੂੰ ਜਾਗਰੂਕ ਕਰਨਾ ਹੈ।ਸਿਵਲ ਸਰਜਨ ਡਾ.ਰਿਚਾ ਭਾਟੀਆ ਨੇ ਇਹ ਵੀ ਦੱਸਿਆ ਕਿ ਇਸ ਸਾਲ ਵਿਸ਼ਵ ਬਜ਼ੁਰਗ ਦਿਵਸ ਦੀ ਥੀਮ ਹਰ ਉਮਰ ਵਰਗ ਦੇ ਲਈ ਡਿਜੀਟਲ ਇਕਵਿਟੀ ਹੈ ਯਾਨਿ ਕਿ ਇਹ ਥੀਮ ਬਜ਼ੁਰਗਾਂ ਵੱਲੋਂ ਵੀ ਡਿਜਿਟਲ ਦੁਨੀਆ ਵਿਚ ਭਾਗੀਦਾਰੀ ਅਤੇ ਪਹੁੰਚ ਦੀ ਸਿਫਾਰਿਸ਼ ਕਰਦਾ ਹੈ।ਜ਼ਿਲ੍ਹਾ ਪਰਿਵਾਰ ਭਲਾਈ ਅਫਸਰ ਡਾ.ਅਸ਼ੋਕ ਕਮਾਰ ਨੇ ਦੱਸਿਆ ਕਿ ਬਜ਼ੁਰਗ ਇਸ ਸਮਾਜ ਦਾ ਅਨਿਖੜਵਾਂ ਅੰਗ ਹਨ। ਉਨ੍ਹਾਂ ਦੱਸਿਆ ਸਿਹਤ ਵਿਭਾਗ ਵੱਲੋਂ ਬਜ਼ੁਰਗਾਂ ਵਾਸਤੇ ਨੈਸ਼ਨਲ ਪ੍ਰੋਗਰਾਮ ਫਾਰ ਹੈਲਥ ਕੇਅਰ ਆਫ ਐਲਡਰਲੀ ਚਲਾਇਆ ਜਾ ਰਿਹਾ ਹੈ। ਉਨ੍ਹਾਂ ਜੋਰ ਦਿੱਤਾ ਕਿ ਬਜ਼ੁਰਗਾਂ ਦੀ ਸਿਹਤ ਦੀ ਸਮੇਂ ਸਮੇਂ ਤੇ ਜਾਂਚ ਕਰਵਾਉਣੀ ਚਾਹੀਦੀ ਤਾਂ ਕਿ ਕਿਸੇ ਵੀ ਤਰ੍ਹਾਂ ਦੀ ਹੋਣ ਵਾਲੀ ਗੰਭੀਰ ਬੀਮਾਰੀ ਦਾ ਸਮੇਂ ਰਹਿੰਦਿਆਂ ਪਤਾ ਚਲ ਸਕੇ।

## ਮੁੱਖ ਮੰਤਰੀ ਵੱਲੋਂ ਝੋਨੇ ਦੀ ਨਿਰਵਿਘਨ ਖ਼ਰੀਦ ਲਈ ਮੰਡੀਆਂ ਦਾ ਨਿਰੰਤਰ ਦੌਰਾ ਕਰਨ ਦੇ ਨਿਰਦੇਸ਼

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਡਿਪਟੀ ਕਮਿਸ਼ਨਰਾਂ ਨੂੰ ਝੋਨੇ ਦੀ ਖਰੀਦ ਅਤੇ ਚੁਕਾਈ ਦੇ ਕਾਰਜਾਂ ਵਿੱਚ ਤੇਜ਼ੀ ਲਿਆਉਣ ਲਈ ਵਿਆਪਕ ਪੱਧਰ 'ਤੇ ਮੰਡੀਆਂ ਦਾ ਦੌਰਾ ਕਰਨ ਦੇ ਨਿਰਦੇਸ਼ ਦਿੱਤੇ ਹਨ।ਡਿਪਟੀ ਕਮਿਸ਼ਨਰਾਂ ਨਾਲ ਵਰਚੁਅਲ ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਸਾਉਣੀ ਮੰਡੀਕਰਨ ਸੀਜ਼ਨ 2024-25 ਦੌਰਾਨ ਮੰਡੀਆਂ ਵਿੱਚ ਝੋਨੇ ਦੀ ਆਮਦ ਵਿੱਚ ਕਾਫ਼ੀ ਵਾਧਾ ਹੋਇਆ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਵਿੱਚ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣੀ ਚਾਹੀਦੀ।ਮਾਨ ਨੇ ਕਿਹਾ ਕਿ ਡਿਪਟੀ ਕਮਿਸ਼ਨਰ ਨਿੱਜੀ ਤੌਰ 'ਤੇ ਅਨਾਜ ਦੀ ਨਿਰਵਿਘਨ ਅਤੇ ਸੁਚਾਰੂ ਖਰੀਦ ਨੂੰ ਯਕੀਨੀ ਬਣਾਉਣ ਅਤੇ ਇਸ ਕਾਰਜ ਨੂੰ ਨੇਪਰੇ ਚਾੜ੍ਹਨ ਲਈ ਕੋਈ ਕਸਰ ਬਾਕੀ ਨਾ ਛੱਡੀ ਜਾਵੇ।ਉਨ੍ਹਾਂ ਕਿਹਾ ਕਿ ਸੂਬੇ ਵਿੱਚ ਇਸ ਸਮੇਂ 32 ਲੱਖ ਹੈਕਟੇਅਰ ਰਕਬਾ ਝੋਨੇ ਦੀ ਕਾਸ਼ਤ ਹੇਠ ਹੈ ਅਤੇ ਪੰਜਾਬ ਵੱਲੋਂ 185 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਦਾ ਟੀਚਾ ਰੱਖਿਆ ਗਿਆ ਹੈ। ਮਾਨ ਨੇ ਕਿਹਾ ਕਿ ਆਰ.ਬੀ.ਆਈ. ਵੱਲੋਂ ਸਾਉਣੀ ਮੰਡੀਕਰਨ ਸੀਜ਼ਨ 2024-25 ਲਈ 41,378 ਕਰੋੜ ਰੁਪਏ ਦੀ ਨਕਦ ਕਰਜ਼ਾ ਸੀਮਾ (ਸੀ.ਸੀ.ਐਲ.) ਪਹਿਲਾਂ ਹੀ ਜਾਰੀ ਕੀਤੀ ਜਾ ਚੁੱਕੀ ਹੈ।ਮੁੱਖ ਮੰਤਰੀ ਨੇ ਸਪੱਸ਼ਟ ਕੀਤਾ ਕਿ ਖਰੀਦ ਅਤੇ ਚੁਕਾਈ ਦੇ ਕਾਰਜਾਂ ਵਿੱਚ ਵਿੱਚ ਕਿਸੇ ਵੀ ਕਿਸਮ ਦੀ ਢਿੱਲ ਜਾਂ ਕੁਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਉਪਜ ਦੀ ਜਲਦ ਤੋਂ ਜਲਦ ਖਰੀਦ ਅਤੇ ਚੁਕਾਈ ਨੂੰ ਯਕੀਨੀ ਬਣਾਇਆ ਜਾਵੇ।

## ਗੁਰਦੇਵ ਸਿੰਘ ਖੰਗੂੜਾ ਨੂੰ ਭਾਵ-ਭਿੰਨੀਆਂ ਸ਼ਰਧਾਂਜਲੀਆਂ



**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)** ਪੰਜਾਬ ਰੋਡਵੇਜ ਯੂਨੀਅਨ (ਏਟਕ) ਆਗੂ ਗੁਰਦੇਵ ਸਿੰਘ ਖੰਗੂੜਾ ਪਿੰਡ ਧਨੇਠਾ ਨੇੜੇ ਸੁਮਾਣਾ ਦੇ ਪ੍ਰਸਿੱਧ ਸਮਾਜ ਸੇਵੀ ਸ਼ਖ਼ਸੀਅਤ ਅੰਮ੍ਰਿਤ ਪਾਲ ਸਿੰਘ ਖੰਗੂੜਾ ਦੇ ਸਤਿਕਾਰਯੋਗ ਪਿਤਾ ਸ੍ਰ. ਗੁਰਦੇਵ ਸਿੰਘ ਖੰਗੂੜਾ ਜਿਨ੍ਹਾਂ ਦਾ ਬੀਤੇ ਦਿਨੀ ਅਚਾਨਕ ਦਿਹਾਂਤ ਹੋ ਗਿਆ ਸੀ, ਦੇ ਨਮਿਤ ਆਤਮਿਕ ਸ਼ਾਂਤੀ ਲਈ ਰਖਵਾਏ ਪਾਠ ਦਾ ਭੋਗ ਪਾਇਆ ਗਿਆ ਅਤੇ ਬਾਬਾ ਕਰਮਜੀਤ ਸਿੰਘ ਡੰਡੋਆ ਕੀਰਤਨੀ ਜੱਥੇ ਨੇ ਰਸਭਿੰਨਾ ਕੀਰਤਨ ਕੀਤਾ।ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਵੱਡਾ ਗੁਰਦੁਆਰਾ ਸਾਹਿਬ ਪਿੰਡ ਧਨੇਠਾ ਵਿਖੇ ਕਰਵਾਇਆ ਗਿਆ।ਇਸ ਮੌਕੇ ਗੁਰਦੇਵ ਸਿੰਘ ਖੰਗੂੜਾ ਨੂੰ ਸ਼ਰਧਾਂਜਲੀਆਂ ਭੇਟ ਕਰਦਿਆਂ ਜਸਵੰਤ ਸਿੰਘ ਖਰੌੜ, ਸਾਬਕਾ ਜਨਰਲ ਮੈਨੇਜਰ ਪਵਨ ਸਿੰਗਲਾ, ਦੋਆਬਾ ਜਨਰਲ ਕੈਟਾਗਰੀ ਫਰੰਟ ਪੰਜਾਬ ਦੇ ਪ੍ਰਧਾਨ ਬਲਵੀਰ ਸਿੰਘ ਫੁਗਲਾਣਾ, ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰ ਯੂਨੀਅਨ ਪੰਜਾਬ ਦੇ ਪ੍ਰਧਾਨ ਗੁਰਜੀਤ ਸਿੰਘ ਘੋੜੇਵਾਹ ,ਸੂਬਾ ਮੀਤ ਪ੍ਰਧਾਨ ਬਲਵਿੰਦਰ ਸਿੰਘ ਸੰਧੂ, ਰੋਡਵੇਜ ਬਜ਼ੁਰਗ ਆਗੂ ਸੋਢੀ ਸਿੰਘ , ਭੁਪਿੰਦਰ ਸਿੰਘ ਸੰਧੂ ਬਟਾਲਾ, ਪ੍ਰਦੀਪ ਵਰਮਾ (ਵਰਮਾ ਜਵੈਲਰਜ਼), ਗੁਰਦੁਆਰਾ ਪਾਤਸ਼ਾਹੀ ਛੇਵੀਂ ਸਮਾਣਾ ਦੇ ਪ੍ਰਧਾਨ ਜਸਵਿੰਦਰ ਸਿੰਘ ਲੂਥਰਾ, ਬੇਟਾ ਹੈਪੀ ਲੂਥਰਾ, ਖਜਾਨਚੀ ਦਲਵਾਰਾ ਸਿੰਘ, ਹਨੀ ਦੁਆ, 6635 ਅਧਿਆਪਕ ਯੂਨੀਅਨ ਦੇ ਪ੍ਰਧਾਨ ਰਾਜਵਿੰਦਰ ਸਿੰਘ ਭਿੰਡਰ, ਭਰਾ ਨਿਸ਼ਾਨ ਸਿੰਘ, ਮਾਮਾ ਸੁਖਦੇਵ ਸਿੰਘ ਅਤੇ ਗੁਰਦੇਵ ਸਿੰਘ ਸਮੇਤ ਪਿੰਡ ਅਤੇ ਸ਼ਹਿਰ ਦੇ ਪਤਵੰਤੇ ਸੱਜਣ ਵੀ ਮੌਜੂਦ ਸਨ ।ਸੀਨੀ: ਮੀਤ ਪ੍ਰਧਾਨ ਪੰਜਾਬ ਪੈਨਸ਼ਨ ਯੂਨੀਅਨ (ਪੰਜਾਬ) ਜਗਤਾਰ ਸਿੰਘ ਭੂੰਗਰਨੀ (ਹੁਸ਼ਿਆਰਪੁਰ) ਨੇ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਸ੍ਰ. ਗੁਰਦੇਵ ਸਿੰਘ ਖੰਗੂੜਾ ਮਿਲਣਸਾਰ ਤੇ ਸਮਾਜ ਸੇਵੀ ਅਤੇ ਹਰ ਇਕ ਕੰਮ ਵਿੱਚ ਮੋਹਰੀ ਰਹਿਣ ਵਾਲੇ ਵਿਅਕਤੀ ਸਨ।ਜਿਨ੍ਹਾਂ ਦੇ ਵਿਛੋੜੇ ਦਾ ਪਰਿਵਾਰ, ਸਮੁੱਚੇ ਸਮਾਜ ਅਤੇ ਜਥੇਬੰਦੀ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।ਇਸ ਮੌਕੇ ਉਨ੍ਹਾਂ ਜਥੇਬੰਦੀ ਵਲੋਂ ਪਰਿਵਾਰ ਨੂੰ ਹਰ ਤਰ੍ਹਾਂ ਸਹਿਯੋਗ ਦਾ ਵਿਸ਼ਵਾਸ਼ ਵੀ ਦਿਵਾਇਆ ਅਤੇ ਇਸ ਦੁੱਖ ਘੜੀ ਪਹੁੰਚੀਆਂ ਸੰਗਤਾਂ ਦਾ ਧੰਨਵਾਦ ਕੀਤਾ।

## ਹਰਿਆਣਾ 'ਚ ਭਾਜਪਾ ਦੀ ਹੈਟ੍ਰਿਕ ਨਾਲ ਭਾਜਪਾ ਵਰਕਰਾਂ 'ਚ ਖੁਸ਼ੀ ਦੀ ਲਹਿਰ



**ਆਦਮਪੁਰ (ਪਰਮਜੀਤ ਸਿੰਘ)**-ਹਰਿਆਣਾ ਵਿਧਾਨ ਸਭਾ ਚੋਣਾਂ 'ਚ ਭਾਜਪਾ ਲਗਾਤਾਰ ਤੀਜੀ ਵਾਰ ਜਿੱਤ ਦੀ ਹੈਟ੍ਰਿਕ ਕਾਰਨ ਪੰਜਾਬ ਭਾਜਪਾ ਵਰਕਰਾਂ 'ਚ ਖੁਸ਼ੀ ਦੀ ਲਹਿਰ ਹੈ। ਇਸ ਖੁਸ਼ੀ ਦੇ ਮੌਕੇ 'ਤੇ ਜਗਦੀਸ਼ ਕੁਮਾਰ ਜੱਸਲ ਕਨਵੀਨਰ ਭਾਰਤੀ ਜਨਤਾ ਪਾਰਟੀ ਆਦਮਪੁਰ ਨੇ ਕਿਹਾ ਕਿ ਇਕ ਵਾਰ ਫਿਰ ਉਨ੍ਹਾਂ ਨੇ ਭਾਜਪਾ 'ਤੇ ਭਰੋਸਾ ਜਤਾਉਣ ਲਈ ਹਰਿਆਣਾ ਦੇ ਲੋਕਾਂ ਦਾ ਧੰਨਵਾਦ ਕੀਤਾ ਹੈ।ਉਨ੍ਹਾਂ ਕਿਹਾ ਕਿ ਪਾਰਟੀ ਲਈ ਇਹ ਇਤਿਹਾਸਕ ਪਲ ਹੈ ਕਿਉਂਕਿ 1972 ਤੋਂ ਬਾਅਦ 52 ਸਾਲਾਂ ਵਿੱਚ ਇਹ ਪਹਿਲੀ ਵਾਰ ਹੈ ਕਿ ਕੋਈ ਪਾਰਟੀ ਤੀਜੀ ਵਾਰ ਹਰਿਆਣਾ 'ਚ ਸਰਕਾਰ ਬਣਾਵੇਗੀ।ਜਗਦੀਸ਼ ਕੁਮਾਰ ਜੱਸਲ ਨੇ ਕਿਹਾ ਕਿ ਭਾਜਪਾ ਨੇ ਹਰਿਆਣਾ ਅਤੇ ਇਸ ਦੇ ਲੋਕਾਂ ਦੀ ਬਿਹਤਰੀ ਲਈ ਕੰਮ ਕਰਦੇ ਰਹਿਣ ਦਾ ਵਾਅਦਾ ਕੀਤਾ ਹੈ।ਇਸ ਹੈਟ੍ਰਿਕ ਜਿੱਤ ਨਾਲ ਪਾਰਟੀ ਆਪਣੇ ਵਾਅਦਿਆਂ ਨੂੰ ਪੂਰਾ ਕਰਨ ਅਤੇ ਸੂਬੇ ਵਿੱਚ ਹੋਰ ਤਰੱਕੀ ਅਤੇ ਖੁਸ਼ਹਾਲੀ ਲਿਆਉਣ ਲਈ ਵਚਨਬੱਧ ਹੈ। ਭਾਜਪਾ ਹਰਿਆਣਾ ਦੇ ਲੋਕਾਂ ਦੀ ਸੇਵਾ ਲਈ ਵਚਨਬੱਧ ਹੈ ਅਤੇ ਉਨ੍ਹਾਂ ਦੀ ਭਲਾਈ ਅਤੇ ਵਿਕਾਸ ਲਈ ਕੰਮ ਕਰਦੀ ਰਹੇਗੀ।

## ਸੜਕ ਸੁਰੱਖਿਆ ਪਾਰਕ ਯੁਵਾ ਪੀੜ੍ਹੀ ਨੂੰ ਸੁਰੱਖਿਆ ਪ੍ਰਤੀ ਸੰਜੀਦਾ ਕਰਦੀ : ਤੂਰ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਸੜਕ ਸੁਰੱਖਿਆ ਪ੍ਰਤੀ ਗੰਭੀਰਤਾ ਅਨੇਕਾਂ ਕੀਮਤੀ ਜਾਨਾਂ ਬਚਾਉਣ ਵਿੱਚ ਸਹਾਈ ਹੋ ਸਕਦੀ ਹੈ। ਲੋੜੀਂਦੀ ਗੰਭੀਰਤਾ ਦਾ ਅਧਾਰ ਟ੍ਰੈਫਿਕ ਨਿਯਮਾਂ ਦੀ ਜਾਣਕਾਰੀ ਤੇ ਉਹਨਾਂ ਦੀ ਪਾਲਣਾ ਕਰਨਾ ਹੀ ਹੈ।ਵਿਦਿਅਕ ਅਦਾਰਿਆਂ, ਪਿੰਡ ਤੇ ਸ਼ਹਿਰਾਂ ਵਿੱਚ ਸੜਕ ਸੁਰੱਖਿਆ ਜਾਣਕਾਰੀ ਦੇਣ ਲਈ ਵਿਸ਼ੇਸ਼ ਪ੍ਰਬੰਧ ਕਰਨ ਅਤੇ ਸਰਕਾਰਾਂ ਵੱਲੋਂ ਸੜਕਾਂ ਦੀ ਮਜ਼ਬੂਤ ਮੁਰੰਮਤ ਕਰਵਾਉਣ ਨੂੰ ਪ੍ਰਮੁੱਖ ਕੰਮਾਂ ਵਿੱਚ ਸ਼ਾਮਲ ਕਰਨ ਦੀ ਲੋੜ ਹੈ। ਇਹ ਵਿਚਾਰ ਗੁਰਿੰਦਰ ਸਿੰਘ ਤੂਰ ਪ੍ਰਧਾਨ ਰੋਡ ਸੇਫਟੀ ਅਵੇਅਰਨੈਸ ਸੋਸਾਇਟੀ ਵੱਲੋਂ ਵਿਸ਼ੇਸ਼ ਮੀਟਿੰਗ ਨੂੰ ਸੰਬੋਧਨ ਕਰਦਿਆਂ ਪ੍ਰਗਟਾਏ ਗਏ।ਉਹਨਾਂ ਨੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਡਰਾਈਵਿੰਗ ਉਮਰ ਵਿੱਚ ਪ੍ਰਵੇਸ਼ ਕਰ ਰਹੇ ਆਪਣੇ ਬੱਚਿਆਂ ਨੂੰ ਸਥਾਨਕ ਰੋਟਰੀ ਭਵਨ ਨਜ਼ਦੀਕ ਬਲੱਡ ਡੋਨਰਜ਼ ਕਲੋਨੀ ਵਿਖੇ ਬਣਾਈ ਗਈ ਸੜਕ ਸੁਰੱਖਿਆ ਪਾਰਕ ਵਿੱਚ ਜ਼ਰੂਰ ਲਿਆਉਣ ਤਾਂ ਕਿ ਉਹ ਚੰਗੇ ਡਰਾਈਵਰ ਬਣ ਕੇ ਆਪ ਵੀ ਸੁਰੱਖਿਅਤ ਰਹਿਣ ਤੇ ਹੋਰਨਾਂ ਨੂੰ ਵੀ ਸੁਰੱਖਿਆ ਦੇਣ। ਸੁਸਾਇਟੀ ਦੀ ਵਿਸ਼ੇਸ਼ ਮੀਟਿੰਗ ਵਿੱਚ ਹਾਜ਼ਰ ਗੁਰਿੰਦਰ ਸਿੰਘ ਤੂਰ, ਹਰਪ੍ਰਭਮਹਿਲ ਸਿੰਘ ਤੂਰ, ਜਸਪਾਲ ਸਿੰਘ ਗਿੱਦਾ, ਦਿਲਬਾਗ ਸਿੰਘ ਰਿਟਾ: ਜ਼ਿਲ੍ਹਾ ਸਿੱਖਿਆ ਅਫ਼ਸਰ, ਨਰਿੰਦਰਪਾਲ ਤੂਰ ਰਿਟਾ : ਪੋਸਟ ਮਾਸਟਰ, ਮਹਿੰਦਰ ਸਿੰਘ ਦੁਆਬਾ ਮਾਰਬਲ, ਅਮਰ ਨਾਥ ਯੋਗਾ ਮਾਹਰ ਸਲੋਹ ਅਤੇ ਹਰਿੰਦਰਪਾਲ ਸਿੰਘ ਨੇ ਸੜਕ ਸੁਰੱਖਿਆ ਵਿਸ਼ੇ 'ਤੇ ਵਿਚਾਰ ਚਰਚਾ ਵਿੱਚ ਭਾਗ ਲਿਆ।

## ਨਵੀਂ ਅਲਟਰਾ ਸਾਊਂਡ ਸਕੈਨ ਤੇ ਡਿਜੀਟਲ ਐਕਸਰੇ ਯੂਨਿਟ ਦਾ ਸੁੱਖੀ ਵੱਲੋਂ ਉਦਘਾਟਨ



**ਬੰਗਾ (ਅਵਤਾਰ ਕਲੇਰ)** ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਰੇਡੀਓਲੋਜੀ ਵਿਭਾਗ ਵਿਚ ਜੀ ਈ ਕੰਪਨੀ ਦੀ ਆਧੁਨਿਕ ਨਵੀਂ ਅਲਟਰਾ ਸਾਊਂਡ ਸਕੈਨ ਅਤੇ ਨਵੇਂ ਡਿਜੀਟਲ ਐਕਸਰੇ ਯੂਨਿਟ ਦਾ ਉਦਘਾਟਨ ਡਾ. ਸੁਖਵਿੰਦਰ ਕੁਮਾਰ ਸੁੱਖੀ ਵਿਧਾਇਕ ਬੰਗਾ ਨੇ ਆਪਣੇ ਕਰ ਕਮਲਾਂ ਨਾਲ ਕੀਤਾ।ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਲੋਕਾਂ ਨੂੰ ਵਧੀਆ ਅਤੇ ਰਿਆਇਤੀ ਸਿਹਤ ਸਹੂਲਤਾਂ ਦੇਣ ਪੱਖੋਂ ਵੱਡੀ ਉਦਾਹਰਣ ਸਾਬਤ ਹੋਇਆ ਹੈ।ਉਹਨਾਂ ਨੇ ਹਸਪਤਾਲ ਦੇ ਪ੍ਰਬੰਧਕੀ ਟਰੱਸਟ ਨਾਲ ਜੁੜੇ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਨੂੰ ਇਸ ਮਹਾਨ ਸੇਵਾ ਲਈ ਸ਼ੁੱਭ ਕਾਮਨਾਵਾਂ ਦਿੱਤੀਆਂ।ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਧਾਨ ਡਾ. ਕੁਲਵਿੰਦਰ ਸਿੰਘ ਢਾਹਾਂ ਨੇ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਦਾ ਧੰਨਵਾਦ ਕੀਤਾ। ਉਹਨਾਂ ਕਿਹਾ ਕਿ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਸਮਾਂ-ਦਰ-ਸਮਾਂ ਆਧੁਨਿਕ ਮਸ਼ੀਨਰੀ ਅਤੇ ਸਮੂਹ ਵਿਭਾਗਾਂ 'ਚ ਉੱਚ ਵਿਦਿਅਕ ਯੋਗਤਾ ਵਾਲੇ ਤਜਰਬੇਕਾਰ ਡਾਕਟਰ ਸਾਹਿਬਾਨ ਦੀ ਤਾਇਨਾਤੀ ਨੂੰ ਯਕੀਨੀ ਬਣਾਇਆ ਜਾਂਦਾ ਹੈ।ਇਸ ਮੌਕੇ ਅਮਰਜੀਤ ਸਿੰਘ ਕਲੇਰਾਂ , ਪ੍ਰੋ. ਹਰਬੰਸ ਸਿੰਘ ਬੋਲੀਨਾ , ਡਾ. ਰਮਨਦੀਪ ਨਵਾਂਸ਼ਹਿਰ, ਮਹਿੰਦਰਪਾਲ ਸਿੰਘ , ਡਾ. ਸੁਰਿੰਦਰ ਜਸਪਾਲ ਪ੍ਰਿੰਸੀਪਲ, ਮੈਡਮ ਵਨੀਤਾ ਚੋਟ ਪ੍ਰਿੰਸੀਪਲ ਗੁਰੂ ਨਾਨਕ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਢਾਹਾਂ ਕਲੇਰਾਂ, ਰਾਜਦੀਪ ਥਿਥਵਾਰ ਵਾਈਸ ਪ੍ਰਿੰਸੀਪਲ, ਡਾ. ਰਵਿੰਦਰ ਖਜੂਰੀਆ ਮੈਡੀਕਲ ਸੁਪਰਡੈਂਟ, ਡਾ. ਬਲਵਿੰਦਰ ਸਿੰਘ ਡਿਪਟੀ ਮੈਡੀਕਲ ਸੁਪਰਡੈਂਟ, ਡਾ. ਜਸਦੀਪ ਸਿੰਘ ਸੈਣੀ, ਡਾ. ਵਿਵੇਕ ਗੁੰਬਰ, ਡਾ. ਵਿਕਰਾਂਤ ਰਾਏ, ਡਾ. ਦੀਪਕ ਦੁੱਗਲ, ਡਾ. ਮਾਨਵਦੀਪ ਸਿੰਘ ਬੈਂਸ, ਡਾ. ਸ਼ਵੇਤਾ ਬਗੜਿਆ, ਡਾ. ਹਰਤੇਸ਼ ਸਿੰਘ ਪਾਹਵਾ, ਡਾ. ਜਗਜੀਤ ਸਿੰਘ, ਡਾ. ਰਵੀਨਾ, ਡੀ ਟੀ ਰੌਣਿਕਾ ਕਾਹਲੋਂ, ਬੀਬੀ ਦਵਿੰਦਰ ਕੌਰ, ਮੈਡਮ ਦਲਜੀਤ ਕੌਰ, ਵੇਦ ਪ੍ਰਕਾਸ਼ , ਨਰਿੰਦਰ ਸਿੰਘ ਢਾਹਾਂ ਅਤੇ ਹਸਪਤਾਲ ਦਾ ਸਮੂਹ ਸਟਾਫ ਵੀ ਹਾਜ਼ਰ ਸੀ।

## ਪੈਨਸ਼ਨਰਾਂ ਵੱਲੋਂ ਵਾਈ ਪੀ ਐੱਸ ਗਰਾਊਂਡ ਮੋਹਾਲੀ ਵਿਖੇ 22 ਨੂੰ ਮਹਾਂ ਰੈਲੀ

**ਹੁਸ਼ਿਆਰਪੁਰ,, (ਬਲਵੀਰ ਸਿੰਘ ਸੈਣੀ)** ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਦੀ ਮੀਟਿੰਗ ਪੈਨਸ਼ਨਰਜ਼ ਭਵਨ ਲੁਧਿਆਣਾ ਵਿਖੇ ਦਲੀਪ ਸਿੰਘ ਲਾਬਾਂ ਕੋ ਕਨਵੀਨਰ ਦੀ ਅਗਵਾਈ ਵਿਚ ਹੋਈ।ਜਿਸ 'ਚ ਫਰੰਟ ਦੇ ਕਨਵੀਨਰ ਕਮ ਕੁਆਰਡੀਨੇਟਰ ਅਵਿਨਾਸ਼ ਚੰਦਰ ਸ਼ਰਮਾ, ਕਰਮ ਸਿੰਘ ਧਨੋਆ ਕਨਵੀਨਰ, ਸੁਖਵਿੰਦਰ ਸਿੰਘ ਸੈਣੀ ਕਨਵੀਨਰ, ਸੁਰਿੰਦਰ ਰਾਮ ਕੁੱਸਾ ਅਤੇ ਜਗਦੀਸ਼ ਚੰਦਰ ਸ਼ਰਮਾ ਨੇ ਸ਼ਮੂਲੀਅਤ ਕੀਤੀ।ਇਸ ਮੀਟਿੰਗ 'ਚ 22 ਅਕਤੂਬਰ ਨੂੰ ਵਾਈ ਪੀ ਐਸ ਗਰਾਊਂਡ ਮੁਹਾਲੀ ਵਿਖੇ ਕੀਤੀ ਜਾ ਰਹੀ ਸੂਬਾ ਪੱਧਰੀ ਰੋਸ ਰੈਲੀ ਅਤੇ ਮਾਰਚ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਵਿਉਂਤਬੰਦੀ ਕੀਤੀ ਗਈ।

ਮੀਟਿੰਗ ਵਿਚ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਵਲੋਂ ਪੈਨਸ਼ਨਰਜ਼ (ਜਿਨ੍ਹਾਂ ਨੇ ਕਿਸਾਨੀ ਸੰਘਰਸ਼ ਵਿਚ ਭਰਪੂਰ ਯੋਗਦਾਨ ਪਾਇਆ) ਦੀ ਪੈਨਸਨ ਸੰਬੰਧੀ ਦਿਤੇ ਬਿਆਨ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ ਅਤੇ ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ ਨੂੰ ਇਸ ਦੀ ਨਿਖੇਧੀ ਕਰਨ ਅਤੇ ਭਵਿਖ ਵਿਚ ਅਜਿਹੇ ਬੇ ਤੁਕੇ ਬਿਆਨ ਦੇਣ ਤੋਂ ਪਰਹੇਜ ਕਰਨ ਲਈ ਕਹਿਣ ਦੀ ਸਲਾਹ ਦਿਤੀ ਗਈ। ਮੀਟਿੰਗ ਵਿਚ ਸ਼ਾਮਲ ਮੈਂਬਰਜ ਧਨਵੰਤ ਸਿੰਘ ਭੱਠਲ, ਦੇਵ ਰਾਜ ਲੁਧਿਆਣਾ, ਨਿਰਮਲ ਸਿੰਘ ਲਲਤੋਂ, ਪਰੇਮ ਚੰਦ ਪੰਜੋਲਾ, ਨਾਹਰ ਸਿੰਘ, ਬਖਸ਼ੀਸ਼ ਸਿੰਘ ਬਰਨਾਲਾ, ਕਸ਼ਮੀਰ ਸਿੰਘ ਫਿਰੋਜਪੁਰ ਅਤੇ ਰਾਮ ਸਿੰਘ ਕਾਲੜਾ ਨੇ ਮੀਟਿੰਗ ਵਿਚ ਸ਼ਮੂਲੀਅਤ ਕੀਤੀ ਅਤੇ ਪੰਜਾਬ ਦੇ ਸਮੂਹ ਪੈਨਸ਼ਨਰਜ਼ ਨੂੰ ਮੁਹਾਲੀ ਵਿਖੇ ਕੀਤੀ ਜਾ ਰਹੀ 22 ਅਕਤੂਬਰ ਦੀ ਮਹਾਂ ਰੈਲੀ ਵਿਚ ਹੁੰਮ ਹੁੰਮਾ ਕੇ ਸ਼ਾਮਲ ਹੋਣ ਦੀ ਅਪੀਲ ਕੀਤੀ।

## ਢਾਡੀ ਗੁਰਦੇਵ ਸਿੰਘ ਤੋਹਫਾ ਦਾ ਨਗਮਾ 'ਗੁਮਾਨ' ਰਿਲੀਜ



**ਕਾਲਾ ਸੰਘਿਆਂ (ਮਨਜੀਤ ਮਾਨ)** ਧੰਨ ਧੰਨ ਬਾਬਾ ਬੁੱਢਾ ਸਾਹਿਬ ਦੇ ਸਾਲਾਨਾ ਜੋੜ ਮੇਲੇ ਤੇ ਬੀਤੇ ਦਿਨੀਂ ਮੈਨੇਜਰ ਸਰਬਦਿਆਲ ਸਿੰਘ ਘਰਿਆਲਾ ਜਥੇਦਾਰ ਬਾਬਾ ਨਿਰਮਲ ਸਿੰਘ ਇੰਸਪੈਕਟਰ ਰੇਸ਼ਮ ਸਿੰਘ ਬਘਿਆੜੀ, ਗਿਆਨੀ ਮਿਲਖਾ ਸਿੰਘ ਮੌਜੀ, ਢਾਡੀ ਮਨਬੀਰ ਸਿੰਘ ਪਹੂਵਿੰਡ, ਢਾਡੀ ਸਵਿੰਦਰ ਸਿੰਘ ਸਿਤਾਰਾ, ਸਰੰਗੀ ਮਾਸਟਰ ਹਰਮਨਪ੍ਰੀਤ ਸਿੰਘ ਸਰਹਾਲੀ, ਗੁਰਵੀਰ ਸਿੰਘ ਘਰਿਆਲਾ, ਪ੍ਰਚਾਰਕ ਸੁਖਪਾਲ ਸਿੰਘ ਠੱਠਾ ,ਰਾਜਬੀਰ ਸਿੰਘ , ਸੁਖਵੰਤ ਸਿੰਘ ਨੌਸ਼ੇਰਵਰਜੀਤ ਸਿੰਘ , ਗੁਰਬਚਨ ਸਿੰਘ ਕਲਸੀਆਂ , ਹੀਰਾ ਸਿੰਘ ਮਨਿਹਾਲਾ, ਗੁਰਲਾਲ ਸਿੰਘ, ਨਿਰਮਲ ਸਿੰਘ ਨਾਰਲੀ ਆਦਿ ਵੱਲੋਂ ਰੀਲੀਜ਼ ਕੀਤਾ ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਹੁਤ ਹੀ ਸੁਰੀਲੀ ਆਵਾਜ ਦੇ ਮਾਲਿਕ ਢਾਡੀ ਗੁਰਦੇਵ ਸਿੰਘ ਤੋਹਫ਼ਾ ਨੇ ਦੱਸਿਆ ਜਦੋਂ ਹਉਮੈ ਮਨੁੱਖ ਅੰਦਰ ਪ੍ਰਬਲ ਹੁੰਦੀ ਹੈ ਤਾਂ ਉਸ ਵਕਤ ਉਸ ਨੂੰ ਪ੍ਰਭੂ ਦੀ ਹੋਂਦ ਨਹੀਂ ਭਾਸਦੀ। ਹਉਮੈ ਦਾ ਰੋਗ ਬਹੁਤ ਹੀ ਮਾੜਾ ਹੈ।ਹਉਮੈ ਦਾ ਗੁਸਿਆ ਹੋਇਆ ਵਿਅਕਤੀ ਆਪਣੇ ਸਾਰੇ ਕੰਮ-ਕਾਰ ਹੰਕਾਰ ਵਿੱਚ ਰਹਿ ਕੇ ਹੀ ਕਰਦਾ ਹੈ। ਉਸ ਨੂੰ ਆਪਣੀ ਹਰ ਗੱਲ ਸਹੀ ਲੱਗਦੀ ਹੈ।ਹਉਮੈ ਸ਼ਬਦ 'ਹਉ' ਅਤੇ 'ਮੈਂ' ਦੋ ਸ਼ਬਦਾਂ ਦੇ ਜੋੜ ਤੋਂ ਬਣਿਆ ਹੈ।ਜਿੱਥੇ ਮੈਂ ਦਾ ਭਾਵ ਪੈਦਾ ਹੋ ਜਾਵੇ, ਉੱਥੇ ਹਉਮੈ ਹੀ ਹੁੰਦੀ ਹੈ , ਕੁਝ ਇਸ ਤਰ੍ਹਾਂ ਦੀਆਂ ਸਤਰਾਂ ਦਲ ਬਾਬਾ ਬਿਧੀ ਚੰਦ ਦੇ ਹਜ਼ੂਰੀ ਕਵੀਸ਼ਰ ਗੁਰਜੰਟ ਸਿੰਘ ਬੈਂਕਾ ਨੇ ਲਿਖੀਆਂ ਹਨ ਜਿਸ ਦਾ ਮਿਊਜ਼ਿਕ ਈ 8, ਸਟਾਰਰਿੰਗ ਬਲਵੰਤ ਸਿੰਘ ਨੇ ਤਿਆਰ ਕੀਤਾ ਹੈ।

## ਬਾਗਬਾਨੀ ਫ਼ਸਲਾਂ ਦੀਆਂ ਪਿਉਂਦੀ ਤਕਨੀਕਾਂ ਬਾਬਤ ਸਿਖਲਾਈ ਕੋਰਸ

**ਹੁਸ਼ਿਆਰਪੁਰ,(ਬਲਵੀਰ ਸਿੰਘ ਸੈਣੀ)** ਪੀ ਏ ਯੂ-ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ, ਹੁਸ਼ਿਆਰਪੁਰ ਵੱਲੋਂ ਐਮ ਐਸ ਰੰਧਾਵਾ ਫ਼ਲ ਖੋਜ਼ ਕੇਂਦਰ, ਗੰਗੀਆਂ ਦੇ ਸਹਿਯੋਗ ਨਾਲ ਫ਼ਲ ਖੋਜ ਕੇਂਦਰ, ਗੰਗੀਆਂ ਵਿਖੇ ਬਾਗਬਾਨੀ ਫ਼ਸਲਾਂ ਵਿੱਚ ਪਿਉਂਦੀ ਤਕਨੀਕਾਂ ਬਾਰੇ ਇੱਕ ਰੋਜ਼ਾ ਸਿਖਲਾਈ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਸਹਾਇਕ ਪ੍ਰੋਫੈਸਰ (ਸਬਜ਼ੀ ਵਿਗਿਆਨ), ਕ੍ਰਿਸ਼ੀ ਵਿਗਿਆਨ ਕੇਂਦਰ ਡਾ. ਕਰਮਵੀਰ ਸਿੰਘ ਗਰਚਾ ਨੇ ਸਿਖਿਆਰਥੀਆਂ ਦਾ ਸੁਆਗਤ ਕਰਦਿਆਂ, ਉਨ੍ਹਾਂ ਨੂੰ ਫ਼ਲਦਾਰ ਪੌਦਿਆਂ ਵਿੱਚ ਪਿਉਂਦੀ ਤਕਨੀਕਾਂ ਦੀ ਮਹੱਤਤਾ ਬਾਰੇ ਜਾਣੂੰ ਕਰਵਾਇਆ। ਉਨ੍ਹਾਂ ਨੇ ਸਿਖਲਾਈ ਪ੍ਰੋਗਰਾਮ ਦੇ ਉਦੇਸ਼ਾਂ ਤੇ ਚਾਨਣਾ ਪਾਉਂਦੇ ਹੋਏ ਕੇ ਵੀ ਕੇ ਬਾਹੋਵਾਲ ਵੱਲੋਂ ਕਿਸਾਨਾਂ ਦੀ ਸਹੂਲਤ ਬਾਬਤ ਸੇਵਾਵਾਂ ਤੇ ਗਤੀਵਿਧੀਆਂ ਬਾਰੇ ਵੀ ਵਿਸਥਾਰ ਨਾਲ ਦੱਸਿਆ।ਇੰਚਾਰਜ ਫ਼ਲ ਖੋਜ਼ ਕੇਂਦਰ ਗੰਗੀਆਂ ਡਾ. ਸੁਮਨਜੀਤ ਕੌਰ ਨੇ ਤਕਨੀਕੀ ਸੈਸ਼ਨ ਦੀ ਅਗਵਾਈ ਕਰਦਿਆਂ ਫ਼ਲਦਾਰ ਪੌਦੇ ਤਿਆਰ ਕਰਨ ਦੇ ਤਰੀਕਿਆਂ ਦੀ ਵਿਆਖਿਆ ਕੀਤੀ। ਸਿਖਲਾਈ ਅੰਤ ਵਿੱਚ ਵਿਚਾਰ-ਚਰਚਾ ਅਤੇ ਸਵਾਲ-ਜਵਾਬ ਦੇ ਸੈਸ਼ਨ ਨਾਲ ਸਮਾਪਤ ਹੋਈ।

## ਸਰਬਸੰਮਤੀ 'ਚ ਬਲਾਕ ਲੋਹੀਆਂ ਮੋਹਰੀ



ਜਲੰਧਰ (ਇਕਬਾਲ ਸਿੰਘ ਉਭੀ)- 15 ਅਕਤੂਬਰ ਨੂੰ ਹੋਣ ਵਾਲੀਆਂ ਪੰਚਾਇਤੀ ਚੋਣਾਂ ਤੋਂ ਪਹਿਲਾਂ ਜ਼ਿਲ੍ਹੇ ਵਿੱਚ ਕੁੱਲ 195 ਪੰਚਾਇਤਾਂ ਸਰਬਸੰਮਤੀ ਨਾਲ ਚੁਣੀਆਂ ਗਈਆਂ ਹਨ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਲੋਹੀਆਂ ਖਾਸ ਬਲਾਕ ਵਿੱਚ 28 ਪੰਚਾਇਤਾਂ ਸਰਬਸੰਮਤੀ ਨਾਲ ਚੁਣੀਆਂ ਗਈਆਂ ਹਨ।ਇਸੇ ਤਰ੍ਹਾਂ ਜਲੰਧਰ ਪੱਛਮੀ ਬਲਾਕ ਵਿੱਚ 25, ਫਿਲੌਰ ਵਿੱਚ 24, ਨਕੋਦਰ ਵਿੱਚ 20 ਪੰਚਾਇਤਾਂ ਦੀ ਸਰਬਸੰਮਤੀ ਨਾਲ ਚੋਣ ਹੋ ਚੁੱਕੀ ਹੈ। ਇਸ ਤੋਂ ਇਲਾਵਾ ਸ਼ਾਹਕੋਟ, ਭੋਗਪੁਰ, ਨੂਰਮਹਿਲ, ਰੁੜਕਾਂ ਕਲਾਂ, ਮਹਿਤਪੁਰ, ਆਦਮਪੁਰ ਅਤੇ ਜਲੰਧਰ ਪੂਰਬੀ ਬਲਾਕਾਂ ਵਿੱਚ ਵੀ ਕ੍ਰਮਵਾਰ 19, 17, 15, 14, 13, 11 ਅਤੇ 9 ਪੰਚਾਇਤਾਂ ਸਰਬਸੰਮਤੀ ਨਾਲ ਚੁਣੀਆਂ ਗਈਆਂ ਹਨ।

ਡਾ. ਅਗਰਵਾਲ ਨੇ ਦੱਸਿਆ ਕਿ ਨਾਮਜ਼ਦਗੀ ਪੇਪਰ ਵਾਪਸ ਲੈਣ ਤੋਂ ਬਾਅਦ ਸਰਪੰਚ ਦੇ ਅਹੁਦੇ ਲਈ 1662 ਅਤੇ ਪੰਚ ਲਈ 5464 ਉਮੀਦਵਾਰ ਰਹਿ ਗਏ ਹਨ। ਉਨ੍ਹਾਂ ਦੱਸਿਆ ਕਿ ਵੋਟਿੰਗ ਲਈ 1014 ਪੋਲਿੰਗ ਬੂਥ ਬਣਾਏ ਗਏ ਹਨ। ਉਨ੍ਹਾਂ ਦੱਸਿਆ ਕਿ 15 ਅਕਤੂਬਰ ਨੂੰ 691 ਗ੍ਰਾਮ ਪੰਚਾਇਤਾਂ ਵਿੱਚ ਚੋਣਾਂ ਹੋਣਗੀਆਂ, ਕਿਉਂਕਿ ਅਦਾਲਤ ਦੇ ਹੁਕਮਾਂ ਅਨੁਸਾਰ ਚਾਰ ਪਿੰਡਾਂ 'ਤੇ ਸਟੇਅ ਆਰਡਰ ਲਾਗੂ ਹੋਣਗੇ।ਉਨ੍ਹਾਂ ਕਿਹਾ ਕਿ ਆਜ਼ਾਦ, ਨਿਰਪੱਖ ਅਤੇ ਪਾਰਦਰਸ਼ੀ ਚੋਣਾਂ ਯਕੀਨੀ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਚੋਣਾਂ ਦੌਰਾਨ ਸ਼ਾਂਤੀ ਬਣਾਈ ਰੱਖਣ ਲਈ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ। ਡਿਪਟੀ ਕਮਿਸ਼ਨਰ ਨੇ ਵੋਟਰਾਂ ਨੂੰ ਵੋਟਾਂ ਵਾਲੇ ਦਿਨ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਪੂਰੀ ਜ਼ਿੰਮੇਵਾਰੀ ਅਤੇ ਸੁਤੰਤਰਤਾ ਨਾਲ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਵੋਟਾਂ ਸਵੇਰੇ 8 ਵਜੇ ਤੋਂ ਸ਼ਾਮ 4 ਵਜੇ ਤੱਕ ਪੈਣਗੀਆਂ। ਉਨ੍ਹਾਂ ਦੱਸਿਆ ਕਿ ਪੋਲਿੰਗ ਸਮਾਪਤ ਤੋਂ ਤੁਰੰਤ ਬਾਅਦ ਵੋਟਾਂ ਦੀ ਗਿਣਤੀ ਸ਼ੁਰੂ ਹੋ ਜਾਵੇਗੀ।

## ਰਾਮ ਵਿਆਹ ਝਾਕੀ ਦਾ ਜਿੰਮੀ ਖੰਨਾ ਨੇ ਕੀਤਾ ਉਦਘਾਟਨ



**ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਉਂਕਾਰ ਸਿੰਘ)**- ਦੁਸਹਿਰਾ ਕਮੇਟੀ ਟਾਂਡਾ ਦੇ ਪ੍ਰਧਾਨ ਕਮਲ ਕਾਂਤ ਬੰਟੀ ਦੀ ਅਗਵਾਈ ਅਤੇ ਸ਼ੁਭਮ ਬਿੱਲਾ ਦੀ ਦੇਖਰੇਖ ਵਿੱਚ ਪ੍ਰਭੂ ਸ੍ਰੀ ਰਾਮ ਚੰਦਰ ਵਿਵਾਹ ਸੰਬੰਧੀ ਇੱਕ ਸ਼ਾਨਦਾਰ ਸ਼ਾਨਮਤੇ ਵਾਲੀ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਗਈ ਜਿਸਦਾ ਉਦਘਾਟਨ ਮੁੱਖ ਮਹਿਮਾਨ ਸਮਾਜ ਸੇਵੀ ਜਿਮੀ ਖੰਨਾ ਨੇ ਕੀਤਾ।ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਸਨਾਤਨ ਧਰਮ ਸਭਾ ਉੜਮੁੜ ਦੇ ਪ੍ਰਧਾਨ ਦੀਪਕ ਬਹਿਲ, ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ, ਸ਼ਿਵ ਸੈਨਾ ਪੰਜਾਬ ਉੱਤਰੀ ਭਾਰਤ ਪ੍ਰਧਾਨ ਮਿੱਕੀ ਪੰਡਤ, ਹੁਸ਼ਿਆਰਪੁਰ ਇੰਪਰੂਵਮੈਂਟ ਟਰਸਟ ਚੇਅਰਮੈਨ ਹਰਮੀਤ ਸਿੰਘ ਔਲਖ, ਜਵਾਹਰ ਲਾਲ ਖੁਰਾਨਾ, ਅਰਜੁਨ ਕਲੱਬ ਟਾਂਡਾ ਪ੍ਰਧਾਨ ਰਣਜੀਤ ਸਿੰਘ ਸਿੱਧੂ, ਜੱਸਾ ਪੰਡਿਤ, ਦੀਪਕ ਮਹੱਲਾ ਅਤੇ ਸ਼ਿਵ ਸੈਨਾ ਹਿੰਦੁਸਤਾਨ ਪੰਜਾਬ ਕਾਰਜਕਾਰੀ ਪ੍ਰਧਾਨ ਰਾਹੁਲ ਖੰਨਾ ਸ਼ਾਮਿਲ ਹੋਏ।ਸ਼ੋਭਾ ਯਾਤਰਾ 'ਚ ਸ਼ਾਮਲ ਲੋਕਾਂ ਨੂੰ ਸੰਬੋਧਨ ਕਰਦੇ ਹੋਏ ਜਿੰਮੀ ਖੰਨਾ ਨੇ ਕਿਹਾ ਕਿ ਹਰ ਇਨਸਾਨ ਨੂੰ ਭਗਵਾਨ ਸ੍ਰੀ ਰਾਮ ਚੰਦਰ ਦੇ ਦਰਸਾਏ ਮਾਰਗ 'ਤੇ ਚਲਦੇ ਹੋਏ ਆਪਣੇ ਮਾਤਾ-ਪਿਤਾ ਅਤੇ ਪਤਨੀ ਪ੍ਰਤੀ ਨਿਭਾਈਆਂ ਗਈਆਂ ਜ਼ਿੰਮੇਵਾਰੀਆਂ ਨੂੰ ਆਪਣੀ ਜ਼ਿੰਦਗੀ ਵਿੱਚ ਅਪਣਾਉਣ ਦੇ ਹਰ ਸੰਭਵ ਯਤਨ ਕਰਨੇ ਚਾਹੀਦੇ ਹਨ। ਪ੍ਰਧਾਨ ਦੀਪਕ ਬਹਿਲ ਨੇ ਕਿਹਾ ਕਿ ਸਾਰੇ ਧਰਮਾਂ ਦੇ ਧਾਰਮਿਕ ਸਮਾਗਮ ਮਿਲ ਕੇ ਮਨਾਣੇ ਚਾਹੀਦੇ ਹਨ ਇਸ ਨਾਲ ਜਿੱਥੇ ਮਨ ਨੂੰ ਸ਼ਾਂਤੀ ਮਿਲਦੀ ਹੈ ਉੱਥੇ ਆਪਸੀ ਭਾਈਚਾਰੇ ਵਿੱਚ ਵਾਧਾ ਵੀ ਹੁੰਦਾ ਹੈ।ਇਸ ਵਿਸ਼ਾਲ ਸ਼ੋਭਾ ਯਾਤਰਾ ਵਿੱਚ ਭਗਵਾਨ ਸ੍ਰੀ ਰਾਮ ਚੰਦਰ ਜੀ, ਮਾਤਾ ਸੀਤਾ, ਲਕਸ਼ਮਣ, ਸ਼ਿਵ ਸ਼ੰਕਰ ਭੋਲੇਨਾਥ, ਹਨੂਮਾਨ ਜੀ ਤੋ ਇਲਾਵਾ ਹੋਰ ਕਈ ਪ੍ਰਕਾਰ ਦੇ ਸਰੂਪਾਂ ਨਾਲ ਸੁਸ਼ੋਭਿਤ ਇਹ ਝਾਂਕੀਆਂ ਲੋਕਾਂ ਦੇ ਆਕਰਸ਼ਣ ਦਾ ਕੇਂਦਰ ਬਣਿਆਂ ਹੋਇਆਂ ਸਨ।

## ਅੰਤਰਰਾਸ਼ਟਰੀ ਬਾਲੜੀ ਦਿਵਸ ਤਹਿਤ ਮਨਾਇਆ ਬੱਚੀਆਂ ਦਾ ਜਨਮ ਦਿਨ



**ਬੰਗਾ (ਅਵਤਾਰ ਕਲੇਰ)** ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਅਤੇ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਵੱਲੋ ਜਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ 'ਬੇਟੀ ਬਚਾਓ ਬੇਟੀ ਪੜ੍ਹਾਓ' ਮੁਹਿੰਮ ਤਹਿਤ ਜ਼ਿਲ੍ਹਾ ਪ੍ਰੋਗਰਾਮ ਦਫ਼ਤਰ ਵੱਲੋਂ 2 ਅਕਤੂਬਰ ਤੋਂ 11 ਅਕਤੂਬਰ ਤੱਕ ਅੰਤਰਰਾਸ਼ਟਰੀ ਬਾਲੜੀ ਦਿਵਸ ਮੁਹਿੰਮ ਚਲਾਈ ਜਾ ਰਹੀ ਹੈ ਜਿਸ ਦੇ ਤਹਿਤ ਬੰਗਾ ਬਲਾਕ ਦੇ ਕਜਲਾ ਰੋਡ ਦੇ ਵਾਰਡ ਨੰਬਰ 6 ਅਧੀਨ ਆਂਗਨਵਾੜੀ ਸੈਂਟਰ ਇਕ ਵਿਖੇ ਛੋਟੀਆਂ ਬੱਚੀਆਂ ਦਾ ਜਨਮ ਦਿਨ ਕੇਕ ਕੱਟ ਕੇ ਮਨਾਇਆ ਗਿਆ ਅਤੇ ਬੱਚੀਆਂ ਦੀਆਂ ਮਾਤਾਵਾਂ ਨੂੰ ਬੇਟੀ ਬਚਾਓ ਬੇਟੀ ਪੜ੍ਹਾਓ ਸਕੀਮ ਸੰਬੰਧੀ ਜਾਣੂ ਕਰਵਾਇਆ ਗਿਆ।ਪ੍ਰੋਗਰਾਮ ਦੌਰਾਨ ਬਾਲ ਸੁਰੱਖਿਆ ਯੂਨਿਟ ਤੋਂ ਮੌਜੂਦ ਸੰਤੋਸ਼ ਡੀ ਓ ਵੱਲੋਂ ਬੱਚਿਆਂ ਨਾਲ ਸੰਬੰਧਤ ਪੋਕਸੋ ਐਕਟ ਅਤੇ ਸਪੌਂਸਰਸ਼ਿਪ ਅਤੇ ਫੋਸਟਰ ਕੇਅਰ ਸਕੀਮ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਬੱਚਿਆਂ ਨਾਲ ਜੁੜੀ ਹਰ ਤਰ੍ਹਾਂ ਦੀ ਸਮੱਸਿਆ ਲਈ ਚਾਈਲਡ ਲਾਈਨ ਨੰਬਰ 1098 'ਤੇ ਜਾਣਕਾਰੀ ਦੇਣ ਦੀ ਅਪੀਲ ਕੀਤੀ ਗਈ ਅਤੇ ਬਾਲ ਭਿੱਖਿਆ, ਬਾਲ ਮਜ਼ਦੂਰੀ, ਬਾਲ ਵਿਆਹ ਨਾ ਕਰਵਾਉਣ ਸੰਬੰਧੀ ਅਪੀਲ ਕੀਤੀ।ਸੁਪ੍ਰਿਆ ਠਾਕੁਰ, ਕੋਆਰਡੀਨੇਟਰ ਵੋਮੈਨ ਹੱਬ ਵੱਲੋਂ ਲੜਕੀਆਂ ਲਈ ਸਰਕਾਰ ਵੱਲੋਂ ਦਿੱਤੀਆਂ ਸੁਵਿਧਾਵਾਂ ਬਾਰੇ ਦੱਸਿਆ ਗਿਆ ਅਤੇ ਹਿਮਸਿਖਾ, ਵਨ ਸਟਾਪ ਸੈਂਟਰ ਵੱਲੋਂ ਔਰਤਾਂ ਲਈ ਇਕ ਹੀ ਛੱਤ ਥੱਲੇ ਦਿੱਤੀਆਂ ਜਾ ਰਹੀਆਂ ਸਹੂਲਤਾਂ ਜਿਵੇ ਕਿ ਮੈਡੀਕਲ, ਪੁਲਿਸ ਸੁਵਿਧਾ, ਕਾਊਂਸਲਿੰਗ, ਖਾਣਾ ਆਦਿ ਬਾਰੇ ਦੱਸਿਆ ਗਿਆ।ਅੰਤ ਵਿਚ ਬੱਚਿਆ ਨੂੰ ਬੇਬੀ ਕਿੱਟਾਂ ਦਿੱਤੀਆਂ ਗਈਆ। ਪ੍ਰੋਗਰਾਮ ਦੌਰਾਨ ਸੰਬਧਤ ਬਲਾਕ ਦੇ ਦੇ ਸੁਪਰਵਾਈਜ਼ਰ ਹਰਕੰਵਲ ਕੌਰ ਅਤੇ ਕੁਲਵਿੰਦਰ ਕੌਰ ਦੇ ਨਾਲ-ਨਾਲ ਆਂਗਨਵਾੜੀ ਵਰਕਰਾਂ ਵੀ ਹਾਜ਼ਰ ਸਨ।

## ਬਾਬੂ ਕਾਂਸ਼ੀ ਰਾਮ ਦਾ ਪ੍ਰੀਨਿਰਵਾਣ ਦਿਵਸ ਮਨਾਇਆ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)** ਬਾਬੂ ਕਾਂਸ਼ੀ ਰਾਮ ਚੈਰੀਟੇਵਲ ਫਾਂਉਡੇਸ਼ਨ ਵਲੋਂ ਦਲਿਤ ਆਗੂ ਅਤੇ ਬਹੁਜਨ ਸਮਾਜ ਪਾਰਟੀ ਦੇ ਸੰਸਥਾਪਕ ਸਾਹਿਬ ਸ੍ਰੀ ਕਾਂਸ਼ੀ ਰਾਮ ਦਾ ਪ੍ਰੀਨਿਰਵਾਣ ਦਿਵਸ ਮਨਾਇਆ ਗਿਆ। ਬਾਬੂ ਕਾਂਸ਼ੀ ਰਾਮ ਦੇ ਜਨਮ ਸਥਾਨ ਪਿੰਡ ਪ੍ਰਿਥੀਪੁਰ ਬੁੰਗਾ ਜ਼ਿਲਾ ਰੂਪਨਗਰ ਵਿੱਚ ਵੱਖ ਵੱਖ ਸਮਾਜਿਕ ਆਗੂਆਂ ਨੇ ਸਾਹਿਬ ਕਾਂਸ਼ੀ ਰਾਮ ਦੀ ਭੈਣ ਬੀਬੀ ਸਵਰਨ ਕੌਰ, ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ, ਰਵਿੰਦਰ ਸਿੰਘ, ਐਡਵੋਕੇਟ ਲਖਵੀਰ ਸਿੰਘ ਖੁਆਸਪੁਰਾ, ਭੁਪਿੰਦਰ ਕੌਰ, ਐਡਵੋਕੇਟ ਕੁਲਦੀਪ ਚੰਦ, ਤੀਰਥ ਸਿੰਘ ਸਮਰਾ, ਪ੍ਰੀਤਮ ਦਾਸ ਮੱਲ, ਨਿਰਪਿੰਦਰ ਸਿੰਘ ਆਦਿ ਨੇ ਕਾਂਸ਼ੀ ਰਾਮ ਦੇ ਬੁੱਤ ਤੇ ਫੁੱਲਾਂ ਦੇ ਹਾਰ ਪਾਕੇ ਸ਼ਰਧਾਂਜਲੀ ਭੇਂਟ ਕੀਤੀ ਅਤੇ ਵਿਚਾਰ ਵਟਾਂਦਰਾ ਕੀਤਾ।ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ ਨੇ ਕਿਹਾ ਕਿ ਸ੍ਰੀ ਕਾਂਸ਼ੀ ਰਾਮ ਨੇ ਅਪਣੇ ਸੁੱਖਾਂ ਨੂੰ ਤਿਆਗਕੇ ਸਮਾਜ ਦੇ ਰਹਿਵਰਾਂ ਵਲੋਂ ਸ਼ੁਰੂ ਕੀਤੇ ਗਏ ਮਿਸ਼ਨ ਨੂੰ ਅੱਗੇ ਤੋਰਿਆ।ਐਡਵੋਕੇਟ ਕੁਲਦੀਪ ਚੰਦ ਨੇ ਕਿਹਾ ਕਿ ਸ੍ਰੀ ਕਾਂਸ਼ੀ ਰਾਮ ਨੇ ਦੇਸ਼ ਦੀ ਬਹੁਤੀ ਅਬਾਦੀ ਜੋ ਕਿ ਵੱਖ ਵੱਖ ਜਾਤਾਂ ਵਿੱਚ ਵੰਡੀ ਹੋਈ ਸੀ ਨੂੰ ਇੱਕ ਪਲੇਟਫਾਰਮ ਤੇ ਲਿਆਉਣ ਦੀ ਮੁਹਿਮ ਚਲਾਈ ਅਤੇ ਉਨ੍ਹਾਂ ਨੇ ਆਦਿ ਧਰਮ ਲਹਿਰ ਦੇ ਆਗੂ ਅਤੇ ਸੰਸਥਾਪਕ ਬਾਬੂ ਮੰਗੂ ਰਾਮ ਮੂਗੋਵਾਲੀਆ ਅਤੇ ਡਾ. ਭੀਮ ਰਾਓ ਅੰਬੇਡਕਰ ਤੋਂ ਬਾਅਦ ਉਹਨਾਂ ਨੇ ਦੇਸ਼ ਦੇ ਦਲਿਤਾਂ ਨੂੰ ਸਹੀ ਅਰਥਾਂ ਵਿੱਚ ਏਕੇ ਦੇ ਸੂਤਰ ਵਿੱਚ ਬੰਨਣ ਦਾ ਸੁਪਨਾ ਸੱਚ ਕਰ ਦਿਖਾਇਆ। ਉਨ੍ਹਾਂ ਕਿਹਾ ਕਿ ਸਾਹਿਬ ਵਲੋਂ ਅਪਣੀ ਕਿਤਾਬ 'ਚਮਚਾ ਯੁੱਗ' ਵਿੱਚ ਜੋ ਵੱਖ ਵੱਖ ਤਰਾਂ ਦੇ ਚਮਚਿਆਂ ਦਾ ਜਿਕਰ ਕੀਤਾ ਗਿਆ ਹੈ ਉਨ੍ਹਾਂ ਚਮਚਿਆਂ ਕਾਰਨ ਹੀ ਅੱਜ ਸਮਾਜ ਦੀ ਹਾਲਤ ਖਸਤਾ ਹੋ ਰਹੀ ਹੈ। ਤੀਰਥ ਸਿੰਘ ਸਮਰਾ ਨੇ ਕਿਹਾ ਕਿ ਕਾਂਸ਼ੀ ਰਾਮ ਵਲੋਂ ਚਲਾਈ ਗਈ ਜਾਗਰੂਕਤਾ ਮੁਹਿੰਮ ਕਾਰਨ ਹੀ ਦਲਿਤਾਂ ਦਾ ਸਵੈਮਾਣ ਵਧਿਆ ਅਤੇ ਉਨ੍ਹਾਂ ਵਲੋਂ ਤਿਆਰ ਕੀਤੀ ਗਈ ਰਾਜਨੀਤਿਕ ਪਾਰਟੀ ਬਹੁਜਨ ਸਮਾਜ ਪਾਰਟੀ ਨੂੰ ਉੱਤਰ ਪ੍ਰਦੇਸ਼ ਵਿੱਚ ਕਈ ਵਾਰ ਰਾਜ ਕਰਨ ਦਾ ਮੌਕਾ ਮਿਲਿਆ। ਸਾਹਿਬ ਕਾਂਸ਼ੀ ਰਾਮ ਦੇ ਭੈਣ ਬੀਬੀ ਸਵਰਨ ਕੌਰ ਨੇ ਕਿਹਾ ਕਿ ਸਾਹਿਬ ਵਲੋਂ ਚਲਾਈ ਗਈ ਮੁਹਿੰਮ ਵਿੱਚ ਪਿਛਲੇ ਕਈ ਸਾਲਾਂ ਤੋਂ ਖੜੋਤ ਆਈ ਹੈ ਅਤੇ ਇਸ ਮੁਹਿੰਮ ਨੂੰ ਅੱਗੇ ਲਿਜਾਉਣ ਲਈ ਅਤੇ ਘਰ ਘਰ ਪਹੁੰਚਾਣ ਲਈ ਬਾਬੂ ਕਾਂਸ਼ੀ ਰਾਮ ਚੈਰੀਟੇਵਲ ਫਾਂਉਡੇਸ਼ਨ ਸਮੂਹ ਜੁਝਾਰੂ ਸਾਥੀਆਂ ਅਤੇ ਹੋਰ ਹਮ ਖਿਆਲੀ ਸੰਗਠਨਾਂ ਨਾਲ ਮਿਲਕੇ ਕੰਮ ਕਰ ਰਿਹਾ ਹੈ। ਉਨ੍ਹਾਂ ਸਮੂਹ ਆਗੂਆਂ ਅਤੇ ਵਰਕਰਾਂ ਨੂੰ ਅਪੀਲ ਕੀਤੀ ਕਿ ਸਮਾਜਿਕ ਪਰਿਵਰਤਨ ਦੀ ਮੁਹਿੰਮ ਨੂੰ ਹੋਰ ਤੇਜ਼ ਕਰਨ ਲਈ ਨੌਜਵਾਨਾਂ ਨੂੰ ਵੱਧ ਤੋਂ ਵੱਧ ਨਾਲ ਜੋੜਿਆ ਜਾਵੇ। ਹਾਜਰ ਸਮੂਹ ਆਗੂਆਂ ਨੇ ਸਾਹਿਬ ਕਾਂਸ਼ੀ ਰਾਮ ਦੇ ਮਿਸ਼ਨ ਨੂੰ ਅੱਗੇ ਲਿਜਾਉਣ ਲਈ ਹਰ ਤਰਾਂ ਦਾ ਸਹਿਯੋਗ ਕਰਨ ਦਾ ਭਰੋਸਾ ਦਿਤਾ। ਇਸ ਮੌਕੇ ਬਾਬੂ ਕਾਂਸ਼ੀ ਰਾਮ ਚੈਰੀਟੇਵਲ ਫਾਂਉਡੇਸ਼ਨ ਵਲੋਂ ਵੱਖ ਵੱਖ ਆਗੂਆਂ ਨੂੰ ਸਨਮਾਨਿਤ ਕੀਤਾ ਗਿਆ।

## ਮਨਪ੍ਰੀਤ ਕੌਰ ਨੇ ਫੁੱਟਬਾਲ ਲੜਕੀਆਂ ਰਾਜ ਪੱਧਰੀ ਖੇਡਾ 'ਚ ਕੀਤੇ 13 ਗੋਲ



**ਬਲਾਚੌਰ (ਜਸਵਿੰਦਰ ਬੈਂਸ)** ਬਲਾਚੌਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੀਆ ਦੋ ਵਿਦਿਆਰਥਣਾ ਮਨਪ੍ਰੀਤ ਕੋਰ ਅਤੇ ਜਸਪ੍ਰੀਤ ਕੋਰ ਨੇ ਫੁੱਟਬਾਲ ਅੰਡਰ 14 ਲੜਕੀਆ ਸ਼ਹੀਦ ਭਗਤ ਸਿੰਘ ਨਗਰ ਦੀ ਟੀਮ ਵਲੋਂ ਰਾਜ ਪੱਧਰੀ ਮੁਕਾਬਲੇ ਜੋ ਕਿ ਮਾਲਪੁਰ ਜਿਲ੍ਹਾ ਹੁਸ਼ਿਆਰਪੁਰ ਵਿਖੇ ਹੋਏ ਵਿੱਚ ਭਾਗ ਲਿਆ।ਕੁੱਲ 23 ਟੀਮਾਂ ਵੱਲੋਂ ਇਨ੍ਹਾ ਮਕਾਬਲਿਆ ਵਿੱਚ ਹਿੱਸਾ ਲਿਆ ਗਿਆ ਮਨਪ੍ਰੀਤ ਕੌਰ ਸਪੁੱਤਰੀ ਕੁਲਵੀਰ ਸਿੰਘ ਨੇ ਕੋਚ ਨਰਿੰਦਰ ਸਿੰਘ ਦੀ ਅਗਵਾਈ ਹੇਠ ਸਭ ਤੋਂ ਵੱਧ 13 ਗੋਲ ਕੀਤੇ।ਸ਼ਹੀਦ ਭਗਤ ਸਿੰਘ ਨਗਰ ਦੀ ਟੀਮ ਨੇ ਰਾਜ ਪੱਧਰੀ ਖੇਡਾ ਮੁਕਾਬਲਿਆ ਵਿੱਚ ਦੂਜਾ ਸਥਾਨ ਹਾਸਲ ਕੀਤਾ।ਮਨਪ੍ਰੀਤ ਕੌਰ ਅਤੇ ਜਸਪ੍ਰੀਤ ਕੌਰ ਨੇ ਸ਼ਹੀਦ ਭਗਤ ਸਿੰਘ ਨਗਰ ਦੀ ਟੀਮ ਵਿੱਚ ਭਾਗ ਲੈ ਕੇ ਬਲਾਚੌਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਅਤੇ ਬਲਾਚੌਰ ਦਾ ਨਾਂਅ ਰੌਸ਼ਨ ਕੀਤਾ।ਪ੍ਰਬੰਧਕਾ ਨੇ ਆਸ ਦਿਲਾਈ ਹੈ ਕਿ ਮਨਪ੍ਰੀਤ ਕੌਰ ਨੂੰ ਨੈਸ਼ਨਲ ਪੱਧਰ ਦੀਆ ਖੇਡਾਂ ਵਿੱਚ ਵੀ ਭਾਗ ਲੈਣ ਦਾ ਮੌਕਾ ਦਿੱਤਾ ਜਾਵੇਗਾ।ਇਸ ਮੌਕੇ ਸਕੂਲ ਦੇ ਚੇਅਰਮੈਨ ਐਚ ਪੀ ਸਿੰਘ, ਪ੍ਰਿੰਸੀਪਲ ਹਰਮਨਿੰਦਰ ਕੌਰ ਸਪੋਰਟਸ ਕੋਚ ਨਰਿੰਦਰ ਸਿੰਘ ਅਤੇ ਸਮੂਹ ਸਟਾਫ ਮੈਂਬਰਾ ਨੇ ਬੱਚਿਆ ਅਤੇ ਅਤੇ ਓਨ੍ਹਾ ਦੇ ਮਾਪਿਆ ਨੂੰ ਵਧਾਈ ਦਿੱਤੀ ।

## ਐੱਸ ਡੀ ਕਾਲਜ 'ਚ ਵਿਕਸਤ ਭਾਰਤ ਮੁਹਿੰਮ ਤਹਿਤ ਲੈਕਚਰ



**ਸੁਲਤਾਨਪੁਰ ਲੋਧੀ, (ਹਨੀ)** ਐਸ ਡੀ ਕਾਲਜ ਫਾਰ ਵੂਮੈਨ ਸੁਲਤਾਨਪੁਰ ਲੋਧੀ ਦੇ ਕੰਪਿਊਟਰ ਵਿਭਾਗ ਵੱਲੋਂ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਦੀ ਅਗਵਾਈ ਵਿਚ ਵਿਕਸਿਤ ਭਾਰਤ ਮੁਹਿੰਮ ਤਹਿਤ ਲੈਕਚਰ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਬੀ ਸੀ ਏ ਭਾਗ ਦੂਜਾ ਦੀ ਵਿਦਿਆਰਥਣ ਸੁਪਨਪ੍ਰੀਤ ਕੌਰ ਨੇ ਟੈਕਸਾਂ ਦੇ ਪ੍ਰਕਾਰ ਅਤੇ ਇਸ ਦੇ ਲਾਭ ਬਾਰੇ ਵਿਸਥਾਰ ਰੂਪ ਵਿੱਚ ਜਾਣਕਾਰੀ ਦਿੱਤੀ।ਜਸ਼ਨਪ੍ਰੀਤ ਕੌਰ ਬੀ ਸੀ ਏ ਭਾਗ ਪਹਿਲਾ ਦੀ ਵਿਦਿਆਰਥਣ ਨੇ ਪੇਮੈਂਟ ਆਫ ਟੈਕਸ ਅੰਡਰ ਜੀ ਐਸ ਟੀ ਬਾਰੇ ਦੱਸਿਆ।ਕੋਮਲਪ੍ਰੀਤ ਕੌਰ ਬੀ ਸੀ ਏ ਭਾਗ ਪਹਿਲਾ ਦੀ ਵਿਦਿਆਰਥਣ ਨੇ ਨਵੀਨ ਭਾਰਤ ਡਿਜੀਟਲ ਇੰਡੀਆ ਬਾਰੇ ਦੱਸਿਆ।ਕੋਮਲ ਬੀ ਸੀ ਏ ਭਾਗ ਦੂਜਾ ਨੇ ਦੱਸਿਆ ਕਿ ਡਿਜੀਟਲ ਲੈਣ ਦੇਣ ਕਰਨ ਨਾਲ ਸਾਰੇ ਨਾਗਰਿਕ ਬੇਫਿਕਰ ਹੋ ਕੇ ਲੈਣ ਦੇਣ ਕਰ ਸਕਦੇ ਹਨ। ਪਰ ਇਸ ਦੇ ਨਾਲ ਨਾਲ ਡਿਜੀਟਲ ਲੈਣ ਦੇਣ ਦੇ ਘਪਲਿਆਂ ਬਾਰੇ ਵੀ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਗਿਆ। ਇਸ ਮੌਕੇ ਕੰਪਿਊਟਰ ਵਿਭਾਗ ਦੇ ਮੈਡਮ ਅਮਨਪ੍ਰੀਤ ਕੌਰ, ਰਜਨਦੀਪ ਕੌਰ, ਮੈਡਮ ਸੋਨੀਆ, ਮੈਡਮ ਮਨਦੀਪ ਤੇ ਵੱਡੀ ਗਿਣਤੀ ਵਿੱਚ ਵਿਦਿਆਰਥਣਾਂ ਹਾਜ਼ਰ ਸਨ।

# 'ਉਸਾਰੀ ਮਜ਼ਦੂਰਾਂ ਦੀ ਹੋ ਰਹੀ ਖੱਜਲ-ਖੁਆਰੀ'



ਰਾਹੋਂ (ਕੁਲਵਿੰਦਰ ਸਿੰਘ ਰਾਹੋਂ) ਇਲਾਕੇ ਭਰ ਦੇ 2 ਦਰਜਨ ਤੋਂ ਵੱਧ ਉਸਾਰੀ ਮਜ਼ਦੂਰਾਂ ਨੇ ਨੈਸ਼ਨਲ ਲੇਬਰ ਆਰਗੇਨਾਈਜੇਸ਼ਨ (ਐਨ.ਐਲ.ਓ.) ਦੇ ਕਨਵੀਨਰ ਬਲਦੇਵ ਭਾਰਤੀ ਨਾਲ ਮੁਲਾਕਾਤ ਕਰਕੇ ਆਪਣੀਆਂ ਸਮੱਸਿਆਵਾਂ ਸਾਂਝੀਆਂ ਕੀਤੀਆਂ। ਮਜ਼ਦੂਰਾਂ ਨੇ ਦੱਸਿਆ ਕਿ ਉਸਾਰੀ ਮਜ਼ਦੂਰਾਂ ਦੀ ਭਲਾਈ ਅਤੇ ਸਮਾਜਿਕ ਸੁਰੱਖਿਆ ਲਈ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਵੱਡੇ ਵੱਡੇ ਦਾਅਵੇ ਠੁਸ ਹੋ ਰਹੇ ਹਨ। ਉਸਾਰੀ ਮਜ਼ਦੂਰਾਂ ਦੀ ਰਜਿਸਟ੍ਰੇਸ਼ਨ ਅਤੇ ਭਲਾਈ ਸਕੀਮਾਂ ਦੇ ਆਨ-ਲਾਈਨ ਪੋਰਟਲ ਵਿੱਚ ਖਾਮੀਆਂ ਹੋਣ ਕਾਰਨ ਪੰਜਾਬ ਭਰ ਦੇ ਸੁਵਿਧਾ ਕੇਂਦਰਾਂ ਵਿੱਚ ਉਸਾਰੀ ਮਜ਼ਦੂਰਾਂ ਦੀ ਖੱਜਲ ਖੁਆਰੀ ਉਨ੍ਹਾਂ ਦੀਆਂ ਆਸਾਂ ਉਮੀਦਾਂ ਉੱਤੇ ਪਾਣੀ ਫੇਰ ਰਹੀ ਹੈ। ਮਜ਼ਦੂਰ ਸੁਵਿਧਾ ਕੇਂਦਰਾਂ ਵਿੱਚ ਵਾਰ-ਵਾਰ ਗੇੜੇ ਮਾਰ ਕੇ ਪ੍ਰੇਸ਼ਾਨ ਹੋਣ ਦੇ ਨਾਲ ਨਾਲ ਭਲਾਈ ਸਕੀਮਾਂ ਦੇ ਲਾਭ ਤੋਂ ਵੀ ਵਾਂਝੇ ਰਹਿ ਰਹੇ ਹਨ। ਭਾਵੇਂ ਕਿ ਉਸਾਰੀ ਕਿਰਤੀਆਂ ਦੀ ਭਲਾਈ ਅਤੇ ਸਮਾਜਿਕ ਸੁਰੱਖਿਆ ਲਈ ਬੋਰਡ ਦੀਆਂ ਭਲਾਈ ਸਕੀਮਾਂ ਕਾਫੀ ਹੱਦ ਤੱਕ ਠੀਕ ਅਤੇ ਸਲਾਹੁਣਯੋਗ ਹਨ ਅਤੇ ਅਨੇਕਾਂ ਪ੍ਰੀਵਾਰਾਂ ਨੂੰ ਇਨ੍ਹਾਂ ਦਾ ਲਾਭ ਵੀ ਮਿਲਿਆ ਹੈ। ਪਰ ਇਨ੍ਹਾਂ ਭਲਾਈ ਸਕੀਮਾਂ ਦੀ ਪ੍ਰਾਪਤੀ ਦੀ ਪ੍ਰਕਿਰਿਆ ਬਹੁਤੇ ਅਨਪੜ੍ਹ, ਭੋਲੇ-ਭਾਲੇ ਅਤੇ ਸਾਧਨਾਂ ਤੋਂ ਵਾਂਝੇ ਯੋਗ ਲੋੜਵੰਦ ਕਿਰਤੀਆਂ ਦੀ ਪਹੁੰਚ ਤੋਂ ਬਾਹਰ ਹੈ। ਉਸਾਰੀ ਕਿਰਤੀ ਨਿਰਾਸ਼ ਹੋ ਕੇ ਘਰ ਬੈਠਣ ਲਈ ਮਜਬੂਰ ਹਨ। ਰਜਿਸਟਰਡ ਉਸਾਰੀ ਕਿਰਤੀਆਂ ਦੀ ਗਿਣਤੀ ਵੱਧਣ ਦੀ ਬਜਾਏ ਘੱਟਦੀ ਜਾ ਰਹੀ ਹੈ। ਸੇਵਾ ਕੇਂਦਰਾਂ ਦੇ ਮੁਲਾਜ਼ਮਾਂ ਅਨੁਸਾਰ ਆਨ-ਲਾਈਨ ਪੋਰਟਲ ਵਿੱਚ ਵੱਡੀ ਖਾਮੀ ਇਹ ਹੈ ਕਿ ਇਸ ਦੀ 'ਸਾਈਟ' ਅਕਸਰ ਬੰਦ ਰਹਿੰਦੀ ਹੈ। ਜਿਸ ਕਾਰਨ ਰਜਿਸਟ੍ਰੇਸ਼ਨ ਕਰਵਾਉਣ ਜਾਂ ਭਲਾਈ ਸਕੀਮਾਂ ਅਪਲਾਈ ਕਰਨ ਲਈ ਦਿਹਾੜੀਆਂ ਤੋੜ ਕੇ ਲਾਈਨਾਂ ਵਿੱਚ ਲੱਗੇ ਕਿਰਤੀਆਂ ਨੂੰ ਵਾਪਸ ਮੁੜਨਾ ਪੈਂਦਾ ਹੈ। ਐਨ ਐਲ ਓ ਮੁਖੀ ਬਲਦੇਵ ਭਾਰਤੀ ਨੇ ਕਿਰਤੀਆਂ ਲਈ ਹਾਅ ਦਾ ਨਾਅਰਾ ਮਾਰਦਿਆਂ ਕਿਹਾ ਕਿ ਪੰਜਾਬ ਭਰ ਵਿੱਚ ਉਸਾਰੀ ਕਿਰਤੀਆਂ ਦੇ ਅਜਿਹੇ ਹਾਲਾਤਾਂ ਦੀ ਗੰਭੀਰਤਾ ਨੂੰ ਜਮੀਨੀ ਪੱਧਰ ਤੋਂ ਦੇਖਣਾ ਪਵੇਗਾ। ਉਨ੍ਹਾਂ ਭਗਵੰਤ ਸਿੰਘ ਮਾਨ ਮੁੱਖ ਮੰਤਰੀ-ਕਮ-ਚੇਅਰਮੈਨ ਪੰਜਾਬ ਬਿਲਡਿੰਗ ਐਂਡ ਅਦਰ ਕੰਸਟਰਕਸ਼ਨ ਵੈਲਫੇਅਰ ਬੋਰਡ ਚੰਡੀਗੜ੍ਹ ਪਾਸੋਂ ਪੁਰਜ਼ੋਰ ਮੰਗ ਕੀਤੀ ਕਿ ਉਸਾਰੀ ਮਜ਼ਦੂਰ ਭਲਾਈ ਕਾਨੂੰਨ-1996 ਦੇ ਉਦੇਸ਼ ਦੇ ਸਹੀ ਪਾਲਣ ਹਿੱਤ ਉਸਾਰੀ ਮਜ਼ਦੂਰਾਂ ਦੀ ਹੋ ਰਹੀ ਖੱਜਲ ਖੁਆਰੀ ਨੂੰ ਰੋਕਣ ਲਈ ਸਬੰਧਿਤ ਆਨ-ਲਾਈਨ ਪੋਰਟਲ ਨੂੰ ਸੁਚਾਰੂ ਢੰਗ ਨਾਲ ਚਲਾਉਣ ਅਤੇ ਸੁਵਿਧਾ ਕੇਂਦਰਾਂ ਵਿੱਚ ਵੱਖ-ਵੱਖ ਪਹਿਲੂਆਂ ਤੋਂ ਜਾਣਕਾਰ ਮੁਲਾਜ਼ਮ ਹੋਣ ਦੀ ਵਿਵਸਥਾ ਕੀਤੀ ਜਾਵੇ।

# ਚੌਥਾ ਕੀਰਤਨ ਦਰਬਾਰ 17 ਨੂੰ

ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਉਂਕਾਰ ਸਿੰਘ)-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਉਤਸਵ ਨੂੰ ਸਮਰਪਿਤ ਚੌਥਾ ਮਹਾਨ ਕੀਰਤਨ ਦਰਬਾਰ ਪਿੰਡ ਸਰਾਈ ਵਿਖੇ 17 ਅਕਤੂਬਰ ਦਿਨ ਵੀਰਵਾਰ ਨੂੰ ਹੋਵੇਗਾ।ਇਸ ਸੰਬੰਧੀ ਪ੍ਰਬੰਧਕ ਸੇਵਾਦਾਰ ਭਵਨਦੀਪ ਸਿੰਘ, ਜੋਗਿੰਦਰ ਸਿੰਘ, ਪ੍ਰਗਟ ਸਿੰਘ ਤੇ ਹੋਰਨਾ ਸੇਵਾਦਾਰਾਂ ਨੇ ਦੱਸਿਆ ਕਿ ਨਗਰ ਦੀ ਸੰਗਤ ਦੇ ਸਹਿਯੋਗ ਨਾਲ 17 ਅਕਤੂਬਰ ਸ਼ਾਮ 4 ਵਜੇ ਤੋਂ ਰਾਤ 10 ਵਜੇ ਤੱਕ ਕਰਵਾਏ ਜਾ ਰਹੇ ਮਹਾਨ ਕੀਰਤਨ ਦਰਬਾਰ ਦੌਰਾਨ ਸਭ ਤੋਂ ਪਹਿਲਾਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ, ਸ੍ਰੀ ਰਹਿਰਾਸ ਸਾਹਿਬ ਜੀ ਦੇ ਪਾਠ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਜਾਵੇਗੀ। ਪ੍ਰਬੰਧਕ ਸੇਵਾਦਾਰਾਂ ਨੇ ਦੱਸਿਆ ਕਿ ਮਹਾਨ ਕੀਰਤਨ ਦਰਬਾਰ ਵਿੱਚ ਸ਼ਹੀਦ ਤਰਨਾ ਦਲ ਹਰੀਆਂ ਵੇਲਾ ਵਾਲਿਆਂ ਦੇ ਮੌਜੂਦਾ ਮੁਖੀ ਜਿੰਦਾ ਸ਼ਹੀਦ ਸੰਤ ਬਾਬਾ ਨਿਹਾਲ ਸਿੰਘ ਹਰੀਆਂ ਬੇਲਾਂ, ਸੰਤ ਬਾਬਾ ਸੁਖਦੇਵ ਸਿੰਘ ਬੇਦੀ ਡੇਰਾ ਬਾਬਾ ਨਾਨਕ ਵਾਲੇ, ਸੰਤ ਬਾਬਾ ਹਰਚਰਨ ਸਿੰਘ ਜੀ ਖਾਲਸਾ ਰਮਦਾਸਪੁਰ ਵਾਲੇ, ਸੰਤ ਬਾਬਾ ਮੱਖਣ ਸਿੰਘ ਦਰੀਆ ਵਾਲੇ, ਬਾਬਾ ਕੁਲਦੀਪ ਸਿੰਘ ਟਾਹਲੀ ਸਾਹਿਬ ਮੂਨਕਾਂ ਵਾਲੇ, ਰਾਗੀ ਜਥਾ ਭਾਈ ਮੈਨੇਜਰ ਅਜੀਤ ਸਿੰਘ ਅਕਬਰਪੁਰ ਵਾਲੇ, ਭਾਈ ਸੁਖਰਾਜ ਸਿੰਘ ਪ੍ਰੀਤਮਪੁਰਾ ਵਾਲੇ, ਭਾਈ ਕੁਲਵਿੰਦਰ ਸਿੰਘ ਕੰਗ ਮਾਈ ਵਾਲੇ, ਢਾਡੀ ਜਥਾ ਭਾਈ ਪਰਮਿੰਦਰ ਸਿੰਘ ਪਾਰਸ ਤੇ ਸਾਥੀ , ਹੈਡ ਗ੍ਰੰਥੀ ਭਾਈ ਤੀਰਥ ਸਿੰਘ ਸੋਢੀ ਤੇ ਹੋਰ ਰਾਗੀ ਢਾਡੀ ਜਥੇ ਪਹੁੰਚ ਕਰਕੇ ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਦੁਆਰਾ ਨਿਹਾਲ ਕਰਨਗੇ।

# ਜਿੰਪਾ ਦੀ ਮੌਜੂਦਗੀ 'ਚ ਸਿਵਲ ਤੇ ਪੁਲਸ ਪ੍ਰਸ਼ਾਸਨ ਨੇ ਰਾਮਲੀਲ੍ਹਾ ਕਮੇਟੀ ਨਾਲ ਕੀਤੀ ਮੀਟਿੰਗ



ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ) ਵਿਧਾਇਕ ਬ੍ਰਮ ਸ਼ੰਕਰ ਜਿੰਪਾ ਦੀ ਮੌਜੂਦਗੀ ਵਿੱਚ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਅਤੇ ਐਸ ਐਸ ਪੀ ਸੁਰਿੰਦਰ ਲਾਂਬਾ ਦੀ ਅਗਵਾਈ ਵਿੱਚ ਸਿਵਲ ਅਤੇ ਪੁਲਸ ਪ੍ਰਸ਼ਾਸਨ ਨੇ ਸ੍ਰੀ ਰਾਮਲੀਲ੍ਹਾ ਕਮੇਟੀ ਨਾਲ ਦੁਸਹਿਰੇ ਦੇ ਤਿਉਹਾਰ ਨੂੰ ਸੁਚਾਰੂ ਅਤੇ ਸੁਚੱਜੇ ਢੰਗ ਨਾਲ ਮਨਾਉਣ ਲਈ ਮੀਟਿੰਗ ਕੀਤੀ।ਇਸ ਸਾਂਝੀ ਮੀਟਿੰਗ ਵਿੱਚ ਸਭ ਤੋਂ ਪਹਿਲਾਂ ਸਵੇਰੇ ਸ਼ਹਿਰ ਦੇ ਪ੍ਰਹਿਲਾਦ ਨਗਰ ਵਿੱਚ ਪਟਾਕੇ ਧਮਾਕੇ ਦੀ ਘਟਨਾ 'ਤੇ ਚਿੰਤਾ ਪ੍ਰਗਟ ਕਰਦਿਆਂ ਵਿਧਾਇਕ ਬ੍ਰਮ ਸ਼ੰਕਰ ਜਿੰਪਾ, ਡਿਪਟੀ ਕਮਿਸ਼ਨਰ ਕੋਮਲ ਮਿੱਤਲ, ਐਸ ਐਸ ਪੀ ਸੁਰਿੰਦਰ ਲਾਂਬਾ ਅਤੇ ਸ੍ਰੀ ਰਾਮਲੀਲ੍ਹਾ ਕਮੇਟੀ ਦੇ ਪ੍ਰਧਾਨ ਗੋਪੀ ਚੰਦ ਕਪੂਰ ਨੇ ਸ਼ਹਿਰ ਦੀਆਂ ਸਮੂਹ ਧਾਰਮਿਕ ਸੰਸਥਾਵਾਂ ਖਾਸ ਕਰਕੇ ਮਹਾਂਵੀਰ ਦਲਾਂ ਨੂੰ ਅਪੀਲ ਕੀਤੀ ਕਿ ਉਹ ਭਗਵਾਨ ਹਨੂੰਮਾਨ ਦੀਆਂ ਪਾਵਨ ਸਰੂਪਾਂ ਨਾਲ ਪਟਾਕੇ ਨਾ ਚਲਾਉਣ, ਤਾਂ ਜੋ ਭਗਵਾਨ ਦੀ ਮਰਿਆਦਾ ਦੇ ਨਾਲ-ਨਾਲ ਸਾਰਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ।

ਡਿਪਟੀ ਕਮਿਸ਼ਨਰ ਅਤੇ ਐਸ.ਐਸ.ਪੀ ਨੇ ਜਿਥੇ ਦੁਸਹਿਰੇ ਦੇ ਤਿਉਹਾਰ ਦੀਆਂ ਤਿਆਰੀਆਂ ਸੰਬੰਧੀ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤਾਂ ਦਿੱਤੀਆਂ, ਉਥੇ ਧਾਰਮਿਕ ਸੰਸਥਾਵਾਂ ਨੂੰ ਵੀ ਪ੍ਰਸ਼ਾਸਨ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਲੋਕਾਂ ਦੀ ਸੁਰੱਖਿਆ ਲਈ ਗੰਭੀਰ ਹੈ ਪਰ ਇਸ ਵਿੱਚ ਆਮ ਲੋਕਾਂ ਦਾ ਸਹਿਯੋਗ ਵੀ ਬਹੁਤ ਜ਼ਰੂਰੀ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਭਗਵਾਨ ਹਨੂੰਮਾਨ ਜੀ ਦੇ ਸਰੂਪਾ ਦੇ ਨਾਲ ਡੀ ਜੇ ਲਗਾਉਣ ਦੀ ਮਨਾਹੀ ਹੈ।ਇਸ ਦੌਰਾਨ ਵਿਧਾਇਕ ਜਿੰਪਾ, ਡਿਪਟੀ ਕਮਿਸ਼ਨਰ ਅਤੇ ਐਸ.ਐਸ.ਪੀ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ ਦੁਸਹਿਰਾ ਗਰਾਊਂਡ ਦਾ ਦੌਰਾ ਕਰਕੇ ਕੀਤਾ ਅਤੇ ਪ੍ਰਬੰਧਾਂ ਦਾ ਜਾਇਜ਼ਾ ਵੀ ਲਿਆ।ਇਸ ਦੌਰਾਨ ਪ੍ਰਸ਼ਾਸਨ ਅਤੇ ਸ਼੍ਰੀ ਰਾਮ ਲੀਲ੍ਹਾ ਕਮੇਟੀ ਵੱਲੋਂ ਫੈਸਲਾ ਕੀਤਾ ਗਿਆ ਕਿ ਦੁਸਹਿਰੇ ਵਾਲੇ ਦਿਨ ਦੁਸਹਿਰਾ ਗਰਾਊਂਡ ਵਿੱਚ ਭਗਵਾਨ ਸ਼੍ਰੀ ਹਨੂੰਮਾਨ ਦੇ ਸਰੂਪਾ ਨਾਲ ਪਟਾਕੇ ਗਰਾਊਂਡ ਵਿਚ ਨਹੀਂ ਆਉਣ ਦਿੱਤੇ ਜਾਣਗੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਤਿਉਹਾਰਾਂ ਦੇ ਮੱਦੇਨਜ਼ਰ ਜ਼ਿਲ੍ਹੇ ਵਿੱਚ ਪਟਾਕੇ ਚਲਾਉਣ ਅਤੇ ਪਟਾਕੇ ਚਲਾਉਣ ਲਈ ਦਿਨ ਅਤੇ ਸਮਾਂ ਨਿਰਧਾਰਿਤ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ 31 ਅਕਤੂਬਰ 2024 ਨੂੰ ਦੀਵਾਲੀ ਮੌਕੇ ਸਵੇਰੇ 8 ਵਜੇ ਤੋਂ ਰਾਤ 10 ਵਜੇ ਤੱਕ, 15 ਨਵੰਬਰ ਨੂੰ ਗੁਰੂਪੁਰਵ ਦੇ ਦਿਨ ਸਵੇਰੇ 4 ਤੋਂ 5 ਵਜੇ ਤੱਕ ਅਤੇ ਰਾਤ 9 ਵਜੇ ਤੋਂ ਰਾਤ 10 ਵਜੇ ਤੱਕ ਪਟਾਕੇ ਚਲਾਏ ਜਾ ਸਕਦੇ ਹਨ। 25 ਦਸੰਬਰ ਨੂੰ ਕ੍ਰਿਸਮਿਸ ਅਤੇ ਨਵੇਂ ਸਾਲ ਦੇ ਮੌਕੇ 'ਤੇ 31 ਦਸੰਬਰ (ਅੱਧੀ ਰਾਤ) ਨੂੰ ਰਾਤ 11:55 ਤੋਂ 12:30 ਵਜੇ ਤੱਕ ਪਟਾਕੇ ਚਲਾਏ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਸਾਈਲੈਂਸ ਜ਼ੋਨ ਜਿਵੇਂ ਕਿ ਹਸਪਤਾਲ, ਵਿਦਿਅਕ ਸੰਸਥਾਵਾਂ, ਅਦਾਲਤਾਂ ਅਤੇ ਧਾਰਮਿਕ ਸਥਾਨਾਂ ਦੇ 100 ਮੀਟਰ ਦੇ ਘੇਰੇ ਅੰਦਰ ਪਟਾਕੇ ਚਲਾਉਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਉਨ੍ਹਾਂ ਸਮੂਹ ਉਪ ਮੰਡਲ ਮੈਜਿਸਟ੍ਰੇਟ, ਇਲਾਕਾ ਮੈਜਿਸਟ੍ਰੇਟ, ਜ਼ਿਲ੍ਹਾ ਪੁਲਸ ਨੂੰ ਹਦਾਇਤ ਕੀਤੀ ਹੈ ਕਿ ਉਹ ਸਰਕਾਰ ਵੱਲੋਂ ਸਮੇਂ-ਸਮੇਂ 'ਤੇ ਜਾਰੀ ਇਨ੍ਹਾਂ ਹੁਕਮਾਂ ਅਤੇ ਹਦਾਇਤਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ।

# ਵਿਸ਼ਵ ਦ੍ਰਿਸ਼ਟੀ ਦਿਵਸ ਦੇ ਮੌਕੇ ਇਨੋਸੈਂਟ ਹਾਰਟਸ ਦੇ ਵਿਦਿਆਰਥੀਆਂ ਨੂੰ ਕੀਤਾ ਜਾਗਰੂਕ



ਜਲੰਧਰ (ਸ਼ੈਲੀ ਐਲਬਰਟ)-ਦਿਸ਼ਾ- ਇਕ ਇਨੀਸ਼ੀਏਟਿਵ (ਬੋਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਦੁਆਰਾ ਚਲਾਏ ਜਾ ਰਹੇ) ਤਹਿਤ ਇੰਨੋਸੈਂਟ ਹਾਰਟਸ (ਗ੍ਰੀਨ ਮਾਡਲ ਟਾਊਨ, ਲੁਹਾਰਾਂ, ਨੂਰਪੁਰ ਰੋਡ, ਕੈਂਟ-ਜੰਡਿਆਲਾ ਰੋਡ ਅਤੇ ਕਪੂਰਥਲਾ) ਦੇ ਸਾਰੇ ਪੰਜ ਸਕੂਲਾਂ ਵਿਚ ਵਿਸ਼ਵ ਦ੍ਰਿਸ਼ਟੀ ਦਿਵਸ ਮਨਾਇਆ ਗਿਆ। ਵਿਦਿਆਰਥੀਆਂ ਨੂੰ ਨੇਤਰਹੀਣਤਾ ਅਤੇ ਅੰਨ੍ਹੇਪਣ ਬਾਰੇ ਜਾਗਰੂਕ ਕਰਨਾ ਅਤੇ ਨਜ਼ਰ ਦੀ ਸਿਹਤ ਦੀ ਮਹੱਤਤਾ ਨੂੰ ਉਤਸ਼ਾਹਿਤ ਕਰਨਾ ਅਤੇ ਉਨ੍ਹਾਂ ਨੂੰ ਆਪਣੀਆਂ ਅੱਖਾਂ ਦੀ ਦੇਖਭਾਲ ਕਰਨ ਲਈ ਪ੍ਰੇਰਿਤ ਕਰਨਾ। ਲਵ ਯੂਅਰ ਆਈਜ਼ ਵਿਸ਼ੇ ਤੇ ਆਧਾਰਿਤ, ਸਾਇੰਸ ਕਲੱਬ ਦੇ ਵਿਦਿਆਰਥੀਆਂ ਨੇ ਵਿਜ਼ਨ ਹੈਲਥ ਨਾਲ ਸਬੰਧਤ ਵੱਖ-ਵੱਖ ਗਤੀਵਿਧੀਆਂ ਵਿੱਚ ਭਾਗ ਲਿਆ ਅਤੇ ਅੱਖਾਂ ਦੀ ਜਾਂਚ, ਵਿਜ਼ਨ ਐਜੂਕੇਸ਼ਨ ਅਤੇ ਵਿਜ਼ਨ ਹੈਲਥ ਨਾਲ ਸਬੰਧਤ ਪੋਸਟਰ ਬਣਾਏ। ਉਨ੍ਹਾਂ ਨੂੰ ਪਾਵਰ ਪੁਆਇੰਟ ਪ੍ਰੈਜ਼ੇਨਟੇਸ਼ਨ ਰਾਹੀਂ ਅੱਖਾਂ ਦੀ ਸੰਭਾਲ ਕਰਨ ਲਈ ਜ਼ਰੂਰੀ ਨੁਕਤੇ ਦਿੱਤੇ ਗਏ । ਸਾਇੰਸ ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਸਰਕਾਰ ਵੱਲੋਂ 1976 ਵਿੱਚ ਚਲਾਏ ਗਏ 'ਨੈਸ਼ਨਲ ਪ੍ਰੋਗਰਾਮ ਫਾਰ ਕੰਟਰੋਲ ਆਫ਼ ਬਲਾਇੰਡਨੈੱਸ ਐਂਡ ਵਿਜ਼ਨ ਇੰਪੇਅਰਮੈਂਟ (ਐਨ.ਪੀ.ਸੀ.ਬੀ.ਵੀ.ਆਈ.)' ਬਾਰੇ ਜਾਣੂ ਕਰਵਾਇਆ ਅਤੇ ਵਿਸ਼ਵ ਸਿਹਤ ਸੰਗਠਨ ਵੱਲੋਂ 2020 ਵਿੱਚ ਚਲਾਏ ਜਾ ਰਹੇ 'ਵਿਜ਼ਨ ਹੈਲਥ ਪ੍ਰੋਗਰਾਮ' ਬਾਰੇ ਵੀ ਡਾਇਰੈਕਟਰ ਡਾ. ਸੀ.ਐਸ.ਆਰ., ਡਾ. ਪਲਕ ਗੁਪਤਾ ਬੌਰੀ ਨੇ ਬੱਚਿਆਂ ਨੂੰ ਅੱਖਾਂ ਦੀ ਦੇਖਭਾਲ ਲਈ ਮਹੱਤਵਪੂਰਨ ਨੁਕਤੇ ਦਿੱਤੇ ਅਤੇ ਉਨ੍ਹਾਂ ਨੂੰ ਅੱਖਾਂ ਨੂੰ ਸਿਹਤਮੰਦ ਰੱਖਣ, ਆਪਣੀ ਰੁਟੀਨ ਵਿੱਚ ਸੰਤੁਲਿਤ ਖੁਰਾਕ ਸ਼ਾਮਲ ਕਰਨ, ਸਕ੍ਰੀਨ ਟਾਈਮ ਘਟਾਉਣ, ਅੱਖਾਂ ਦੀ ਨਿਯਮਤ ਜਾਂਚ ਕਰਵਾਉਣ ਦੀ ਸਲਾਹ ਦਿੱਤੀ। 20 ਫਾਰਮੂਲੇ ਦੀ ਪਾਲਣਾ ਕਰਦੇ ਹੋਏ, ਕਿਸੇ ਨੂੰ ਹਰ 20 ਮਿੰਟਾਂ ਵਿੱਚ 20 ਸਕਿੰਟਾਂ ਲਈ 20 ਫੁੱਟ ਦੂਰ ਕਿਸੇ ਚੀਜ਼ ਤੇ ਧਿਆਨ ਦੇਣਾ ਚਾਹੀਦਾ ਹੈ। ਅਜਿਹਾ ਇਸ ਲਈ ਹੈ ਕਿਉਂਕਿ ਇਹ ਫਾਰਮੂਲਾ ਸਕ੍ਰੀਨ ਦੇਖਦੇ ਸਮੇਂ ਅੱਖਾਂ ਨੂੰ ਆਰਾਮ ਦੇਣ ਅਤੇ ਲਗਾਤਾਰ ਸਕ੍ਰੀਨ ਦੇਖਣ ਨਾਲ ਹੋਣ ਵਾਲੇ ਨੁਕਸਾਨ ਨੂੰ ਰੋਕਣ ਵਿੱਚ ਮਦਦ ਕਰਦਾ ਹੈ।

# ਸ੍ਰੀ ਰਾਮ ਚੰਦਰ ਸੱਚਾਈ ਦੇ ਰਾਹ 'ਤੇ ਚੱਲੇ : ਦੀਪਕ ਬਹਿਲ



ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)- ਸ਼੍ਰੀ ਰਾਮਾ ਡਰਾਮਾਟਿਕ ਕਲੱਬ ਦੇ ਪ੍ਰਧਾਨ ਮਿੰਟੂ ਬਹਿਲ ਅਤੇ ਨਵਦੀਪ ਕੁਮਾਰ ਵੱਲੋਂ ਸ਼ੁਰੂ ਕੀਤੀ ਗਈ ਰਾਮਲੀਲ੍ਹਾ ਮੰਚਨ 'ਤੇ ਮੇਘਨਾਥ ਵੱਧ ਨਾਈਟ ਵਿੱਚ ਵੱਖ ਵੱਖ ਸਰੂਪਾਂ 'ਚ ਬਣੇ ਕਲਾਕਾਰਾਂ ਨੇ ਆਪਣੇ ਹੁਨਰ ਦੀਆਂ ਝਾਂਕੀਆਂ ਪੇਸ਼ ਕਰਕੇ ਸ਼ਰਧਾਲੂਆਂ ਦਾ ਮਨ ਮੋਹ ਲਿਆ ਜਿਸਦਾ ਉਦਘਾਟਨ ਮੁੱਖ ਮਹਿਮਾਨ ਸਨਾਤਨ ਧਰਮ ਸਭਾ ਉੜਮੁੜ ਦੇ ਪ੍ਰਧਾਨ ਦੀਪਕ ਬਹਿਲ ਨੇ ਆਪਣੀ ਹਾਜ਼ਰੀ ਵਿੱਚ ਪ੍ਰਭੂ ਸ਼੍ਰੀ ਰਾਮ ਦਾ ਕਿਰਦਾਰ ਨਿਭਾ ਰਹੇ ਵਿਕਾਸ ਮਦਾਨ ਤੋਂ ਕਰਵਾਇਆ।ਇਸ ਮੌਕੇ ਉਨ੍ਹਾਂ ਨਾਲ ਸਮਾਜ ਸੇਵੀ ਪੰਕਜ ਸਚਦੇਵਾ, ਲਕਸ਼ੇ ਬਹਿਲ, ਨਰਿੰਦਰ ਅਰੋੜਾ, ਵਿਵੇਕ ਬਹਿਲ, ਵਿਜੇ ਕਸ਼ਯਪ, ਸ਼ਿਵ ਪੰਮੀ, ਕਮਲ ਸ਼ਰਮਾ, ਬ੍ਰਹਮ ਸੈਨੀ ਸ਼ਾਮਲ ਹੋਏ।ਪੰਡਾਲ 'ਚ ਬੈਠੇ ਸ਼ਰਧਾਲੂਆਂ ਨੂੰ ਸੰਬੋਧਨ ਕਰਦੇ ਹੋਏ ਦੀਪਕ ਬਹਿਲ ਨੇ ਕਿਹਾ ਕਿ ਭਾਰਤ ਵਿੱਚ ਕਰਵਾਈ ਜਾ ਰਹੀ ਰਾਮ ਲੀਲਾਵਾਂ ਮੰਚਨ ਦਾ ਅਸਲ ਮਕਸਦ ਕਾਲ ਦੇ ਹਨੇਰਿਆਂ ਵਿੱਚ ਗਰਤ ਹੁੰਦੀ ਜਾ ਰਹੀ ਆਮ ਜਨਤਾ ਨੂੰ ਜਾਗ੍ਰਿਤ ਕਰਨਾ ਹੈ ਤਾਂ ਜੋ ਅਹੰਕਾਰ ਦਾ ਤਿਆਗ ਕਰਕੇ ਉਹ ਸੱਚਾਈ ਦੇ ਰਸਤੇ 'ਤੇ ਚੱਲ ਸਕਣ।ਉਨ੍ਹਾਂ ਕਿਹਾ ਕਿ ਭਗਵਾਨ ਸ਼੍ਰੀ ਰਾਮ ਚੰਦਰ ਨੇ ਆਪਣਾ ਸਾਰਾ ਜੀਵਨ ਅਹੰਕਾਰ ਨੂੰ ਤਿਆਗ ਕੇ ਸੱਚਾਈ ਦੇ ਰਾਹ 'ਤੇ ਚਲਾਇਆ ਸੀ।ਉਨ੍ਹਾਂ ਕਿਹਾ ਕਿ ਸਾਡਾ ਸਾਰਿਆਂ ਦਾ ਇਹ ਫਰਜ਼ ਬਣਦਾ ਹੈ ਕਿ ਅਸੀਂ ਖੁਦ ਵੀ ਭਗਵਾਨ ਸ਼੍ਰੀ ਰਾਮ ਜੀ ਦੀ ਜੀਵਨੀ ਦੇ ਅਸੂਲਾਂ ਨੂੰ ਆਪਣੀ ਜ਼ਿੰਦਗੀ ਵਿੱਚ ਧਾਰਨ ਕਰੀਏ ਅਤੇ ਲੋਕਾਂ ਨੂੰ ਵੀ ਅਜਿਹੇ ਰਸਤੇ 'ਤੇ ਚੱਲਣ ਦੀ ਪ੍ਰੇਰਨਾ ਦੇ ਕੇ ਉਨ੍ਹਾਂ ਨੂੰ ਪ੍ਰਭੂ ਸ਼੍ਰੀ ਰਾਮ ਜੀ ਦੇ ਚਰਨਾਂ ਨਾਲ ਜੋੜੀਏ।ਅੰਤ ਵਿੱਚ ਸ਼੍ਰੀ ਰਾਮਾ ਡਰਾਮੇਟਿਕ ਕਲੱਬ ਉੜਮੁੜ ਵਲੋਂ ਆਏ ਹੋਏ ਮੁੱਖ ਮਹਿਮਾਨ ਦੀਪਕ ਬਹਿਲ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਸ਼ੀਲਡਾਂ ਦੇ ਕੇ ਸਨਮਾਨਿਤ ਕੀਤਾ ਗਿਆ।

# ਜਸਜੀਤ ਸਿੰਘ ਥਿਆੜਾ ਦੀ 5ਵੀਂ ਬਰਸੀ ਸ਼ਰਧਾਪੂਰਵਕ ਮਨਾਈ



ਹੁਸ਼ਿਆਰਪੁਰ (ਬਲਵੀਰ ਸਿੰਘ ਸਿਆਣੀ) ਦਰਵੇਸ਼ ਸਿਆਸਤਦਾਨ, ਕਹਿਣੀ ਕਰਨੀ ਦੀ ਇਕਸੁਰਤਾ ਦੇ ਪ੍ਰਤੀਕ ਸਵਰਗਵਾਸੀ ਜਸਜੀਤ ਸਿੰਘ ਥਿਆੜਾ ਦੀ 5ਵੀਂ ਬਰਸੀ ਉਨ੍ਹਾਂ ਦੇ ਪਰਿਵਾਰਕ ਮੈਂਬਰਾਨ, ਸਮਾਜਿਕ ਕਾਰਕੁੰਨਾ ਅਤੇ ਜਥੇਬੰਦੀਆ ਵੱਲੋਂ ਬਹੁਤ ਹੀ ਸ਼ਰਧਾਪੂਰਵਕ ਪੂਰਵਕ ਮਨਾਈ ਗਈ। ਸ੍ਰੀ ਸੁਖਮਨੀ ਸਾਹਿਬ ਜੀ ਦੇ ਭੋਗ ਤੋਂ ਉਪਰੰਤ, ਭਾਈ ਮਨਜਿੰਦਰ ਸਿੰਘ ਅਨਮੋਲ ਦੇ ਰਾਗੀ ਜਥੇ ਵੱਲੋਂ ਗੁਰਬਾਣੀ ਦਾ ਵੈਰਾਗਮਈ ਕੀਰਤਨ ਸਰਵਣ ਕਰਵਾਇਆ ਗਿਆ।ਇਸ ਤੋਂ ਉਪਰੰਤ ਜਥੇਦਾਰ ਅਮਰਜੀਤ ਸਿੰਘ ਚੌਹਾਨ, ਲਖਬੀਰ ਸਿੰਘ ਲੱਖੀ ਪ੍ਰਧਾਨ ਸ਼੍ਰੋ ਅ ਦਲ ਹੁਸ਼ਿਆਰਪੁਰ, ਦੇਸ ਰਾਜ ਸਿੰਘ ਧੁੱਗਾ ਸਾਬਕਾ ਪਾਰਲੀਮਾਨੀ ਸਕੱਤਰ, ਕੁਲਵਿੰਦਰ ਸਿੰਘ ਜੰਡਾ ਸਕੱਤਰ ਜਨਰਲ, ਬਿਕਰਮਜੀਤ ਸਿੰਘ ਕਲਸੀ ਸ਼ਹਿਰੀ ਪ੍ਰਧਾਨ, ਲਾਇਨ ਡਾਕਟਰ ਮੁਖਤਿਆਰ ਸਿੰਘ ਧਾਲੀਵਾਲ ਪ੍ਰਧਾਨ ਲਾਇਨਜ਼ ਕਲੱਬ, ਸੰਦੀਪ ਸਿੰਘ ਸੀਕਰੀ ਹਲਕਾ ਇੰਚਾਰਜ ਸ਼ਾਮ ਚੁਰਾਸੀ ਸ਼੍ਰੋ.ਅ.ਦਲ, ਲੈਫਟੀਨੈਂਟ ਜਨਰਲ ਜਸਬੀਰ ਸਿੰਘ ਢਿੱਲੋਂ, ਸਰਬਜੀਤ ਸਿੰਘ ਥਿਆੜਾ ਬੋਸਟਨ, ਮੋਹਨ ਲਾਲ ਕਲਸੀ ਸਾਬਕਾ ਬੈਂਕ ਮੈਨੇਜਰ, ਸੰਸਾਰ ਪ੍ਰਸਿੱਧ ਸਾਈਕਲਿਸਟ ਬਲਰਾਜ ਸਿੰਘ ਚੌਹਾਨ, ਲਾਇਨ ਡਾਕਟਰ ਤੇਜਬੀਰ ਸਿੰਘ ਧਾਲੀਵਾਲ ਸਕੱਤਰ, ਭੁਪਿੰਦਰ ਸਿੰਘ ਵੱਲੋ ਸ਼ਰਧਾਂਜ਼ਲੀ ਭੇਟ ਕੀਤੀ ਗਈ।

# ਰੰਗਕਰਮੀ ਕੈਲਾਸ਼ ਕੌਰ ਨੂੰ ਸਿਜਦਾ



ਜਲੰਧਰ : ਪੰਜਾਬੀ ਰੰਗਮੰਚ ਦੇ ਵਿਹੜੇ ਦੇ ਦੁਆਰ ਲੜਕੀਆਂ ਦੀ ਅਦਾਕਾਰੀ ਲਈ ਖੋਲ੍ਹਣ ਦੀ ਲਾ ਮਿਸਾਲ ਭੂਮਿਕਾ ਦੀ ਪਹਿਲ ਕਰਨ ਵਾਲੀ ਕਤਾਰ ਦੀ ਜਾਣੀ ਪਹਿਚਾਣੀ ਨਾਇਕਾ ਸ੍ਰੀਮਤੀ ਕੈਲਾਸ਼ ਕੌਰ ਦੀਆਂ ਅਸਥੀਆਂ ਪਰਿਵਾਰ, ਸਾਕ ਸੰਬੰਧੀਆਂ ਅਤੇ ਸੰਗੀ ਸਾਥੀਆਂ ਵੱਲੋਂ 12 ਅਕਤੂਬਰ ਹੁਸੈਨੀਵਾਲਾ ਵਿਖੇ ਜਲ ਪ੍ਰਵਾਹ ਕੀਤੀਆਂ ਜਾਣਗੀਆਂ।ਇਸ ਰਸਮ ਨੂੰ ਸਮੇਂ ਸਿਰ ਵਿਧੀ ਪੂਰਵਕ ਨੇਪਰੇ ਚਾੜ੍ਹਨ ਲਈ ਇਕੱਠੇ ਹੋਣ ਦਾ ਪੱਕਾ ਸਮਾਂ 12 ਅਕਤੂਬਰ ਸਵੇਰੇ 10 ਵਜੇ ਸਾਰਾਗੜ੍ਹੀ ਗੁਰਦੁਆਰਾ ਫ਼ਿਰੋਜ਼ਪੁਰ ਛਾਉਣੀ ਦੇ ਪਾਰਕ ਵਿਖੇ ਰੱਖਿਆ ਗਿਆ ਹੈ।ਜ਼ਿਕਰਯੋਗ ਹੈ ਕਿ ਦੂਜੇ ਦਿਨ 13 ਅਕਤੂਬਰ ਨੂੰ ਠੀਕ 11:30 ਵਜੇ ਐਮਾਰ ਹੈਬੀਟੈਟ ਕਲੱਬ ਸੈਕਟਰ 105 ਮੋਹਾਲੀ ਵਿਖੇ ਸ਼ਰਧਾਂਜਲੀ ਸਮਾਗਮ ਹੋਏਗਾ।

# ਨਸ਼ਿਆਂ ਤੇ ਅਪਰਾਧੀਆਂ ਖਿਲਾਫ਼ ਚਲਾਇਆ ਕਾਸੋ ਅਭਿਆਨ

ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)-ਜਲੰਧਰ ਜ਼ਿਲ੍ਹੇ (ਦਿਹਾਤੀ) ਵਿੱਚ ਨਸ਼ਿਆਂ ਅਤੇ ਸੜਕ ਪੱਧਰ 'ਤੇ ਅਪਰਾਧੀਆਂ ਖਿਲਾਫ਼ ਕਾਰਡਨ ਐਂਡ ਸਰਚ (ਕਾਸੋ) ਅਭਿਆਨ ਚਲਾਇਆ ਗਿਆ।ਏ.ਡੀ.ਜੀ.ਪੀ. ਐਮ.ਐਫ. ਫਾਰੂਕੀ ਨੇ ਨਿਰੀਖਣ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਸ ਅਭਿਆਨ ਦਾ ਮੁੱਖ ਉਦੇਸ਼ ਜ਼ਿਲ੍ਹੇ ਨੂੰ ਨਸ਼ੇ ਦੀ ਸਮੱਸਿਆ ਤੋਂ ਮੁਕਤ ਕਰਨਾ ਅਤੇ ਸਮਾਜ ਵਿੱਚ ਅਸ਼ਾਂਤੀ ਫੈਲਾਉਣ ਵਾਲੇ ਅਪਰਾਧੀਆਂ 'ਤੇ ਸ਼ਿਕੰਜਾ ਕੱਸਣਾ ਹੈ। ਉਨ੍ਹਾਂ ਕਿਹਾ ਕਿ ਸਾਡਾ ਉਦੇਸ਼ ਸਿਰਫ਼ ਅਪਰਾਧੀਆਂ ਨੂੰ ਫੜਨਾ ਹੀ ਨਹੀਂ ਸਗੋਂ ਸਮਾਜ ਨੂੰ ਨਸ਼ਿਆਂ ਵਰਗੀ ਬੁਰਾਈ ਤੋਂ ਮੁਕਤ ਕਰਨਾ ਹੈ।ਉਨ੍ਹਾਂ ਕਿਹਾ ਕਿ ਇਹ ਅਭਿਆਨ ਭਵਿੱਖ ਵਿੱਚ ਵੀ ਜਾਰੀ ਰਹੇਗਾ ਅਤੇ ਪੰਜਾਬ ਪੁਲਿਸ ਸਮਾਜ ਨੂੰ ਸੁਰੱਖਿਅਤ ਅਤੇ ਸਿਹਤਮੰਦ ਬਣਾਉਣ ਲਈ ਵਚਨਬੱਧ ਹੈ।ਐਸ.ਐਸ.ਪੀ. ਹਰਕਮਲ ਪ੍ਰੀਤ ਸਿੰਘ ਖੱਖ ਨੇ ਇਸ ਦੌਰਾਨ ਅਭਿਆਨ ਦੀ ਸਫ਼ਲਤਾ 'ਤੇ ਤਸੱਲੀ ਪ੍ਰਗਟ ਕਰਦਿਆਂ ਕਿਹਾ ਕਿ ਅਜਿਹੇ ਆਪ੍ਰੇਸ਼ਨ ਨਾਲ ਸਮਾਜ ਵਿੱਚ ਸ਼ਾਂਤੀ ਅਤੇ ਸੁਰੱਖਿਆ ਦਾ ਮਾਹੌਲ ਬਣੇਗਾ।

# ਵਿਦਿਆਰਥਣਾਂ ਨੂੰ ਸਟੇਸ਼ਨਰੀ ਵੰਡੀ



ਫਗਵਾੜਾ (ਡਾ. ਰਮਨ) ਨਵ-ਗਠਿਤ ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਵਲੋਂ ਸਮਾਜ ਸੇਵਾ ਦੇ ਕੰਮਾਂ ਨੂੰ ਅੱਗੇ ਵਧਾਉਂਦੇ ਹੋਏ ਕਲੱਬ ਦੇ ਪ੍ਰਧਾਨ ਲਾਇਨ ਸੰਜੀਵ ਸੂਰੀ ਐਮ ਜੇ ਐਫ ਦੀ ਪ੍ਰਧਾਨਗੀ ਹੇਠ ਸਥਾਨਕ ਹਦੀਆਬਾਦ ਵਿਖੇ ਸਥਿਤ ਪੁਤਰੀ ਪਾਠਸ਼ਾਲਾ ਵਿੱਚ ਪੜ੍ਹਦੀਆਂ ਵਿਦਿਆਰਥਣਾਂ ਨੂੰ ਸਟੇਸ਼ਨਰੀ ਦਾ ਸਮਾਨ ਕਾਪੀਆਂ, ਪੈਨ, ਪੈਨਸਿਲ ਆਦਿ ਵੰਡਿਆ ਗਿਆ। ਇਸ ਦੌਰਾਨ ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ (ਪੀਸ ਪੋਸਟਰ) ਲਾਇਨ ਗੁਰਦੀਪ ਸਿੰਘ ਕੰਗ ਐਮ ਜੇ ਐਫ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ। ਉਨ੍ਹਾਂ ਕਲੱਬ ਵੱਲੋਂ ਸ਼੍ਰੀ ਦੁਰਗਾ ਅਸ਼ਟਮੀ ਦੇ ਸ਼ੁਭ ਮੌਕੇ ਸਕੂਲ ਦੀਆਂ ਛੋਟੀਆਂ ਵਿਦਿਆਰਥਣਾਂ ਨੂੰ ਸਟੇਸ਼ਨਰੀ ਵੰਡਣ ਦੇ ਕੀਤੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਸਟੇਸ਼ਨਰੀ ਵੰਡਣ ਦੀ ਸ਼ੁਰੂਆਤ ਕਰਵਾਈ। ਇਸ ਤੋਂ ਪਹਿਲਾਂ ਸਕੂਲ ਦੇ ਵਿਹੜੇ 'ਚ ਪਹੁੰਚਣ 'ਤੇ ਲਾਇਨ ਗੁਰਦੀਪ ਸਿੰਘ ਕੰਗ, ਲਾਇਨ ਸੰਜੀਵ ਸੂਰੀ ਅਤੇ ਹੋਰਨਾਂ ਪਤਵੰਤਿਆਂ ਦਾ ਸਕੂਲ ਸਟਾਫ਼ ਵੱਲੋਂ ਨਿੱਘਾ ਸਵਾਗਤ ਕੀਤਾ। ਲਾਇਨ ਗੁਰਦੀਪ ਸਿੰਘ ਕੰਗ ਨੇ ਕਿਹਾ ਕਿ ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਆਪਣੇ ਗਠਨ ਤੋਂ ਲੈ ਕੇ ਹੁਣ ਤੱਕ ਸਮਾਜ ਸੇਵਾ ਦੇ ਖੇਤਰ ਵਿੱਚ ਸਰਗਰਮੀ ਨਾਲ ਕੰਮ ਕਰ ਰਿਹਾ ਹੈ। ਅੰਤ 'ਚ ਸਕੂਲ ਸਟਾਫ਼ ਮੈਡਮ ਮੋਨਿਕਾ ਸ਼ਰਮਾ ਨੇ ਕਲੱਬ ਮੈਂਬਰਾਂ ਅਤੇ ਮੁੱਖ ਮਹਿਮਾਨ ਗੁਰਦੀਪ ਸਿੰਘ ਕੰਗ ਦਾ ਸਕੂਲ ਪਹੁੰਚਣ 'ਤੇ ਧੰਨਵਾਦ ਕੀਤਾ। ਇਸ ਮੌਕੇ ਕਲੱਬ ਦੇ ਕੈਸ਼ੀਅਰ ਲਾਇਨ ਅਜੇ ਕੁਮਾਰ, ਪੀ ਆਰ ਓ ਲਾਇਨ ਸਤਵਿੰਦਰ ਸਿੰਘ ਭਮਰਾ, ਲਾਇਨ ਸੰਜੀਵ ਲਾਂਬਾ, ਲਾਇਨ ਸੁਮਿਤ ਭੰਡਾਰੀ, ਲਾਇਨ ਮਨੋਜ ਕੁਮਾਰ, ਲਾਇਨ ਸਾਰੰਗ ਨਿਸਚਲ, ਲਾਇਨ ਵਿੱਕੀ ਚੁੰਬਰ ਆਦਿ ਹਾਜ਼ਰ ਸਨ।

# ਏ ਜੀ ਆਈ ਵੈੱਲਫੇਅਰ ਸਕੂਲ ਨੇ ਨਵਰਾਤਰੇ ਦੀ ਅਸ਼ਟਮੀ ਮਨਾਈ



ਜਲੰਧਰ (ਰਾਜੇਸ਼ ਥਾਪਾ) ਜਲੰਧਰ ਹਾਈਟ 1, 66 ਫੁੱਟੀ ਰੋਡ ਵਿੱਚ ਸਤਾਪਥ ਏਜੀਆਈ ਵੈਲਫੇਅਰ ਸਕੂਲ ਦੇ ਬੱਚਿਆਂ ਨੇ ਨਵਰਾਤਰੀ ਦੀ ਅਸ਼ਟਮੀ ਬੜੀ ਧੂਮਧਾਮ ਅਤੇ ਸ਼ਰਧਾ ਨਾਲ ਮਨਾਈ।ਇਹ ਦਿਨ, ਦੁਰਗਾ ਪੂਜਨ ਵਜੋਂ ਜਾਣਿਆ ਜਾਂਦਾ ਹੈ, ਦੇਵੀ ਦੁਰਗਾ ਦੀ ਪੂਜਾ ਨੂੰ ਸਮਰਪਿਤ ਹੈ।ਸਕੂਲ ਦੀਆਂ ਵਿਦਿਆਰਥਣਾਂ ਨੇ ਇਸ ਸਮਾਗਮ ਦਾ ਮੁੱਖ ਪਾਸਾਰ ਕੀਤਾ। ਉਨ੍ਹਾਂ ਨੇ ਚਮਕਦਾਰ ਅਤੇ ਰੰਗੀਨ ਕੱਪੜੇ ਪਹਿਨੇ ਅਤੇ ਉਤਸ਼ਾਹ ਨਾਲ ਰਸਮਾਂ ਵਿੱਚ ਹਿੱਸਾ ਲਿਆ।ਸਕੂਲ ਅਤੇ ਸੰਸਥਾਵਾਂ ਅਕਸਰ ਇਸ ਮੌਕੇ ਨੂੰ ਦੇਵੀ ਦਾ ਸਨਮਾਨ ਕਰਨ ਅਤੇ ਤਿਉਹਾਰਾਂ ਦੀ ਖੁਸ਼ੀ ਫੈਲਾਉਣ ਲਈ ਸੱਭਿਆਚਾਰਕ ਪ੍ਰੋਗਰਾਮਾਂ, ਵਿਸ਼ੇਸ਼ ਪ੍ਰਾਰਥਨਾਵਾਂ ਅਤੇ ਰਸਮਾਂ ਨਾਲ ਮਨਾਉਂਦੇ ਹਨ।ਵਿਦਿਆਰਥੀਆਂ ਨੇ ਦੇਵੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਕੇ ਮਾਹੌਲ ਖੁਸ਼ੀਆਂ ਅਤੇ ਸ਼ਰਧਾ ਨਾਲ ਭਰਿਆ ਹੋਇਆ ਬਣਾਇਆ।ਆਪਣੀ ਭਾਗੀਦਾਰੀ ਦੁਆਰਾ, ਉਹਨਾਂ ਨੇ ਨਵਰਾਤਰੀ ਅਤੇ ਦੁਰਗਾ ਪੂਜਨ ਦੀ ਅਸਲ ਭਾਵਨਾ ਦਾ ਸਨਮਾਨ ਕੀਤਾ, ਜਿਸ ਨਾਲ ਸਕੂਲ ਨੇ ਇਸ ਦਿਨ ਨੂੰ ਸਾਰਿਆਂ ਲਈ ਵਿਸ਼ੇਸ਼ ਬਣਾਇਆ।ਏਜੀਆਈ ਐਜੂਕੇਸ਼ਨਲ ਸੁਸਾਇਟੀ ਅਤੇ ਏਜੀਆਈ ਵੈਲਫੇਅਰ ਸਕੂਲ ਦੀ ਚੇਅਰਪਰਸਨ ਸ਼੍ਰੀਮਤੀ ਸਲਵਿੰਦਰਜੀਤ ਕੌਰ ਨੇ ਇੱਕ ਅਹਿਮ ਸੰਦੇਸ਼ ਸਾਂਝਾ ਕੀਤਾ।ਸ਼੍ਰੀਮਤੀ ਸਲਵਿੰਦਰਜੀਤ ਕੌਰ ਨੇ ਵਿਸ਼ੇਸ਼ ਤੌਰ 'ਤੇ ਲੜਕੀਆਂ ਦੀ ਸਿੱਖਿਆ ਅਤੇ ਉਨ੍ਹਾਂ ਦੇ ਵਿਕਾਸ ਤੇ ਧਿਆਨ ਦੇਣ ਬਾਰੇ ਜ਼ੋਰ ਦਿੱਤਾ। ਸ਼੍ਰੀਮਤੀ ਕੌਰ ਨੇ ਇਸ ਵਿਸ਼ੇਸ਼ ਦਿਨ 'ਤੇ ਹਰ ਬੱਚੇ ਦੀ ਪੜ੍ਹਾਈ, ਖਾਸ ਕਰਕੇ ਲੜਕੀਆਂ ਲਈ ਸੋਚਣ ਲਈ ਖੁਸ਼ੀ ਪ੍ਰਗਟ ਕੀਤੀ।

# ਏਅਰ ਫੋਰਸ ਸਟੇਸ਼ਨ ਦੇ ਆਲੇ-ਦੁਆਲੇ ਮਾਸਾਹਾਰੀ ਦੁਕਾਨਾਂ ਚਲਾਉਣ 'ਤੇ ਪਾਬੰਦੀ

ਮੋਹਾਲੀ, (ਗੁਰਜੀਤ ਬਿੱਲਾ) ਜ਼ਿਲ੍ਹਾ ਮੈਜਿਸਟਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਸ੍ਰੀਮਤੀ ਆਸ਼ਿਕਾ ਜੈਨ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ-2023 ਦੀ ਧਾਰਾ 163 ਦੇ ਅਧਿਆਇ 11 ਅਧੀਨ ਜ਼ਿਲ੍ਹੇ ਦੇ ਏਅਰ ਫੋਰਸ ਸਟੇਸ਼ਨ ਤੋਂ ਇਕ ਹਜ਼ਾਰ ਮੀਟਰ ਏਰੀਏ (ਜ਼ਿਲ੍ਹੇ ਦੀ ਹਦੂਦ ਅੰਦਰ) ਦੇ ਆਲੇ-ਦੁਆਲੇ ਮਾਸਾਹਾਰੀ ਦੁਕਾਨਾਂ ਚਲਾਉਣ ਅਤੇ ਇਸ ਦੀ ਰਹਿੰਦ-ਖੂੰਹਦ ਨੂੰ ਸੁੱਟਣ 'ਤੇ ਪੂਰਨ ਤੌਰ ਉਤੇ ਪਾਬੰਦੀ ਲਾਉਣ ਦੇ ਹੁਕਮ ਜਾਰੀ ਕੀਤੇ ਹਨ ਤਾਂ ਜੋ ਹਵਾਈ ਜਹਾਜ਼ਾਂ ਨਾਲ ਕੋਈ ਹਾਦਸਾ ਨਾ ਵਾਪਰੇ, ਕੋਈ ਜਾਨੀ-ਮਾਲੀ ਨੁਕਸਾਨ ਨਾ ਹੋਵੇ। ਇਹ ਹੁਕਮ 11 ਅਕਤੂਬਰ ਤੋਂ 10 ਦਸੰਬਰ, 2024 ਤੱਕ ਲਾਗੂ ਰਹਿਣਗੇ।ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀਮਤੀ ਆਸ਼ਿਕਾ ਜੈਨ ਨੇ ਦੱਸਿਆ ਕਿ ਧਿਆਨ ਵਿੱਚ ਆਇਆ ਹੈ ਕਿ ਏਅਰ ਫੋਰਸ਼ ਸਟੇਸ਼ਨ ਦੇ ਆਲੇ ਦੁਆਲੇ ਆਮ ਜਨਤਾ ਵਲੋਂ ਕਈ ਖਾਣ-ਪੀਣ ਦੀਆਂ ਦੁਕਾਨਾਂ ਖੋਲੀਆਂ ਹੋਈਆਂ ਹਨ, ਉਨ੍ਹਾਂ ਵਲੋਂ ਇਨ੍ਹਾਂ ਵਸਤਾਂ ਦੀ ਰਹਿੰਦ ਖੁੱਲ੍ਹੇ ਵਿਚ ਹੀ ਸੁੱਟ ਦਿੱਤੀ ਜਾਂਦੀ ਹੈ।

ਜਿਸ ਕਰਕੇ ਏਅਰ ਫੋਰਸ ਦੇ ਏਰੀਏ ਵਿਚ ਮਾਸਾਹਾਰੀ ਪੰਛੀ ਉਡਦੇ ਰਹਿੰਦੇ ਹਨ।ਇਨ੍ਹਾਂ ਦੇ ਉਡਣ ਨਾਲ ਕਿਸੇ ਵੀ ਸਮੇਂ ਹਵਾਈ ਜਹਾਜ਼ ਨਾਲ ਟਕਰਾਉਣ ਕਰਕੇ ਹਾਦਸਾ ਵਾਪਰਨ ਦਾ ਡਰ ਬਣਿਆ ਰਹਿੰਦਾ ਹੈ ਜੋ ਕਿ ਰਾਸ਼ਟਰੀ ਸੁਰੱਖਿਆ ਲਈ ਵੀ ਖਤਰੇ ਦਾ ਕਾਰਨ ਬਣਦਾ ਹੈ ਅਤੇ ਸੈਨਾ ਵਲੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਵਿਚ ਵੀ ਵਿਘਨ ਪੈਦਾ ਕਰਦਾ ਹੈ।

# ਖਹਿਰਾ 'ਚ ਸਰਬਸੰਮਤੀ ਨਾਲ਼ ਪੰਚਾਇਤ ਦੀ ਚੋਣ 'ਤੇ ਵਿਧਾਇਕ ਵੱਲੋਂ ਪਿੰਡ ਵਾਸੀਆਂ ਨੂੰ ਵਧਾਈ



ਫਿਲੌਰ (ਬੀ ਐਸ ਕੈਨੇਡੀ) ਪੰਜਾਬ ਵਿੱਚ ਪੰਚਾਇਤੀ ਚੋਣਾਂ ਦਾ ਪਿੜ ਪੂਰੀ ਤਰ੍ਹਾਂ ਭਖ ਚੁੱਕਾ ਹੈ।ਫਿਲੌਰ ਨਜ਼ਦੀਕੀ ਪਿੰਡ ਖੈਹਿਰਾ ਦੇ ਲੋਕਾਂ ਨੇ ਸਰਬਸੰਮਤੀ ਨਾਲ਼ ਪੰਚਾਇਤ ਦੀ ਚੋਣ ਕਰਕੇ ਚੰਗੀ ਪਿਰਤ ਪਾਈ ਹੈ। ਬੀਬੀ ਅਨੀਤਾ ਰਾਣੀ ਨੂੰ ਸਰਪੰਚ ਅਤੇ ਬੀਬੀ ਨੀਲਮ ਰਾਣੀ, ਬੀਬੀ ਕਮਲਾ ਰਾਣੀ, ਬੀਬੀ ਮਨਜੀਤ ਕੌਰ ਅਤੇ ਸ. ਹਰਮੇਸ ਲਾਲ, ਜਰਨੈਲ ਰਾਮ, ਸੁਖਜਿੰਦਰ ਸਿੰਘ, ਵਰਿੰਦਰ ਸਿੰਘ ਨੂੰ ਮੈਂਬਰ ਪੰਚਾਇਤ ਵੱਜੋਂ ਚੁਣਿਆ ਗਿਆ। ਇਸ ਮੌਕੇ ਹਲਕਾ ਫਿਲੌਰ ਦੇ ਸਾਬਕਾ ਵਿਧਾਇਕ ਬਲਦੇਵ ਸਿੰਘ ਖੈਹਿਰਾ ਨੇਂ ਜਿੱਥੇ ਪਿੰਡ ਵਾਸੀਆਂ ਨੂੰ ਵਧਾਈ ਦਿੱਤੀ ਉੱਥੇ ਹੀ ਭਾਈਚਾਰੇ ਦਾ ਸਬੂਤ ਦਿੰਦੇ ਹੋਏ ਇਸ ਉਪਰਾਲੇ ਲਈ ਪਿੰਡ ਵਾਸੀਆਂ, ਪਿੰਡ ਦੇ ਪਤਵੰਤੇ ਸੱਜਣਾਂ ਅਤੇ ਸਰਬਸੰਮਤੀ ਵਿੱਚ ਨਿਰਣਾਇਕ ਭੂਮਿਕਾ ਨਿਭਾਉਣ ਵਾਲ਼ੇ ਐਨ ਆਰ ਆਈ ਵੀਰਾਂ ਦਾ ਵੀ ਧੰਨਵਾਦ ਕੀਤਾ।ਉਹਨਾਂ ਨਵੀਂ ਚੁਣੀ ਗਈ ਪੰਚਾਇਤ ਨੂੰ ਆਪਣੇ ਵੱਲੋਂ ਸ਼ੁਭਕਾਮਨਾਵਾਂ ਵੀ ਦਿੱਤੀਆਂ।

# ਗੀਤਾ ਕਾਲੋਨੀ 'ਚ ਅਧੂਰੇ ਪਏ ਕਾਰਜਾਂ ਨੂੰ ਲੈ ਕੇ ਮੀਟਿੰਗ



ਕਾਲਾ ਸੰਘਿਆਂ (ਮਨਜੀਤ ਮਾਨ) ਨਵਜੀਵਨ ਵੈਲਫੇਅਰ ਸੁਸਾਇਟੀ ਜਲੰਧਰ ਦੇ ਜਨਰਲ ਸਕੱਤਰ ਅਵਤਾਰ ਸਿੰਘ ਦੀ ਰਹਿਨੁਮਾਈ ਹੇਠ ਉਨ੍ਹਾਂ ਦੇ ਗ੍ਰਹਿ ਗੀਤਾ ਕਲੋਨੀ ਵਿਖੇ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ, ਜਿਸ ਵਿੱਚ ਅਹੁਦੇਦਾਰਾਂ, ਵਰਕਰਾਂ ਤੇ ਕਲੋਨੀਆਂ ਦੇ ਲੋਕਾਂ ਨੇ ਹਿੱਸਾ ਲਿਆ ਇਸ ਮੀਟਿੰਗ ਵਿੱਚ ਇਲਾਕੇ ਦੀਆਂ ਕਲੋਨੀਆਂ ਦੀਆਂ ਭਖਦੀਆਂ, ਸਮੱਸਿਆਵਾਂ ਤੇ ਕਲੋਨੀਆਂ ਦੇ ਅਧੂਰੇ ਪਏ ਵਿਕਾਸ ਕਾਰਜਾਂ ਨੂੰ ਨੇਪਰੇ ਚਾੜ੍ਹਨ ਲਈ ਵਿਚਾਰ ਚਰਚਾ ਕੀਤੀ ਗਈ ਇਸ ਮੀਟਿੰਗ ਵਿੱਚ ਇਲਾਕੇ ਦੀਆਂ ਕਲੋਨੀਆਂ ਗੀਤਾ ਕਾਲੋਨੀ, ਗ੍ਰੀਨ ਐਵੀਨਿਊ, ਕਾਂਸ਼ੀ ਨਗਰ, ਕੋਟ ਸਦੀਕ, ਸਾਂਈ ਕਲੋਨੀ, ਖੇੜਾ ਕਲੋਨੀ, ਨਿਊ ਗੀਤਾ ਕਾਲੋਨੀ, ਚਰਚ ਕਲੋਨੀ, ਪੁੱਡਾ ਕਲੋਨੀ, ਈਸਟ ਇੰਨਕਲੇਵ ,ਨਿਊ ਦਸਮੇਸ਼ ਨਗਰ, ਤਿਲਕ ਨਗਰ, ਦੁਬਈ ਕਲੋਨੀ, ਈਸ਼ਵਰ ਨਗਰ ਆਦਿ ਕਲੋਨੀਆਂ ਦੀਆਂ ਗੰਭੀਰ ਸਮੱਸਿਆਵਾਂ 'ਤੇ ਚਾਨਣਾ ਪਾਇਆ। ਇਸ ਮੌਕੇ ਸੁਸਾਇਟੀ ਦੇ ਚੇਅਰਮੈਨ ਬਾਲਕ੍ਰਿਸ਼ਨ, ਪ੍ਰਧਾਨ ਬਲਵਿੰਦਰ ਕੁਮਾਰ, ਜਨਰਲ ਸਕੱਤਰ ਅਵਤਾਰ ਸਿੰਘ ਨੇ ਪ੍ਰੈੱਸ ਦੇ ਨਾਂਅ ਇਕ ਲਿਖਤੀ ਬਿਆਨ ਜਾਰੀ ਕਰਦਿਆਂ ਕਿਹਾ ਕਿ ਇਨ੍ਹਾਂ ਕਲੋਨੀਆਂ ਵਿੱਚ ਮਾੜਾ ਸੀਵਰੇਜ ਪ੍ਰਬੰਧ, ਟੁੱਟੀਆਂ ਤੇ ਖੱਡੇ ਭਰਪੂਰ ਟੁੱਟੀਆਂ ਸੜਕਾਂ, ਬੰਦ ਪਈਆ ਸਟਰੀਟ ਲਾਈਟਾਂ ਨੂੰ ਚਾਲੂ ਕਰਵਾਉਣ ਲਈ ਜਿਨ੍ਹਾਂ ਕਲੋਨੀਆਂ ਵਿੱਚ ਕਲੋਨੀਆਂ ਵਿੱਚ ਅਜੇ ਤੱਕ ਸਟਰੀਟ ਲਾਈਟਾਂ ਨਹੀਂ ਲੱਗੀਆਂ, ਨਵੀਆਂ ਲਾਈਟਾਂ ਦਾ ਪ੍ਰਬੰਧ ਕਰਵਾਉਣ ਅਤੇ ਗੁੱਜਰਾ ਦੇ ਪਸ਼ੂਆਂ ਤੇ ਅਵਾਰਾ ਪਸ਼ੂਆਂ ਦੀਆਂ ਸਮੱਸਿਆਂਵਾਂ ਨੂੰ ਹਲ ਕਰਵਾਉਣ ਲਈ ਖੁੱਲ੍ਹ ਕੇ ਵਿਚਾਰ ਵਟਾਂਦਰਾ ਕੀਤਾ ਗਿਆ ਉਕਤ ਆਗੂਆਂ ਨੇ ਕਿਹਾ ਕਿ ਅਵਾਰਾ ਪਸ਼ੂਆਂ ਅਤੇ ਗੁਜਰਾ ਦੇ ਪਸ਼ੂਆਂ ਦੇ ਕਾਰਨ ਕਈ ਲੋਕ ਇਨ੍ਹਾਂ ਹਾਦਸਿਆ ਦਾ ਸ਼ਿਕਾਰ ਹੋ ਚੁੱਕੇ ਹਨ ਤੇ ਕਈ ਲੋਕਾਂ ਦੀਆਂ ਇਨ੍ਹਾਂ ਹਾਦਸਿਆ ਵਿੱਚ ਕਈ ਕੀਮਤੀ ਜਾਨਾਂ ਜਾ ਚੁੱਕੀਆਂ ਹਨ ਉਕਤ ਆਗੂਆਂ ਨੇ ਕਿਹਾ ਕਿ ਇਨ੍ਹਾਂ ਸਮੱਸਿਆਵਾਂ ਨੂੰ ਹੱਲ ਕਰਵਾਉਣ ਸਬੰਧੀ ਬਹੁਤ ਜਲਦੀ ਹਰ ਮਹਿਕਮੇ ਦੇ ਉੱਚ ਅਧਿਕਾਰੀਆਂ, ਇਲਾਕੇ ਦੇ ਐਮ ਐਲ ਏ, ਕੈਬਨਿਟ ਮੰਤਰੀ ਮਹਿੰਦਰ ਭਗਤ ਨੂੰ ਇਲਾਕੇ ਦੀਆਂ ਕਲੋਨੀਆਂ ਦੀਆਂ ਸਮੱਸਿਆਂਵਾਂ ਤੋਂ ਜਾਣੂ ਕਰਵਾਕੇ ਜਲਦੀ ਇਨ੍ਹਾਂ ਸਮੱਸਿਆਵਾਂ ਦਾ ਹੱਲ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਲੋਨੀਆਂ ਵਿੱਚ ਕੂੜੇਦਾਨ ਰੱਖਣ ਲਈ ਅਤੇ ਮਿਊਸਿਪਲ ਕਾਰਪੋਰੇਸ਼ਨ ਦੇ ਉੱਚ ਅਧਿਕਾਰੀਆਂ ਨੂੰ ਸੇਵਾਦਾਰ ਲਗਾਉਣ ਤੇ ਕੂੜਾ ਕਰਕਟ ਨੂੰ ਚੁਕਵਾਉਣ ਦੀ ਅਪੀਲ ਕੀਤੀ ਜਾਵੇਗੀ। ਇਸ ਮੌਕੇ ਉਕਤ ਆਗੂਆਂ ਨੇ ਕਿਹਾ ਕਿ ਈਸਟ ਇਨਕਲੇਵ ਕਲੋਨੀ ਦੇ ਸੀਵਰੇਜ ਦਾ ਲਿੰਕ ਚਾਲੂ, ਪੁਵਾਉਣ ਲਈ ਉੱਚ ਅਧਿਕਾਰੀਆਂ ਨੂੰ ਮਿਲਿਆ ਜਾਵੇਗਾ ਉਕਤ ਆਗੂਆਂ ਨੇ ਕਿਹਾ ਕਿ ਨਵਜੀਵਨ ਵੈਲਫੇਅਰ ਸੁਸਾਇਟੀ ਸਮਾਜ ਸੇਵਾ ਦੇ ਨਾਲ ਨਾਲ ਪੰਜਾਬ ਸੂਬੇ ਨੂੰ ਨਸ਼ਾ ਮੁਕਤ ਕਰਵਾਉਣ ਲਈ ਵੀ ਆਪਣੀ ਮੁਹਿੰਮ ਵਿੱਢੇਗੀ ਇਸ ਮੌਕੇ ਨਵਜੀਵਨ ਵੈਲਫੇਅਰ ਸੁਸਾਇਟੀ ਦੇ ਚੇਅਰਮੈਨ ਬਾਲ ਕ੍ਰਿਸ਼ਨ ਬਾਲੀ, ਚੀਫ਼ ਔਰਗੇਨਾਈਜ਼ਰ ਡਾਕਟਰ ਤੀਰਥ ਰਾਮ ਭਿੱਖਣ, ਪ੍ਰਧਾਨ ਬਲਵਿੰਦਰ ਕੁਮਾਰ, ਜਨਰਲ ਸਕੱਤਰ ਅਵਤਾਰ ਸਿੰਘ, ਵਾਇਸ ਪ੍ਰਧਾਨ ਹਰਦੇਵ ਬਿੱਟੂ, ਸਹਾਇਕ ਸਕੱਤਰ ਟੇਕ ਚੰਦ, ਖਜਾਨਚੀ ਪ੍ਰਮੋਦ ਕੁਮਾਰ ਭਿੱਖਣ, ਪ੍ਰੈੱਸ ਸਕੱਤਰ ਪ੍ਰਦੀਪ ਕੁਮਾਰ ਸ਼ਰਮਾ,ਧਰਮਿੰਦਰ ਕੁਮਾਰ ਤੇ ਪ੍ਰੀਤਮ ਸਿੰਘ ਤੋਂ ਇਲਾਵਾ ਵੱਖ ਵੱਖ ਕਲੋਨੀਆਂ ਦੇ ਅਹੁਦੇਦਾਰ ਤੇ ਲੋਕ ਹਾਜ਼ਿਰ ਸਨ ।

# ਕਾਂਸ਼ੀ ਰਾਮ ਦਾ 18ਵਾਂ ਪ੍ਰੀਨਿਰਵਾਣ ਦਿਵਸ ਮਨਾਇਆ



ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ) ਬਾਮਸੇਫ, ਡੀ ਐਸ ਫੋਰ ਦਲਿਤ ਸੋਸ਼ਿਤ ਸਮਾਜ ਸੰਘਰਸ਼ ਸੰਮਤੀ ਅਤੇ ਬਹੁਜਨ ਸਮਾਜ ਪਾਰਟੀ ਦੇ ਸੰਸਥਾਪਕ ਸਾਹਿਬ ਸ਼੍ਰੀ ਕਾਂਸੀ ਰਾਮ ਜੀ ਦਾ 18ਵਾਂ ਪ੍ਰੀਨਿਰਵਾਣ ਦਿਵਸ ਪਿੰਡ ਹਿਆਲਾ ਵਿੱਚ ਮਨਾਇਆ ਗਿਆ।ਇਸ ਮੌਕੇ ਮਨੋਹਰ ਬੋਧ ਅਤੇ ਮੱਖਣ ਲਾਲ ਚੌਹਾਨ ਸਾਬਕਾ ਇੰਚਾਰਜ ਬਹੁਜਨ ਸਮਾਜ ਪਾਰਟੀ ਨੇ ਕਿਹਾ ਕਿ ਸਾਹਿਬ ਸ਼੍ਰੀ ਕਾਂਸੀ ਰਾਮ ਜੀ ਦੇ ਅਣਥੱਕ ਮਿਹਨਤ ਸਦਕਾ ਭਾਰਤ ਵਿੱਚ ਜਾਤੀ ਦੇ ਆਧਾਰਿਤ ਤੋੜੇ ਹੋਏ ਲੋਕਾਂ ਨੂੰ ਮਾਨਵਤਾ ਦੀ ਲੜੀ ਵਿਚ ਪਰੋਣ ਵਿੱਚ ਅਹਿਮ ਯੋਗਦਾਨ ਪਾਇਆ।ਉਨ੍ਹਾ ਅੱਗੇ ਕਿਹਾ ਕਿ ਜਦੋਂ ਸਾਹਿਬ ਸ਼੍ਰੀ ਕਾਂਸੀ ਰਾਮ ਜੀ ਨੇ ਬਾਬਾ ਸਾਹਿਬ ਅੰਬੇਡਕਰ ਜੀ ਦੁਆਰਾ ਦਿਵਾਏ ਅਧਿਕਾਰਾਂ ਦਾ ਸਹੀ ਢੰਗ ਨਾਲ ਇਸਤੇਮਾਲ ਕਰਨਾ ਸਿਖਾਇਆ ਤਾਂ ਭਾਰਤ ਦੀ ਰਾਜਨੀਤੀ ਵਿੱਚ ਭੂਚਾਲ ਲਿਆ ਦਿੱਤਾ ਤੇ ਘੱਟ ਗਿਣਤੀ ਦੀਆਂ ਸਰਕਾਰਾਂ ਬਣਨ ਲੱਗੀਆਂ ਜੋ ਸਮਾਜ ਦੇ ਹਿੱਤ ਵਿੱਚ ਕੰਮ ਕਰਨ ਲੱਗੀਆਂ।ਜਦੋਂ ਤੋਂ ਸਾਹਿਬ ਸ਼੍ਰੀ ਕਾਂਸੀ ਰਾਮ ਦੇ ਅੰਦੋਲਨ ਬਹੁਜਨ ਹਿਤਾਏ ਬਹੁਜਨ ਸੁਖਾਏ ਦੇ ਸੰਕਲਪ ਤੋਂ ਪਿੱਛੇ ਹਟ ਕੇ ਸਰਵਜਨ ਹਿਤਾਏ ਸਰਵਜਨ ਸੁਖਾਏ ਦੇ ਨਾਅਰੇ ਨੂੰ ਅਪਨਾਇਆ ਉਸ ਸਮੇਂ ਤੋਂ ਬਹੁਜਨ ਰਾਜਨੀਤੀ ਵਿੱਚ ਗਿਰਾਵਟ ਆਉਣੀ ਸ਼ੁਰੂ ਹੋ ਗਈ ਜਿਸ ਦੇ ਨਤੀਜੇ ਦੇਖਣ ਨੂੰ ਮਿਲ ਰਹੇ ਹਨ। ਚੌਹਾਨ ਨੇ ਅੱਗੇ ਕਿਹਾ ਕਿ ਸਾਹਿਬ ਸ਼੍ਰੀ ਕਾਂਸੀ ਰਾਮ ਦੇ ਅੰਦੋਲਨ ਨੂੰ ਸਮੰਤਵਾਦੀ ਲੋਕ ਖਤਮ ਕਰਨ ਵਿੱਚ ਲੱਗੇ ਹੋਏ ਹਨ ਪਰ ਬਹੁਜਨ ਸਮਾਜ ਕਾਂਸੀ ਰਾਮ ਦੇ ਅੰਦੋਲਨ 'ਤੇ ਚਲ ਕੇ ਦੇਸ਼ ਦਾ ਹੁਕਮਰਾਨ ਸਮਾਜ ਬਣ ਸਕਦਾ ਹੈ।ਇਸ ਮੌਕੇ ਸੁਰਜੀਤ ਕਰੀਮਪੁਰੀ, ਸੁਰਜੀਤ ਸਿੰਘ ਉੜਾਪੜ, ਜਸਵਿੰਦਰ ਸਿੰਘ, ਰੀਟਾ ਚੌਹਾਨ, ਹਰਮੇਸ਼ ਲਾਲ, ਐਡਵੋਕੇਟ ਰਜਨੀ ਚੌਹਾਨ, ਇਸ ਤੋ ਇਲਾਵਾ ਹੋਰ ਹਾਜ਼ਰ ਸਨ।

# ਪੰਚਾਇਤੀ ਚੋਣਾਂ ਦੇ ਮੱਦੇਨਜ਼ਰ ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਵੱਖ-ਵੱਖ ਹੁਕਮ ਜਾਰੀ

ਜਲੰਧਰ, :(ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ) ਪੰਚਾਇਤੀ ਚੋਣਾਂ-2024 ਦੌਰਾਨ ਅਮਨ ਕਾਨੂੰਨ ਬਣਾਈ ਰੱਖਣ ਅਤੇ ਆਜ਼ਾਦ ਤੇ ਨਿਰਪੱਖ ਵੋਟਿੰਗ ਲਈ ਅਨੁਕੂਲ ਮਾਹੌਲ ਸਿਰਜਣ ਲਈ ਜ਼ਿਲ੍ਹਾ ਮੈਜਿਸਟ੍ਰੇਟ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ (ਬੀ.ਐਨ.ਐਨ.ਐਸ.), 2023 ਦੀ ਧਾਰਾ 163 ਤਹਿਤ ਵੱਖ-ਵੱਖ ਹੁਕਮ ਜਾਰੀ ਕੀਤੇ ਗਏ ਹਨ।ਜਾਰੀ ਹੁਕਮਾਂ ਅਨੁਸਾਰ ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਜ਼ਿਲ੍ਹਾ ਜਲੰਧਰ ਦੇ ਅਧਿਕਾਰ ਖੇਤਰ ਜਿੱਥੇ ਪੰਚਾਇਤੀ ਚੋਣਾਂ ਕਰਵਾਈਆਂ ਜਾ ਰਹੀਆਂ ਹਨ, ਵਿਖੇ 5 ਤੋਂ ਵੱਧ ਵਿਅਕਤੀਆਂ ਦੀ ਜਨਤਕ ਮੀਟਿੰਗ 'ਤੇ 48 ਘੰਟਿਆਂ ਦੀ ਮਿਆਦ ਲਈ ਭਾਵ 13-10-2024 ਨੂੰ ਸ਼ਾਮ 4:00 ਵਜੇ ਤੋਂ 15-10-2024 ਨੂੰ ਵੋਟਾਂ ਦੀ ਸਮਾਪਤੀ ਤੱਕ ਪਾਬੰਦੀ ਲਗਾਈ ਗਈ ਹੈ। ਜਾਰੀ ਕੀਤੇ ਹੁਕਮ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਡੋਰ-ਟੂ-ਡੋਰ ਪ੍ਰਚਾਰ ਤਹਿਤ ਸਿਰਫ਼ ਚਾਰ ਵਿਅਕਤੀਆਂ ਦੇ ਸਮੂਹ ਨਾਲ 48 ਘੰਟਿਆਂ ਦੌਰਾਨ ਘਰ-ਘਰ ਜਾਣ 'ਤੇ ਪਾਬੰਦੀ ਨਹੀਂ ਹੋਵੇਗੀ।ਇਹ ਹੁਕਮ 13 ਅਕਤੂਬਰ ਨੂੰ ਸ਼ਾਮ 4 ਵਜੇ ਤੋਂ 15 ਅਕਤੂਬਰ 2024 ਨੂੰ ਵੋਟਾਂ ਦੀ ਸਮਾਪਤੀ ਤੱਕ ਲਾਗੂ ਰਹੇਗਾ। ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਜਾਰੀ ਇਕ ਹੋਰ ਹੁਕਮਾਂ ਅਨੁਸਾਰ ਕੋਈ ਵੀ ਸਿਆਸੀ ਪਾਰਟੀ ਵੋਟਾਂ ਵਾਲੇ ਦਿਨ ਮਿਤੀ 15 ਅਕਤੂਬਰ ਨੂੰ ਪੋਲਿੰਗ ਸਟੇਸ਼ਨ ਦੇ 100 ਮੀਟਰ ਦੇ ਘੇਰੇ ਵਿੱਚ ਪ੍ਰਚਾਰ ਨਹੀਂ ਕਰੇਗੀ। ਇਹ ਹੁਕਮ 15 ਅਕਤੂਬਰ 2024 ਨੂੰ ਲਾਗੂ ਹੋਣਗੇ।

# ਰਿਆਤ ਬਾਹਰਾ 'ਚ ਨਗਰ ਨਿਗਮ ਦੇ ਸਫ਼ਾਈ ਮਿੱਤਰਾਂ ਦਾ ਮਨੋਬਲ ਵਧਾਉਣ ਲਈ ਵਿਸ਼ੇਸ਼ ਪ੍ਰੋਗਰਾਮ



ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ) ਰਿਆਤ ਬਾਹਰਾ ਐਜੂਕੇਸ਼ਨ ਸਿਟੀ ਵਿਖੇ ਸਿੱਖਿਆ ਸਮਾਜਿਕ ਜ਼ਿੰਮੇਵਾਰੀ ਅਧੀਨ ਨਗਰ ਨਿਗਮ ਵਿੱਚ ਕੰਮ ਕਰਦੇ ਸਫ਼ਾਈ ਮਿੱਤਰਾਂ ਲਈ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ।ਇਸ ਪ੍ਰੋਗਰਾਮ ਦਾ ਉਦੇਸ਼ ਸਫ਼ਾਈ ਮਿੱਤਰਾਂ ਦਾ ਮਨੋਰੰਜਨ ਅਤੇ ਸਨਮਾਨ ਕਰਨਾ ਸੀ। ਪ੍ਰੋਗਰਾਮ ਵਿੱਚ ਸਫ਼ਾਈ ਮਿੱਤਰਾਂ ਮਿੱਤਰਾਂ ਲਈ ਵੱਖ-ਵੱਖ ਤਰ੍ਹਾਂ ਦੀਆਂ ਮਨੋਰੰਜਕ ਖੇਡਾਂ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸਫ਼ਾਈ ਮਿੱਤਰਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ।ਇਸ ਮੌਕੇ ਰਿਆਤ ਬਾਹਰਾ ਗਰੁੱਪ ਦੇ ਚੇਅਰਮੈਨ ਗੁਰਵਿੰਦਰ ਸਿੰਘ ਬਾਹਰਾ ਨੇ ਸਫ਼ਾਈ ਮਿੱਤਰਾਂ ਦਾ ਸੁਆਗਤ ਕਰਦਿਆਂ ਉਨ੍ਹਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਫ਼ਾਈ ਮਿੱਤਰਾਂ ਦੀ ਮਿਹਨਤ ਅਤੇ ਲਗਨ ਤੋਂ ਬਿਨਾਂ ਸਾਫ਼-ਸੁਥਰੇ ਸਮਾਜ ਦੀ ਕਲਪਨਾ ਕਰਨੀ ਮੁਸ਼ਕਲ ਹੈ।ਰਿਆਤ ਬਾਹਰਾ ਗਰੁੱਪ ਨੇ ਹਮੇਸ਼ਾ ਸਮਾਜ ਦੇ ਹਰ ਵਰਗ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨੂੰ ਗੰਭੀਰਤਾ ਨਾਲ ਲਿਆ ਹੈ।

ਸਾਬਕਾ ਸੰਸਦ ਮੈਂਬਰ ਅਵਿਨਾਸ਼ ਰਾਏ ਖੰਨਾ ਨੇ ਕਿਹਾ ਕਿ ਸਫ਼ਾਈ ਮਿੱਤਰਾਂ ਦਾ ਸਮਾਜ ਵਿੱਚ ਅਹਿਮ ਸਥਾਨ ਹੈ। ਸਾਡੀ ਸਿਹਤ ਅਤੇ ਵਾਤਾਵਰਨ ਦੀ ਸੁਰੱਖਿਆ ਲਈ ਉਨ੍ਹਾਂ ਦਾ ਕੰਮ ਬੇਹੱਦ ਜ਼ਰੂਰੀ ਹੈ। ਇਸ ਮੌਕੇ ਨਗਰ ਨਿਗਮ ਦੇ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਡਿਪਟੀ ਮੇਅਰ ਰੰਜੀਤਾ ਚੌਧਰੀ ਨੇ ਵੀ ਰਿਆਤ ਬਾਹਰਾ ਗਰੁੱਪ ਦੇ ਇਸ ਸਮਾਗਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਪ੍ਰੋਗਰਾਮ ਸਮਾਜ ਵਿੱਚ ਸਕਾਰਾਤਮਕ ਬਦਲਾਅ ਲਿਆਉਣ ਵਿੱਚ ਸਹਾਈ ਹੁੰਦੇ ਹਨ।

ਸਹਾਇਕ ਕਮਿਸ਼ਨਰ ਸੰਦੀਪ ਤਿਵਾੜੀ ਨੇ ਕਿਹਾ ਕਿ ਸਫ਼ਾਈ ਮਿੱਤਰਾਂ ਪ੍ਰਤੀ ਅਜਿਹੇ ਸਨਮਾਨ ਸਮਾਗਮ ਉਨ੍ਹਾਂ ਦਾ ਮਨੋਬਲ ਵਧਾਉਂਦੇ ਹਨ। ਉਨ੍ਹਾਂ ਕਿਹਾ, ਰਿਆਤ ਬਾਹਰਾ ਦਾ ਇਹ ਉਪਰਾਲਾ ਸਮਾਜ ਦੇ ਸਾਰੇ ਵਰਗਾਂ ਨੂੰ ਨਾਲ ਲੈ ਕੇ ਚੱਲਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ। ਅੰਤ ਵਿੱਚ ਸਫ਼ਾਈ ਮਿੱਤਰਾਂ ਨੇ ਰਿਆਤ ਬਾਹਰਾ ਗਰੁੱਪ ਦੇ ਚੇਅਰਮੈਨ ਅਤੇ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਇਸ ਤਰ੍ਹਾਂ ਦੇ ਪ੍ਰੋਗਰਾਮ ਤੋਂ ਬਹੁਤ ਉਤਸ਼ਾਹਿਤ ਹਨ ਅਤੇ ਉਹ ਭਵਿੱਖ ਵਿੱਚ ਵੀ ਇਸੇ ਤਨਦੇਹੀ ਨਾਲ ਆਪਣੀ ਡਿਊਟੀ ਨਿਭਾਉਣਗੇ।ਕੈਂਪਸ ਡਾਇਰੈਕਟਰ ਡਾ. ਚੰਦਰ ਮੋਹਨ ਨੇ ਪ੍ਰੋਗਰਾਮ ਦੇ ਸਮਾਪਤੀ ਸਮਾਰੋਹ 'ਚ ਧੰਨਵਾਦ ਪ੍ਰਗਟ ਕਰਦੇ ਹੋਏ ਕਿਹਾ ਕਿ ਰਿਆਤ ਬਾਹਰਾ ਸੰਸਥਾ ਹਮੇਸ਼ਾ ਹੀ ਸਮਾਜ ਦੇ ਹਰ ਵਰਗ ਦਾ ਸਤਿਕਾਰ ਕਰਦੀ ਹੈ ਅਤੇ ਸਫ਼ਾਈ ਮਿੱਤਰਾਂ ਦੇ ਯੋਗਦਾਨ ਨੂੰ ਉੱਚਾ ਸਥਾਨ ਦਿੰਦੀ ਹੈ। ਇਸ ਮੌਕੇ ਪਿੰਸੀਪਲ ਡਾ. ਪੱਲਵੀ ਪੰਡਤ, ਡਾ. ਮੀਨਾਕਸ਼ੀ ਚੰਦ, ਡਾ. ਆਰ ਐਨ ਸਿੰਘ, ਡਾ. ਗੁਰਜੀਤ ਸਿੰਘ, ਡਾ. ਮਨਿੰਦਰ ਗਰੇਵਰ, ਡਾ. ਕੁਲਦੀਪ ਵਾਲੀਆ, ਹਰਿੰਦਰ ਜਸਵਾਲ ਕੁਲਦੀਪ ਰਾਣਾ ਅਤੇ ਕੈਂਪਸ ਦਾ ਸਮੂਹ ਸਟਾਫ਼ ਹਾਜ਼ਰ ਸੀ।

# ਜੇ ਬੀ ਬਹਿਲ ਸੁਸਾਇਟੀ ਦੇ ਪ੍ਰੇਰਨਾ ਸਰੋਤ : ਸੰਜੀਵ ਅਰੋੜਾ



ਹੁਸ਼ਿਆਰਪੁਰ, (ਬਲਵੀਰ ਸਿੰਘ ਸਿੰਘ) ਰੋਟਰੀ ਆਈ ਬੈਂਕ ਅਤੇ ਕੋਰਨੀਅਲ ਟ੍ਰਾਂਸਪਲਾਂਟੇਸ਼ਨ ਸੁਸਾਇਟੀ ਵਲੋਂ ਪ੍ਰਧਾਨ ਅਤੇ ਪ੍ਰਮੁੱਖ ਸਮਾਜ ਸੇਵੀ ਸੰਜੀਵ ਅਰੋੜਾ ਦੀ ਅਗਵਾਈ ਵਿੱਚ ਅੰਤਰਰਾਸ਼ਟਰੀ ਦ੍ਰਿਸ਼ਟੀ ਦਿਵਸ ਸਮਾਰੋਹ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਅਵਿਨਾਸ਼ ਰਾਏ ਖੰਨਾ ਸਾਬਕਾ ਮੈਂਬਰ ਰਾਜ ਸਭਾ ਬਤੌਰ ਮੁੱਖ ਮਹਿਮਾਨ ਹਾਜ਼ਰ ਹੋਏ।ਇਸ ਮੌਕੇ ਸੁਸਾਇਟੀ ਦੇ ਚੇਅਰਮੈਨ ਜੇ ਬੀ ਬਹਿਲ ਨੂੰ ਉਨ੍ਹਾਂ ਦੀਆਂ ਨੇਤਰਹੀਣਤਾ ਨੂੰ ਦੂਰ ਕਰਨ ਵਿੱਚ ਵਧੀਆ ਸੇਵਾਵਾਂ ਦੇਣ ਵਜੋਂ ਸਨਮਾਨਤ ਕੀਤਾ ਗਿਆ।ਇਸ ਮੌਕੇ ਪ੍ਰਧਾਨ ਸੰਜੀਵ ਅਰੋੜਾ ਨੇ ਦੱਸਿਆ ਕਿ ਸੁਸਾਇਟੀ ਵਲੋਂ ਅੱਜ ਉਨ੍ਹਾਂ ਨੂੰ ਅੰਤਰਰਾਸ਼ਟਰੀ ਦ੍ਰਿਸ਼ਟੀ ਦਿਵਸ ਦੇ ਮੌਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ ਕਿਉਂਕਿ ਬਹਿਲ ਪਿਛਲੇ 26 ਸਾਲਾਂ ਤੋਂ ਨੇਤਰਹੀਣਤਾ ਨੂੰ ਦੂਰ ਕਰਨ ਦੇ ਲਈ ਬਿਨਾਂ ਸਵਾਰਥ ਤੇ ਸੇਵਾ ਕਾਰਜ ਵਿੱਚ ਲੱਗੇ ਹੋਏ ਹਨ। ਸ੍ਰੀ ਅਰੋੜਾ ਨੇ ਦੱਸਿਆ ਕਿ ਅੰਤਰਰਾਸ਼ਟਰੀ ਦ੍ਰਿਸ਼ਟੀ ਦਿਵਸ ਦਾ ਸ਼ੁਭ ਆਰੰਭ 12 ਅਕਤੂਬਰ 2000 ਨੂੰ ਹੋਇਆ ਸੀ ਪਰ ਇਹ ਦੱਸਦੇ ਹੋਏ ਖੁਸ਼ੀ ਹੋ ਰਹੀ ਹੈ ਕਿ ਸ਼੍ਰੀ ਬਹਿਲ ਨੇ ਨੇਤਰਦਾਨ ਦੀ ਮੁਹਿੰਮ ਨੂੰ 1998 ਵਿੱਚ ਸ਼ੁਰੂ ਕੀਤਾ ਸੀ।ਇਸ ਲਈ ਉਨ੍ਹਾਂ ਦੀਆਂ ਵਧੀਆ ਸੇਵਾਵਾਂ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਅੱਜ ਸਨਮਾਨਤ ਕੀਤਾ ਗਿਆ। ਇਸ ਮੌਕੇ ਸਕੱਤਰ ਡੀ ਕੇ ਸ਼ਰਮਾ ਅਤੇ ਪ੍ਰੋ. ਦਲਜੀਤ ਸਿੰਘ ਨੇ ਦੱਸਿਆ ਕਿ ਸੁਸਾਇਟੀ ਅੱਜ ਤੱਕ 4100 ਤੋਂ ਵੀ ਵੱਧ ਲੋਕਾਂ ਨੂੰ ਕੋਰਨੀਆ ਪੁਆ ਕੇ ਰੋਸ਼ਨੀ ਪ੍ਰਦਾਨ ਕਰ ਚੁੱਕੀ ਹੈ ਅਤੇ ਇਸ ਵਿੱਚ ਲੱਗਭਗ 500 ਤੋਂ ਵੱਧ 18 ਸਾਲ ਤੋਂ ਘੱਟ ਉਮਰ ਦੇ ਬੱਚੇ ਹਨ।

ਇਸ ਮੌਕੇ ਤੇ ਸ਼੍ਰੀ ਅਵੀਨਾਸ਼ ਰਾਏ ਖੰਨਾ ਨੇ ਸੁਸਾਇਟੀ ਦੇ ਕਾਰਜਾਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਸੁਸਾਇਟੀ ਪਿਛਲੇ ਲੰਬੇ ਸਮੇਂ ਤੋਂ ਨੇਤਰਹੀਨ ਵਿਅਕਤੀਆਂ ਨੂੰ ਰੋਸ਼ਨੀ ਦੇਣ ਦਾ ਕਾਰਜ ਕਰ ਰਹੀ ਹੈ। ਇਸ ਲਈ ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨੇਤਰਦਾਨ ਕਰਨ ਲਈ ਸਹੁੰ ਪੱਤਰ ਭਰ ਕੇ ਪੁੰਨ ਭਾਗੀ ਬਨਣ ਤਾਂਕਿ ਜਿਹੜੇ ਲੋਕ ਹਨ੍ਹੇਰੀ ਜ਼ਿੰਦਗੀ ਜੀਅ ਰਹੇ ਹਨ ਉਹ ਵੀ ਇਸ ਸੁੰਦਰ ਸੰਸਾਰ ਨੂੰ ਦੇਖ ਸਕਣ। ਉਨ੍ਹਾਂ ਨੇ ਸੁਸਾਇਟੀ ਨੂੰ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ।

# ਕਾਮਿਆਂ ਦੀ ਚੰਗੀ ਮਾਨਸਿਕ ਸਿਹਤ ਬਹੁਤ ਜ਼ਰੂਰੀ : ਸਿਵਲ ਸਰਜਨ

ਮੋਹਾਲੀ, (ਗੁਰਜੀਤ ਬਿੱਲਾ) ਵਿਸ਼ਵ ਮਾਨਸਿਕ ਸਿਹਤ ਦਿਵਸ ਮੌਕੇ ਜ਼ਿਲ੍ਹੇ ਦੀਆਂ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਜਾਗਰੂਕਤਾ ਸਰਗਰਮੀਆਂ ਕੀਤੀਆਂ ਗਈਆਂ। ਸਿਹਤ ਸੰਸਥਾਵਾਂ ਵਿਚ ਆਉਣ ਵਾਲੇ ਮਰੀਜ਼ਾਂ ਅਤੇ ਉਨ੍ਹਾਂ ਦੇ ਸਾਕ-ਸੰਬੰਧੀਆਂ ਨੂੰ ਮਾਨਸਿਕ ਰੋਗਾਂ ਦੇ ਲੱਛਣਾਂ, ਕਾਰਨਾਂ, ਬਚਾਅ ਅਤੇ ਇਲਾਜ ਬਾਰੇ ਜਾਣਕਾਰੀ ਦਿੱਤੀ ਗਈ।ਸਿਵਲ ਸਰਜਨ ਡਾ. ਰੇਨੂੰ ਸਿੰਘ ਅਤੇ ਡਿਪਟੀ ਮੈਡੀਕਲ ਕਮਿਸ਼ਨਰ ਡਾ. ਪਰਵਿੰਦਰਪਾਲ ਕੌਰ ਨੇ ਦਸਿਆ ਕਿ ਇਸ ਵਾਰ ਇਸ ਖ਼ਾਸ ਦਿਨ ਦਾ ਵਿਸ਼ਾ-ਕੰਮ ਵਾਲੇ ਸਥਾਨ 'ਤੇ ਕਾਮਿਆਂ/ਮੁਲਾਜ਼ਮਾਂ ਦੀ ਚੰਗੀ ਮਾਨਸਿਕ ਸਿਹਤ ਯਕੀਨੀ ਬਣਾਉਣ ਲਈ ਉਪਰਾਲੇ ਕਰਨਾ ਹੈ। ਉਨ੍ਹਾਂ ਕਿਹਾ ਕਿ ਕੰਮ ਵਾਲੀ ਥਾਂ 'ਤੇ ਮੁਲਾਜ਼ਮਾਂ ਵਾਸਤੇ ਹਾਂ ਪੱਖੀ ਮਾਹੌਲ ਸਿਰਜਣ ਅਤੇ ਕੰਮਕਾਜੀ ਜੀਵਨ ਦੇ ਤਵਾਜ਼ਨ ਨੂੰ ਕਾਇਮ ਰੱਖਿਆ ਜਾਣਾ ਚਾਹੀਦਾ ਹੈ।ਅਧਿਕਾਰੀਆਂ ਨੇ ਆਖਿਆ ਕਿ ਹਰ ਵਿਅਕਤੀ ਰੋਜ਼ੀ-ਰੋਟੀ ਵਾਸਤੇ ਕਿਸੇ ਨਾ ਕਿਸੇ ਥਾਂ 'ਤੇ ਕੰਮ ਕਰਦਾ ਹੈ ਅਤੇ ਰੋਜ਼ਾਨਾ ਜੀਵਨ ਦਾ ਕਾਫ਼ੀ ਸਮਾਂ ਉਥੇ ਗੁਜ਼ਾਰਦਾ ਹੈ।ਇਸ ਲਈ ਜ਼ਰੂਰੀ ਹੋ ਜਾਂਦਾ ਹੈ ਕਿ ਉਸ ਦੀ ਮਾਨਸਿਕ ਸਿਹਤ ਬਿਲਕੁਲ ਠੀਕ ਰਹੇ ਤਾਕਿ ਉਸ ਨੂੰ ਦਿਤਾ ਗਿਆ ਕੰਮ ਪ੍ਰਭਾਵਤ ਨਾ ਹੋਵੇ ਤੇ ਨਾ ਹੀ ਉਸ ਦੇ ਪਰਵਾਰਕ ਜੀਵਨ 'ਤੇ ਕੋਈ ਮਾੜਾ ਅਸਰ ਪਵੇ।ਇਸ ਦੌਰਾਨ ਜ਼ਿਲ੍ਹਾ ਸਿਹਤ ਵਿਭਾਗ ਅਧੀਨ ਜ਼ਿਲ੍ਹਾ ਪੱਧਰੀ ਨਸ਼ਾ-ਛੁਡਾਊ ਅਤੇ ਮੁੜ ਵਸੇਬਾ ਕੇਂਦਰ , ਸੈਕਟਰ 66 ਵਿਖੇ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਬੁਲਾਰਿਆਂ ਨੇ ਕਿਹਾ ਕਿ ਮਾਨਸਿਕ ਰੋਗ ਕਈ ਤਰ੍ਹਾਂ ਦੇ ਹੁੰਦੇ ਹਨ ਤੇ ਨਸ਼ੇ ਦੀ ਵਰਤੋਂ ਵੀ ਮਾਨਸਿਕ ਰੋਗ ਹੈ ਜਿਹੜਾ ਪੂਰੀ ਤਰ੍ਹਾਂ ਇਲਾਜਯੋਗ ਹੈ।ਇਸ ਮੌਕੇ ਮਾਨਸਿਕ ਰੋਗ ਮਾਹਰ ਡਾ. ਪੂਜਾ, ਹਰਤੇਕ ਫ਼ਾਊਂਡੇਸ਼ਨ ਦੇ ਸੀ.ਈ.ਓ. ਹਰਕੀਰਤ ਕੌਰ, ਮੈਨੇਜਰ ਨੇਕ ਰਾਮ ਆਦਿ ਮੌਜੂਦ ਸਨ।

## 90 ਸਾਲਾ ਅਮਰਜੀਤ ਅਗਰਵਾਲ ਨੂੰ ਘਰ ਜਾ ਕੇ ਕੀਤਾ ਸਨਮਾਨਤ



**ਮੋਗਾ (ਇਕਬਾਲ ਸਿੰਘ ਖਹਿਰਾ)**-ਸੀਨੀਅਰ ਸਿਟੀਜਨ ਕੌਂਸਲ (ਸੇਵਾਮੁਕਤ ਕਰਮਚਾਰੀ) ਮੋਗਾ ਦੀ ਕਾਰਜਕਾਰੀ ਮੀਟਿੰਗ ਪੰਜਾਬ ਦੇ ਉਪ ਪ੍ਰਧਾਨ ਤੇ ਕੌਂਸਲ ਮੋਗਾ ਦੇ ਪ੍ਰਧਾਨ ਸਰਦਾਰੀ ਲਾਲ ਕਾਮਰਾ ਦੀ ਸਰਪ੍ਰਸਤੀ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹੋਈ। ਸਭ ਤੋਂ ਪਹਿਲਾਂ ਉਨ੍ਹਾਂ ਨੇ ਦਸ਼ਹਿਰੇ ਦੀ ਮੈਂਬਰਾਂ ਨੂੰ ਅਗੇਤ ਵਧਾਈ ਦਿੰਦਿਆਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਮਿਲ ਕੇ ਤਿਉਹਾਰ ਮਨਾਉਣੇ ਚਾਹੀਦੇ ਹਨ, ਤਾਂ ਜੋ ਭਾਈਚਾਰਕ ਸਾਂਝ ਬਣੀ ਰਹੇ। ਉਪਰੰਤ ਫੈਸਲਾ ਕੀਤਾ ਗਿਆ ਕਿ ਕੌਂਸਲ ਹਰ ਮਹੀਨੇ ਬਿਮਾਰ ਤੇ ਵਡੇਰੀ ਉਮਰ ਦੇ ਮੈਂਬਰ ਜਿਹੜੇ ਕਿ ਮੀਟਿੰਗ ਵਿੱਚ ਆਉਣ ਤੋਂ ਅਸਮਰੱਥ ਹਨ, ਉਨ੍ਹਾਂ ਦੇ ਘਰ ਜਾ ਕੇ ਉਨ੍ਹਾਂ ਦੀ ਸਿਹਤ ਤੇ ਤੰਦਰੁਸਤੀ ਬਾਰੇ ਜਾਣਕਾਰੀ ਪ੍ਰਾਪਤ ਕਰੇਗੀ। ਇਸੇ ਕੜੀ ਤਹਿਤ ਕੌਂਸਲ ਦੇ ਪੈਟਰਨ ਅਮਰਜੀਤ ਅਗਰਵਾਲ 90 ਸਾਲ ਦੇ ਘਰ ਜਾ ਕੇ ਉਨ੍ਹਾਂ ਦੀ ਸਿਹਤਯਾਬੀ ਦੀ ਪ੍ਰਾਥਨਾ ਕਰਕੇ ਉਨ੍ਹਾਂ ਨੂੰ ਲੋਈ ਨਾਲ ਸਨਮਾਨਤ ਕੀਤਾ। ਅਗਰਵਾਲ ਨੇ ਮੈਂਬਰਾਂ ਨਾਲ ਅਪਣੀਆਂ ਕੌਂਸਲ ਸਬੰਧੀ ਯਾਦਾਂ ਤਾਜ਼ਾ ਕੀਤੀਆਂ ਤੇ ਕਿਹਾ ਕਿ ਤੁਹਾਡੇ ਆਉਣ ਨਾਲ ਮੇਰੇ ਅੰਦਰ ਨਵੀਂ ਉਰਜਾ ਦਾ ਸੰਚਾਰ ਹੋ ਗਿਆ ਹੈ। ਮੀਟਿੰਗ ਵਿੱਚ ਦਰਬਾਰ ਸਿੰਘ, ਗੁਰਚਰਨ ਸਿੰਘ, ਅਮਰ ਸਿੰਘ ਸੁਪਰਡੈਂਟ, ਲਾਲ ਚੰਦ ਅਰੋੜਾ, ਜੋਗਿੰਦਰ ਸਿੰਘ ਸੰਘਾ, ਗਿਆਨ ਸਿੰਘ ਸਾਬਕਾ ਡੀ.ਪੀ.ਆਰ.ਓ., ਦਲਜੀਤ ਸਿੰਘ ਭੁੱਲਰ, ਸੁਰਿੰਦਰ ਸਿੰਘ ਸਰਾਂ, ਰਾਜਿੰਦਰ ਸਿੰਘ ਲੋਹਾਮ, ਸੁਰਜੀਤ ਸਿੰਘ ਸ਼ਰਮਾ, ਮਾਸਟਰ ਜਗਦੀਪ ਸਿੰਘ ਤੇ ਵਿਜੈ ਸ਼ਰਮਾ ਸਾਬਕਾ ਮੁੱਖ ਅਧਿਆਪਕ ਸ਼ਾਮਲ ਹੋਏ।

## ਬਾਬਾ ਫ਼ਰੀਦ 'ਵਰਸਿਟੀ ਆਫ ਹੈਲਥ ਸਾਇੰਸਿਜ਼ ਨੇ ਮਾਨਸਿਕ ਸਿਹਤ ਦਿਵਸ ਮਨਾਇਆ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਵਿਸ਼ਵ ਮਾਨਸਿਕ ਸਿਹਤ ਦਿਵਸ 2024 ਪ੍ਰੋ. (ਡਾ) ਰਾਜੀਵ ਸੂਦ, ਮਾਨਯੋਗ ਵਾਇਸ ਚਾਂਸਲਰ, ਬਾਬਾ ਫ਼ਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ ਦੀ ਸਰਪ੍ਰਸਤੀ ਹੇਠ ਮਨੋਰੋਗ ਵਿਭਾਗ, ਜੀ.ਜੀ.ਐਸ. ਮੈਡੀਕਲ ਕਾਲਜ ਵੱਲੋਂ ਮਨਾਇਆ ਗਿਆ।ਇਸ ਮੌਕੇ ਮਨੋਰੋਗ ਵਿਭਾਗ ਵੱਲੋਂ ਉਪ ਕੁਲਪਤੀ ਪ੍ਰੋਫੈਸਰ (ਡਾ) ਰਾਜੀਵ ਸੂਦ ਤੇ ਡਾ. ਜਸਵੰਤ ਸਿੰਘ ਨੂੰ ਸਨਮਾਨਤ ਕੀਤਾ ਗਿਆ।ਪ੍ਰੋਗਰਾਮ ਵਿੱਚ ਰਜਿਸਟਰਾਰ ਪ੍ਰੋਫੈਸਰ (ਡਾ.) ਰਾਕੇਸ ਕੇ. ਗੋਰੀਆ, ਕੰਟਰੋਲਰ ਪ੍ਰੀਖਿਆਵਾਂ ਡਾ. ਰਜੀਵ ਜੋਸ਼ੀ, ਪ੍ਰਿੰਸੀਪਲ ਡਾ. ਸੰਜੇ ਗੁਪਤਾ, ਐਮ. ਐਸ. ਡਾ. ਨੀਤੂ ਕੁਕੜ, ਪ੍ਰਿੰਸੀਪਲ ਨਰਸਿੰਗ ਕਾਲਜ ਡਾ. ਹਰਦੀਪ ਕੌਰ, ਪ੍ਰੋਫੈਸਰ ਤੇ ਮੁਖੀ ਮਨੋਰੋਗ ਵਿਭਾਗ ਡਾ. ਪੀ ਡੀ.ਬਾਂਸਲ, ਸਮੂਹ ਵਿਭਾਗਾਂ ਦੇ ਮੁਖੀ, ਫੈਕਲਟੀ ਡਾਕਟਰਾਂ ਰੈਜੀਡੈਂਟ ਡਾਕਟਰਾਂ ਤੇ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ।ਵਾਇਸ ਚਾਂਸਲਰ ਪ੍ਰੋ. (ਡਾ.) ਰਾਜੀਵ ਸੂਦ ਤੇ ਡਾ ਪੀ ਡੀ ਬਾਂਸਲ ਨੇ ਮਿਹਨਤ ਨਾਲ, ਮਿਲਣਵਰਤਨ ਨਾਲ ਤੇ ਇਮਾਨਦਾਰੀ ਨਾਲ ਆਪਣਾ ਕੰਮ ਕਰਨ ਦੀ ਸਲਾਹ ਦਿੱਤੀ ਤੇ ਨਾਲ ਆਪਣੀ ਜੀਵਲ ਸ਼ੈਲੀ ਵਿੱਚ ਸਕਰਾਤਮਕ ਬਦਲਾਅ ਲਿਆਉਣ ਦੀ ਹਦਾਇਤ ਦਿੱਤੀ ਤਾਂ ਜੁ ਮਾਨਸਿਕ ਸਿਹਤ ਨੂੰ ਤੰਦਰੁਸਤ ਰੱਖਿਆ ਜਾ ਸਕੇ।

## ਵਿਸ਼ਵ ਦ੍ਰਿਸ਼ਟੀ ਦਿਹਾੜੇ 'ਤੇ ਅੱਖਾਂ ਦੀ ਸੰਭਾਲ ਪ੍ਰਤੀ ਕੀਤਾ ਜਾਗਰੂਕ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਸਿਵਲ ਸਰਜਨ ਡਾ. ਰਾਜਵਿੰਦਰ ਕੌਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਤੇ ਡਾ ਰਾਜੂ ਚੌਹਾਨ ਐਸ ਐਮ ਓ ਦੇ ਹੁਕਮ ਅਨੁਸਾਰ ਸਿਹਤ ਵਿਭਾਗ ਦੀ ਟੀਮ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਵਿਖੇ 'ਵਿਸ਼ਵ ਦ੍ਰਿਸ਼ਟੀ ਦਿਵਸ' ਤੇ ਮੈਂਟਲ ਹੈਲਥ ਡੇਅ ਮਨਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੂੰ ਅੱਖਾਂ ਦੀ ਤੰਦਰੁਸਤੀ ਤੇ ਮਾਨਸਿਕ ਬੀਮਾਰੀਆਂ ਤੋਂ ਬਚਾਅ ਸੰਬੰਧੀ ਨੁਕਤੇ ਸਾਂਝੇ ਕਿਤੇ ਗਏ।ਆਸ਼ੂ ਸ਼ਰਮਾ ਅਪਥੋਲੋਮਿਕ ਅਫ਼ਸਰ ਤੇ ਅਮਨ ਕੰਬੋਜ ਬੀ ਈ ਈ ਵੱਲੋਂ ਜਿੱਥੇ ਮਾਨਸਿਕ ਸਿਹਤ ਨੂੰ ਠੀਕ ਰੱਖਣ ਲਈ ਸੁਚੇਤ ਕੀਤਾ, ਉਥੇ ਮਾਨਸਿਕ ਸਿਹਤ ਵਿਗੜਨ ਨਾਲ ਹੋਣ ਵਾਲੇ ਰੋਗਾਂ ਬਾਰੇ ਜਾਣਕਾਰੀ ਦਿੱਤੀ। ਵਿਸ਼ਵ ਦ੍ਰਿਸ਼ਟੀ ਦਿਵਸ ਮਨਾਉਣ ਦਾ ਮੁੱਖ ਮੰਤਵ ਬੱਚਿਆਂ, ਉਨ੍ਹਾਂ ਦੇ ਮਾਪਿਆਂ ਤੇ ਪਰਵਾਰਕ ਮੈਂਬਰਾਂ ਨੂੰ ਅੱਖਾਂ ਦੀ ਸਾਂਭ-ਸੰਭਾਲ ਤੇ ਬਿਮਾਰੀਆਂ ਪ੍ਰਤੀ ਜਾਗਰੂਕ ਕਰਨਾ ਤੇ ਅੱਖਾਂ ਦੀ ਰੌਸ਼ਨੀ ਦਰੁਸਤ ਰੱਖਣ ਲਈ ਕੁੱਝ ਸਾਵਧਾਨੀਆਂ ਅਪਣਾਉਣ ਲਈ ਪ੍ਰੇਰਿਤ ਕਰਨਾ ਹੈ।ਉਨ੍ਹਾਂ ਕਿਹਾ ਕਿ ਅੱਖਾਂ ਦੀ ਚੰਗੀ ਸਿਹਤ ਲਈ ਜਿੱਥੇ ਘਟ ਤੋ ਘਟ ਮੋਬਾਈਲ, ਲੈਪਟਾਪ ਦੇ ਵਰਤੋਂ ਕਰੋ, ਉਥੇ ਹੀ ਭੋਜਨ ਵਿੱਚ ਹਰੀਆਂ ਪੱਤੇਦਾਰ ਸਬਜ਼ੀਆਂ, ਵਿਟਾਮਿਨ ਏ ਤੇ ਫ਼ਲਾਂ ਨੂੰ ਸ਼ਾਮਲ ਕਰਨ ਦੇ ਨਾਲ ਨਾਲ ਅੱਖਾਂ ਦੀ ਕਸਰਤ ਵੀ ਜ਼ਰੂਰ ਕਰੋ।

## ਸ਼ੁਭਮ ਸ਼ਰਮਾ ਨੇ ਰਾਜਾ ਵੜਿੰਗ ਤੇ ਸੁੱਖੀ ਰੰਧਾਵਾ ਨਾਲ ਮੁਲਾਕਾਤ ਕੀਤੀ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਪੰਜਾਬ ਯੂਥ ਕਾਂਗਰਸ ਦੇ ਜਨਰਲ ਸਕੱਤਰ ਤੇ ਹਲਕਾ ਧੂਰੀ ਤੋਂ ਪਾਰਟੀ ਦੇ ਪ੍ਰਮੁੱਖ ਆਗੂ ਸ਼ੁਭਮ ਸ਼ਰਮਾ ਨੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਤੇ ਸਾਂਸਦ ਅਮਰਿੰਦਰ ਸਿੰਘ ਰਾਜਾ ਵੜਿੰਗ ਨਾਲ ਮੁਲਾਕਾਤ ਕੀਤੀ ਹੈ।ਇਸੇ ਦੌਰਾਨ ਹੀ ਉਨ੍ਹਾਂ ਸਾਬਕਾ ਉੱਪ ਮੁੱਖ ਮੰਤਰੀ ਪੰਜਾਬ ਅਤੇ ਸਾਂਸਦ ਸੁਖਜਿੰਦਰ ਸਿੰਘ ਸੁੱਖੀ ਰੰਧਾਵਾ ਨਾਲ ਵੀ ਮੁਲਾਕਾਤ ਕੀਤੀ ਹੈ।ਉਨ੍ਹਾਂ ਮੁਲਾਕਾਤ ਦੇ ਵੇਰਵੇ ਜਾਰੀ ਕਰਦਿਆਂ ਦੱਸਿਆ ਕਿ ਇਨ੍ਹਾਂ ਮੁਲਾਕਾਤਾਂ ਵਿੱਚ ਹਲਕੇ ਵਿੱਚ ਕਾਂਗਰਸ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਤੇ ਚੱਲ ਰਹੇ ਪੰਚਾਇਤੀ ਚੋਣਾਂ ਦੇ ਹਾਲਾਤਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਆਪ ਨੇ ਸੂਬੇ ਵਿੱਚ ਲੋਕਤੰਤਰ ਦਾ ਕਤਲ ਕੀਤਾ ਹੈ ਤੇ ਪੰਜਾਬ ਵਿੱਚ ਜ਼ਿਆਦਤੀਆਂ ਕੀਤੀਆਂ ਜਾ ਰਹੀਆਂ ਹਨ ਤੇ ਮਾਣਯੋਗ ਉੱਚ ਅਦਾਲਤ ਵੱਲੋਂ ਸੂਬੇ ਭਰ ਵਿੱਚ ਕਰੀਬ 250 ਪੰਚਾਇਤੀ ਚੋਣਾਂ ਤੇ ਲਗਾਈ ਗਈ ਰੋਕ ਸਰਕਾਰ ਦੀਆਂ ਜ਼ਿਆਦਤੀਆਂ ਦਾ ਸਬੂਤ ਹੈ।

## ਡਾ. ਸੋਨਾ ਥਿੰਦ ਨੇ ਪਰਾਲੀ ਪ੍ਰਬੰਧਨ ਮਸ਼ੀਨਰੀ ਦਾ ਲਿਆ ਜਾਇਜ਼ਾ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜ਼ਿਲ੍ਹੇ ਵਿੱਚ ਪਰਾਲੀ ਨਾ ਸਾੜਨ ਨੂੰ ਯਕੀਨੀ ਬਣਾਉਣ ਦੇ ਮੰਤਵ ਲਈ ਡਿਪਟੀ ਕਮਿਸ਼ਨਰ, ਡਾ. ਸੋਨਾ ਥਿੰਦ ਨੇ ਸਹਿਕਾਰੀ ਸਭਾਵਾਂ ਦੇ ਡਿਪਟੀ ਰਜਿਸਟਰਾਰ, ਸ਼ੀਨਾਜ਼ ਮਿੱਤਲ ਦੇ ਨਾਲ ਪਿੰਡ ਹਵਾਰਾ ਕਲਾਂ ਦੀ ਖੇਤੀਬਾੜੀ ਸੁਸਾਇਟੀ ਦਾ ਦੌਰਾ ਕੀਤਾ ਤੇ ਨਾਲ ਹੀ ਪਿੰਡ ਦੇ ਖੇਤਾਂ ਵਿੱਚ ਜਾ ਕੇ ਪਰਾਲੀ ਪ੍ਰਬੰਧਨ ਮਸ਼ੀਨਰੀ ਬੇਲਰ ਤੇ ਰੈਕ ਦੀ ਵਰਤੋਂ ਦਾ ਜਾਇਜ਼ਾ ਲਿਆ ਤਾਂ ਜੁ ਵਾਤਾਵਰਨ ਦੀ ਸੰਭਾਲ ਤੇ ਝੋਨੇ ਦੀ ਪਰਾਲੀ ਦੇ ਪ੍ਰਭਾਵਸ਼ਾਲੀ ਪ੍ਰਬੰਧਨ ਨੂੰ ਯਕੀਨੀ ਬਣਾਇਆ ਜਾ ਸਕੇ।ਵੱਡੀ ਗਿਣਤੀ ਕਿਸਾਨਾਂ ਨੂੰ ਇਹਨਾਂ ਮਸ਼ੀਨਾਂ ਦੀ ਵਰਤੋਂ ਦਿਖਾਈ ਗਈ ਤਾਂ ਜੁ ਉਹ ਵੀ ਆਪਣੇ ਖੇਤਾਂ ਵਿੱਚ ਇਹਨਾਂ ਦੀ ਵਰਤੋਂ ਨਾਲ ਪਰਾਲੀ ਪ੍ਰਬੰਧਨ ਯਕੀਨੀ ਬਣਾਉਣ।ਪਿੰਡ ਹਵਾਰਾ ਕਲਾਂ ਦੀ ਸਹਿਕਾਰੀ ਸਭਾ ਕੋਲ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਪਰਾਲੀ ਦੇ ਪ੍ਰਬੰਧਨ ਲਈ ਮੁਹੱਈਆ ਕਰਾਈ ਗਈ 80 ਫੀਸਦੀ ਸਬਸਿਡੀ ਸਕੀਮ ਤਹਿਤ ਪ੍ਰਾਪਤ ਐਕਸ-ਸੀਟੂ ਮਸ਼ੀਨਰੀ ਹੈ, ਜਿਸ ਵਿੱਚ ਇੱਕ ਬੇਲਰ ਅਤੇ ਇੱਕ ਰੇਕ ਸ਼ਾਮਲ ਹੈ ਤੇ ਇੱਕ ਟਰੈਕਟਰ ਸ਼ਾਮਲ ਹੈ।ਕਿਸਾਨਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਇਸ ਸੀਜ਼ਨ ਵਿੱਚ ਝੋਨੇ ਦੀ ਪਰਾਲੀ ਦੇ ਪ੍ਰਬੰਧਨ ਵਿੱਚ ਪ੍ਰਸ਼ਾਸਨ ਦੇ ਅਟੁੱਟ ਸਹਿਯੋਗ ਦਾ ਭਰੋਸਾ ਦਿੱਤਾ।ਉਨ੍ਹਾਂ ਕਿਹਾ ਕਿ ਪਰਾਲੀ ਸਾੜਨ ਦੇ ਨਾਲ ਨਾ ਸਿਰਫ਼ ਵਾਤਾਵਰਣ, ਸਗੋਂ ਮਿੱਟੀ ਦੀ ਉਪਜਾਊ ਸ਼ਕਤੀ 'ਤੇ ਵੀ ਹਾਨੀਕਾਰਕ ਪ੍ਰਭਾਵ ਪੈਂਦਾ ਹੈ, ਜਿਸ ਨਾਲ ਆਖਰਕਾਰ ਟਿਕਾਊ ਖੇਤੀਬਾੜੀ ਅਭਿਆਸ ਖ਼ਤਰੇ ਵਿੱਚ ਪੈਂਦੀ ਹੈ।ਸ਼ਿਨਾਜ਼ ਮਿੱਤਲ, ਡੀ.ਆਰ, ਨੇ ਪਰਾਲੀ ਸਾੜਨ ਦੇ ਮਾੜੇ ਪ੍ਰਭਾਵਾਂ ਬਾਰੇ ਵਿਸਥਾਰ ਨਾਲ ਦੱਸਿਆ ਤੇ ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਭਵਿੱਖ ਵਿੱਚ ਇਨ੍ਹਾਂ ਉਪਕਰਨਾਂ ਦੀ ਵਰਤੋਂ ਨੂੰ ਇੱਕ ਨਿਵੇਸ਼ ਵਜੋਂ ਦੇਖਣ ਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਸ਼ੁੱਧ ਹਵਾ, ਪਾਣੀ ਤੇ ਮਿੱਟੀ ਦਾ ਵਾਅਦਾ ਕਰਨ।

## ਚੇਅਰਮੈਨ ਸੁਰਿੰਦਰ ਪਾਲ ਨੇ ਰਵਜੋਤ ਸਿੰਘ ਨੂੰ ਕੈਬਨਿਟ ਮੰਤਰੀ ਬਣਨ 'ਤੇ ਦਿੱਤੀ ਵਧਾਈ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਸਰਕਾਰ ਵੱਲੋਂ ਕੈਬਨਿਟ ਵਿੱਚ ਬੀਤੇ ਦਿਨੀਂ ਕੀਤੇ ਫੇਰਬਦਲ ਤਹਿਤ ਕੈਬਨਿਟ 'ਚ ਸ਼ਾਮਲ ਕੀਤੇ ਨਵੇਂ ਕੈਬਨਿਟ ਮੰਤਰੀ ਰਵਜੋਤ ਸਿੰਘ ਸਥਾਨਕ ਸਰਕਾਰਾਂ ਵਿਭਾਗ ਦੇ ਮੰਤਰੀ ਬਣਨ 'ਤੇ ਹਲਕਾ ਨਾਭਾ ਤੋਂ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਸੁਰਿੰਦਰ ਪਾਲ ਸ਼ਰਮਾ ਨੇ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਉਨ੍ਹਾਂ ਨੂੰ ਵਧਾਈ ਦਿੱਤੀ।ਇਸ ਮੌਕੇ ਜਨਸੇਵਾ ਸੁਸਾਇਟੀ ਫਾਰ ਆਈ ਕੇਅਰ ਐਂਡ ਏਡਜ਼ ਅਵੇਅਰਨੈੱਸ ਪਿੰਡ ਕਕਰਾਲਾ ਨਾਭਾ ਦੇ ਜਨਰਲ ਸਕੱਤਰ ਡਾਕਟਰ ਧੀਰ ਸਿੰਘ ਮੌਜੂਦ ਸਨ।ਇਸ ਮੌਕੇ ਸੁਰਿੰਦਰ ਪਾਲ ਸ਼ਰਮਾ ਨੇ ਨਵੇਂ ਬਣੇ ਮੰਤਰੀ ਰਵਜੋਤ ਸਿੰਘ ਨਾਲ ਹਲਕੇ ਦੇ ਕਈ ਮੁੱਦਿਆਂ 'ਤੇ ਹਲਕਾ ਵਾਸੀਆਂ ਨੂੰ ਆ ਰਹੀਆਂ ਮੁਸ਼ਕਲਾਂ ਬਾਰੇ ਵਿਚਾਰ ਵਟਾਂਦਰਾ ਦਾ ਕੀਤਾ।ਇਸ ਮੌਕੇ ਨਵੇਂ ਬਣੇ ਕੈਬਨਿਟ ਮੰਤਰੀ ਰਵਜੋਤ ਸਿੰਘ ਨੇ ਚੇਅਰਮੈਨ ਸੁਰਿੰਦਰ ਪਾਲ ਸ਼ਰਮਾ ਨੂੰ ਵਿਸ਼ਵਾਸ ਦਿਵਾਇਆ ਕਿ ਹਲਕੇ ਦੇ ਵਿਕਾਸ ਲਈ ਕਿਸੇ ਤਰ੍ਹਾਂ ਦੀ ਕੋਈ ਕਸਰ ਨਹੀਂ ਛੱਡੀ ਜਾਵੇਗੀ ਤੇ ਨਾਭਾ ਵਾਸੀਆਂ ਲਈ ਨਵੀਆਂ ਸਕੀਮਾਂ ਲਿਆਂਦੀਆਂ ਜਾਣਗੀਆਂ।ਉਨ੍ਹਾ ਕਿਹਾ ਕਿ ਸੂਬੇ ਦੇ ਲੋਕਾਂ ਨੂੰ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਬਹੁਤ ਆਸਾਂ ਹਨ, ਜਿਸ ਕਰਕੇ ਉਨ੍ਹਾਂ ਨੂੰ ਪੂਰਾ ਭਰੋਸਾ ਹੈ ਕਿ ਨਵੇਂ ਕੈਬਨਿਟ ਮੰਤਰੀ ਲੋਕਾਂ ਦੀਆਂ ਉਮੀਦਾਂ 'ਤੇ ਖਰੇ ਉਤਰਨਗੇ।ਉਨ੍ਹਾ ਕਿਹਾ ਕਿ 'ਆਪ' ਹੀ ਇੱਕ ਅਜਿਹੀ ਪਾਰਟੀ ਹੈ, ਜਿਸ 'ਚ ਆਮ ਘਰਾਂ ਦੇ ਨੌਜਵਾਨਾਂ ਨੂੰ ਵੱਡੀਆਂ ਜ਼ਿੰਮੇਵਾਰੀਆਂ ਮਿਲ ਰਹੀਆਂ ਹਨ ਤੇ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਵੱਡੇ ਪੱਧਰ 'ਤੇ ਉਪਰਾਲੇ ਕੀਤੇ ਜਾ ਰਹੇ ਹਨ।

# ਪੈਨਸ਼ਨਰ, ਮੁਲਾਜ਼ਮ ਸੰਘਰਸ਼ਾਂ ਦੇ ਰਵਾਇਤੀ ਤਰੀਕੇ ਛੱਡ ਸੜਕਾਂ 'ਤੇ ਆਉਣ : ਭਰਪੂਰ/ਸਿਕੰਦਰ



**ਸਮਰਾਲਾ (ਸੁਰਜੀਤ ਸਿੰਘ)**

ਪੈਨਸ਼ਨਰਾਂ ਤੇ ਮੁਲਾਜ਼ਮਾਂ ਨੂੰ ਆਪਣੇ ਹੱਕ ਲੈਣ ਲਈ ਹੜਤਾਲਾਂ, ਧਰਨੇ, ਪ੍ਰਦਰਸ਼ਨ ਤੇ ਭੁੱਖ ਹੜਤਾਲਾਂ ਵਰਗੇ ਸੰਘਰਸ਼ ਦੇ ਗਾਂਧੀਵਾਦੀ ਤੌਰ ਤਰੀਕੇ ਛੱਡ ਕੇ ਸਮੇਂ ਦੀਆਂ ਸਰਕਾਰਾਂ ਖ਼ਿਲਾਫ ਇੱਕਮੁੱਠ ਹੋ ਕੇ ਲੜਨ ਲਈ ਸੜਕਾਂ 'ਤੇ ਉਤਰਨਾ ਪੈਣਾ ਹੈ, ਤਾਂ ਹੀ ਸਰਕਾਰਾਂ ਕੁੰਭਕਰਨੀ ਨੀਂਦ ਤੋਂ ਜਾਗ ਸਕਦੀਆਂ ਹਨ।ਇਹ ਵਿਚਾਰ ਇੱਥੇ ਪਾਵਰਕਾਮ ਦੀ ਪੈਨਸ਼ਨ ਐਸੋਸੀਏਸ਼ਨ ਦੀ ਪੈਨਸ਼ਨ ਭਵਨ ਵਿੱਚ ਹੋਈ ਮਾਸਿਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਐਸੋਸੀਏਸ਼ਨ ਦੇ ਸਰਕਲ ਰੋਪੜ ਦੇ ਪ੍ਰਧਾਨ ਭਰਪੂਰ ਸਿੰਘ ਮਾਂਗਟ ਤੇ ਸਮਰਾਲਾ ਮੰਡਲ ਦੇ ਪ੍ਰਧਾਨ ਸਿਕੰਦਰ ਸਿੰਘ ਨੇ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਪੈਨਸ਼ਨਰ ਐਸੋਸੀਏਸ਼ਨ ਕਰੀਬ 15 ਸਾਲ ਤੋਂ ਆਪਣੀਆਂ ਮੰਗਾਂ ਨੂੰ ਲੈ ਕੇ ਧਰਨੇ ਤੇ ਪ੍ਰਦਰਸ਼ਨ ਕਰ ਰਹੀ ਹੈ।ਇਸ ਦੌਰਾਨ ਅਕਾਲੀ, ਕਾਂਗਰਸ ਤੇ ਆਮ ਆਦਮੀ ਪਾਰਟੀ ਦੀਆਂ ਸਰਕਾਰਾਂ ਆਈਆਂ, ਪਰ ਕਿਸੇ ਵੀ ਸਰਕਾਰ ਨੇ ਉਨ੍ਹਾਂ ਦੀ ਗੱਲ ਨਾ ਸੁਣੀ।ਉਨ੍ਹਾਂ ਕਿਹਾ ਕਿ ਰਵਾਇਤੀ ਪਾਰਟੀਆਂ ਤੋਂ ਬਦਜ਼ਨ ਹੋ ਕੇ ਲੋਕਾਂ ਨੇ ਆਮ ਆਦਮੀ ਪਾਰਟੀ ਨੂੰ ਇਸ ਆਸ ਨਾਲ ਭਾਰੀ ਬਹੁਮੱਤ ਨਾਲ ਜਿਤਾਇਆ ਸੀ ਕਿ ਉਹ ਲੋਕਾਂ ਦੇ ਮਸਲੇ ਹੱਲ ਕਰਨਗੇ, ਪਰ ਇਹ ਸਰਕਾਰ ਲੋਕਾਂ ਦੀਆਂ ਨਜ਼ਰਾਂ ਵਿੱਚ ਅਜਿਹੀ ਨਿਕੰਮੀ ਸਾਬਿਤ ਹੋਈ ਕਿ ਲੋਕਾਂ ਦੇ ਮਸਲਿਆਂ ਵੱਲ ਉੱਕਾ ਹੀ ਤਵੱਜੋਂ ਨਹੀਂ ਦੇ ਰਹੀ।ਉਨ੍ਹਾਂ ਪਾਵਰਕਾਮ ਦੇ ਪੈਨਸ਼ਨਰਜ਼ ਤੇ ਮੁਲਾਜ਼ਮਾਂ ਨੂੰ ਇੱਕ ਮੁੱਠ ਹੋ ਕੇ ਸੰਘਰਸ਼ ਕਰਨ ਦਾ ਸੱਦਾ ਦਿੰਦਿਆਂ ਕਿਹਾ ਕਿ ਉਨ੍ਹਾਂ ਨੂੰ ਕਿਸਾਨ ਯੂਨੀਅਨਾਂ ਦੇ ਸੰਘਰਸ਼ ਤੋਂ ਸਬਕ ਲੈ ਕੇ ਆਪਣੇ ਘੋਲ ਜਾਰੀ ਰਖਣੇ ਚਾਹੀਦੇ ਹਨ।ਇਸੇ ਦੌਰਾਨ ਮੀਟਿੰਗ ਵਿੱਚ ਭਾਰਤੀ ਕਿਸਾਨ ਯੂਨੀਅਨ (ਸਿੱਧੂਪੁਰ) ਦੇ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ ਦੇ ਮੁਲਾਜ਼ਮਾਂ ਦੇ ਪੈਨਸ਼ਨ ਵਿਰੋਧੀ ਬਿਆਨ ਦੀ ਸਖ਼ਤ ਨਿਖੇਧੀ ਕੀਤੀ।ਉਨ੍ਹਾਂ ਐਲਾਨ ਕੀਤਾ ਕਿ ਇਸ ਮਹੀਨੇ ਦੀ 22 ਤਰੀਕ ਨੂੰ ਪੈਨਸ਼ਨਰਜ਼ ਜੁਆਇੰਟ ਫਰੰਟ ਦੀ ਮੋਹਾਲੀ ਵਿਖੇ ਹੋਣ ਵਾਲੀ ਰੈਲੀ ਵਿੱਚ ਵਧ ਚੜ੍ਹ ਕੇ ਭਾਗ ਲਿਆ ਜਾਵੇਗਾ ਤੇ ਪਾਵਰਕਾਮ ਦੇ ਭਾਰੀ ਗਿਣਤੀ ਵਿੱਚ ਪੈਨਸ਼ਨਰ ਇਸ ਰੈਲੀ ਦਾ ਹਿੱਸਾ ਬਣਨਗੇ।ਮੀਟਿੰਗ ਨੂੰ ਹੋਰਨਾਂ ਤੋਂ ਇਲਾਵਾ ਰਾਜਿੰਦਰ ਕੁਮਾਰ ਵਡੇਰਾ ਡਿਪਟੀ ਸੀਏਓ, ਪ੍ਰੇਮ ਸਿੰਘ ਐਸ ਡੀ ਓ, ਦਰਸ਼ਨ ਸਿੰਘ ਖਜ਼ਾਨਚੀ, ਭੁਪਿੰਦਰਪਾਲ ਸਿੰਘ, ਮਹੇਸ਼ ਕੁਮਾਰ ਖਮਾਣੋਂ, ਦਰਸ਼ਨ ਸਿੰਘ ਕੋਟਲਾ, ਹਰਪਾਲ ਸਿੰਘ, ਜਸਵੰਤ ਸਿੰਘ ਤੇ ਪ੍ਰੇਮ ਚੰਦ ਭਲਾ ਲੋਕ ਨੇ ਵੀ ਸੰਬੋਧਨ ਕੀਤਾ।ਸਟੇਜ ਸਕੱਤਰ ਦੀ ਭੂਮਿਕਾ ਜਗਤਾਰ ਸਿੰਘ ਹਰਿਓਂ ਨੇ ਨਿਭਾਈ।

# ਮਨੁੱਖ ਆਪਣੇ ਲਾਲਚਵੱਸ ਖ਼ੁਦ ਹੀ ਬਣ ਗਿਆ ਆਫ਼ਤ : ਸੰਧਵਾਂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਅੱਜ ਦਾ ਮਨੁੱਖ ਲਾਲਚ ਵੱਸ ਖੁਦ ਇੱਕ ਆਫ਼ਤ ਬਣ ਗਿਆ ਹੈ, ਜਿਸ ਵੱਲੋਂ ਕੀਤੇ ਜਾ ਰਹੇ ਕੁਦਰਤ ਦੇ ਘਾਣ ਨੇ ਬਹੁਤ ਸਾਰੀਆਂ ਆਫ਼ਤਾਂ ਨੂੰ ਜਨਮ ਦਿੱਤਾ ਹੈ।ਇਹ ਵਿਚਾਰ ਪੰਜਾਬੀ ਯੂਨੀਵਰਸਿਟੀ ਪਹੁੰਚੇ ਪੰਜਾਬ ਵਿਧਾਨ ਸਭਾ ਦੇ ਮਾਣਯੋਗ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਪ੍ਰਗਟਾਏ ਗਏ।ਉਹ ਆਫ਼ਤ ਪ੍ਰਬੰਧਨ ਸੰਬੰਧੀ ਭਾਰਤ ਸਰਕਾਰ ਦੇ ਕੌਮੀ ਅਦਾਰੇ ਨੈਸ਼ਨਲ ਇੰਸਟੀਚੂਟ ਆਫ਼ ਡਿਜ਼ਾਸਟਰ ਮੈਨੇਜਮੈਂਟ ਵੱਲੋਂ ਪੰਜਾਬੀ ਯੂਨੀਵਰਸਿਟੀ ਦੇ ਸਹਿਯੋਗ ਨਾਲ਼ ਕਰਾਏ ਜਾ ਰਹੇ ਪੰਜ ਦਿਨਾ ਫ਼ੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਦੇ ਚੌਥੇ ਦਿਨ ਮੁੱਖ ਮਹਿਮਾਨ ਵਜੋਂ ਪਹੁੰਚੇ ਸਨ।ਉਨ੍ਹਾਂ ਕਿਹਾ ਕਿ ਇਹ ਤੈਅ ਹੈ ਕਿ ਮਨੁੱਖ ਜਿੰਨਾ ਬੇਈਮਾਨ ਹੁੰਦਾ ਜਾਵੇਗਾ ਭਵਿੱਖ ਵਿੱਚ ਓਨੀਆਂ ਹੀ ਆਫ਼ਤਾਂ ਵਧੀਆਂ ਜਾਣਗੀਆਂ।ਉਨ੍ਹਾਂ ਇਸ ਵਰਤਾਰੇ ਉੱਤੇ ਵਿਅੰਗਮਈ ਅੰਦਾਜ਼ ਵਿੱਚ ਟਿੱਪਣੀ ਕਰਦਿਆਂ ਕਿਹਾ ਕਿ ਭਾਵੇਂ ਅਜਿਹੀਆਂ ਆਫ਼ਤਾਂ ਦਾ ਵਾਧਾ ਮਨੁੱਖ ਦੇ ਬੇਈਮਾਨ ਹੋਣ ਨਾਲ਼ ਜੁੜਿਆ ਹੈ, ਪਰ ਇਨ੍ਹਾਂ ਨਾਲ਼ ਨਜਿੱਠਣ ਦਾ ਕਾਰਜ ਸਾਨੂੰ ਇਮਾਨਦਾਰ ਹੋ ਕੇ ਹੀ ਕਰਨਾ ਪੈਣਾ। ਪ੍ਰੋਗਰਾਮ ਦੀ ਸ਼ਲਾਘਾ ਕਰਦਿਆਂ ਸਕੂਲ ਪੱਧਰ ਉੱਤੇ ਅਜਿਹੇ ਪ੍ਰੋਗਰਾਮ ਕਰਾਉਣ ਲਈ ਕਿਹਾ ਤਾਂ ਜੁ ਛੋਟੀ ਉਮਰ 'ਚ ਹੀ ਬੱਚਿਆਂ ਨੂੰ ਇਸ ਸੰਬੰਧੀ ਸਿਖਲਾਈ ਦਿੱਤੀ ਜਾ ਸਕੇ।ਪਿਛਲੇ ਸਾਲ ਆਏ ਹੜ੍ਹਾਂ ਦੇ ਹਵਾਲੇ ਨਾਲ਼ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਅਜਿਹੀਆਂ ਆਫ਼ਤਾਂ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਅਸੀਂ ਪਾਣੀਆਂ ਦੇ ਕੁਦਰਤੀ ਵਹਾਅ ਵਿੱਚ ਅੜਚਣ ਬਣ ਕੇ ਹੜ੍ਹ ਵਰਗੀਆਂ ਆਫ਼ਤਾਂ ਨੂੰ ਜਨਮ ਦਿੰਦੇ ਹਾਂ।ਉਨ੍ਹਾਂ ਨੌਜਵਾਨਾਂ ਨੂੰ ਰਾਜਨੀਤੀ ਵਿੱਚ ਸਰਗਰਮ ਸ਼ਮੂਲੀਅਤ ਕਰਨ ਦਾ ਵੀ ਸੱਦਾ ਦਿੱਤਾ।ਉਨ੍ਹਾਂ ਕਿਹਾ ਕਿ ਜੇਕਰ ਨੌਜਵਾਨ ਤੇ ਪੜ੍ਹੇ ਲਿਖੇ ਲੋਕ ਰਾਜਨੀਤੀ ਵਿੱਚ ਰੁਚੀ ਨਹੀਂ ਲੈਣਗੇ ਤਾਂ ਰਾਜਨੀਤੀ ਵਿੱਚ ਭ੍ਰਿਸ਼ਟ ਲੋਕਾਂ ਦੇ ਆਉਣ ਦੇ ਆਸਾਰ ਵਧ ਜਾਂਦੇ ਹਨ।ਡੀਨ ਅਕਾਦਮਿਕ ਮਾਮਲੇ ਪ੍ਰੋ. ਨਰਿੰਦਰ ਕੌਲ ਮੁਲਤਾਨੀ ਵੱਲੋਂ ਸਵਾਗਤੀ ਸ਼ਬਦਾਂ ਦੌਰਾਨ ਪੰਜਾਬੀ ਯੂਨੀਵਰਸਿਟੀ ਦੇ ਖਾਸੇ ਬਾਰੇ ਗੱਲ ਕੀਤੀ। ਉਨ੍ਹਾਂ ਦੱਸਿਆ ਕਿ ਯੂਨੀਵਰਸਿਟੀ ਆਪਣੇ ਅਧਿਆਪਕਾਂ ਦੀ ਸਮਰੱਥਾ ਵਿੱਚ ਵਾਧਾ ਕਰਨ ਲਈ ਨਿਰੰਤਰ ਅਜਿਹੇ ਪ੍ਰੋਗਰਾਮ ਕਰਾਉਂਦੀ ਰਹਿੰਦੀ ਹੈ।ਪ੍ਰੋਗਰਾਮ ਡਾਇਰੈਕਟਰ ਡਾ. ਨਿੰਮੀ ਨੇ ਪੰਜ ਦਿਨਾ ਪ੍ਰੋਗਰਾਮ ਦੌਰਾਨ ਹੋ ਰਹੀਆਂ ਗਤੀਵਿਧੀਆਂ ਦੀ ਜਾਣਕਾਰੀ ਦਿੱਤੀ।ਉਨ੍ਹਾਂ ਦੱਸਿਆ ਕਿ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇ ਪ੍ਰੋਗਰਾਮਾਂ ਦਾ ਨਿਰਮਾਣ ਕੀਤਾ ਜਾਵੇਗਾ।ਡੀਨ ਕਾਲਜ ਵਿਕਾਸ ਕੌਂਸਲ ਡਾ. ਬਲਰਾਜ ਸੈਨੀ ਨੇ ਇਸ ਮੌਕੇ ਧੰਨਵਾਦੀ ਭਾਸ਼ਣ ਦਿੱਤਾ।

## ਜ਼ੋਨਲ ਪੱਧਰੀ ਐਥਲੈਟਿਕਸ ਮੁਕਾਬਲਿਆਂ 'ਚ ਬਾਬਾ ਫ਼ਰੀਦ ਸਕੂਲ ਨੇ ਮਾਰੀਆਂ ਮੱਲਾਂ

### ਵਿਦਿਆਰਥੀਆਂ ਨੇ 9 ਗੋਲਡ, 6 ਸਿਲਵਰ ਤੇ 5 ਕਾਂਸੀ ਦੇ ਤਮਗੇ ਜਿੱਤੇ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪੰਜਾਬ ਸਕੂਲ ਸਿੱਖਿਆ ਬੋਰਡ ਮੁਹਾਲੀ ਵੱਲੋਂ ਕਰਵਾਏ ਜ਼ੋਨਲ ਪੱਧਰ ਦੇ ਐਥਲੈਟਿਕਸ ਮੁਕਾਬਲਿਆਂ ਵਿੱਚ ਬਾਬਾ ਫ਼ਰੀਦ ਸੀਨੀਅਰ ਸੈਕੰਡਰੀ ਸਕੂਲ ਬਠਿੰਡਾ ਦੇ ਵਿਦਿਆਰਥੀ ਪੂਰੀ ਤਰ੍ਹਾਂ ਛਾਏ ਰਹੇ।ਬਠਿੰਡਾ ਜ਼ੋਨ ਦੇ ਅੰਤਰਗਤ ਕਈ ਸਕੂਲਾਂ ਦੇ ਵਿਦਿਆਰਥੀਆਂ ਨੇ ਵੱਖ-ਵੱਖ ਖੇਡਾਂ ਵਿੱਚ ਭਾਗ ਲਿਆ ਤੇ ਇਸ ਦੌਰਾਨ ਬਾਬਾ ਫ਼ਰੀਦ ਸੀਨੀਅਰ ਸੈਕੰਡਰੀ ਸਕੂਲ ਦੇ ਲੜਕੇ ਤੇ ਲੜਕੀਆਂ ਨੇ ਆਪਣੀ ਖੇਡ ਪ੍ਰਤਿਭਾ ਦਾ ਬਿਹਤਰੀਨ ਪ੍ਰਦਰਸ਼ਨ ਕਰਦੇ ਹੋਏ ਸਕੂਲ ਦਾ ਮਾਣ ਵਧਾਇਆ।ਸਕੂਲ ਦੇ ਖੇਡ ਇੰਚਾਰਜ ਯਤਿੰਦਰ ਕੁਮਾਰ (ਲੈਕਚਰਾਰ-ਸਰੀਰਕ ਸਿੱਖਿਆ) ਦੀ ਯੋਗ ਅਗਵਾਈ ਹੇਠ ਅੰਡਰ-19 (ਲੜਕੀਆਂ) ਦੇ ਵਰਗ ਵਿੱਚ ਸਕੂਲ ਦੀਆਂ ਲੜਕੀਆਂ ਨੇ ਤੀਹਰੀ ਛਾਲ, 200 ਮੀਟਰ ਦੌੜ, 400 ਮੀਟਰ ਦੌੜ ਤੇ 3000 ਮੀਟਰ ਤੇਜ਼ ਤੁਰਨ ਦੇ ਮੁਕਾਬਲੇ ਵਿੱਚ ਗੋਲਡ ਮੈਡਲ ਪ੍ਰਾਪਤ ਕੀਤਾ, ਜਦੋਂਕਿ 400 ਮੀਟਰ ਦੌੜ, 800 ਮੀਟਰ ਦੌੜ ਤੇ 3000 ਮੀਟਰ ਤੇਜ਼ ਤੁਰਨ ਦੇ ਮੁਕਾਬਲੇ ਵਿੱਚ ਸਿਲਵਰ ਮੈਡਲ ਪ੍ਰਾਪਤ ਕੀਤਾ।ਇਸ ਤੋਂ ਇਲਾਵਾ 200 ਮੀਟਰ ਦੌੜ ਦੇ ਮੁਕਾਬਲੇ ਵਿੱਚ ਬਾਬਾ ਫ਼ਰੀਦ ਸੀਨੀਅਰ ਸੈਕੰਡਰੀ ਸਕੂਲ ਦੀ ਇੱਕ ਵਿਦਿਆਰਥਣ ਨੇ ਤੀਜਾ ਸਥਾਨ ਹਾਸਲ ਕਰ ਕੇ ਕਾਂਸੀ ਦਾ ਤਮਗਾ ਹਾਸਲ ਕੀਤਾ ਹੈ।ਇਸੇ ਤਰ੍ਹਾਂ ਅੰਡਰ-17 (ਲੜਕੀਆਂ) ਦੇ ਵਰਗ ਤਹਿਤ ਸਕੂਲ ਦੀ ਇੱਕ ਵਿਦਿਆਰਥਣ ਨੇ 3000 ਮੀਟਰ ਤੇਜ਼ ਤੁਰਨ ਦੇ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕਰ ਕੇ ਗੋਲਡ ਮੈਡਲ ਜਿੱਤਿਆ। ਅੰਡਰ-19 (ਲੜਕਿਆਂ) ਦੇ ਵਰਗ ਵਿੱਚ ਸਕੂਲ ਦੇ ਲੜਕਿਆਂ ਨੇ 100 ਮੀਟਰ ਦੌੜ, 200 ਮੀਟਰ ਦੌੜ, 800 ਮੀਟਰ ਦੌੜ, ਡਿਸਕਸ ਥਰੋਅ ਤੇ ਸ਼ਾਟਪੁੱਟ ਮੁਕਾਬਲੇ ਵਿੱਚ ਗੋਲਡ ਮੈਡਲ ਪ੍ਰਾਪਤ ਕੀਤਾ, ਜਦੋਂ ਕਿ ਜੈਵਲਿਨ ਥਰੋਅ ਦੇ ਮੁਕਾਬਲੇ ਵਿੱਚ ਸਿਲਵਰ ਮੈਡਲ ਪ੍ਰਾਪਤ ਕੀਤਾ।ਇਨ੍ਹਾਂ ਤੋਂ ਇਲਾਵਾ ਜੈਵਲਿਨ ਥਰੋਅ, ਡਿਸਕਸ ਥਰੋਅ, ਸ਼ਾਟਪੁੱਟ ਤੇ ਤੀਹਰੀ ਛਾਲ ਦੇ ਮੁਕਾਬਲੇ ਵਿੱਚ ਵੀ ਸਕੂਲ ਦੇ ਲੜਕਿਆਂ ਨੇ ਕਾਂਸੀ ਦੇ ਤਮਗੇ ਹਾਸਲ ਕੀਤੇ।ਇਸੇ ਤਰ੍ਹਾਂ ਅੰਡਰ-17 (ਲੜਕਿਆਂ) ਦੇ ਵਰਗ ਵਿੱਚ ਵੀ ਵਿਦਿਆਰਥੀਆਂ ਨੇ ਸ਼ਾਨਦਾਰ ਖੇਡ ਕਲਾ ਦਾ ਪ੍ਰਦਰਸ਼ਨ ਕਰਦਿਆਂ ਸ਼ਾਟਪੁੱਟ ਤੇ ਡਿਸਕਸ ਥਰੋਅ ਵਿੱਚ ਦੂਜਾ ਸਥਾਨ ਹਾਸਲ ਕਰ ਕੇ ਸਿਲਵਰ ਮੈਡਲ ਪ੍ਰਾਪਤ ਕੀਤੇ।ਸਕੂਲ ਪ੍ਰਿੰਸੀਪਲ ਡਾ. ਬਲਜਿੰਦਰ ਸਿੰਘ ਸਿੱਧੂ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਇਨ੍ਹਾਂ ਸ਼ਾਨਦਾਰ ਪ੍ਰਾਪਤੀਆਂ ਦਾ ਸਿਹਰਾ ਵਿਦਿਆਰਥੀਆਂ ਦੀ ਮਿਹਨਤ ਤੇ ਖੇਡ ਵਿਭਾਗ ਦੇ ਅਧਿਆਪਕਾਂ ਨੂੰ ਦਿੱਤਾ।ਬੀ.ਐਫ.ਜੀ.ਆਈ. ਦੇ ਚੇਅਰਮੈਨ ਡਾ. ਗੁਰਮੀਤ ਸਿੰਘ ਧਾਲੀਵਾਲ ਨੇ ਵੀ ਖ਼ੁਸ਼ੀ ਜ਼ਾਹਰ ਕਰਦਿਆਂ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਸੁਨਹਿਰੀ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਸ਼ਹਿਰ ਦੀਆਂ ਸੜਕਾਂ ਦੀ ਛੇਤੀ ਹੋਵੇਗੀ ਕਾਇਆ-ਕਲਪ : ਗੀਤਿਕਾ ਸਿੰਘ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਹਰ ਸਾਲ ਦਸੰਬਰ ਮਹੀਨੇ ਵਿੱਚ ਹੋਣ ਵਾਲੀ ਸ਼ਹੀਦੀ ਸਭਾ ਦੌਰਾਨ ਦੇਸ਼-ਵਿਦੇਸ਼ ਤੋਂ ਆਉਣ ਵਾਲੇ ਸ਼ਰਧਾਲੂਆਂ ਦੀ ਸਹੂਲਤ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੁਖਤਾ ਪ੍ਰਬੰਧ ਕੀਤੇ ਜਾਣਗੇ ਤਾਂ ਜੋ ਸ਼ਰਧਾਲੂਆਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਪੇਸ਼ ਨਾ ਆਵੇ।ਇਹ ਜਾਣਕਾਰੀ ਸਾਂਝੀ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ (ਜ) ਗੀਤਿਕਾ ਸਿੰਘ ਨੇ ਦੱਸਿਆ ਕਿ ਹਰੇਕ ਸਾਲ ਦੇਸ਼-ਵਿਦੇਸ਼ ਤੋਂ ਲੱਖਾਂ ਦੀ ਗਿਣਤੀ ਵਿੱਚ ਸ਼ਰਧਾਲੂ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਨਤਮਸਤਕ ਹੋਣ ਲਈ ਪਹੁੰਚਦੇ ਹਨ ਤੇ ਸੰਗਤਾਂ ਦੀ ਸਹੂਲਤ ਨੂੰ ਮੁੱਖ ਰੱਖਦੇ ਹੋਏ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਨੂੰ ਆਉਂਦੀਆਂ ਸਾਰੀਆਂ ਸੜਕਾਂ ਦੀ ਕਾਇਆ ਕਲਪ ਕਰਨ ਲਈ ਕਾਰਵਾਈ ਕੀਤੀ ਜਾ ਰਹੀ ਹੈ।ਲੋਕ ਨਿਰਮਾਣ ਵਿਭਾਗ ਦੇ ਐਸ.ਡੀ.ਓ. ਹਰਜਿੰਦਰ ਸਿੰਘ ਨੇ ਦੱਸਿਆ ਕਿ ਫ਼ਤਹਿਗੜ੍ਹ ਸਾਹਿਬ ਨੂੰ ਸਰਹਿੰਦ ਸ਼ਹਿਰ ਨੂੰ ਜੋੜਦੀ ਸਿਵਲ ਹਸਪਤਾਲ ਦੇ ਸਾਹਮਣੇ ਵਾਲੀ ਸੜਕ ਮੁਰੰਮਤ ਬਕਾਇਆ ਹੈ।ਸਰਕਾਰ ਵੱਲੋਂ ਫੰਡ ਜਾਰੀ ਹੋਣ ਉਪਰੰਤ ਇਸ ਦੀ ਪੂਰੀ ਲੰਬਾਈ ਦੀ ਵਿਸ਼ੇਸ਼ ਮੁਰੰਮਤ ਕੀਤੀ ਜਾਵੇਗੀ, ਪਰ ਫ਼ਿਲਹਾਲ ਇਸ ਸੜਕ ਸਮੇਤ ਵੱਖ-ਵੱਖ ਸੜਕਾਂ ਦਾ ਪੈਚ ਵਰਕ ਕਰਵਾਇਆ ਜਾ ਰਿਹਾ ਹੈ।

## ਸੈਂਟਰ ਪੱਧਰੀ ਖੇਡਾਂ 'ਚ ਜੇਤੂ ਰਹੇ ਬੱਚੇ ਕੀਤੇ ਸਨਮਾਨਤ



**ਮਾਨਸਾ (ਆਤਮਾ ਸਿੰਘ ਪਮਾਰ)**-ਸੈਂਟਰ ਖਿਆਲਾ ਕਲਾਂ ਦੀਆਂ ਪ੍ਰਾਇਮਰੀ ਸਕੂਲ ਖੇਡਾਂ ਅੰਡਰ 11 ਸਾਲ ਵਿੱਚੋਂ ਸਰਕਾਰੀ ਪ੍ਰਾਇਮਰੀ ਸਕੂਲ ਅਤਲਾ ਕਲਾਂ ਦੇ ਬੱਚਿਆਂ ਨੇ ਕੀਤਾ ਓਵਰ ਆਲ ਟਰਾਫ਼ੀ ਤੇ ਲਗਾਤਾਰ ਤੀਜੇ ਸਾਲ ਕਬਜ਼ਾ ਕਰਕੇ ਆਪਣੇ ਸਕੂਲ, ਮਾਪਿਆਂ ਤੇ ਪਿੰਡ ਦਾ ਨਾਮ ਰੋਸ਼ਨ ਕੀਤਾ ਹੈ।ਸਕੂਲ 'ਚ ਪੁੱਜਣ 'ਤੇ ਜੇਤੂ ਬੱਚਿਆਂ ਨੂੰ ਸਨਮਾਨਤ ਕੀਤਾ ਗਿਆ।ਖੇਡ ਇੰਚਾਰਜ ਅਸ਼ਵਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਥਾਨਕ ਸਕੂਲ ਦੇ ਬੱਚਿਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਕਬੱਡੀ ਮੁੰਡੇ ਕਬੱਡੀ, ਕੁੜੀਆਂ, ਖੋ-ਖੋ ਮੁੰਡੇ, ਖੋ-ਖੋ ਕੁੜੀਆਂ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ।ਇਸੇ ਤਰ੍ਹਾਂ ਬੰਟੀ ਸਿੰਘ ਨੇ ਕੁਸ਼ਤੀ 25 ਕਿਲੋਗ੍ਰਾਮ ਵਿੱਚ, ਹਰਮਨਦੀਪ ਕੌਰ ਨੇ ਗੋਲਾ (ਸ਼ਾਟਪੁੱਟ) ਵਿੱਚ ਪਹਿਲਾ ਤੇ ਅਰਸ਼ਦ ਖਾਨ ਨੇ ਕੁਸ਼ਤੀ 28 ਕਿਲੋਗ੍ਰਾਮ ਵਿੱਚ, ਗੁਰਵਿੰਦਰ ਸਿੰਘ ਨੇ ਕੁਸ਼ਤੀ 30 ਕਿਲੋਗ੍ਰਾਮ ਤੇ 400 ਮੀਟਰ ਦੌੜ ਵਿੱਚ ਦੂਸਰਾ ਸਥਾਨ ਪ੍ਰਾਪਤ ਕਰਕੇ ਬਲਾਕ ਪੱਧਰੀ ਖੇਡਾਂ ਵਾਸਤੇ ਕੁਆਲੀਫਾਈ ਕੀਤਾ ਹੈ।ਸਕੂਲ ਮੁਖੀ ਬਲਜਿੰਦਰ ਸਿੰਘ ਨੇ ਖੇਡ ਇੰਚਾਰਜ, ਸਮੁੱਚੇ ਸਟਾਫ ਤੇ ਬੱਚਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਰਕਾਰੀ ਪ੍ਰਾਇਮਰੀ ਸਕੂਲ ਅਤਲਾ ਕਲਾਂ ਨੇ ਸਮੁੱਚੇ ਸਟਾਫ ਤੇ ਮਾਪਿਆਂ ਦੇ ਸਹਿਯੋਗ ਨਾਲ ਹਰ ਖੇਤਰ ਵਿੱਚ ਪਿੰਡ ਦਾ ਨਾਮ ਚਮਕਾਇਆ ਹੈ।ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਗੁਰਸੇਵਕ ਸਿੰਘ, ਕਮੇਟੀ ਮੈਂਬਰ ਮਾਸਟਰ ਜਗਨ ਨਾਥ, ਫੌਜੀ ਗੁਰਮੇਲ ਸਿੰਘ, ਤਾਰੀ ਸਿੰਘ, ਜਗਮੇਲ ਖਾਂ ਨੇ ਵਧਾਈ ਦਿੰਦੇ ਹੋਏ ਕਿਹਾ ਕਿ ਉਨ੍ਹਾਂ ਨੂੰ ਸਮੁੱਚੇ ਸਟਾਫ ਦੀ ਮਿਹਨਤ ਤੇ ਪਿੰਡ ਦੇ ਸਕੂਲ ਉੱਪਰ ਬਹੁਤ ਮਾਣ ਹੈ।ਇਸ ਸਮੇਂ ਸਕੂਲ ਸਟਾਫ ਅਧਿਆਪਕ ਸੁਰਜੀਤ ਸਿੰਘ, ਗੁਰਦੀਪ ਸਿੰਘ, ਅਵਤਾਰ ਸਿੰਘ, ਕਮੇਟੀ ਮੈਂਬਰ ਅੰਮ੍ਰਿਤਪਾਲ ਕੌਰ, ਵੀਰਪਾਲ ਕੌਰ, ਮਨਜੀਤ ਕੌਰ ਤੇ ਆਂਗਣਵਾੜੀ ਸਟਾਫ ਕਿਰਨਦੀਪ ਕੌਰ ਹਾਜ਼ਰ ਸਨ।

# ਸਿਵਲ ਹਸਪਤਾਲ 'ਚ ਮਨਾਇਆ ਵਿਸ਼ਵ ਦ੍ਰਿਸ਼ਟੀ ਦਿਵਸ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਨੈਸ਼ਨਲ ਪ੍ਰੋਗਰਾਮ ਫਾਰ ਕੰਟਰੋਲ ਆਫ਼ ਬਲਾਈਂਡਨੈਸ ਅਧੀਨ ਸਿਹਤ ਵਿਭਾਗ ਵੱਲੋਂ ਡਾ. ਜਗਦੀਪ ਚਾਵਲਾ ਸਿਵਲ ਸਰਜਨ ਦੀ ਯੋਗ ਅਗਵਾਈ ਵਿੱਚ ਸਿਵਲ ਹਸਪਤਾਲ ਵਿਖੇ ਜਾਗਰੂਕਤਾ ਸਮਾਗਮ ਕੀਤਾ ਗਿਆ।ਸਮਾਗਮ ਦੌਰਾਨ ਡਾ ਹਰਸ਼ਪ੍ਰੀਤ ਕੌਰ ਅੱਖਾਂ ਦੇ ਮਾਹਿਰ ਸਿਵਲ ਹਸਪਤਾਲ ਸ੍ਰੀ ਨੇ ਕਿਹਾ ਕਿ ਇਹ ਦਿਨ ਮਨਾਉਣ ਦਾ ਮਕਸਦ ਆਮ ਲੋਕਾਂ ਨੂੰ ਅੱਖਾਂ ਦੀਆਂ ਬਿਮਾਰੀਆਂ ਤੋਂ ਬਚਣ ਅਤੇ ਉਨ੍ਹਾਂ ਦਾ ਇਲਾਜ ਕਿਹੜੇ-ਕਿਹੜੇ ਹਸਪਤਾਲ ਵਿੱਚ ਹੁੰਦਾ ਹੈ, ਸਬੰਧੀ ਜਾਗਰੂਕ ਕਰਨਾ ਹੈ।ਉਨ੍ਹਾਂ ਕਿਹਾ ਕਿ ਵਿਸ਼ਵ ਦ੍ਰਿਸ਼ਟੀ ਦਿਵਸ ਹਰ ਸਾਲ ਅਕਤੂਬਰ ਮਹੀਨੇ ਦੇ ਦੂਜੇ ਵੀਰਵਾਰ ਮਨਾਇਆ ਜਾਂਦਾ ਹੈ।ਉਨ੍ਹਾਂ ਕਿਹਾ ਕਿ ਹਰੇਕ ਵਿਅਕਤੀ ਨੂੰ ਆਪਣੀ ਤੇ ਬੱਚਿਆਂ ਦੀ ਸਮੇਂ ਸਮੇਂ ਨਿਗਾਹ ਦੀ ਜਾਂਚ ਮਾਹਿਰ ਡਾਕਟਰ ਤੋਂ ਕਰਾਉਂਦੇ ਰਹਿਣਾ ਚਾਹਿਦਾ ਹੈ ਤਾਂ ਜੁ ਉਸ ਦਾ ਸਮੇਂ ਸਿਰ ਇਲਾਜ ਕੀਤਾ ਜਾ ਸਕੇ ਤੇ ਜੇਕਰ ਐਨਕ ਦੀ ਜ਼ਰੂਰਤ ਹੋਵੇ ਤਾਂ ਉਸ ਨੂੰ ਸਮੇਂ ਸਿਰ ਐਨਕ ਲਾਈ ਜਾ ਸਕੇ।ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਬੱਚਿਆਂ ਨੂੰ ਐਨਕਾਂ ਸਿਹਤ ਵਿਭਾਗ ਵੱਲੋਂ ਮੁਫ਼ਤ ਦਿੱਤੀਆਂ ਜਾਂਦੀਆਂ ਹਨ।ਇਸ ਸਾਲ ਵਿਸ਼ਵ ਦ੍ਰਿਸ਼ਟੀ ਦਿਵਸ ਦਾ ਥੀਮ ਬੱਚਿਓ, ਆਪਣੀਆਂ ਅੱਖਾਂ ਨੂੰ ਪਿਆਰ ਕਰੋ ਹੈ।ਉਨ੍ਹਾਂ ਕਿਹਾ ਕਿ ਨੌਜਵਾਨ ਤੇ ਬੱਚੇ ਜੇਕਰ ਮੋਬਾਇਲ, ਟੈਬ, ਲੈਪਟਾਪ ਸਕਰੀਨਾਂ ਤੋਂ ਲੈ ਕੇ ਟੈਲੀਵਿਜ਼ਨਾਂ ਨੂੰ ਦੇਖਦੇ ਹੋਏ ਆਪਣਾ ਦਿਨ ਬਿਤਾਉਂਦੇ ਹਨ ਤਾਂ ਡਿਜ਼ੀਟਲ ਮੀਡੀਆ ਦੀ ਜ਼ਿਆਦਾ ਵਰਤੋਂ ਕਾਰਨ ਅੱਖਾਂ ਤੇ ਦਬਾਅ/ਅਸਰ ਇੱਕ ਵੱਡੀ ਸਮੱਸਿਆ ਬਣ ਸਕਦਾ ਹੈ।ਆਪਣੀਆਂ ਅੱਖਾਂ ਨੂੰ ਸੁਰੱਖਿਅਤ ਰੱਖਣ ਲਈ ਹਰ 20 ਮਿੰਟ ਵਿੱਚ 20 ਸਕਿੰਟਾਂ ਦਾ ਬ੍ਰੇਕ ਅੱਖਾਂ ਤੇ ਅਣਚਾਹੇ ਦਬਾਅ ਅਤੇ ਦਰਦ ਤੋਂ ਬਚਾਅ ਲਈ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਹਰੇਕ ਵਰਗ ਉਮਰ ਦੇ ਲੋਕਾਂ ਨੂੰ ਹਰ ਸਾਲ ਆਪਣੀਆਂ ਅੱਖਾਂ ਦਾ ਚੈੱਕਅਪ ਮਾਹਿਰ ਡਾਕਟਰ ਤੋਂ ਕਰਵਾਉਣਾ ਚਾਹੀਦਾ ਹੈ ਤਾਂ ਜੁ ਕੋਈ ਵੀ ਤਕਲੀਫ਼ ਹੋਣ 'ਤੇ ਸਮੇਂ ਸਿਰ ਇਲਾਜ ਕੀਤਾ ਜਾ ਸਕੇ।

# ਰੋਇਲ ਗਰੀਨ ਸਿਟੀ ਕਲੋਨੀ ਦੇ ਪਲਾਟ ਹੋਲਡਰਜ਼ ਦੀ ਮੀਟਿੰਗ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਰੋਇਲ ਗਰੀਨ ਸਿਟੀ ਕਲੋਨੀ ਦੇ ਸਾਰੇ ਪਲਾਟ ਹੋਲਡਰਜ ਦੀ ਮੀਟਿੰਗ ਕਲੋਨੀ ਦੇ ਪ੍ਰਧਾਨ ਰਮਨ ਗਾਂਧੀ ਦੀ ਪ੍ਰਧਾਨਗੀ ਹੇਠ ਕਲੋਨੀ ਦੇ ਪਾਰਕ ਵਿਖੇ ਹੋਈ।ਕਲੋਨੀ ਦੇ ਪ੍ਰਮੋਟਰ/ਡਿਵੈਲਪਰ/ਕਾਲੋਨਾਇਜ਼ਰ ਦੀ ਤਰਫੋਂ ਮੋਹਨ ਸਿੰਘ ਵਿਸੇਸ਼ ਤੌਰ 'ਤੇ ਹਾਜ਼ਰ ਹੋਏ।ਇਸ ਮੌਕੇ ਪ੍ਰਧਾਨ ਤੇ ਸਮੂਹ ਪਲਾਟ ਹੋਲਡਰਜ ਵੱਲੋਂ ਠੋਸ ਦਲੀਲਾਂ ਨਾਲ ਮੰਗਾਂ ਰੱਖੀਆਂ ਗਈਆਂ, ਜਿਵੇਂ ਸਾਰੇ ਪਲਾਟ ਹੋਲਡਰਜ ਨੂੰ ਜ਼ਰੂਰੀ ਡਾਕੂਮੈਂਟ ਅਲਾਟਮੈਂਟ ਲੈਟਰ, ਸੇਲ ਐਗਰੀਮੈਂਟ ਤੇ ਪ੍ਰਜੇਸਨ ਐਗਰੀਮੈਂਟ ਮੁਹੱਈਆ ਕਰਾਏ ਜਾਣ।

ਦੂਜਾ ਕਲੋਨੀ ਦਾ ਰੋਡ ਲੈਵਲ, ਜੋ ਰੋਡ ਬਣਨ ਤੋਂ ਪਹਿਲਾਂ ਸਰਕਾਰ ਦੇ ਨਿਯਮਾਂ ਅਨੁਸਾਰ ਨਿਰਧਾਰਤ ਸੀ, ਉਹ ਹੀ ਰੱਖਿਆ ਜਾਵੇਗਾ ਤੇ ਗਲਤ ਲੈਵਲ ਨੂੰ ਠੀਕ ਕੀਤਾ ਜਾਵੇਗਾ।ਤੀਜਾ ਭਵਿੱਖ ਵਿੱਚ ਬਣਨ ਵਾਲੇ ਹਰੇਕ ਮਕਾਨ ਨੂੰ ਫਰਸ਼ ਤੇ ਛੱਤ ਦੇ ਲੈਵਲ ਦੀ ਨਿਸ਼ਾਨਦੇਹੀ ਕਰਨ ਦੀ ਜ਼ਿੰਮੇਵਾਰੀ ਡਵੈਲਪਰ ਦੀ ਹੋਵੇਗੀ।ਚੌਥਾ ਕਲੋਨੀ ਦੀ ਸਟਰੀਟ ਲਾਈਟਿੰਗ ਪਾਵਰ ਸਪਲਾਈ 24 ਘੰਟੇ ਚਾਲੂ ਰੱਖਣ ਲਈ ਜਨਰੇਟਰ ਮੁਹੱਈਆ ਕਰਾਉਣ ਬਾਰੇ।

ਪੰਜਵਾਂ ਕਲੋਨੀ ਦਾ ਵਾਟਰ ਕੂਲਰ ਤੇ ਇਕ ਹਫਤੇ ਦੇ ਅੰਦਰ-ਅੰਦਰ ਲਾਉਣ ਬਾਰੇ।ਛੇਵਾਂ ਕਲੋਨੀ ਦੇ ਸਾਰੇ ਖਾਲੀ ਪਏ ਪਲਾਟਾਂ ਦੀ ਸਫ਼ਾਈ ਤੁਰੰਤ ਕਰਾਉਣ ਲਈ ਇਸਦੀ ਜ਼ਿੰਮੇਵਾਰੀ ਸੰਜੀਵ ਜਿੰਦਲ ਨੂੰ ਦਿੱਤੀ ਗਈ, ਜੋ ਟਰੈਕਟਰ ਵਾਲੇ ਨਾਲ ਸੰਪਰਕ ਕਰਨਗੇ।ਸੱਤਵਾਂ ਵੇਟਿੰਗ ਸ਼ੈੱਡ (ਬੱਸ ਸਟੈਂਡ) ਨੂੰ ਇਸੇ ਹਫਤੇ ਲਵਾਉਣ ਦੀ ਜ਼ਿੰਮੇਵਾਰੀ ਸੰਜੀਵ ਜਿੰਦਲ ਨੂੰ ਦਿੱਤੀ ਗਈ ਹੈ, ਜੋ ਮਿਸਤਰੀ ਨਾਲ ਤਾਲਮੇਲ ਕਰਨਗੇ।ਅੱਠਵਾਂ ਲੋੜੀਂਦੀਆਂ ਸਟਰੀਟ ਤੇ ਪਾਰਕ ਲਾਈਟਾਂ ਦੀ ਖਰੀਦ ਦੀ ਜ਼ਿੰਮੇਵਾਰੀ ਹਰੀਸ਼ ਲੱਕੀ ਦੀ ਲਾਈ ਗਈ।ਮੋਹਨ ਸਿੰਘ ਵਲੋਂ ਭਰੋਸਾ ਦਿੱਤਾ ਗਿਆ ਕਿ ਸਾਰੀਆਂ ਮੰਗਾਂ ਦਾ ਹੱਲ ਦਿੱਤੇ ਗਏ ਟਾਈਮ ਦੇ ਅੰਦਰ ਅੰਦਰ ਹੱਲ ਕਰ ਦਿੱਤਾ ਜਾਵੇਗਾ।

## ਚੋਰੀ ਦੇ ਦੋ ਮੋਟਰਸਾਈਕਲਾਂ ਸਮੇਤ ਤਿੰਨ ਗ੍ਰਿਫਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸੀਆਈਏ ਸਰਹਿੰਦ ਦੀ ਪੁਲਸ ਵੱਲੋਂ ਇੱਕ ਔਰਤ ਸਮੇਤ ਤਿੰਨ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਚੋਰੀ ਦੇ ਦੋ ਮੋਟਰਸਾਈਕਲ ਬਰਾਮਦ ਕੀਤੇ ਗਏ।ਪ੍ਰਾਪਤ ਜਾਣਕਾਰੀ ਅਨੁਸਾਰ ਸੀਆਈਏ ਸਟਾਫ ਸਰਹਿੰਦ ਵਿਖੇ ਤਾਇਨਾਤ ਸਹਾਇਕ ਥਾਣੇਦਾਰ ਰੁਪਿੰਦਰ ਸਿੰਘ ਨੂੰ ਇਤਲਾਹ ਮਿਲੀ ਸੀ ਕਿ ਲਖਵਿੰਦਰ ਸਿੰਘ ਉਰਫ਼ ਲੱਕੀ, ਗੁਰਜੰਟ ਸਿੰਘ ਉਰਫ ਜੰਟਾ ਤੇ ਮਨਜੀਤ ਕੌਰ ਮੋਟਰਸਾਈਕਲ ਚੋਰੀ ਕਰਕੇ ਅੱਗੇ ਵੇਚਣ ਦਾ ਧੰਦਾ ਕਰਦੇ ਹਨ, ਜੋ ਕਿ ਇਸ ਸਮੇਂ ਮੰਡੀ ਗੋਬਿੰਦਗੜ੍ਹ ਦੇ ਫੋਕਲ ਪੁਆਇੰਟ ਵਿੱਚ ਚੋਰੀ ਦੇ ਮੋਟਰਸਾਈਕਲ ਵੇਚਣ ਲਈ ਗਾਹਕਾਂ ਦੀ ਉਡੀਕ ਕਰ ਰਹੇ ਹਨ।ਸਹਾਇਕ ਥਾਣੇਦਾਰ ਰੁਪਿੰਦਰ ਸਿੰਘ ਦੀ ਅਗਵਾਈ ਵਾਲੀ ਪੁਲਸ ਪਾਰਟੀ ਵੱਲੋਂ ਛਾਪੇਮਾਰੀ ਕਰਦੇ ਹੋਏ ਉਕਤ ਵਿਅਕਤੀਆਂ ਨੂੰ ਕਾਬੂ ਕਰ ਲਿਆ ਗਿਆ, ਜਿਨਾਂ ਕੋਲੋਂ ਇੱਕ ਹੀਰੋ ਐੱਚ ਐੱਫ ਡੀਲਕਸ ਮੋਟਰਸਾਈਕਲ ਤੇ ਇੱਕ ਯਾਮਹਾ ਫੇਨਜ਼ਰ ਮੋਟਰਸਾਈਕਲ ਬਰਾਮਦ ਹੋਏ।

ਇਸ ਸਬੰਧੀ ਥਾਣਾ ਮੰਡੀ ਗੋਬਿੰਦਗੜ੍ਹ ਵਿਖੇ ਦਰਜ ਕਰਵਾਏ ਗਏ ਮੁਕੱਦਮੇ ਵਿੱਚ ਲਖਵਿੰਦਰ ਸਿੰਘ ਉਰਫ਼ ਲੱਕੀ, ਗੁਰਜੰਟ ਸਿੰਘ ਉਰਫ ਜੰਟਾ ਤੇ ਮਨਜੀਤ ਕੌਰ ਵਾਸੀਆਨ ਮੰਡੀ ਗੋਬਿੰਦਗੜ੍ਹ ਨੂੰ ਗ੍ਰਿਫਤਾਰ ਕਰਕੇ ਸਹਾਇਕ ਥਾਣੇਦਾਰ ਰੁਪਿੰਦਰ ਸਿੰਘ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

## ਵਿਜ਼ਡਮ ਇੰਟਰਨੈਸ਼ਨਲ ਸਕੂਲ ਦਾ 'ਖੇਡਾਂ ਵਤਨ ਪੰਜਾਬ ਦੀਆਂ' 'ਚ ਸ਼ਾਨਦਾਰ ਪ੍ਰਦਰਸ਼ਨ



**ਜਗਰਾਉਂ (ਅਮਿਤ ਖੰਨਾ)**-ਲੀਲਾ ਮੇਘ ਸਿੰਘ ਦੀ ਨਾਮਵਰ ਵਿੱਦਿਅਕ ਸੰਸਥਾ ਵਿਜ਼ਡਮ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ 'ਖੇਡਾਂ ਵਤਨ ਪੰਜਾਬ ਦੀਆਂ' ਵਿੱਚ ਭਾਗ ਲਿਆ ਤੇ ਬਹੁਤ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਨ੍ਹਾਂ ਖੇਡਾਂ ਦੀ ਸ਼ੁਰੂਆਤ ਜ਼ਿਲ੍ਹਾ ਪ੍ਰਸ਼ਾਸਨ ਤੇ ਜ਼ਿਲ੍ਹਾ ਖੇਡ ਦਫ਼ਤਰ ਲੁਧਿਆਣਾ ਵੱਲੋਂ ਮਲਟੀਪਰਪਜ਼ ਹਾਲ ਗੁਰੂ ਨਾਨਕ ਸਟੇਡੀਅਮ ਲੁਧਿਆਣਾ ਵਿਖੇ ਕੀਤੀ ਗਈ, ਜਿਸ ਵਿੱਚ ਸਕੂਲ ਦੇ ਬਹੁਤ ਹੋਣਹਾਰ ਵਿਦਿਆਰਥੀਆਂ ਨੇ ਕਿੱਕ ਬਾਕਸਿੰਗ ਵਿੱਚ ਲੜਕੀਆਂ ਵਿੱਚੋਂ ਜਸਲੀਨ ਕੌਰ ਨੇ ਭਾਰ 28 ਵਰਗ ਵਿੱਚ ਗੋਲਡ ਤਗਮਾ ਹਾਸਲ ਕੀਤਾ, ਜਸਨੂਰ ਕੌਰ ਨੇ 32 ਭਾਰ ਵਰਗ ਵਿੱਚ ਕਾਂਸ਼ੀ ਦਾ ਤਮਗਾ ਜਿੱਤਿਆ, ਪੁਨੀਤ ਕੌਰ ਨੇ 42 ਭਾਰ ਵਰਗ ਵਿੱਚ ਕਾਂਸ਼ੀ ਦਾ ਤਮਗਾ ਹਾਸਲ ਕੀਤਾ।ਇਸੇ ਤਰ੍ਹਾਂ ਦਮਨਵੀਰ ਕੌਰ ਤੇ ਕਿਰਨਜੀਤ ਕੌਰ ਨੇ ਵੀ ਖੇਡਾਂ ਵਿੱਚ ਹਿੱਸਾ ਲਿਆ, ਲੜਕਿਆਂ ਵਿੱਚੋਂ 63 ਭਾਰ ਵਰਗ ਵਿੱਚ ਕਰਨਵੀਰ ਸਿੰਘ ਨੇ ਕਾਂਸ਼ੀ ਦਾ ਮੈਡਲ ਹਾਸਲ ਕੀਤਾ ਅਤੇ ਸਕੂਲ ਤੇ ਅਧਿਆਪਕਾਂ ਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਵਿਦਿਆਰਥੀਆਂ ਦੀ ਇਸ ਸ਼ਾਨਦਾਰ ਜਿੱਤ 'ਤੇ ਸਕੂਲ ਦੇ ਚੇਅਰਮੈਨ ਸਤੀਸ਼ ਕਾਲੜਾ ਨੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ। ਉਨ੍ਹਾਂ ਨੇ ਸਾਰੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਕਿਹਾ ਕਿ ਪੜ੍ਹਾਈ ਦੇ ਨਾਲ ਨਾਲ ਖੇਡਾਂ ਵੀ ਮਨੁੱਖ ਜੀਵਨ ਦਾ ਮਹੱਤਵਪੂਰਨ ਪਹਿਲੂ ਹਨ, ਕਿਉਂਕਿ ਖੇਡਾਂ ਮਨੁੱਖ ਦੇ ਸਰੀਰਕ ਤੇ ਮਾਨਸਿਕ ਵਿਕਾਸ ਲਈ ਮੀਲ ਪੱਥਰ ਦਾ ਕੰਮ ਕਰਦੀਆਂ ਹਨ।

ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਨਾਲ ਖੇਡਾਂ 'ਚ ਵੀ ਭਾਗ ਲੈਣ ਲਈ ਪ੍ਰੇਰਿਤ ਕੀਤਾ ਤੇ ਸਕੂਲ ਦੇ ਡੀ. ਪੀ. ਅਧਿਆਪਕ ਗਗਨਦੀਪ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਮੈਡਮ ਅਨੀਤਾ ਕਾਲੜਾ ਨੇ ਖੇਡਾਂ ਵਿੱਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਹੌਸਲਾ ਅਫ਼ਜ਼ਾਈ ਕਰਦਿਆਂ ਸਾਰੇ ਵਿਦਿਆਰਥੀਆਂ ਨੂੰ ਹਰ ਇੱਕ ਖੇਤਰ ਵਿੱਚ ਅੱਗੇ ਆਉਣ ਲਈ ਕਿਹਾ। ਇਸ ਮੌਕੇ ਵਾਈਸ ਪ੍ਰਿੰਸੀਪਲ ਮੈਡਮ ਸਤਵਿੰਦਰਜੀਤ ਕੌਰ, ਕੁਲਵੀਰ ਕੌਰ, ਹਰਦੀਪ ਕੌਰ ਡੀ. ਪੀ., ਗਗਨਦੀਪ ਸਿੰਘ, ਪੁਪਿੰਦਰ ਕੌਰ, ਅੰਜਲੀ ਹਾਜ਼ਰ ਸਨ।

## ਗੁਰਨੂਰ ਨੇ 'ਕਿਸ ਮੇਂ ਕਿਤਨਾ ਹੈ ਦਮ' 'ਚ ਮਾਰੀਆਂ ਮੱਲਾਂ




**ਬਾਘਾ ਪੁਰਾਣਾ (ਮਨੀ ਸਿੰਗਲਾ)**

ਵਿੱਦਿਆ ਦੇ ਖੇਤਰ ਵਿੱਚ ਪ੍ਰਸਿੱਧ ਸੰਸਥਾ ਮਾਊਂਟ ਲਿਟਰਾ ਜ਼ੀ ਸਕੂਲ ਬਾਘਾ ਪੁਰਾਣਾ ਦੀ ਚੌਥੀ ਜਮਾਤ ਦੀ ਵਿਦਿਆਰਥਣ ਗੁਰਨੂਰ ਕੌਰ ਨੇ ਰਿਐਲਿਟੀ ਸ਼ੋਅ 'ਕਿਸ ਮੇਂ ਕਿਤਨਾ ਹੈ ਦਮ' ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ।ਇਹ ਪ੍ਰੋਗਰਾਮ ਡੀ ਡੀ ਪੰਜਾਬੀ ਚੈਨਲ 'ਤੇ ਪ੍ਰਸਾਰਤ ਕੀਤਾ ਜਾਂਦਾ ਹੈ, ਜਿਸ ਵਿੱਚ ਬੱਚਿਆਂ ਨੂੰ ਆਪਣੀ ਕਲਾ ਦਿਖਾਉਣ ਦਾ ਮੌਕਾ ਮਿਲਦਾ ਹੈ। ਚੈਨਲ ਵੱਲੋਂ ਬੱਚੀ ਨੂੰ ਟਰਾਫ਼ੀ, ਸਰਟੀਫ਼ਿਕੇਟ ਤੇ ਨਗਦ ਰਾਸ਼ੀ ਦੇ ਕੇ ਸਨਮਾਨਤ ਕੀਤਾ ਗਿਆ। ਵਿਦਿਆਰਥਣ ਦੀ ਸ਼ਾਨਦਾਰ ਜਿੱਤ ਲਈ ਸਕੂਲ ਦੇ ਚੇਅਰਮੈਨ ਗੁਰਦੇਵ ਸਿੰਘ ਤੇ ਡਾਇਰੈਕਟਰ ਅਤੇ ਪ੍ਰਿੰਸੀਪਲ ਸੰਦੀਪ ਮਹਿਤਾ ਨੇ ਵਿਦਿਆਰਥਣ ਤੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਚੰਗੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।ਸਕੂਲ ਪ੍ਰਿੰਸੀਪਲ ਵੱਲੋਂ ਵੀ ਵਿਦਿਆਰਥਣ ਗੁਰਨੂਰ ਕੌਰ ਨੂੰ ਸਨਮਾਨਤ ਕੀਤਾ ਗਿਆ। ਪ੍ਰਿੰਸੀਪਲ ਮੈਡਮ ਪਰਮਿੰਦਰ ਕੌਰ ਨੇ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਹੋਰ ਖੇਤਰਾਂ ਜਿਵੇਂ ਖੇਡਾਂ, ਸੱਭਿਆਚਾਰਕ ਗਤੀਵਿਧੀਆਂ ਤੇ ਪੇਂਟਿੰਗ ਆਦਿ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।ਇਸ ਸਮੇਂ ਮਾਊਂਟ ਲਿਟਰਾ ਜ਼ੀ ਸਕੂਲ ਦੇ ਹੈੱਡ ਮੈਡਮ ਖੁਸ਼ਪ੍ਰੀਤ ਕੌਰ, ਕੋਆਰਡੀਨੇਟਰ ਮੈਡਮ ਮਿੰਨੀ ਬਾਲਾ, ਮੈਡਮ ਗੁੰਜਨਦੀਪ ਢਿੱਲੋਂ ਤੇ ਸਮੂਹ ਸਟਾਫ਼ ਨੇ ਵੀ ਵਿਦਿਆਰਥਣ ਨੂੰ ਵਧਾਈਆਂ ਦਿੱਤੀਆਂ।

# ਸੀ ਜੀ ਐੱਮ ਕਾਲਜ ਵਿਖੇ ਪਰਾਲੀ ਦੀ ਸਾਂਭ-ਸੰਭਾਲ ਸੰਬੰਧੀ ਸੈਮੀਨਾਰ



**ਮਲੋਟ (ਗੁਰਮੀਤ ਸਿੰਘ ਮੱਕੜ)**

ਸੀ.ਜੀ.ਐੱਮ. ਕਾਲਜ ਮੋਹਲਾਂ ਵਿਖੇ ਪੰਜਾਬ ਐਗਰੀਕਲਚਰ ਯੂਨੀਵਰਸਿਟੀ (ਪੀ.ਏ.ਯੂ.) ਦੇ ਕ੍ਰਿਸ਼ੀ ਵਿਗਿਆਨ ਕੇਂਦਰ ਸ੍ਰੀ ਮੁਕਤਸਰ ਸਾਹਿਬ ਵੱਲੋਂ ਪਰਾਲੀ ਦੀ ਸਾਂਭ-ਸੰਭਾਲ ਸਬੰਧੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਦੀ ਸ਼ੁਰੂਆਤ ਚੇਅਰਮੈਨ ਸੱਤਪਾਲ ਮੋਹਲਾਂ ਤੇ ਜਗਤਾਰ ਬਰਾੜ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਹਿ ਕੇ ਕੀਤੀ। ਇਹ ਸੈਮੀਨਾਰ ਡਾ. ਕਰਮਜੀਤ ਸ਼ਰਮਾ, ਐਸੋਸੀਏਟ ਡਾਇਰੈਕਟਰ ਕੇ.ਵੀ.ਕੇ. ਸ੍ਰੀ ਮੁਕਤਸਰ ਸਾਹਿਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕਰਵਾਇਆ ਗਿਆ। ਇਸ ਦੌਰਾਨ ਡਾ. ਵਿਵੇਕ ਕੁਮਾਰ ਸਹਾਇਕ ਪ੍ਰੋਫੈਸਰ (ਫਸਲ ਵਿਗਿਆਨ) ਨੇ ਪਰਾਲੀ ਸਾੜਨ ਦੇ ਮਾੜੇ ਪ੍ਰਭਾਵਾਂ ਬਾਰੇ ਚਾਨਣਾ ਪਾਉਂਦੇ ਹੋਏ ਪਰਾਲੀ ਦੇ ਸੁਚੱਜੇ ਪ੍ਰਬੰਧਨ ਦੇ ਵੱਖ-ਵੱਖ ਢੰਗ ਤਰੀਕਿਆਂ ਬਾਰੇ ਦੱਸਿਆ। ਡਾ. ਮਨਜੀਤ ਕੌਰ ਸਹਾਇਕ ਪ੍ਰੋਫੈਸਰ (ਭੂਮੀ ਵਿਗਿਆਨ) ਨੇ ਪਰਾਲੀ ਦੇ ਸੁਚੱਜੇ ਪ੍ਰਬੰਧਨ ਨਾਲ ਭੂਮੀ ਦੀ ਸਿਹਤ-ਸੁਧਾਰ ਤੇ ਫਸਲਾਂ ਦੇ ਉਤਪਾਦਨ ਵਿੱਚ ਹੋਣ ਵਾਲੇ ਵਾਧੇ ਸਬੰਧੀ ਜਾਣਕਾਰੀ ਦਿੱਤੀ। ਡਾ. ਸੁਖਜਿੰਦਰ ਸਿੰਘ ਸਹਾਇਕ ਪ੍ਰੋਫੈਸਰ (ਫਲ ਵਿਗਿਆਨ) ਨੇ ਮਨੁੱਖੀ ਸਿਹਤ ਲਈ ਫਲਾਂ ਤੇ ਸਬਜ਼ੀਆਂ ਦੀ ਖੁਰਾਕ ਵਿੱਚ ਮਹੱਤਤਾ ਬਾਰੇ ਦੱਸਦੇ ਹੋਏ, ਬਾਗਾਂ, ਸਬਜ਼ੀਆਂ ਤੇ ਖੁੰਬਾਂ ਦੀ ਕਾਸ਼ਤ ਵਿੱਚ ਪਰਾਲੀ ਦੀ ਵਰਤੋਂ ਕਰਨ ਬਾਰੇ ਜਾਣਕਾਰੀ ਦਿੱਤੀ। ਡਾ. ਵਿਵੇਕ ਸ਼ਰਮਾ ਸਹਾਇਕ ਪ੍ਰੋਫੈਸਰ (ਪਸ਼ੂ ਵਿਗਿਆਨ) ਨੇ ਚੰਗੇ ਦੁੱਧ ਉਤਪਾਦਨ ਲਈ ਚੰਗੀ ਖੁਰਾਕ ਬਾਰੇ ਜਾਣਕਾਰੀ ਦਿੱਤੀ। ਸਟੇਜ ਸੰਚਾਲਨ ਕਰਦਿਆਂ ਡਾ. ਗੁਰਵਿੰਦਰ ਸਿੰਘ ਸਹਾਇਕ ਪ੍ਰੋਫੈਸਰ (ਪਸਾਰ ਸਿੱਖਿਆ) ਪੰਜਾਬ ਐਗਰੀਕਲਚਰ ਯੂਨੀਵਰਸਿਟੀ ਲੁਧਿਆਣਾ ਵੱਲੋਂ ਜਾਗਰੂਕਤਾ ਕੈਂਪਾਂ ਬਾਰੇ ਜਾਣਕਾਰੀ ਦਿੰਦਿਆਂ ਖੇਤੀ ਸਿਹਤ ਪੜ੍ਹਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਚੇਅਰਮੈਨ ਸੱਤਪਾਲ ਮੋਹਲਾਂ ਨੇ ਪੰਜਾਬ ਐਗਰੀਕਲਚਰ ਯੂਨੀਵਰਸਿਟੀ ਦੇ ਇਸ ਉਪਰਾਲੇ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਮਨੁੱਖ ਦਾ ਮੁੱਢਲਾ ਫਰਜ਼ ਵਾਤਾਵਰਨ ਨੂੰ ਸੁਰੱਖਿਅਤ ਕਰਨਾ ਹੈ। ਹਰ ਤਰ੍ਹਾਂ ਦਾ ਪ੍ਰਦੂਸ਼ਣ ਜੋ ਵਾਤਾਵਰਨ ਨੂੰ ਗੰਧਲਾ ਕਰਦਾ ਹੈ, ਉਸ ਨੂੰ ਰੋਕਣਾ ਸਾਡਾ ਸਾਰਿਆਂ ਦਾ ਫਰਜ਼ ਹੈ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਬਲਜੀਤ ਸਿੰਘ ਗਿੱਲ, ਮੈਨੇਜਮੈਂਟ ਕਮੇਟੀ ਦੇ ਮੈਂਬਰ ਨਵਜੀਤ ਮੋਹਲਾਂ, ਜਗਤਾਰ ਬਰਾੜ ਤੇ ਰਾਜ ਕੁਮਾਰ ਨੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਸੈਮੀਨਾਰ ਕਨਵੀਨਰ ਪ੍ਰੋ. ਗਗਨਦੀਪ ਸਿੰਘ ਤੇ ਪ੍ਰੋ. ਜਰਮਨਬੀਰ ਸਿੰਘ ਸੰਧੂ ਦੀ ਦੇਖ-ਰੇਖ ਹੇਠ ਨੇਪਰੇ ਚੜ੍ਹਿਆ। ਇਸ ਮੌਕੇ ਪ੍ਰੋ. ਸੁਮਨ ਗਾਂਧੀ, ਪ੍ਰੋ. ਸਿੰਮੀਪ੍ਰੀਤ ਕੌਰ, ਪ੍ਰੋ. ਪਵਨਪ੍ਰੀਤ ਕੌਰ, ਪ੍ਰੋ. ਮਨਦੀਪ ਕੌਰ, ਪ੍ਰੋ. ਸਤਵੀਰ ਕੌਰ, ਪ੍ਰੋ. ਪ੍ਰਿਯੰਕਾ, ਪ੍ਰੋ. ਪਵਨਪ੍ਰੀਤ ਸਿੰਘ, ਪ੍ਰੋ. ਜਗਮੀਤ ਸਿੰਘ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਵਿਦਿਆਰਥੀਆਂ ਨੇ ਸੱਭਿਆਚਾਰ ਪ੍ਰੋਗਰਾਮ ਪੇਸ਼ ਕੀਤਾ।

# ਡੱਲੇਵਾਲ ਦਾ ਪੈਨਸ਼ਨ ਵਿਰੋਧੀ ਬਿਆਨ ਕਿਸਾਨਾਂ, ਮਜ਼ਦੂਰਾਂ ਤੇ ਮੁਲਾਜ਼ਮਾਂ 'ਚ ਫੁੱਟ-ਪਾਊ : ਕੁੱਸਾ

**ਸਮਰਾਲਾ (ਸੁਰਜੀਤ ਸਿੰਘ)**

ਭਾਰਤੀ ਕਿਸਾਨ ਯੂਨੀਅਨ (ਸਿੱਧੂਪੁਰ) ਦੇ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ ਦੇ ਮੁਲਾਜ਼ਮ ਵਿਰੋਧੀ ਬਿਆਨ, ਜਿਸ ਵਿੱਚ ਉਨ੍ਹਾਂ ਸਰਕਾਰੀ ਮੁਲਾਜ਼ਮਾਂ ਦੀਆਂ ਪੈਨਸ਼ਨਾਂ ਬੰਦ ਕਰਨ ਦੀ ਵਕਾਲਤ ਕੀਤੀ ਹੈ, ਦਾ ਵੱਖ-ਵੱਖ ਮੁਲਾਜ਼ਮ ਆਗੂਆਂ ਵੱਲੋਂ ਸਖ਼ਤ ਵਿਰੋਧ ਕਰਦਿਆਂ ਡੱਲੇਵਾਲ ਨੂੰ ਮੁਲਾਜ਼ਮ ਵਿਰੋਧੀ ਦੱਸਿਆ ਹੈ। ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੇ ਜਨਰਲ ਸਕੱਤਰ ਐਸ.ਆਰ.ਕੁੱਸਾ ਨੇ ਕਿਹਾ ਹੈ ਕਿ ਡੱਲੇਵਾਲ ਦਾ ਇਹ ਬਿਆਨ ਕਿਸਾਨਾਂ, ਮਜ਼ਦੂਰਾਂ ਤੇ ਮੁਲਾਜ਼ਮਾਂ ਵਿੱਚ ਫੁੱਟ ਪਾਉਣ ਵਾਲਾ ਹੈ।ਉਨ੍ਹਾਂ ਕਿਹਾ ਕਿਸਾਨਾਂ ਨੂੰ ਪੈਨਸ਼ਨ ਮਿਲਣੀ ਚਾਹੀਦੀ ਹੈ, ਮੁਲਾਜ਼ਮ ਇਸ ਦਾ ਵਿਰੋਧ ਨਹੀਂ ਕਰਦੇ, ਸਗੋਂ ਉਹ ਤਾਂ ਮੰਗ ਕਰਦੇ ਹਨ ਕਿ ਹਰ ਮਿਹਨਤ ਕਰਨ ਵਾਲਾ ਚਾਹੇ ਉਹ ਕਿਸਾਨ, ਮਜ਼ਦੂਰ, ਮੁਲਾਜ਼ਮ ਜਾਂ ਛੋਟਾ ਦੁਕਾਨਦਾਰ ਹੋਵੇ, ਉਸ ਨੂੰ ਬੁਢਾਪੇ ਵਿੱਚ 60 ਸਾਲ ਤੋਂ ਉੱਪਰ ਗੁਜ਼ਾਰੇ ਲਈ ਮਹਿੰਗਾਈ ਦੇ ਅਨੁਸਾਰ ਪੈਨਸ਼ਨ ਮਿਲਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਡੱਲੇਵਾਲ ਦਾ ਇਹ ਤਰਕ ਕਿ ਮੁਲਾਜ਼ਮ 50 ਹਾਜ਼ਰ ਤੋਂ ਡੇਢ ਲੱਖ ਤੱਕ ਤਨਖਾਹਾਂ ਲੈਂਦੇ ਹਨ। ਉਨ੍ਹਾਂ ਨੂੰ ਪੈਨਸ਼ਨ ਕਿਉਂ? ਉਨ੍ਹਾਂ ਕਿਹਾ ਕਿ ਇਹ ਡੱਲੇਵਾਲ ਦਾ ਸਰਕਾਰ ਪੱਖੀ ਬਿਆਨ ਹੈ।ਡੱਲੇਵਾਲ ਨੂੰ ਵਿਧਾਇਕਾਂ, ਮੰਤਰੀਆਂ ਨੂੰ ਮਿਲਦੀਆਂ ਮੋਟੀਆਂ ਤਨਖਾਹਾਂ ਭੱਤੇ ਤੇ ਪੰਜ-ਪੰਜ ਪੈਨਸ਼ਨਾਂ ਨਹੀਂ ਦਿਸਦੀਆਂ? ਇਸ ਨੂੰ ਕਿਸਾਨਾਂ ਮਜ਼ਦੂਰਾਂ, ਆਮ ਵਰਗ ਦੀ ਕਾਰਪੋਰੇਟੀ ਲੁੱਟ ਨਹੀਂ ਦਿਸਦੀ।ਉਨ੍ਹਾਂ ਕਿਹਾ ਕਿ ਸਰਕਾਰੀ ਮੁਲਾਜ਼ਮ ਐਵੇਂ ਨਹੀਂ ਬਣ ਜਾਂਦੇ।ਉਹ ਪਹਿਲਾਂ ਸਾਲਾਂਬੱਧੀ ਪੜ੍ਹਾਈ ਕਰਦੇ ਹਨ, ਫਿਰ ਨੌਕਰੀ ਲੈਣ ਲਈ ਲਮੇਂ ਸੰਘਰਸ਼ ਕਰਕੇ ਕਿਤੇ ਨੌਕਰੀ ਮਿਲਦੀ ਹੈ।ਉਹ ਵੀ ਹੁਣ ਤਿੰਨ ਸਾਲ ਮੁੱਢਲੀ ਤਨਖਾਹ 'ਤੇ ਹੀ ਕੰਮ ਕਰਨਾ ਪੈਂਦਾ ਹੈ।ਉਮਰ ਦਾ ਇੱਕ ਤਿਹਾਈ ਹਿੱਸਾ ਸਰਕਾਰੀ ਸੇਵਾ ਵਿੱਚ ਲਾਉਣ ਮਗਰੋਂ ਬੁਢਾਪੇ ਵਿੱਚ ਸਮਾਜਿਕ ਸੁਰੱਖਿਆ ਲਈ ਮਾਣ-ਇੱਜ਼ਤ ਦੀ ਜ਼ਿੰਦਗੀ ਜਿਊਣ ਲਈ ਪੈਨਸ਼ਨ ਮਿਲਦੀ ਹੈ।ਉਨ੍ਹਾਂ ਦੋਸ਼ ਲਾਇਆ ਕਿ ਇਹ ਬੰਦਾ ਕਿਸਾਨ ਆਗੂ ਦੇ ਭੇਖ ਵਿੱਚ ਸਰਕਾਰ ਦਾ ਮਦਦਗਾਰ ਹੈ, ਜਿਸ ਨੇ ਬਹੁ ਗਿਣਤੀ ਕਿਸਾਨ ਜਥੇਬੰਦੀਆਂ ਨੂੰ ਛੱਡ ਕੇ ਸ਼ੰਭੂ ਬਾਰਡਰ ਤੇ ਮੋਰਚੇ ਲਾਏ, ਜਿਸ ਕਾਰਨ ਲੋਕਾਂ ਦੀ ਭਾਜਪਾ ਪ੍ਰਤੀ ਹਮਦਰਦੀ ਪੈਦਾ ਹੋਈ ਤੇ ਭਾਜਪਾ ਨੇ ਹਰਿਆਣੇ ਦੀ ਸੱਤਾ ਵਿੱਚ ਮੁੜ ਵਾਪਸੀ ਕੀਤੀ।ਇਸੇ ਦੌਰਾਨ ਪਾਵਰਕੌਮ ਦੀ ਪੈਨਸ਼ਨਰਜ਼ ਐਸੋਸੀਏਸ਼ਨ ਦੇ ਸਰਕਲ ਰੋਪੜ ਦੇ ਪ੍ਰਧਾਨ ਭਰਪੂਰ ਸਿੰਘ ਮਾਂਗਟ ਤੇ ਸਮਰਾਲਾ ਮੰਡਲ ਦੇ ਪ੍ਰਧਾਨ ਸਿਕੰਦਰ ਸਿੰਘ ਨੇ ਵੀ ਜਗਜੀਤ ਸਿੰਘ ਡੱਲੇਵਾਲ ਦੇ ਮੁਲਾਜ਼ਮਾਂ ਦੀ ਪੈਨਸ਼ਨ ਵਿਰੋਧੀ ਬਿਆਨ ਦੀ ਨਿਖੇਧੀ ਕਰਦਿਆਂ ਕਿਹਾ ਕਿ ਡੱਲੇਵਾਲ ਨੂੰ ਮੁਲਾਜ਼ਮ, ਮਜ਼ਦੂਰਾਂ ਤੇ ਮਿਹਨਤਕਸ਼ ਲੋਕਾਂ ਵਿਚ ਫੁੱਟ ਪਾਉਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ।

# ਪੈਨਸ਼ਨਰਾਂ ਪੰਜਾਬ ਸਰਕਾਰ ਨੂੰ ਹਰਿਆਣਾ ਵਿਧਾਨ ਸਭਾ ਦੀਆਂ ਚੋਣਾਂ ਤੋਂ ਸਬਕ ਸਿੱਖਣ ਦੀ ਦਿੱਤੀ ਚੇਤਾਵਨੀ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਪੰਜਾਬ ਪੈਨਸ਼ਨਰ ਯੂਨੀਅਨ ਜ਼ਿਲ੍ਹਾ ਅੰਮ੍ਰਿਤਸਰ ਦੀ ਮਾਸਿਕ ਮੀਟਿੰਗ ਜੌਲੀ ਸਵੀਟ ਸ਼ਾਪ ਪੁਤਲੀਘਰ ਵਿਖੇ ਕੁਲਵੰਤ ਸਿੰਘ ਤੋਲਾ ਨੰਗਲ, ਹਰਜੀਤ ਸਿੰਘ ਉੱਪਲ, ਬਲਦੇਵ ਰਾਜ ਸ਼ਰਮਾ, ਬਲਰਾਜ ਸਿੰਘ ਭੰਗੂ, ਤਿਲਕ ਰਾਜ ਅਤੇ ਨਰਿੰਦਰ ਪਾਲ ਪਾਲੀ ਭੈਣ ਜੀ ਦੀ ਪ੍ਰਧਾਨਗੀ ਹੇਠ ਹੋਈ। ਅੱਜ ਦੀ ਮੀਟਿੰਗ ਵਿੱਚ ਸਾਥੀ ਕੁਲਦੀਪ ਸਿੰਘ ਹੁਸ਼ਿਆਰਪੁਰ ਦੀ ਬਰਸੀ 'ਤੇ ਸਾਰੇ ਪੈਨਸ਼ਨਰਾਂ ਵੱਲੋਂ ਫੁੱਲ ਅਰਪਣ ਕਰਕੇ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਦਿੱਤੀ ਗਈ ਅਤੇ ਉਹਨਾਂ ਵੱਲੋਂ ਪੈਨਸ਼ਨਰਾਂ ਲਈ ਲੜੇ ਗਏ ਘੋਲਾਂ ਨੂੰ ਯਾਦ ਕੀਤਾ ਗਿਆ। ਮੀਟਿੰਗ ਦੀ ਕਾਰਵਾਈ ਚਲਾਉਂਦਿਆਂ ਡਿਪਟੀ ਜਨਰਲ ਸਕੱਤਰ ਪੰਜਾਬ ਸਤਿਆਪਾਲ ਗੁਪਤਾ ਨੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਪਿਛਲੇ ਸਮੇਂ 'ਚ ਸਰਕਾਰ ਵੱਲੋਂ ਅੱਠ ਮੀਟਿੰਗਾਂ ਦੇ ਕੇ ਮੀਟਿੰਗਾਂ ਤੋਂ ਭੱਜਣਾ ਆਮ ਗੱਲ ਹੋ ਗਈ ਹੈ। ਇਹਨਾਂ ਢਾਈ ਸਾਲਾਂ ਵਿੱਚ ਪੰਜਾਬ ਸਰਕਾਰ ਨੇ ਪੈਨਸ਼ਨਰਾਂ ਦੀ ਇੱਕ ਵੀ ਮੰਗ ਪੂਰੀ ਨਹੀਂ ਕੀਤੀ। ਇਸ ਲਈ ਸਰਕਾਰ ਨੂੰ ਹਰਿਆਣਾ ਵਿੱਚ ਹੋਈਆਂ ਵਿਧਾਨ ਸਭਾ ਚੋਣਾਂ ਤੋਂ ਸਬਕ ਸਿੱਖਣਾ ਚਾਹੀਦਾ ਹੈ। ਸਮਾਂ ਰਹਿੰਦਿਆਂ ਪੈਨਸ਼ਨਾਂ ਦੇ ਬਣਦੇ ਹੱਕ ਇਮਾਨਦਾਰੀ ਨਾਲ ਦੇਣ ਦੀ ਖੇਚਲ ਕਰੇ। ਵੱਖ ਵੱਖ ਬੁਲਾਰਿਆਂ ਰਾਮ ਮੂਰਤੀ ਸ਼ਰਮਾ, ਕੁਲਦੀਪ ਸਿੰਘ ਬੱਲ, ਭਵਾਨੀ ਫੇਰ, ਬਲਵੰਤ ਸਿੰਘ ਐਸ ਐਸ, ਕਲਵੰਤ ਸਿੰਘ ਘੁੱਕੇਵਾਲੀ, ਤੀਰਥ ਰਾਮ, ਸੁਰਿੰਦਰ ਕੁਮਾਰ, ਬਲਦੇਵ ਸਿੰਘ ਭੋਮਾ, ਨਿਰਵੈਰ ਸਿੰਘ, ਬਲੌਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਜਾਣਬੁੱਝ ਕੇ ਟਾਲ ਮਟੋਲ ਦੀ ਨੀਤੀ ਅਪਣਾ ਰਹੀ ਹੈ। ਸੈਂਟਰ ਦੇ ਕਰਮਚਾਰੀ ਅਤੇ ਦੂਜਿਆਂ ਸੂਬਿਆਂ ਦੇ ਪੈਨਸ਼ਨਰ 50% ਡੀ ਏ ਲੈ ਰਹੇ ਹਨ ਪਰ ਪੰਜਾਬ ਸਰਕਾਰ ਆਪਣੇ ਪੈਨਸ਼ਨਰਾਂ ਨੂੰ 38% ਡੀ ਏ ਦੇ ਰਹੀ ਹੈ ਜੋ ਸਰਾਸਰ ਧੱਕਾ ਹੈ। ਇਸ ਤਰ੍ਹਾਂ ਸਾਢੇ ਪੰਜ ਸਾਲ ਦਾ ਬਕਾਇਆ ਵੀ ਦੱਬੀ ਬੈਠੀ ਹੈ। ਛੇਵੇਂ ਪੇ ਕਮਿਸ਼ਨ ਵੱਲੋਂ ਮਨਜ਼ੂਰ ਕੀਤਾ ਹੋਇਆ 2.59 ਦਾ ਗੁਣਾਕ ਵੀ ਨਹੀਂ ਦੇ ਰਹੀ। ਇਸ ਲਈ ਪੈਨਸ਼ਨਰ ਮਜਬੂਰ ਹੋ ਕੇ ਕੋਰਟਾਂ ਦੇ ਧੱਕੇ ਖਾ ਰਹੇ ਹਨ। ਪੰਜਾਬ ਸਰਕਾਰ ਕੋਰਟਾਂ ਦੇ ਫੈਸਲੇ ਵੀ ਠੀਕ ਤਰ੍ਹਾਂ ਲਾਗੂ ਨਹੀਂ ਕਰ ਰਹੀ, ਇਸ ਲਈ ਪੈਨਸ਼ਨਰਾਂ ਨੂੰ ਮਜਬੂਰ ਹੋ ਕੇ ਸੜਕਾਂ 'ਤੇ ਉਤਰਨਾ ਪੈ ਰਿਹਾ ਹੈ। ਇਸ ਲਈ ਬਜ਼ੁਰਗ ਪੈਨਸ਼ਨਰਾਂ ਨੇ ਵੀ ਪੰਜਾਬ ਸਰਕਾਰ ਨੂੰ ਸਬਕ ਸਿਖਾਉਣ ਲਈ ਕਮਰ ਕੱਸੇ ਕਰ ਲਏ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕਰਕੇ ਪਿੰਡਾਂ ਅਤੇ ਸ਼ਹਿਰਾਂ ਦੀਆਂ ਸਫਾਂ ਵਿੱਚ ਜਾ ਕੇ ਇਸ ਸਰਕਾਰ ਦੀ ਪੋਲ ਖੋਲ੍ਹਣਗੇ। ਮੀਟਿੰਗ ਵਿੱਚ ਗੁਰਦੀਪ ਸਿੰਘ, ਜਸਬੀਰ ਸਿੰਘ, ਬਲਵੰਤ ਸਿੰਘ ਐਸ ਐਸ, ਸੁਖਦੇਵ ਸਿੰਘ ਪੱਟੀ, ਵਿਜੇ ਕੁਮਾਰ, ਹਰਪਾਲ ਸਿੰਘ, ਸਤੀਸ਼ ਕੁਮਾਰ, ਨਰਿੰਦਰ ਸਿੰਘ, ਮਕਤੂਲ ਸਿੰਘ, ਅਨੂਪ ਸਿੰਘ, ਪ੍ਰੇਮ ਸਿੰਘ, ਜਗੀਰ ਸਿੰਘ , ਪ੍ਰੇਮ ਪਾਲ ਸਿੰਘ, ਜਗਤਾਰ ਸਿੰਘ, ਬਲਦੇਵ ਸਿੰਘ, ਕੇਵਲ ਸਿੰਘ,ਆਦਿ ਵੱਡੀ ਗਿਣਤੀ ਵਿੱਚ ਪੈਨਸ਼ਨਰ ਹਾਜ਼ਰ ਸਨ।

# ਰਿਆੜਕੀ ਕਾਲਜ 'ਚ ਸਲਾਨਾ ਗੁਰਮਤਿ ਕੈਂਪ ਚੌਥੇ ਦਿਨ 'ਚ ਦਾਖਲ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- "ਬਾਬੇ ਨਾਨਕ ਦੀ ਕਿਰਤ ਦਾ ਕਾਲਜ" ਬਾਬਾ ਆਇਆ ਸਿੰਘ ਰਿਆੜਕੀ ਕਾਲਜ ਤੁਗਲਵਾਲਾ ਵਿਖੇ ਗੁਰਮਤਿ ਦੇ ਪਾਂਧੀ, ਗੁਰਮਤਿ ਦੇ ਪ੍ਰਚਾਰ ਤੇ ਪ੍ਰਸਾਰ ਲਈ ਅਣਥੱਕ, ਬੇਬਾਕ ਤੇ ਨਿਸ਼ਕਾਮ ਪ੍ਰਚਾਰਕ ਸਵਰਗਵਾਸੀ ਗਿਆਨੀ ਮੇਵਾ ਸਿੰਘ ਦੀ ਯਾਦ ਨੂੰ ਸਮਰਪਤ ਸਲਾਨਾ 34 ਵਾਂ ਸੱਤ ਰੋਜ਼ਾ ਸਮਾਗਮ ਅੱਜ ਚੌਥੇ ਦਿਨ 'ਚ ਦਾਖਲ ਹੋਇਆ। ਇਸ ਮੌਕੇ ਗੁਰਪ੍ਰੀਤ ਸਿੰਘ ਝਾਬਰ ਮੈਂਬਰ ਸ਼੍ਰੋ. ਗੁ.ਪ੍ਰ.ਕਮੇਟੀ, ਡਾਕਟਰ ਯੋਗੇਸਵਰ ਸਿੰਘ ਇੰਚਾਰਜ ਸਿੱਖ ਇਤਿਹਾਸ ਰਿਸਰਚ ਬੋਰਡ ਸ਼੍ਰੋ.ਗੁ. ਪ੍ਰ. ਕਮੇਟੀ ਅੰਮ੍ਰਿਤਸਰ, ਸਰਦਾਰ ਵਰਿਆਮ ਸਿੰਘ ਸਾਬਕਾ ਸਕੱਤਰ ਧਰਮ ਪ੍ਰਚਾਰ ਕਮੇਟੀ, ਡਾਕਟਰ ਅਮਰਜੀਤ ਸਿੰਘ ਡਾਇਰੈਕਟਰ ਸ੍ਰੀ ਗੁਰੂ ਗ੍ਰੰਥ ਸਾਹਿਬ ਅਧਿਐਨ ਕੇਂਦਰ, ਡਾ. ਰਣਜੀਤ ਕੌਰ ਪੰਨਵਾਂ ਇੰਚਾਰਜ ਧਾਰਮਿਕ ਪ੍ਰੀਖਿਆਵਾਂ, ਕੈਂਪ ਇੰਚਾਰਜ ਕਰਤਾਰ ਸਿੰਘ ਅਤੇ ਤਲਵਿੰਦਰ ਸਿੰਘ ਮੀਡੀਆ ਸਲਾਹਕਾਰ ਨੇ ਗੁਰਬਾਣੀ ਸਿਧਾਂਤ, ਸਿੱਖ ਪਰੰਪਰਾਵਾਂ ਅਤੇ ਸਿੱਖ ਇਤਿਹਾਸ ਆਦਿ ਵੱਖ ਵੱਖ ਵਿਸ਼ਿਆਂ ਬਾਰੇ ਵਿਦਿਆਰਥੀਆਂ ਨਾਲ ਵਿਚਾਰ ਸਾਂਝੇ ਕੀਤੇ। ਪੰਥ ਦੇ ਮਹਾਨ ਕੀਰਤਨੀਏ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਭਾਈ ਗੁਰਸੇਵਕ ਸਿੰਘ, ਗੁਰਦਿੱਤ ਸਿੰਘ ਗੁ: ਬੁਰਜ ਸਾਹਿਬ, ਭਾਈ ਕੁਲਵਿੰਦਰ ਸਿੰਘ ਆਦਿ ਜਥਿਆਂ ਨੇ ਇਲਾਹੀ ਗੁਰਬਾਣੀ ਦੇ ਰਸਭਿੰਨੇ ਕੀਰਤਨ ਕੀਤਾ। ਢਾਡੀ ਜਥਾ: ਲੱਖਾ ਸਿੰਘ ਮਾਨੇਪੁਰ, ਜਰਨੈਲ ਸਿੰਘ ਖੁੰਡਾ, ਭਾਈ ਸਤਪਾਲ ਸਿੰਘ, ਭਾਈ ਦਲਜੀਤ ਸਿੰਘ ਵਿਛੋਆ ਨੇ ਆਪਣੇ ਸਾਥੀਆਂ ਸਮੇਤ ਸਿੱਖ ਇਤਿਹਾਸ, ਗੁਰਇਤਿਹਾਸ ਅਤੇ ਹੋਰ ਅਨੇਕਾਂ ਵਿਸ਼ਿਆਂ ਨਾਲ ਸਬੰਧਤ ਬੀਰਰਸੀ ਵਾਰਾਂ ਸੁਣਾ ਕੇ ਅਨੰਦਮਈ ਮਾਹੌਲ ਕਾਇਮ ਕੀਤਾ। ਕਵੀਸ਼ਰ ਭਾਈ ਕੰਵਲਜੀਤ ਸਿੰਘ ਧਾਰੀਵਾਲ, ਕੁਲਦੀਪ ਸਿੰਘ ਫੌਜੀ, ਭਾਈ ਯਾਦਵਿੰਦਰ ਸਿੰਘ, ਭਾਈ ਅਜੀਤ ਸਿੰਘ ਰਜ਼ਾਦਾ ਦੇ ਕਵੀਸ਼ਰੀ ਜਥਿਆਂ ਨੇ ਵਿਦਿਆਰਥੀਆਂ ਨੂੰ ਭਰਪੂਰ ਜਾਣਕਾਰੀ ਪ੍ਰਦਾਨ ਕੀਤੀ। ਪ੍ਰਚਾਰਕ ਸਾਹਿਬਾਨ ਭਾਈ ਹਰਸੁਖਮਨ ਸਿੰਘ, ਬੀਬੀ ਰਾਜਬੀਰ ਕੌਰ, ਬੀਬੀ ਰੁਪਿੰਦਰ ਕੌਰ, ਅਮਰਜੀਤ ਸਿੰਘ ਚਿੱਟੀ, ਭਾਈ ਜਗਰੂਪ ਸਿੰਘ, ਭਾਈ ਕੁਲਵੰਤ ਸਿੰਘ, ਭਾਈ ਲਵਲਪ੍ਰੀਤ ਸਿੰਘ, ਭਾਈ ਹਰਪ੍ਰੀਤ ਸਿੰਘ, ਭਾਈ ਗੁਰਭੇਜ ਸਿੰਘ ਨੇ ਵਿਦਿਆਰਥੀਆਂ ਨਾਲ ਬਹੁਤ ਸਾਰੇ ਵਿਸ਼ਿਆਂ ਨੂੰ ਵਿਦਿਆਰਥੀਆਂ ਨਾਲ ਸਾਂਝੇ ਕੀਤਾ। ਸੰਸਥਾ ਦੇ ਵੱਖ ਵੱਖ ਵਿੰਗਾਂ ਦੇ ਵਿਦਿਆਰਥੀਆਂ ਨੇ ਆਪਣੇ ਜਨਮ ਦਿਨ ਤੇ ਮਹਿੰਗੇ ਕਾਰਡ ਤੇ ਮਠਿਆਈਆਂ ਵੰਡਣ ਦੀ ਥਾਂ ਗੁਰਮਤਿ ਪ੍ਰਕਾਸ਼ ਰਸਾਲੇ ਲਗਵਾਏ। ਜਿਨਾਂ ਵਿੱਚੋਂ ਕਾਲਜ ਵਿੰਗ ਦੇ 38 ਵਿਦਿਆਰਥੀ, ਸੀਨੀਅਰ ਸੈਕੰਡਰੀ ਵਿੰਗ ਦੇ 101 ਵਿਦਿਆਰਥੀ, ਹਾਈ ਵਿੰਗ ਦੇ 38 ਵਿਦਿਆਰਥੀ, ਮਿਡਲ ਵਿੰਗ ਦੇ 100 ਵਿਦਿਆਰਥੀ ਕੁੱਲ 277 ਵਿਦਿਆਰਥੀਆਂ ਨੇ ਕੈਂਪ ਦੇ ਚੌਥੇ ਦਿਨ ਤੱਕ ਗੁਰਮਤਿ ਰਸਾਲੇ ਲਗਵਾਏ। ਵਿਦਿਆਰਥੀਆਂ ਨੂੰ ਪੁਸਤਕ ਪ੍ਰੇਮੀ ਬਣਾਉਣ ਲਈ ਸੰਸਥਾ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਤਿਹਾਸਿਕ ਤੇ ਧਾਰਮਿਕ ਕਿਤਾਬਾਂ ਦੀ ਪ੍ਰਦਰਸ਼ਨੀ ਵੀ ਲਗਾਈ ਗਈ। ਇਸ ਮੌਕੇ ਪ੍ਰਿੰਸੀਪਲ ਸਵਰਨ ਸਿੰਘ ਵਿਰਕ ਨੇ ਕਿਹਾ ਕਿ ਦੁਨਿਆਵੀ ਵਿੱਦਿਆ ਤੇ ਧਾਰਮਿਕ ਵਿੱਦਿਆ ਇੱਕੋ ਹੀ ਸਿੱਕੇ ਦੇ ਦੋ ਪਾਸੇ ਹਨ। ਇਹਨਾਂ ਵਿੱਚ ਸੰਤੁਲਨ ਬਣਾਈ ਰੱਖਣ ਲਈ ਸੰਸਥਾ ਵਿੱਚ ਸਮੇਂ ਸਮੇਂ ਤੇ ਵਿਦਿਆਰਥੀਆਂ ਲਈ ਅਜਿਹੇ ਸਮਾਗਮ ਆਯੋਜਿਤ ਕੀਤੇ ਜਾਂਦੇ ਹਨ ਅਤੇ ਇਹ ਸਲਾਨਾ ਗੁਰਮਤਿ ਕੈਂਪ ਸਭ ਤੋਂ ਮੋਹਰਲੀ ਕਤਾਰ ਵਿੱਚ ਹੈ। ਅਖੀਰ ਬਾਹਰੋਂ ਆਏ ਹਰੇਕ ਮਹਿਮਾਨ ਦਾ ਪ੍ਰਿੰਸੀਪਲ ਸਵਰਨ ਸਿੰਘ ਵਿਰਕ ਅਤੇ ਸਟੂਡੈਂਟ ਕਮੇਟੀ ਵੱਲੋਂ ਉਚੇਚੇ ਤੌਰ 'ਤੇ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਸਵਰਨ ਸਿੰਘ ਵਿਰਕ ਨੇ ਦੱਸਿਆ ਕਿ ਕੈਂਪ ਦੇ ਆਖਰੀ ਦਿਨ ਸੰਸਥਾ ਵਿਖੇ ਅੰਮ੍ਰਿਤ ਸੰਚਾਰ ਵੀ ਕਰਾਇਆ ਜਾਵੇਗਾ।

## ਫੋਟੋਗ੍ਰਾਫਰ ਦੀ ਦੁਕਾਨ 'ਚ ਚੋਰੀ



**ਦੀਨਾਨਗਰ (ਸੰਜੀਵ )**-ਸ਼ੂਗਰ ਮਿੱਲ ਪਨਿਆੜ ਬੱਸ ਸਟੈਂਡ ਨੇੜੇ ਘਰੋਟੀਆਂ ਮੋੜ 'ਤੇ ਸਥਿਤ ਗੋਇਲ ਫੋਟੋਗ੍ਰਾਫਰ ਦੀ ਦੁਕਾਨ ਦੇ ਤਾਲੇ ਤੋੜ ਕੇ ਚੋਰ 15 ਹਜ਼ਾਰ ਦੀ ਨਗਦੀ ਤੇ ਹੋਰ ਸਮਾਨ ਲੈ ਕੇ ਹੋਏ ਫਰਾਰ ਹੋ ਗਏ। ਪੀੜਤ ਦੁਕਾਨਦਾਰ ਨੇ ਦੀਨਾਨਗਰ ਪੁਲਸ ਨੂੰ ਸ਼ਿਕਾਇਤ ਦੇ ਕੇ ਇਨਸਾਫ ਦੀ ਮੰਗ ਕੀਤੀ ਹੈ।ਪੀੜਿਤ ਦੁਕਾਨਦਾਰ ਰਜੇਸ਼ ਕੁਮਾਰ ਵਾਸੀ ਰਾਊਵਾਲ ਨੇ ਦੱਸਿਆ ਕਿ ਬੀਤੇ ਕੱਲ੍ਹ ਉਹ ਆਪਣੇ ਫੋਟੋਗ੍ਰਾਫੀ ਦੇ ਕੰਮ 'ਤੇ ਆਪਣੀ ਦੁਕਾਨ ਦੇ ਤਾਲੇ ਬੰਦ ਕਰਕੇ ਗਿਆ ਹੋਇਆ ਸੀ, ਤੇ ਜਦ ਅੱਜ ਸਵੇਰੇ ਉਹ ਆਪਣੀ ਦੁਕਾਨ 'ਤੇ ਆਇਆ ਤਾਂ ਦੇਖਿਆ ਕਿ ਦੁਕਾਨ ਦੇ ਸ਼ਟਰ ਦੇ ਤਾਲੇ ਟੁੱਟੇ ਹੋਏ ਸਨ ਤੇ ਦੁਕਾਨ ਅੰਦਰ ਪਿਆ ਇਨਵਰਟਰ ਸਣੇ ਬੈਟਰੀ ਤੇ ਦੁਕਾਨ ਦੇ ਗੱਲੇ 'ਚ ਪਈ ਕਰੀਬ 15 ਹਜ਼ਾਰ ਦੀ ਨਗਦੀ ਗਾਇਬ ਸੀ। ਪੀੜਤ ਦੁਕਾਨਦਾਰ ਨੇ ਦੱਸਿਆ ਕਿ ਇਸ ਸਬੰਧੀ ਉਹਨਾਂ ਦੀਨਾਨਗਰ ਪੁਲਸ ਨੂੰ ਸੂਚਿਤ ਕਰ ਦਿੱਤਾ ਹੈ। ਪੀੜਿਤ ਦੁਕਾਨਦਾਰ ਨੇ ਜ਼ਿਲ੍ਹਾ ਪ੍ਰਸ਼ਾਸਨ ਤੇ ਪੁਲਸ ਤੋਂ ਮੰਗ ਕੀਤੀ ਕਿ ਚੋਰ ਨੂੰ ਜਲਦ ਤੋਂ ਜਲਦ ਕਾਬੂ ਕਰਕੇ ਉਸ ਨੂੰ ਇਨਸਾਫ ਦਿਵਾਇਆ ਜਾਵੇ।

## 120 ਨਸ਼ੀਲੀਆਂ ਗੋਲੀਆਂ ਸਮੇਤ ਇੱਕ ਕਾਬੂ



**ਮਜੀਠਾ (ਸੋਇਮ ਆਨੰਦ)**- ਮਜੀਠਾ ਪੁਲਸ ਵਲੋਂ 120 ਨਸ਼ੀਲੀਆਂ ਗੋਲੀਆਂ ਸਮੇਤ ਇੱਕ ਵਿਅਕਤੀ ਨੂੰ ਕਾਬੂ ਕੀਤਾ ਗਿਆ।ਪ੍ਰਾਪਤ ਜਾਣਕਾਰੀ ਅਨੁਸਾਰ ਏ ਐਸ ਆਈ ਹਰਜੀਤ ਸਿੰਘ ਦੌਰਾਨ ਗਸ਼ਤ ਏ ਐਸ ਆਈ ਜਗਦੀਪ ਸਿੰਘ, ਮਨਜਿੰਦਰ ਸਿੰਘ, ਗੁਰਸੇਵਕ ਸਿੰਘ ਤੇ ਚਰਨਜੀਤ ਸਿੰਘ ਸਮੇਤ ਕਸਬਾ ਮਜੀਠਾ ਤੇ ਪਿੰਡ ਸੋਹੀਆਂ ਕਲਾਂ ਵੱਲ ਰਹੇ ਸਨ ਕਿ ਅੱਗੇ ਤੋਂ ਇਕ ਪੈਦਲ ਆ ਰਿਹਾ ਸ਼ੱਕੀ ਨੌਜਵਾਨ ਦਿਖਾਈ ਦਿੱਤਾ ਜੋ ਪੁਲਸ ਪਾਰਟੀ ਨੂੰ ਵੇਖ ਕੇ ਆਪਣੀ ਪੈਂਟ ਦੀ ਸੱਜੀ ਜੇਬ ਵਿੱਚੋਂ ਇੱਕ ਮੋਮੀ ਲਿਫਾਫਾ ਕੱਢ ਕੇ ਸੁੱਟਣ ਲੱਗਾ ਤਾਂ ਉਸ ਨੂੰ ਏ ਐਸ ਆਈ ਹਰਜੀਤ ਸਿੰਘ ਵਲੋਂ ਸਾਥੀ ਪੁਲਸ ਮੁਲਾਜ਼ਮਾਂ ਦੀ ਮਦਦ ਨਾਲ ਕਾਬੂ ਕਰ ਲਿਆ। ਜਿਸ ਦੀ ਤਲਾਸ਼ੀ ਲੈਣ 'ਤੇ ਉਸ ਕੋਲੋਂ 120 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਕਾਬੂ ਕੀਤੇ ਗਏ ਵਿਅਕਤੀ ਦੀ ਪਹਿਚਾਣ ਦੇਸ ਰਾਜ ਪੁੱਤਰ ਕਰਤਾਰ ਸਿੰਘ ਵਾਰਡ ਨੰਬਰ 6 ਕਸਬਾ ਮਜੀਠਾ ਵਜੋਂ ਹੋਈ। ਪੁਲਸ ਵਲੋਂ ਬਰਾਮਦ ਕੀਤੀਆਂ ਨਸ਼ੀਲੀਆਂ ਗੋਲੀਆਂ ਸਮੇਤ ਉਕਤ ਵਿਅਕਤੀ ਨੂੰ ਹਿਰਾਸਤ ਵਿੱਚ ਲੈ ਕੇ ਥਾਣਾਂ ਮਜੀਠਾ 'ਚ ਉਸ ਖਿਲਾਫ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਅਮਲ ਵਿੱਚ ਹੈ।

## ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ ਵੱਲੋਂ ਸਾਹਿਤਕਾਰਾਂ/ਲੇਖਕਾਂ ਦੀ ਡਾਇਰੈਕਟਰੀ ਸੰਬੰਧੀ ਵੇਰਵਿਆਂ ਦੀ ਮੰਗ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਵੱਖ-ਵੱਖ ਵਿਧਾਵਾਂ ਦੇ ਲੇਖਕਾਂ ਦੇ ਵੇਰਵੇ ਇਕੱਤਰ ਕਰਕੇ ਡਾਇਰੈਕਟਰੀ ਤਿਆਰ ਕੀਤੀ ਜਾ ਰਹੀ ਹੈ । ਇਸ ਡਾਇਰੈਕਟਰੀ ਦਾ ਕਾਰਜ ਅੰਤਿਮ ਪੜਾਅ 'ਤੇ ਹੈ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਭਾਸ਼ਾ ਅਫ਼ਸਰ ਗੁਰਦਾਸਪੁਰ ਡਾ. ਪਰਮਜੀਤ ਸਿੰਘ ਕਲਸੀ ਨੈਸ਼ਨਲ ਐਵਾਰਡੀ ਨੇ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਦੇ ਸਾਹਿਤਕਾਰਾਂ/ਲੇਖਕਾਂ ਤੋਂ ਉਹਨਾਂ ਦੇ ਸਾਰੇ ਨਿੱਜੀ ਅਤੇ ਸਾਹਿਤਿਕ ਵੇਰਵੇ ਮੰਗੇ ਜਾ ਰਹੇ ਹਨ। ਕਾਫੀ ਸਾਹਿਤਕਾਰਾਂ/ਲੇਖਕਾਂ ਨੇ ਵੇਰਵੇ ਜ਼ਿਲ੍ਹਾ ਭਾਸ਼ਾ ਦਫ਼ਤਰ ਗੁਰਦਾਸਪੁਰ ਵਿਖੇ ਵੇਰਵੇ ਭੇਜ ਦਿੱਤੇ ਸਨ। ਹੁਣ ਜ਼ਿਲ੍ਹਾ ਗੁਰਦਾਸਪੁਰ ਦੇ ਉਹਨਾਂ ਸਾਹਿਤਕਾਰਾਂ/ਲੇਖਕਾਂ ਜਿਨ੍ਹਾਂ ਨੇ ਆਪਣੇ ਵੇਰਵੇ ਅਜੇ ਤੱਕ ਨਹੀਂ ਭੇਜੇ, ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਆਪਣੇ ਵੇਰਵੇ ਤੁਰੰਤ ਭੇਜਣ ਦੀ ਖੇਚਲ ਕਰਨ ।ਇਹ ਵੇਰਵੇ 16 ਅਕਤੂਬਰ ਸ਼ਾਮ 5 ਵਜੇ ਤੱਕ ਜ਼ਿਲ੍ਹਾ ਭਾਸ਼ਾ ਦਫ਼ਤਰ, ਗੁਰਦਾਸਪੁਰ ਵਿਖੇ ਪੁੱਜਦੇ ਕੀਤੇ ਜਾਣ ।

## ਕਮਿਸ਼ਨਰ ਨਗਰ ਨਿਗਮ ਨੇ ਸਮਾਰਟ ਸਿਟੀ ਪ੍ਰੋਜੈਕਟਾਂ ਦਾ ਲਿਆ ਜਾਇਜ਼ਾ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਸਥਾਨਕ ਨਗਰ ਨਿਗਮ ਦੇ ਕਮਿਸ਼ਨਰ ਗੁਲਪ੍ਰੀਤ ਸਿੰਘ ਨੇ ਵੱਖ-ਵੱਖ ਚੱਲ ਰਹੇ ਪ੍ਰੋਜੈਕਟਾਂ ਦੀ ਸਮੀਖਿਆ ਕਰਨ ਲਈ ਅੰਮ੍ਰਿਤਸਰ ਸਮਾਰਟ ਸਿਟੀ ਲਿਮਟਿਡ ਦੀ ਮੀਟਿੰਗ ਬੁਲਾਈ। ਮੀਟਿੰਗ ਵਿੱਚ ਇੱਕ ਪੇਸ਼ਕਾਰੀ ਦਿੱਤੀ ਗਈ ਅਤੇ ਸਾਰੇ ਪ੍ਰੋਜੈਕਟਾਂ ਬਾਰੇ ਵੱਡੇ ਪੱਧਰ 'ਤੇ ਚਰਚਾ ਕੀਤੀ ਗਈ। ਕਮਿਸ਼ਨਰ ਨੇ ਪ੍ਰੋਜੈਕਟਾਂ ਦੇ ਵਿੱਤੀ ਪਹਿਲੂ ਦਾ ਵੀ ਜਾਇਜ਼ਾ ਲਿਆ। ਮੀਟਿੰਗ ਵਿੱਚ ਐਸ.ਈ ਸੰਦੀਪ ਸਿੰਘ, ਪ੍ਰੋਜੈਕਟ ਕੋਆਰਡੀਨੇਟਰ ਪ੍ਰੇਮ ਸ਼ਰਮਾ, ਲੇਖਾਕਾਰ ਤਮੰਨਾ ਆਹੂਜਾ, ਜੇ ਈ ਮਨਮੀਤ ਸਿੰਘ, ਜੇ ਈ ਰਜਤ, ਡਾ. ਜੋਤੀ ਮਹਾਜਨ, ਗ੍ਰਾਫਿਕ ਡਿਜ਼ਾਈਨਰ ਵਿਨੈ ਸ਼ਰਮਾ, ਅਸ਼ੀਸ਼ ਕੁਮਾਰ ਅਤੇ ਹੋਰ ਹਾਜ਼ਰ ਸਨ। ਕਮਿਸ਼ਨਰ ਗੁਲਪ੍ਰੀਤ ਸਿੰਘ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਜਿਹੜੇ ਪ੍ਰਾਜੈਕਟ ਮੁਕੰਮਲ ਹੋ ਚੁੱਕੇ ਹਨ, ਉਨ੍ਹਾਂ ਦੀ ਸਾਂਭ-ਸੰਭਾਲ ਕੀਤੀ ਜਾਵੇ ਅਤੇ ਚੱਲ ਰਹੇ ਪ੍ਰਾਜੈਕਟਾਂ ਨੂੰ ਮਿੱਥੇ ਸਮੇਂ ਅੰਦਰ ਮੁਕੰਮਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਉਹ ਪ੍ਰਾਜੈਕਟਾਂ ਦੀ ਜ਼ਮੀਨੀ ਹਕੀਕਤ ਜਾਣਨ ਲਈ ਜਲਦੀ ਹੀ ਕੁਝ ਸਾਈਟਾਂ ਦਾ ਦੌਰਾ ਕਰਨਗੇ। ਉਨ੍ਹਾਂ ਕਿਹਾ ਕਿ ਇਹ ਉਨ੍ਹਾਂ ਲਈ ਪਵਿੱਤਰ ਨਗਰੀ ਦੀ ਸੇਵਾ ਕਰਨ ਦਾ ਸੁਨਹਿਰੀ ਮੌਕਾ ਹੈ ਅਤੇ ਉਨ੍ਹਾਂ ਨੇ ਇਹ ਯਕੀਨੀ ਬਣਾਇਆ ਕਿ ਨਾਗਰਿਕਾਂ ਨੂੰ ਸਾਰੀਆਂ ਬੁਨਿਆਦੀ ਸਹੂਲਤਾਂ ਪਹਿਲ ਦੇ ਆਧਾਰ 'ਤੇ ਮੁਹੱਈਆ ਕਰਵਾਈਆਂ ਜਾਣਗੀਆਂ।

## ਸਰਕਾਰੀ ਮੰਡੀਆਂ 'ਚ ਨਹੀ ਹੋ ਰਹੇ ਪੁਖਤਾ ਪ੍ਰਬੰਧ : ਬੱਗੂ, ਦਿਆਲਪੁਰਾ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਬੱਗੂ, ਸਕੱਤਰ ਦਲਜੀਤ ਸਿੰਘ ਦਿਆਲਪੁਰਾ, ਬਲਦੇਵ ਸਿੰਘ ਪੰਡੋਰੀ, ਹਰਦੀਪ ਸਿੰਘ ਰਸੂਲਪੁਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਜ਼ਿਲ੍ਹਾ ਤਰਨ ਤਾਰਨ ਦੀਆਂ ਮੰਡੀਆਂ 'ਚ ਝੋਨਾ ਪੂਰੇ ਜ਼ੋਰਾਂ ਨਾਲ ਆ ਰਿਹਾ ਹੈ ਪਰ ਅਜੇ ਤੱਕ ਜ਼ਿਲ੍ਹੇ ਭਰ ਦੀਆਂ ਮੰਡੀਆਂ ਵਿਚ ਨਾ ਸਰਕਾਰੀ ਖਰੀਦ ਹੋ ਰਹੀ ਹੈ ਨਾ ਬਾਰਦਾਨਾ ਮਿਲ ਰਿਹਾ ਹੈ, ਇੰਸਪੈਕਟਰ ਮੰਡੀਆਂ ਵਿੱਚ ਨਹੀਂ ਮਿਲ ਰਹੇ। ਕਿਸਾਨ ਖੱਜਲ ਖੁਆਰ ਹੋ ਰਹੇ ਹਨ। ਮੰਡੀਆਂ 'ਚ ਸਰਕਾਰੀ ਪੁਖਤਾ ਪ੍ਰਬੰਧ ਨਜ਼ਰ ਨਹੀਂ ਆ ਰਹੇ ।

ਮੰਡੀਆਂ 'ਚ ਕਿਸਾਨਾਂ ਲਈ ਪਾਣੀ, ਪਖਾਨਿਆਂ ਦਾ ਕੋਈ ਪ੍ਰਬੰਧ ਨਹੀਂ । ਇਨ੍ਹਾਂ ਆਗੂਆਂ ਨੇ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਤੋਂ ਮੰਗ ਕੀਤੀ ਕਿ ਮੰਡੀਆਂ 'ਚ ਸਰਕਾਰੀ ਖਰੀਦ ਤੁਰੰਤ ਚਾਲੂ ਕੀਤੀ ਜਾਵੇ । ਮੰਡੀਆਂ 'ਚ ਬਾਰਦਾਨੇ ਦਾ ਫੌਰੀ ਪ੍ਰਬੰਧ ਕੀਤਾ ਜਾਵੇ ਅਤੇ ਲਿਫਟਿੰਗ ਤੁਰੰਤ ਸ਼ੁਰੂ ਕੀਤੀ ਜਾਵੇ।ਇਸ ਮੌਕੇ ਚਰਨਜੀਤ ਸਿੰਘ ਬਾਠ, ਕਰਮ ਸਿੰਘ ਪੰਡੋਰੀ, ਰਣਜੀਤ ਸਿੰਘ ਬਾਠ, ਗੁਰਪ੍ਰਤਾਪ ਸਿੰਘ ਬਾਠ, ਕੁਲਦੀਪ ਸਿੰਘ ਹਾਜ਼ਰ ਸਨ।

## ਰਾਜ ਮਿਸਤਰੀ ਤੋਂ 9500 ਰੁਪਏ ਤੇ ਏ ਟੀ ਐੱਮ ਕਾਰਡ ਖੋਹਿਆ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਦੀਨਾਨਗਰ ਦੇ ਡੀਡਾ ਰੋਡ 'ਤੇ ਰਾਜ ਮਿਸਤਰੀ ਦਾ ਕੰਮ ਕਰਨ ਵਾਲੇ ਇੱਕ ਵਿਅਕਤੀ ਕੋਲੋਂ ਪਿਸਤੋਲ ਦੀ ਨੋਕ 'ਤੇ ਤਿੰਨ ਮੋਟਰਸਾਈਕਲ ਸਵਾਰ ਲੁਟੇਰਿਆਂ ਨੇ 9500 ਰੁਪਏ ਅਤੇ ਉਸ ਦੇ ਬੈਂਕ ਦਾ ਏ ਟੀ ਐਮ ਕਾਰਡ ਖੋਹਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਇਸ ਸਬੰਧੀ ਪੀੜਿਤ ਨੌਜਵਾਨ ਨੇ ਦੀਨਾਨਗਰ ਪੁਲਸ ਨੂੰ ਸ਼ਿਕਾਇਤ ਦੇ ਕੇ ਇਨਸਾਫ ਦੀ ਮੰਗ ਕੀਤੀ ਗਈ ਹੈ। ਪੀੜਿਤ ਨੌਜਵਾਨ ਜੋਧਾ ਸਿੰਘ ਵਾਸੀ ਆਦਰਸ਼ ਕਲੋਨੀ ਦੀਨਾਨਗਰ ਨੇ ਦੱਸਿਆ ਕਿ ਉਹ ਰਾਜ ਮਿਸਤਰੀ ਦੇ ਕੰਮ ਦੀ ਠੇਕੇਦਾਰੀ ਕਰਦਾ ਹੈ। ਅੱਜ ਜਦੋਂ ਉਹ ਆਪਣੀ ਇੱਕ ਮਸ਼ੀਨ ਪਿੰਡ ਡੀਡਾ ਤੋਂ ਲੈ ਕੇ ਦੀਨਾਨਗਰ ਨੂੰ ਆ ਰਿਹਾ ਸੀ ਜਦੋਂ ਉਹ ਡੀਡਾ ਰੋਡ ਤੇ ਰਜਵਾਹੇ ਦੀ ਨਾਲ ਲੱਗਦੀ ਸੜਕ ਜੋ ਦੀਨਾਨਗਰ ਨੂੰ ਆਉਂਦੀ ਹੈ, 'ਤੇ ਆ ਰਿਹਾ ਸੀ। ਰਸਤੇ ਵਿੱਚ ਉਸ ਦਾ ਮੋਟਰਸਾਈਕਲ ਬੰਦ ਹੋ ਗਿਆ ਜਿਸ ਨੂੰ ਉਹ ਸਟਾਰਟ ਕਰਨ ਦੀ ਕੋਸ਼ਿਸ਼ ਕਰ ਰਿਹਾ ਸੀ। ਉਸ ਦੱਸਿਆ ਕਿ ਪਿੰਡ ਡੀਡਾ ਵੱਲੋਂ ਬਿਨਾਂ ਨੰਬਰ ਸਪਲੈਂਡਰ ਮੋਟਰਸਾਈਕਲ ਕਾਲੇ ਰੰਗ 'ਤੇ ਸਵਾਰ ਹੋ ਕੇ ਤਿੰਨ ਨੌਜਵਾਨ ਆਏ, ਜਿਨ੍ਹਾਂ ਨੇ ਮੂੰਹ ਸਿਰ ਨੂੰ ਕੱਪੜੇ ਨਾਲ ਢਕਿਆ ਹੋਇਆ ਸੀ ਤੇ ਆਉਂਦੇ ਹੀ ਉਨ੍ਹਾਂ ਉਸ ਦੀਆਂ ਬਾਹਾਂ ਫੜ ਕੇ ਉਸ ਦੇ ਸਿਰ 'ਤੇ ਪਿਸਤੋਲ ਲਗਾ ਦਿੱਤੀ ਅਤੇ ਉਸ ਦੀ ਜੇਬ ਵਿੱਚ ਪਏ 9500 ਰੁਪਏ ਅਤੇ ਬੈਂਕ ਦਾ ਏ ਟੀ ਐਮ ਕਾਰਡ ਖੋਹਕੇ ਵਾਪਸ ਡੀਡਾ ਰੋਡ ਵੱਲ ਨੂੰ ਚਲੇ ਗਏ। ਇਸ ਮਾਮਲੇ ਸਬੰਧੀ ਜਾਣਕਾਰੀ ਪੁਲਸ ਨੂੰ ਦੇ ਦਿੱਤੀ ਗਈ ਹੈ।

## ਮਹਿਤਾ ਵਿਖੇ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਉਤਸਵ ਨੂੰ ਸਮਰਪਤ 14 ਤੋਂ 19 ਤੱਕ ਗੁਰਮਤਿ ਸਮਾਗਮ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਭਾਈ ਲਵਪਰੀਤ ਸਿੰਘ ਦੇ ਗ੍ਰਹਿ ਪਿੰਡ ਮਹਿਤਾ ਵਿਖੇ ਹਰ ਸਾਲ ਦੀ ਤਰ੍ਹਾਂ ਸੋਢੀ ਸੁਲਤਾਨ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ ਪਵਿੱਤਰ ਪਾਵਨ ਪ੍ਰਕਾਸ਼ ਉਤਸਵ ਨੂੰ ਸਮਰਪਿਤ ਗੁਰਮਤਿ ਸਮਾਗਮ 14 ਅਕਤੂਬਰ ਸ਼ਾਮ 6 ਤੋਂ 9 ਤੱਕ ਰੋਜ਼ਾਨਾ 19 ਅਕਤੂਬਰ ਤੱਕ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਹੈ। ਜਿਸ ਵਿੱਚ ਰੋਜ਼ਾਨਾ ਸ਼ਾਮ ਨੂੰ ਪਵਿੱਤਰ ਪਾਵਨ ਗੁਰਬਾਣੀ ਰਹਿਰਾਸ ਸਾਹਿਬ ਦੇ ਜਾਪੁ ਤੋਂ ਉਪਰੰਤ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਅਤੇ ਕਥਾਵਾਚਕ ਗੁਰਮਤਿ ਵੀਚਾਰਾਂ ਦੀ ਸਾਂਝ ਪਾਉਣਗੇ।ਰਾਗੀ ਭਾਈ ਲਵਪਰੀਤ ਸਿੰਘ ਦੇ ਪਿਤਾ ਭਾਈ ਨਰਿੰਦਰ ਸਿੰਘ ਦਮਦਮੀ ਟਕਸਾਲ ਵਾਲਿਆਂ ਨੇ ਦੱਸਿਆ ਕਿ ਜਿਸ ਵਿੱਚ ਗਿਆਨੀ ਗੁਰਦੀਪ ਸਿੰਘ ਹੈਡ ਗ੍ਰੰਥੀ ਦਮਦਮੀ ਟਕਸਾਲ, ਗਿਆਨੀ ਰਛਪਾਲ ਸਿੰਘ ਬਾਬਾ ਬਕਾਲਾ ਸਾਹਿਬ, ਗਿਆਨੀ ਕੁਲਦੀਪ ਸਿੰਘ ਦਮਦਮੀ ਟਕਸਾਲ, ਗਿਆਨੀ ਸਿਮਰਨਜੀਤ ਸਿੰਘ ਦਮਦਮੀ ਟਕਸਾਲ, ਰਾਗੀ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਰਾਗੀ ਭਾਈ ਗੁਰਪਿੰਦਰ ਸਿੰਘ ਦਮਦਮੀ ਟਕਸਾਲ, ਭਾਈ ਸੰਦੀਪ ਸਿੰਘ ਬੁੱਟਰ, ਰਾਗੀ ਗੁਲਜ਼ਾਰ ਸਿੰਘ ਬੁੱਟਰ, ਰਾਗੀ ਭਾਈ ਅੰਮ੍ਰਿਤਪਾਲ ਸਿੰਘ ਦਮਦਮੀ ਟਕਸਾਲ, ਰਾਗੀ ਭਾਈ ਗੁਰਮੰਤਪ੍ਰੀਤ ਸਿੰਘ ਦਮਦਮੀ ਟਕਸਾਲ, ਰਾਗੀ ਭਾਈ ਲਵਜੀਤ ਸਿੰਘ ਦਮਦਮੀ ਟਕਸਾਲ ਅਤੇ 19 ਅਕਤੂਬਰ ਨੂੰ ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਸ਼ਾਮ 7 ਵਜੇ ਕਥਾ ਸੰਗਤਾਂ ਨੂੰ ਸਰਵਣ ਕਰਉਣਗੇ।ਇਲਾਕੇ ਦੇ ਸਮੂਹ ਸੰਤ, ਮਹਾਪੁਰਖ, ਨਿਹੰਗ ਸਿੰਘ, ਸਮਾਜ ਸੇਵੀ, ਨਗਰ ਨਿਵਾਸੀ ਹਾਜ਼ਰੀ ਭਰਨਗੇ।

## ਸਰਬਸੰਮਤੀ ਨਾਲ ਚਰਨਜੀਤ ਸਿੰਘ ਬਣੇ ਚੌਂਤਰਾ ਦੇ ਸਰਪੰਚ




**ਦੀਨਾਨਗਰ (ਸੰਜੀਵ)** ਦੀਨਾਨਗਰ ਹਲਕੇ ਅੰਦਰ ਪੂਰੀ ਨਿਰਪੱਖਤਾ ਤੇ ਇਮਾਨਦਾਰੀ ਨਾਲ ਚੱਲ ਰਹੀ ਚੋਣ ਪ੍ਰਕਿਰਿਆ ਦੌਰਾਨ ਵੱਡੀ ਗਿਣਤੀ ਵਿੱਚ ਗ੍ਰਾਮ ਪੰਚਾਇਤਾਂ ਸਰਬਸੰਮਤੀ ਨਾਲ ਚੁਣੀਆਂ ਗਈਆਂ ਹਨ ਅਤੇ ਪਿੰਡਾਂ ਵਿੱਚੋਂ ਧੜੇਬੰਦੀ ਖਤਮ ਕਰਨ ਲਈ ਇਹ ਇਕ ਚੰਗੀ ਰਵਾਇਤ ਹੈ।

ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਸ਼ਹਿਰੀ ਤੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਵੱਲੋਂ ਹਲਕੇ ਦੇ ਪਿੰਡ ਚੌਂਤਰਾ ਦੀ ਸਰਬਸੰਮਤੀ ਨਾਲ ਚੁਣੀ ਗਈ ਗ੍ਰਾਮ ਪੰਚਾਇਤ ਨੂੰ ਸਨਮਾਨਤ ਕਰਨ ਮੌਕੇ ਕੀਤਾ ਗਿਆ।ਇਸ ਮੌਕੇ ਨਵੀਂ ਚੁਣੀ ਗਈ ਪਿੰਡ ਚੌਂਤਰਾ ਦੀ ਗ੍ਰਾਮ ਪੰਚਾਇਤ ਦੇ ਸਰਪੰਚ ਚਰਨਜੀਤ ਸਿੰਘ, ਮੈਂਬਰ ਪੰਚਾਇਤ ਗੁਰਤਾਰ ਸਿੰਘ, ਜਸਬੀਰ ਕੌਰ, ਗੁਰਨਾਮ ਸਿੰਘ, ਜਸਵਿੰਦਰ ਕੌਰ ਤੇ ਸਮਿੱਤਰੀ ਦੇਵੀ ਦੇ ਇਲਾਵਾ ਨੰਬਰਦਾਰ ਜੋਧ ਸਿੰਘ, ਗੁਰਪ੍ਰੀਤ ਸਿੰਘ, ਕਰਮਜੀਤ ਸਿੰਘ, ਅਵਤਾਰ ਸਿੰਘ, ਲਖਵਿੰਦਰ ਸਿੰਘ, ਬਲਜਿੰਦਰ ਸਿੰਘ, ਬਲਬੀਰ ਸਿੰਘ, ਸਾਬਕਾ ਸਰਪੰਚ ਲਖਬੀਰ ਸਿੰਘ, ਪਰਮਜੀਤ ਸਿੰਘ, ਉਂਕਾਰ ਸਿੰਘ, ਗੁਰਨਾਮ ਸਿੰਘ, ਸੁਲੱਖਣ ਸਿੰਘ, ਹਰਭਜਨ ਸਿੰਘ, ਮੁਖਤਿਆਰ ਸਿੰਘ, ਸੁਖਵਿੰਦਰ ਸਿੰਘ ਤੇ ਬੁੜਾ ਸਿੰਘ ਵੀ ਮੌਜੂਦ ਸਨ।

ਨਵੀਂ ਚੁਣੀ ਗਈ ਗ੍ਰਾਮ ਪੰਚਾਇਤ ਨੇ ਕਿਹਾ ਕਿ ਉਹ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਅਤੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਦੇ ਨਿਰਦੇਸ਼ਾਂ ਹੇਠ ਪਿੰਡ ਦੇ ਸਰਵਪੱਖੀ ਵਿਕਾਸ ਲਈ ਪੂਰੀ ਨਿਰਪੱਖਤਾ ਤੇ ਇਮਾਨਦਾਰੀ ਨਾਲ ਕੰਮ ਕਰਨਗੇ ਅਤੇ ਪਿੰਡ ਅੰਦਰ ਰਲ ਮਿਲ ਕੇ ਰਹਿਣ ਨੂੰ ਤਰਜੀਹ ਦੇਣਗੇ।

## ਬੋਨੀ ਅਮਰਪਾਲ ਸਿੰਘ ਅਜਨਾਲਾ ਨੇ ਰਾਮਲੀਲ੍ਹਾ ਦੀ ਅੱਠਵੀਂ ਨਾਈਟ ਦਾ ਕੀਤਾ ਉਦਘਾਟਨ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਪ੍ਰਾਚੀਨ ਸ਼ਿਵ ਮੰਦਰ ਅਜਨਾਲਾ ਵਿੱਚ ਖੇਡੀ ਜਾਂਦੀ ਭਗਵਾਨ ਸ੍ਰੀ ਰਾਮ ਦੀ ਰਾਮਲੀਲ੍ਹਾ ਦੀ ਅੱਠਵੀਂ ਨਾਈਟ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਸਾਬਕਾ ਵਿਧਾਇਕ ਤੇ ਭਾਰਤੀ ਜਨਤਾ ਪਾਰਟੀ ਓ ਬੀ ਸੀ ਸੈੱਲ ਦੇ ਪੰਜਾਬ ਪ੍ਰਧਾਨ ਅਮਰਪਾਲ ਸਿੰਘ ਬੋਨੀ ਅਜਨਾਲਾ ਵਲੋਂ ਕੀਤਾ ਗਿਆ।ਨਿਊ ਸ਼ਿਵ ਸ਼ੰਕਰ ਡਰਾਮਾਟਿਕ ਕਲੱਬ ਦੇ ਪ੍ਰਧਾਨ ਕਿਸ਼ੋਰੀ ਲਾਲ ਸ਼ਰਮਾ ਅਤੇ ਅਹੁਦੇਦਾਰਾਂ ਮੈਂਬਰਾਂ ਵਲੋਂ ਮੁੱਖ ਮਹਿਮਾਨ ਬੋਨੀ ਅਮਰਪਾਲ ਸਿੰਘ ਅਜਨਾਲਾ ਅਤੇ ਨਾਲ ਆਏ ਸਾਥੀਆਂ ਨੂੰ ਸਨਮਾਨਤ ਕੀਤਾ ਗਿਆ।ਨਿਊ ਸ਼ਿਵ ਸ਼ੰਕਰ ਡਰਾਮਾਟਿਕ ਕਲੱਬ ਦੀ ਹੌਸਲਾ ਅਫਜ਼ਾਈ ਲਈ ਬੋਨੀ ਅਜਨਾਲਾ ਵਲੋਂ ਕਲੱਬ ਨੂੰ ਸਹਿਯੋਗ ਵੀ ਦਿੱਤਾ ਗਿਆ।ਕਲੱਬ ਵੱਲੋਂ ਉਹਨਾ ਦਾ ਧੰਨਵਾਦ ਵੀ ਕੀਤਾ ਗਿਆ।ਇਸ ਮੌਕੇ ਸ਼ਹਿਰੀ ਪ੍ਰਧਾਨ ਪ੍ਰਦੀਪ ਕੁਮਾਰ ਬੰਟਾ, ਪੰਡਿਤ ਮੋਹਨ ਸ਼ਾਮ ਵਿਆਸ, ਕੌਂਸਲਰ ਵਿਕਰਮ ਬੇਦੀ, ਠੇਕੇਦਾਰ ਧਰਮਿੰਦਰ ਸਿੰਘ ਪ੍ਰਿੰਸ, ਵਾਰਡ ਨੰਬਰ ਸੱਤ ਦੇ ਭਾਜਪਾ ਦੇ ਇੰਚਾਰਜ ਅੰਕੁਸ਼ ਕੁਮਾਰ ਸ਼ਰਮਾਂ ਬੰਟੀ, ਸੰਦੀਪ ਕੁਮਾਰ, ਨੰਬਰਦਾਰ ਬਖਸ਼ੀਸ਼ ਸਿੰਘ, ਨਿਆਮਤ ਮਸੀਹ, ਗੀਤਕਾਰ ਤੇ ਲੋਕ ਗਾਇਕ ਸੁਰਿੰਦਰ ਅਜਨਾਲਵੀ, ਰਾਜੇਸ਼ ਕੁਮਾਰ ਚੌਹਾਨ, ਵਿਨੋਦ ਕੁਮਾਰ ਅਰੋੜਾ, ਵਿਜੈ ਸਰੀਨ, ਹਰਤਿੰਦਰ ਬੱਬਰ ਬੁੱਕ ਡੀਪੂ ਅਜਨਾਲਾ, ਡਾ ਪਰਮਜੀਤ ਸਿੰਘ ਅਰੋੜਾ, ਪ੍ਰਿੰਸ ਜਿਊਲਰਜ਼ ਅਜਨਾਲਾ, ਰਾਕੇਸ਼ ਮਰਵਾਹਾ, ਸੰਜੀਵ ਅਰੋੜਾ ਸੀਪਾ, ਸੰਦੀਪ ਕੁਮਾਰ, ਅਮਰਬੀਰ ਸਿੰਘ ਢਿਲੋਂ, ਬੁਰਸ਼ਾਹ ਅਜਨਾਲਾ, ਮੰਨੂ ਅਜਨਾਲਾ, ਵਿਕਰਮਜੀਤ ਸਿੰਘ ਹੈਪੀ, ਦੀਪੂ ਅਰੋੜਾ, ਵਿਸ਼ੂ ਵਿਜੇ, ਮਨੀ ਅਰੋੜਾ, ਅੰਮ੍ਰਿਤ ਰੰਧਾਵਾ, ਅਸ਼ੋਕ ਕੁਮਾਰ ਸ਼ਰਮਾ, ਸ਼ਿਵ ਪੁਰੀ ਅਜਨਾਲਾ ਪ੍ਰਧਾਨ ਤਰੁਣ ਗਾਂਧੀ ਰਾਜੀਵ ਕੁਮਾਰ, ਨੀਟਾ ਮਹੰਤ, ਬਬਲੂ ਸ਼ਾਹ, ਪ੍ਰੇਮ ਕੁਮਾਰ ਆਦਿ ਹਾਜ਼ਰ ਸਨ।

## ਜ਼ਿਮਨੀ ਚੋਣ ਸੰਬੰਧੀ ਅਸ਼ਵਨੀ ਸ਼ਰਮਾ ਵੱਲੋਂ ਭਾਜਪਾ ਵਰਕਰਾਂ ਨਾਲ ਪਲੇਠੀ ਮੀਟਿੰਗ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਡੇਰਾ ਬਾਬਾ ਨਾਨਕ ਵਿੱਚ ਭਾਜਪਾ ਵਰਕਰਾਂ ਦੀ ਜ਼ਿਮਨੀ ਚੋਣ ਸੰਬੰਧੀ ਪਲੇਠੀ ਮੀਟਿੰਗ ਹਲਕਾ ਡੇਰਾ ਬਾਬਾ ਨਾਨਕ ਦੇ ਇਲੈਕਸ਼ਨ ਇੰਚਾਰਜ ਅਸ਼ਵਨੀ ਸ਼ਰਮਾ ਦੀ ਅਗਵਾਈ ਵਿੱਚ ਕੀਤੀ ਗਈ ।ਇਸ ਮੀਟਿੰਗ ਵਿੱਚ ਹਲਕਾ ਡੇਰਾ ਬਾਬਾ ਨਾਨਕ ਤੇ ਵੱਖ-ਵੱਖ ਬਲਾਕਾਂ ਦੇ ਮੰਡਲ ਪ੍ਰਧਾਨ ਅਤੇ ਭਾਜਪਾ ਦੇ ਸੀਨੀਅਰ ਆਗੂ ਰਵੀਕਰਨ ਸਿੰਘ ਕਾਹਲੋਂ, ਬਲਵਿੰਦਰ ਸਿੰਘ ਲਾਡੀ, ਸਾਬਕਾ ਨਗਰ ਕੌਂਸਲ ਪ੍ਰਧਾਨ ਐਡਵੋਕੇਟ ਪ੍ਰਮੀਤ ਸਿੰਘ ਬੇਦੀ, ਰਕੇਸ਼ ਰਠੌਰ ਹਲਕਾ ਸਹਿ: ਪ੍ਰਭਾਰੀ, ਮਨਜੀਤ ਸਿੰਘ ਰਾਏ ਪ੍ਰਭਾਰੀ ਡੇਰਾ ਬਾਬਾ ਨਾਨਕ, ਹਰਜਿੰਦਰ ਸਿੰਘ ਠੇਕੇਦਾਰ, ਸ਼ਿਵਬੀਰ ਸਿੰਘ ਰਾਜਨ ਜ਼ਿਲਾ ਪ੍ਰਧਾਨ, ਸੂਰਜ ਭਾਰਦਵਾਜ ਲੋਕ ਸਭਾ ਪ੍ਰਭਾਰੀ, ਰਜਿੰਦਰ ਬਿੱਟਾ, ਨਿਰਮਲ ਸਿੰਘ ਰੱਤਾ, ਵਿਜੇ ਸੋਨੀ ਮੰਡਲ ਪ੍ਰਧਾਨ ਧਿਆਨਪੁਰ, ਸੰਜੀਵ ਠਾਕੁਰ, ਗੁਰਬਖਸ਼ ਸਿੰਘ ਮੰਡਲ ਪ੍ਰਧਾਨ ਡੇਰਾ ਬਾਬਾ ਨਾਨਕ, ਚਰਨਜੀਤ ਭੰਡਾਰੀ ਕਲਾਨੌਰ, ਜਨਕ ਰਾਜ, ਨਰਿੰਦਰ ਵਿੱਜ, ਅਸ਼ੋਕ ਕੋਹਲੀ, ਉਮੇਸ਼ਵਰ ਮਹਾਜਨ ਆਈਟੀ ਸੈੱਲ ਸਮੇਤ ਹੋਰ ਭਾਜਪਾ ਆਗੂ ਮੌਜੂਦ ਸਨ।ਇਸ ਮੌਕੇ ਡੇਰਾ ਬਾਬਾ ਨਾਨਕ ਦੀ ਜ਼ਿਮਨੀ ਚੋਣ ਨੂੰ ਲੈ ਕੇ ਭਾਜਪਾ ਆਗੂਆਂ ਵੱਲੋਂ ਆਪੋ ਆਪਣੇ ਸੁਝਾਅ ਪੇਸ਼ ਕੀਤੇ ਗਏ ।ਮੀਟਿੰਗ ਵਿੱਚ ਭਾਜਪਾ ਆਗੂਆਂ ਵੱਲੋਂ ਦੇਸ਼ ਦੇ ਨਾਮੀ ਉਦਯੋਗਪਤੀ ਰਤਨ ਟਾਟਾ ਨੂੰ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇਲੈਕਸ਼ਨ ਇੰਚਾਰਜ ਅਸ਼ਵਨੀ ਸ਼ਰਮਾ ਨੇ ਦੱਸਿਆ ਕਿ ਡੇਰਾ ਬਾਬਾ ਨਾਨਕ ਦੀ ਕੁਝ ਸਮੇਂ ਬਾਅਦ ਹੋਣ ਜਾ ਰਹੀ ਜ਼ਿਮਨੀ ਚੋਣ ਬੀਜੇਪੀ ਆਪਣੇ ਦਮ 'ਤੇ ਲੜੇਗੀ ਅਤੇ ਹਰੇਕ ਬੂਥ ਪੱਧਰ ਤੱਕ ਪਹੁੰਚਣ ਲਈ ਮੰਡਲ ਪ੍ਰਧਾਨਾਂ ਅਤੇ ਹੋਰ ਆਗੂਆਂ ਦੀਆਂ ਜਲਦੀ ਡਿਊਟੀਆਂ ਲਾਈਆਂ ਜਾਣਗੀਆਂ ਤੇ ਜਲਦ ਹੀ ਹਲਕਾ ਡੇਰਾ ਬਾਬਾ ਨਾਨਕ ਦੇ ਉਮੀਦਵਾਰ ਦਾ ਪਾਰਟੀ ਹਾਈ ਕਮਾਂਡ ਵੱਲੋਂ ਐਲਾਨ ਕਰ ਦਿੱਤਾ ਜਾਵੇਗਾ।

## ਡਿਪਟੀ ਕਮਿਸ਼ਨਰ ਵੱਲੋਂ ਡੀ ਏ ਪੀ ਖਾਦ ਦੀ ਸਪਲਾਈ ਸੰਬੰਧੀ ਵਿਭਾਗਾਂ ਨਾਲ ਮੀਟਿੰਗ




**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਵੱਲੋਂ ਜ਼ਿਲ੍ਹੇ ਵਿੱਚ ਡੀ ਏ ਪੀ ਖਾਦ ਦੀ ਸਪਲਾਈ ਦੇ ਸਬੰਧ ਵਿੱਚ ਖੇਤੀਬਾੜੀ ਵਿਭਾਗ, ਸਹਿਕਾਰੀ ਸਭਾਵਾਂ, ਇਫਕੋ, ਮਾਰਕਫੈੱਡ ਅਤੇ ਪ੍ਰਾਈਵੇਟ ਖਾਦ ਵਿਕਰੇਤਾ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਮੁੱਖ ਖੇਤੀਬਾੜੀ ਅਫਸਰ, ਸੁਰਿੰਦਰਪਾਲ ਸਿੰਘ ਅਤੇ ਸਬੰਧਤ ਅਧਿਕਾਰੀ ਮੌਜੂਦ ਸਨ।ਡਿਪਟੀ ਕਮਿਸ਼ਨਰ ਵਲੋਂ ਡੀ ਏ ਪੀ ਖਾਦ ਦੀ ਸਪਲਾਈ ਸਬੰਧ ਵਿੱਚ ਮੀਟਿੰਗ ਵਿੱਚ ਮੌਜੂਦ ਸਹਿਕਾਰੀ ਸੁਸਾਇਟੀਆਂ, ਇਫਕੋ, ਮਾਰਕਫੈੱਡ ਅਤੇ ਪ੍ਰਾਈਵੇਟ ਖਾਦ ਵਿਕਰੇਤਾ ਕੋਲੋਂ ਵਿਸਥਾਰ ਵਿੱਚ ਜਾਣਕਾਰੀ ਲਈ। ਉਨ੍ਹਾਂ ਕਿਹਾ ਕਿ ਅੱਜ ਮੀਟਿੰਗ ਕਰਨ ਦਾ ਮੁੱਖ ਮੰਤਵ ਇਹੀ ਹੈ ਕਿ ਕਿਸਾਨਾਂ ਨੂੰ ਕਣਕ ਦੀ ਬਿਜਾਈ ਦੌਰਾਨ ਡੀਏਪੀ ਖਾਦ ਦੀ ਕੋਈ ਮੁਸ਼ਕਿਲ ਪੇਸ਼ ਨਾ ਆਵੇ।ਮੀਟਿੰਗ ਦੌਰਾਨ ਉਨ੍ਹਾਂ ਕਿਸਾਨਾਂ ਨੂੰ ਡੀ ਏ ਪੀ ਖਾਦ ਤਹਿ ਰੇਟ ਉਪਰ ਉਪਲਬਧ ਕਰਵਾਉਣ ਲਈ ਦਿਸ਼ਾ ਨਿਰਦੇਸ਼ ਦਿੱਤੇ ਅਤੇ ਕਿਹਾ ਕਿ ਜੇਕਰ ਕੋਈ ਵੀ ਖਾਦ ਡੀਲਰ ਕਿਸਾਨਾਂ ਨੂੰ ਤਹਿ ਰੇਟ ਤੋਂ ਜ਼ਿਆਦਾ ਡੀ ਏ ਪੀ ਖਾਦ ਵੇਚਦਾ ਹੈ ਅਤੇ ਡੀ ਏ ਪੀ ਨਾਲ ਕਿਸੇ ਹੋਰ ਵਸਤੂ ਦੀ ਸੇਲ ਕਰਦਾ ਹੈ ਤਾਂ ਉਸ ਵਿਰੁੱਧ ਬਨਦੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਅੱਗੇ ਕਿਹਾ ਕਿ ਜੇਕਰ ਪ੍ਰਾਈਵੇਟ ਖਾਦ ਵਿਕਰੇਤਾ ਨੂੰ ਕੋਈ ਸਮੱਸਿਆ ਆਉਂਦੀ ਹੈ, ਤਾਂ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੀ ਜਾਵੇ।ਡਿਪਟੀ ਕਮਿਸ਼ਨਰ ਨੇ ਅੱਗੇ ਕਿਹਾ ਕਿ ਕਿਸਾਨਾਂ ਨੂੰ ਡੀ ਏ ਪੀ ਖਾਦ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਜਿਲ੍ਹਾ ਪ੍ਰਸ਼ਾਸਨ ਨਾਲ ਸਹਿਯੋਗ ਕਰਨ ਅਤੇ ਮਾਨਵਤਾ ਦੀ ਭਲਾਈ ਲਈ ਪਰਾਲੀ/ਨਾੜ ਨੂੰ ਅੱਗ ਨਾ ਲਾਉਣ।

## ਸੇਂਟ ਕਬੀਰ ਸਕੂਲ 'ਚ ਦੁਸਹਿਰੇ ਮੌਕੇ 'ਮੈਗਾ ਕੁਇਜ਼ ਮੁਕਾਬਲੇ' ਕਰਵਾਏ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ (ਗੁਰਦਾਸਪੁਰ) ਵਿੱਚ ਬੁਰਾਈ ਉੱਪਰ ਚੰਗਿਆਈ ਦੀ ਜਿੱਤ ਦਾ ਪ੍ਰਤੀਕ ਦੁਸਹਿਰੇ ਦਾ ਤਿਉਹਾਰ ਬਹੁਤ ਹੀ ਅਲੱਗ ਅੰਦਾਜ਼ ਵਿੱਚ ਮਨਾਇਆ ਗਿਆ। ਇਸ ਸਬੰਧੀ ਸਕੂਲ ਪ੍ਰਿੰਸੀਪਲ ਐਸ. ਬੀ. ਨਾਯਰ ਦੀ ਪ੍ਰਧਾਨਗੀ ਹੇਠ ਸ਼ਾਨਦਾਰ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਬੱਚਿਆਂ ਦੇ 'ਮੈਗਾ ਕੁਇਜ਼ ਮੁਕਾਬਲੇ' ਕਰਵਾਏ ਗਏ। ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਸੱਤਵੀਂ ਤੇ ਅੱਠਵੀਂ ਜਮਾਤ ਦੀਆਂ ਵਿਦਿਆਰਥਣਾਂ ਨੇ ਮਧੁਰ ਤੇ ਮਨਮੋਹਕ ਭਜਨ ਨਾਲ ਕੀਤੀ। ਉਪਰੰਤ ਦਸਵੀਂ ਜਮਾਤ ਦੀ ਵਿਦਿਆਰਥਣ ਮਨਪ੍ਰੀਤ ਕੌਰ ਨੇ ਦੁਸਹਿਰੇ ਦੇ ਤਿਉਹਾਰ ਨਾਲ ਸੰਬੰਧਤ ਵਿਚਾਰ ਪੇਸ਼ ਕੀਤੇ। ਸਕੂਲ ਦੇ ਅਧਿਆਪਕਾ ਤਰਨਪ੍ਰੀਤ ਕੌਰ ਅਤੇ ਪੂਜਾ ਠਾਕੁਰ ਨੇ ਪ੍ਰੋਗਰਾਮ ਨੂੰ ਅੱਗੇ ਤੋਰਦਿਆਂ ਹੋਇਆਂ 'ਇੰਟਰ- ਹਾਊਸ ਮੈਗਾ ਕੁਈਜ਼ ਮੁਕਾਬਲੇ' ਦੀ ਸ਼ੁਰੂਆਤ ਕੀਤੀ। ਇਸ ਦੌਰਾਨ ਸਕੂਲ ਦੇ ਚਾਰ ਹਾਊਸਾਂ ਐਕਵਾ ਬਲਿਊ, ਸਨ ਸਾਇਨ ਯੈਲੋ ,ਓਸਿਸ ਗਰੀਨ ਅਤੇ ਫਾਇਰੀ ਰੈੱਡ ਦੇ 8-8 ਵਿਦਿਆਰਥੀਆਂ ਨੇ ਹਿੱਸੇਦਾਰੀ ਲਈ। ਇਸ ਦੌਰਾਨ ਵਿਦਿਆਰਥੀਆਂ ਨੂੰ ਗਣਿਤ, ਸਮਾਜਿਕ, ਵਿਗਿਆਨ, ਪੰਜਾਬੀ, ਅੰਗਰੇਜ਼ੀ, ਹਿੰਦੀ ਅਤੇ ਕੰਪਿਊਟਰ ਦੇ ਨਾਲ ਸੰਬੰਧਤ ਪ੍ਰਸ਼ਨ ਪੁੱਛੇ ਗਏ। ਇਸ ਤੋਂ ਇਲਾਵਾ ਵਿਦਿਆਰਥੀਆਂ ਦਾ ਰਾਜਨੀਤਿਕ ਗਿਆਨ ਵੀ ਪਰਖਿਆ ਗਿਆ, ਜਿਸ ਦਾ ਵਿਦਿਆਰਥੀਆਂ ਨੇ ਬਹੁਤ ਹੀ ਬੇਬਾਕੀ ਤੇ ਆਤਮ ਵਿਸ਼ਵਾਸ ਨਾਲ ਉੱਤਰ ਦੇ ਕੇ ਖੂਬ ਰੰਗ ਬੰਨ੍ਹਿਆ। ਅੰਤ ਵਿੱਚ ਜੇਤੂ ਹਾਊਸ ਦੇ ਵਿਦਿਆਰਥੀਆਂ ਨੂੰ ਸਕੂਲ ਪ੍ਰਿੰਸੀਪਲ ਐਸ ਬੀ ਨਾਯਰ ਅਤੇ ਮੈਨੇਜਮੈਂਟ ਮੈਂਬਰਾਂ ਮੈਡਮ ਨਵਦੀਪ ਕੌਰ ਅਤੇ ਕੁਲਦੀਪ ਕੌਰ ਦੁਆਰਾ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ ਅਤੇ ਸਮੁੱਚੇ ਸਕੂਲ ਨੂੰ ਦੁਸਹਿਰੇ ਦੇ ਤਿਓਹਾਰ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਸਕੂਲ ਦੇ ਸਮੂਹ ਸਟਾਫ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।

## ਬੀਬੀ ਲਖਬੀਰ ਕੌਰ ਨੇ ਘਰ-ਘਰ ਜਾ ਕੇ ਵੋਟਾਂ ਮੰਗੀਆਂ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਪੰਚਾਇਤੀ ਚੋਣਾਂ ਨੂੰ ਲੈ ਕੇ ਚੋਣ ਅਖਾੜਾ ਪੂਰੀ ਤਰਾਂ ਭਖਿਆ ਹੋਇਆ ਹੈ। ਇਸੇ ਲੜੀ ਤਹਿਤ ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡ ਰਾਊਵਾਲ 'ਚ ਸਰਪੰਚੀ ਦੇ ਉਮੀਦਵਾਰ ਬੀਬੀ ਲਖਬੀਰ ਕੌਰ ਵੱਲੋਂ ਘਰ-ਘਰ ਪਹੁੰਚ ਕੀਤੀ ਜਾ ਰਹੀ ਹੈ। ਪਿੰਡ ਵਾਸੀਆਂ ਨੂੰ ਆਪਣੇ ਹੱਕ 'ਚ ਵੋਟਾਂ ਪਾਉਣ ਲਈ ਲਾਮਬੰਦ ਕੀਤਾ ਜਾ ਰਿਹਾ ਹੈ।ਇਸ ਸਬੰਧੀ ਗੱਲਬਾਤ ਕਰਦਿਆਂ ਬੀਬੀ ਲਖਬੀਰ ਕੌਰ ਨੇ ਕਿਹਾ ਕਿ ਜੇਕਰ ਉਹ ਸਰਪੰਚੀ ਦੀ ਚੋਣ ਜਿੱਤਦੇ ਹਨ ਤਾਂ ਉਨਾਂ ਵੱਲੋਂ ਪਿੰਡ ਦੇ ਵੱਧ ਤੋਂ ਵੱਧ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਖੇਡ ਟੂਰਨਾਮੈਂਟ ਕਰਵਾਏ ਜਾਣਗੇ। ਇਸ ਮੌਕੇ ਲਖਬੀਰ ਕੌਰ ਨੇ ਪਿੰਡ ਰਾਊਵਾਲ ਵਾਸੀਆਂ ਨੂੰ ਅਪੀਲ ਕੀਤੀ ਕਿ 15 ਅਕਤੂਬਰ ਨੂੰ ਹੋਣ ਜਾ ਰਹੀਆਂ ਪੰਚਾਇਤੀ ਚੋਣਾਂ 'ਚ ਚੋਣ ਨਿਸ਼ਾਨ 'ਕੈਮਰਾ' ਤੇ ਮੋਹਰ ਲਗਾ ਕੇ ਕਾਮਯਾਬ ਕੀਤਾ ਜਾਵੇ।ਇਸ ਮੌਕੇ ਕੁਲਦੀਪ ਸਿੰਘ ਬੱਬੀ ਰਾਊਵਾਲ, ਜੋਗਿੰਦਰ ਸਿੰਘ, ਸੋਨੀ ਹੋਲੇਵਾਲ, ਮੰਨਾ ਹੋਲੇਵਾਲ, ਸੁੱਚਾ ਸਿੰਘ ਹੋਲੇਵਾਲ, ਅਮਨਦੀਪ ਸਿੰਘ ਹੋਲੇਵਾਲ, ਨਿਰਮਲ ਸਿੰਘ ਹੋਲੇਵਾਲ, ਰਾਜ ਕੁਮਾਰ, ਮੁਖਤਾਰ ਸਿੰਘ, ਲੀਲੋ, ਪਿਆਰਾ ਲਾਲ, ਅਰੁਨ ਕੁਮਾਰ, ਅਰੁਣ ਬੇਦੀ, ਸਤਨਾਮ ਸਿੰਘ, ਸਤਿੰਦਰ ਸਿੰਘ, ਬਾਵਾ, ਗੁਰਦੀਪ ਸਿੰਘ, ਕਮਲਪ੍ਰੀਤ ਸਿੰਘ ਆਦਿ ਹਾਜ਼ਰ ਸਨ।

## ਡੇਂਗੂ ਜਾਗਰੂਕਤਾ ਮੁਹਿੰਮ ਤਹਿਤ ਜਾਗਰੂਕਤਾ ਗਤੀਵਿਧੀਆਂ ਲਈ ਟੀਮਾਂ ਰਵਾਨਾ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ )**-ਨੈਸ਼ਨਲ ਡੇਂਗੂ ਕੰਟਰੋਲ ਪ੍ਰੋਗਰਾਮ ਤਹਿਤ ਸਿਹਤ ਵਿਭਾਗ ਵਲੋਂ ਸਿਵਲ ਸਰਜਨ ਡਾ. ਕਿਰਨਦੀਪ ਕੌਰ ਦੀ ਅਗਵਾਈ ਹੇਠ ਦਫਤਰ ਸਿਵਲ ਸਰਜਨ ਤੋਂ ਜ਼ਿਲ੍ਹੇ ਭਰ ਦੇ ਵੱਖ-ਵੱਖ ਇਲਾਕਿਆਂ ਵਿੱਚ ਰੈਲੀਆਂ, ਸਪਰੇਅ ਅਤੇ ਜਾਗਰੂਕਤਾ ਗਤੀਵਿਧੀਆਂ ਲਈ ਟੀਮਾਂ ਰਵਾਨਾ ਕੀਤੀਆਂ ਗਈਆਂ। ਜਾਣਕਾਰੀ ਸਾਂਝੀ ਕਰਦਿਆਂ ਸਿਵਲ ਸਰਜਨ ਡਾ. ਕਿਰਨਦੀਪ ਕੌਰ ਨੇ ਦੱਸਿਆ ਕਿ ਸਿਹਤ ਵਿਭਾਗ ਵਲੋਂ ਜਿਲ੍ਹੇ ਭਰ ਵਿਚ ਸਾਰੀਆਂ ਸਿਹਤ ਸੰਸਥਾਵਾਂ ਵਿੱਚ "ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ" ਥੀਮ ਤਹਿਤ ਡੇਂਗੂ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ। ਇਸ ਮੁਹਿੰਮ ਦੌਰਾਨ ਰੈਲੀਆਂ, ਜਾਗਰੂਕਤਾ ਗਤੀਵਿਧੀਆਂ, ਸਪਰੇ, ਫੋਗਿੰਗ, ਬ੍ਰੀਡਿੰਗ ਚੈਕਿੰਗ ਅਤੇ ਚਲਾਨ ਕੱਟਣ ਦੀਆਂ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ। ਇਸ ਤੋਂ ਪਹਿਲਾਂ ਦਫਤਰ ਸਿਵਲ ਸਰਜਨ ਵਿਖੇ ਜਿਲ੍ਹਾ ਐਪੀਡਿਮੋਲੋਜਿਸਟ ਡਾ. ਹਰਜੋਤ ਕੌਰ ਅਤੇ ਜ਼ਿਲ੍ਹਾ ਮਾਸ ਮੀਡੀਆ ਅਫਸਰ ਅਮਰਦੀਪ ਸਿੰਘ ਵਲੋਂ ਸ੍ਰੀ ਮਦਨ ਲਾਲ ਢੀਂਗਰਾ ਸਰਕਾਰੀ ਨਰਸਿੰਗ ਕਾਲਜ ਦੀਆਂ ਵਿਦਿਆਰਥਣਾਂ ਨੂੰ ਲਾਰਵਾ ਫਾਇੰਡਿਗ ਅਤੇ ਬ੍ਰੀਡਿੰਗ ਚੈਕਿੰਗ ਦੀ ਟ੍ਰੇਨਿੰਗ ਦਿੱਤੀ ਗਈ ਅਤੇ ਇਸ ਉਪਰੰਤ ਇਕ ਵਿਸ਼ਾਲ ਰੈਲੀ ਕੱਢ ਕੇ ਇਸ ਮੁਹਿੰਮ ਦਾ ਆਗਾਜ਼ ਕੀਤਾ ਗਿਆ। ਡਾ. ਕਿਰਨਦੀਪ ਕੌਰ ਨੇ ਆਮ ਜਨਤਾ ਨੂੰ ਅਪੀਲ ਕੀਤੀ ਕਿ ਡੇਂਗੂ ਸੀਜਨ ਨੂੰ ਮੱਖ ਰੱਖਦਿਆਂ ਸਿਹਤ ਵਿਭਾਗ ਨੂੰ ਸਹਿਯੋਗ ਕੀਤਾ ਜਾਵੇ, ਕਿਉਂਕਿ ਡੇਂਗੂ ਤੋਂ ਬਚਣ ਲਈ ਸਭ ਤੋਂ ਜ਼ਿਆਦਾ ਜ਼ਰੂਰੀ ਹੈ ਕਿ ਮੱਛਰ ਦੀ ਪੈਦਾਵਾਰ ਨੂੰ ਹੀ ਰੋਕਿਆ ਜਾਵੇ ਅਤੇ ਕਿਸੇ ਵੀ ਜਗ੍ਹਾ 'ਤੇ ਪਾਣੀ ਇਕੱਠਾ ਨਾ ਹੋਣ ਦਿੱਤਾ ਜਾਵੇ, ਆਪਣੇ ਘਰਾਂ ਵਿਚ ਫਰਿਜਾਂ ਦੀਆਂ ਟਰੇਆਂ, ਗਮਲਿਆਂ, ਕੂਲਰਾਂ ਆਦਿ ਦੀ ਸਫਾਈ ਹਰ ਸ਼ੁੱਕਰਵਾਰ ਜਾਂ ਹਫਤੇ ਵਿਚ ਇਕ ਵਾਰੀ ਕਰਨੀ ਯਕੀਨੀ ਬਣਾਈ ਜਾਵੇ, ਪੂਰੀ ਬਾਂਹ ਦੇ ਕਪੜੇ ਪਹਿਨੇ ਜਾਣ, ਮੱਛਰਦਾਨੀ ਅਤੇ ਮੱਛਰ ਭਜਾਉਣ ਵਾਲੀਆਂ ਕਰੀਮਾਂ ਸਪਰੇਅ ਦਾ ਇਸਤੇਮਾਲ ਕੀਤਾ ਜਾਵੇ ਅਤੇ ਕਿਸੇ ਵੀ ਕਿਸਮ ਦਾ ਬੁਖਾਰ ਹੋਣ ਦੀ ਸੂਰਤ ਵਿਚ ਤੁਰੰਤ ਨਜ਼ਦੀਕ ਦੇ ਸਰਕਾਰੀ ਹਸਪਤਾਲ ਤੋਂ ਆਪਣਾ ਮੁਫਤ ਇਲਾਜ ਅਤੇ ਜਾਂਚ ਕਰਵਾਈ ਜਾਵੇ। ਇਸ ਮੌਕੇ ਜ਼ਿਲ੍ਹਾ ਐਪੀਡਿਮੋਲੋਜਿਸਟ ਡਾ. ਹਰਜੋਤ ਕੌਰ ਨੇ ਕਿਹਾ ਕਿ ਡੇਂਗੂ ਦੀ ਰੋਕਥਾਮ ਸੰਬੰਧੀ ਜ਼ਿਲ੍ਹੇ ਭਰ ਵਿਚ ਡੇਂਗੂ ਵਾਰਡਾਂ ਤਿਆਰ ਕੀਤੀਆਂ ਗਈਆਂ ਹਨ। ਜਿਨਾਂ ਵਿੱਚ ਸਿਵਲ ਹਸਪਤਾਲ ਅੰਮ੍ਰਿਤਸਰ, ਹਰੇਕ ਸਬ ਡਵੀਜ਼ਨਲ ਹਸਪਤਾਲਾਂ ਅਤੇ ਹਰੇਕ ਬਲਾਕ ਪੱਧਰ 'ਤੇ ਵੀ ਡੇਂਗੂ ਵਾਰਡਾਂ ਬਣਾਈਆਂ ਗਈਆਂ ਹਨ। ਐਂਟੀ ਲਾਰਵਾ ਵਿੰਗ ਵਿਚ 15 ਟੀਮਾਂ ਕੰਮ ਕਰ ਰਹੀਆ ਜੋ ਕਿ ਰੋਜ਼ਾਨਾ ਸ਼ਹਿਰ ਦੇ ਅਲੱਗ-ਅਲੱਗ ਹਿੱਸਿਆਂ ਵਿਚ ਖਾਸ ਕਰਕੇ ਹੋਟਸਪੋਟ ਖੇਤਰਾਂ ਵਿਚ ਜਾ ਕੇ ਐਂਟੀਲਾਰਵਾ ਗਤੀਵਿਧੀਆਂ ਕਰ ਰਹੀਆਂ ਹਨ। ਇਸ ਮੌਕੇ ਸਹਾਇਕ ਸਿਵਲ ਸਰਜਨ ਡਾ. ਰਜਿੰਦਰ ਪਾਲ ਕੌਰ, ਜ਼ਿਲ੍ਹਾ ਟੀਕਾਕਰਣ ਅਫਸਰ ਡਾ. ਭਾਰਤੀ ਧਵਨ, ਜ਼ਿਲ੍ਹਾ ਪਰਵਾਰ ਭਲਾਈ ਅਫਸਰ ਡਾ. ਨੀਲਮ ਭਗਤ, ਜ਼ਿਲ੍ਹਾ ਸਿਹਤ ਅਫਸਰ ਡਾ. ਜਸਪਾਲ ਸਿੰਘ, ਡਾ. ਨਵਦੀਪ ਕੌਰ, ਐਸ.ਆਈ. ਗੁਰਦੇਵ ਸਿੰਘ ਢਿਲੋਂ, ਸੁਖਦੇਵ ਸਿੰਘ, ਹਰਵਿੰਦਰ ਸਿੰਘ, ਹਰਕਮਲ ਸਿੰਘ, ਸਮੂਹ ਫੀਲਡ ਵਰਕਰ/ਬ੍ਰੀਡਿੰਗ ਕੈਚਰ ਅਤੇ ਐਂਟੀ ਲਾਰਵਾ ਸਟਾਫ ਅਤੇ ਨਰਸਿੰਗ ਕਾਲਜਾਂ ਦੇ ਵਿਦਿਆਰਥੀ ਵੀ ਸ਼ਾਮਲ ਹੋਏ।

## ਹਰਕੀਰਤ ਸਿੰਘ ਨਾਇਬ ਤਹਿਸੀਲਦਾਰ ਗੁਰਦੁਆਰਾ ਭੱਠਾ ਸਾਹਿਬ ਹੋਏ ਨਤਮਸਤਕ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਕਾਨੂੰਗੋ ਤੋਂ ਪਦਉਨਤ ਹੋ ਕੇ ਨਾਇਬ ਤਹਿਸੀਲਦਾਰ ਬਣੇ ਹਰਕੀਰਤ ਸਿੰਘ ਵਾਸੀ ਧਾਰੀਵਾਲ ਨੇ ਇਤਿਹਾਸਕ ਗੁਰਦੁਆਰਾ ਸ੍ਰੀ ਭੱਠਾ ਸਾਹਿਬ (ਰੋਪੜ) ਵਿਖੇ ਨਤਮਸਤਕ ਹੋ ਕੇ ਅਕਾਲ ਪੁਰਖ ਦਾ ਸ਼ੁਕਰਾਨਾ ਕੀਤਾ। ਇਸ ਮੌਕੇ ਗੁਰਦੁਆਰਾ ਭੱਠਾ ਸਾਹਿਬ ਦੇ ਮੈਨੇਜਰ ਜਸਬੀਰ ਸਿੰਘ ਵਲੋਂ ਨਵੇਂ ਬਣੇ ਨਾਇਬ ਤਹਿਸੀਲਦਾਰ ਹਰਕੀਰਤ ਸਿੰਘ ਨੂੰ ਸਿਰਪਾਓ ਪਾ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਉਨ੍ਹਾਂ (ਹਰਕੀਰਤ ਸਿੰਘ) ਦੇ ਨਾਲ ਵੱਡਾ ਭਰਾ ਜਗਜੀਤ ਸਿੰਘ (ਸੇਵਾ ਮੁਕਤ ਕਾਨੂੰਗੋ) ਮੌਜੂਦਾ ਪਟਵਾਰੀ ਐਸ ਜੀ ਪੀ ਸੀ ਅੰਮ੍ਰਿਤਸਰ ਅਤੇ ਅਸ਼ੋਕ ਕੁਮਾਰ ਨਾਇਬ ਤਹਿਸੀਲਦਾਰ ਦੀਨਾਨਗਰ ਵੀ ਮੌਜੂਦ ਸਨ। ਨਾਇਬ ਤਹਿਸੀਲਦਾਰ ਹਰਕੀਰਤ ਸਿੰਘ ਦੇ ਵੱਡੇ ਭਰਾ ਜਗਜੀਤ ਸਿੰਘ ਨੇ ਦੱਸਿਆ ਕਿ ਹਰਕੀਰਤ ਸਿੰਘ ਨੇ ਮਾਲ ਵਿਭਾਗ ਪੰਜਾਬ ਵਿੱਚ ਬਤੌਰ ਪਟਵਾਰ ਭਰਤੀ ਹੋ ਕੇ ਪੂਰੀ ਲਗਨ ਅਤੇ ਇਮਾਨਦਾਰੀ ਨਾਲ 28 ਸਾਲ ਸੇਵਾਵਾਂ ਨਿਭਾਉਣ ਮਗਰੋਂ ਕਾਨੂੰਗੋ ਬਣ ਕੇ ਤਹਿਸੀਲ ਗੁਰਦਾਸਪੁਰ ਵਿਖੇ ਦਫਤਰੀ ਕਾਨੂੰਗੋ ਵਜੋਂ ਸੇਵਾਵਾਂ ਨਿਭਾਉਂਦੇ ਹੋਏ ਲਗਪਗ ਪੰਜ ਸਾਲ ਬਾਅਦ ਸੀਨੀਆਰਟੀ ਦੇ ਅਧਾਰ 'ਤੇ ਨਾਇਬ ਤਹਿਸੀਲਦਾਰ ਲਈ ਯੋਗਤਾ ਪ੍ਰੀਖਿਆ ਪਾਸ ਕੀਤੀ ਅਤੇ ਇਹ ਪ੍ਰੀਖਿਆ ਪਾਸ ਕਰਨ 'ਤੇ ਹੁਣ ਪੰਜਾਬ ਸਰਕਾਰ ਦੇ ਮਾਲ ਵਿਭਾਗ ਵਲੋਂ ਹਰਕੀਰਤ ਸਿੰਘ ਨੂੰ ਨਾਇਬ ਤਹਿਸੀਲਦਾਰ ਬਣਾਇਆ ਗਿਆ ਹੈ। ਜਗਜੀਤ ਸਿੰਘ ਨੇ ਕਿਹਾ ਕਿ ਮੇਰੇ ਛੋਟੇ ਭਰਾ ਹਰਕੀਰਤ ਸਿੰਘ ਦਾ ਨਾਇਬ ਤਹਿਸੀਲਦਾਰ ਬਣਨਾ ਸਾਡੇ ਸਮੁੱਚੇ ਪਰਿਵਾਰ ਲਈ ਬਣੇ ਮਾਣ ਵਾਲੀ ਗੱਲ ਹੈ।

12-Oct-PAGE-12-Depak.qxd 10/11/2024 10:02 PM Page 1



# ਤਰਕਸ਼ੀਲ ਸੁਸਾਇਟੀ ਵੱਲੋਂ ਮਰੀਜ਼ਾਂ ਨੂੰ ਸਿਹਤਯਾਬ ਕਰਨ ਦੇ ਝੂਠੇ ਦਾਅਵੇ ਨੂੰ ਚੁਣੌਤੀ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਤਰਕਸ਼ੀਲ ਸੁਸਾਇਟੀ ਪੰਜਾਬ ਨੇ ਪਾਸਟਰਜ਼ ਵੈਲਫੇਅਰ ਆਲ ਚਰਚ ਮਿਸ਼ਨ ਇੰਡੀਆ ਵੱਲੋਂ 16 ਅਕਤੂਬਰ ਨੂੰ ਰਣਜੀਤ ਐਵਨਿਊ, ਅੰਮ੍ਰਿਤਸਰ ਵਿਖੇ ਕਰਵਾਏ ਜਾਣ ਵਾਲੇ ਮਹਾਂ ਚੰਗਾਈ ਪ੍ਰਾਰਥਨਾ ਸਭਾ ਦੇ ਸਮਾਗਮ ਵਿੱਚ ਪ੍ਰਾਰਥਨਾ ਜਾਂ ਕਿਸੇ ਅਖੌਤੀ ਪਰਮੇਸ਼ਵਰ ਦੈਵੀ ਸ਼ਕਤੀ ਨਾਲ ਸਰੀਰਕ ਅਤੇ ਮਾਨਸਿਕ ਬਿਮਾਰੀਆਂ ਦੇ ਮਰੀਜ਼ਾਂ ਨੂੰ ਸਿਹਤਯਾਬ ਕਰਨ ਦੇ ਝੂਠੇ ਦਾਅਵੇ ਦਾ ਵਿਰੋਧ ਕਰਦਿਆਂ ਅਜਿਹੇ ਹੋਰਨਾਂ ਫ਼ਿਰਕਿਆਂ ਦੇ ਪੁਜਾਰੀਆਂ ਨੂੰ ਵੀ ਤਰਕਸ਼ੀਲ ਸੁਸਾਇਟੀ ਵੱਲੋਂ ਸ਼ਰਤਾਂ ਅਧੀਨ ਰੱਖੇ ਪੰਜ ਲੱਖ ਰੁਪਏ ਦਾ ਇਨਾਮ ਜਿੱਤਣ ਦੀ ਚੁਣੌਤੀ ਦਿੱਤੀ ਹੈ। ਇਸ ਦੇ ਨਾਲ ਹੀ ਸੁਸਾਇਟੀ ਨੇ ਪੰਜਾਬ ਵਿਚ ਪਾਖੰਡੀ ਬਾਬਿਆਂ, ਤਾਂਤਰਿਕਾਂ ਵੱਲੋਂ ਅੰਧ ਵਿਸ਼ਵਾਸ਼ ਫੈਲਾ ਕੇ ਅਖੌਤੀ ਭੂਤ ਪ੍ਰੇਤ ਕੱਢਣ ਦੀਆਂ ਗ਼ੈਰ ਕਾਨੂੰਨੀ ਗਤੀਵਿਧੀਆਂ ਉਤੇ ਸਖਤ ਪਾਬੰਦੀ ਲਾਉਣ ਲਈ ਪੰਜਾਬ ਸਰਕਾਰ ਤੋਂ ਪੰਜਾਬ ਵਿਚ ਅੰਧ ਵਿਸ਼ਵਾਸ਼ ਰੋਕੂ ਕਾਨੂੰਨ ਲਾਗੂ ਕਰਨ ਦੀ ਵੀ ਜ਼ੋਰਦਾਰ ਮੰਗ ਕੀਤੀ ਹੈ।ਇਸ ਸਬੰਧੀ ਤਰਕਸ਼ੀਲ ਸੁਸਾਇਟੀ ਪੰਜਾਬ ਦੇ ਸੂਬਾ ਕਮੇਟੀ ਆਗੂਆਂ ਮਾਸਟਰ ਰਾਜਿੰਦਰ ਭਦੌੜ, ਸੁਮੀਤ ਅੰਮ੍ਰਿਤਸਰ, ਜ਼ੋਨ ਮੁਖੀ ਰਾਜਵੰਤ ਬਾਗੜੀਆਂ ਅਤੇ ਇਕਾਈ ਮੁਖੀ ਜਸਪਾਲ ਬਾਸਰਕੇ ਨੇ ਇਕ ਵਿਸ਼ੇਸ਼ ਮੀਟਿੰਗ ਉਪਰੰਤ ਪ੍ਰੈਸ ਬਿਆਨ ਰਾਹੀਂ ਕਿਹਾ ਕਿ ਮੈਡੀਕਲ ਰਜਿਸਟ੍ਰੇਸ਼ਨ ਐਕਟ ਤਹਿਤ ਕਿਸੇ ਵੀ ਵਿਅਕਤੀ ਵੱਲੋਂ ਡਾਕਟਰੀ ਦੀ ਮਾਨਤਾ ਪ੍ਰਾਪਤ ਡਿਗਰੀ ਤੋਂ ਬਗੈਰ ਧਾਰਮਿਕ ਆਸਥਾ ਹੇਠ ਕਿਸੇ ਕਥਿਤ ਦੈਵੀ ਸ਼ਕਤੀ, ਪ੍ਰਾਰਥਨਾ ਜਾਂ ਪਾਠ-ਪੂਜਾ ਨਾਲ ਕਿਸੇ ਦੀ ਸਰੀਰਕ ਜਾਂ ਮਾਨਸਿਕ ਬਿਮਾਰੀ, ਕਥਿਤ ਬੁਰੀ ਆਤਮਾ ਦਾ ਇਲਾਜ ਕਰਨਾ ਸਰਾਸਰ ਗ਼ੈਰ ਕਾਨੂੰਨੀ ਅਤੇ ਸਜ਼ਾਯੋਗ ਅਪਰਾਧ ਹੈ। ਉਨ੍ਹਾਂ ਦਾਅਵਾ ਕੀਤਾ ਕਿ ਪਾਠ-ਪੂਜਾ ਅਤੇ ਪ੍ਰਾਰਥਨਾ ਨਾਲ ਕਿਸੇ ਗੰਭੀਰ ਬਿਮਾਰੀ ਦੇ ਮਰੀਜ਼ ਨੂੰ ਕਿਸੇ ਵੀ ਤਰਾਂ ਸਿਹਤਯਾਬ ਨਹੀਂ ਕੀਤਾ ਜਾ ਸਕਦਾ ਅਤੇ ਨਾ ਹੀ ਕਿਸੇ ਦੀ ਖਾਹਸ਼ ਦੀ ਪੂਰਤੀ ਜਾਂ ਸਮੱਸਿਆ ਹੱਲ ਕੀਤੀ ਜਾ ਸਕਦੀ ਹੈ।ਤਰਕਸ਼ੀਲ ਆਗੂਆਂ ਨੇ ਦੋਸ਼ ਲਾਇਆ ਕਿ ਬੀਤੇ ਅਗਸਤ ਮਹੀਨੇ ਜਿਲ੍ਹਾ ਗੁਰਦਾਸਪੁਰ ਅਧੀਨ ਥਾਣਾ ਧਾਰੀਵਾਲ ਦੇ ਪਿੰਡ ਸਿੰਘਪੁਰਾ ਦੇ ਨੌਜਵਾਨ ਸੈਮੂਅਲ ਮਸੀਹ ਨੂੰ ਇਕ ਪਾਦਰੀ ਅਤੇ ਉਸ ਦੇ ਸਾਥੀਆਂ ਵੱਲੋਂ ਅਖੌਤੀ ਭੂਤ ਪ੍ਰੇਤ, ਬੁਰੀ ਆਤਮਾ ਕੱਢਣ ਦੇ ਬਹਾਨੇ ਉਸ ਦੇ ਪਰਵਾਰਕ ਮੈਂਬਰਾਂ ਦੇ ਸਾਹਮਣੇ ਕੁੱਟ ਕੁੱਟ ਕੇ ਜਾਨੋਂ ਮਾਰ ਦਿੱਤਾ ਗਿਆ ਸੀ।ਇਸੇ ਤਰ੍ਹਾਂ ਪਿਛਲੇ ਸਮੇਂ ਵਿਚ ਪਾਖੰਡੀ ਬਾਬਿਆਂ, ਤਾਂਤਰਿਕਾਂ ਵੱਲੋਂ ਪਿੰਡ ਭਿੰਡਰ ਕਲਾਂ (ਮੋਗਾ), ਪਿੰਡ ਕੋਟ ਫੱਤਾ (ਬਠਿੰਡਾ), ਪਿੰਡ ਮੂਧਲ (ਅੰਮ੍ਰਿਤਸਰ) ਅਤੇ ਖੰਨਾ (ਲੁਧਿਆਣਾ) ਵਿਖੇ ਮਾਸੂਮ ਬੱਚਿਆਂ ਦੀ ਬਲੀ ਦੇਣ ਅਤੇ ਅਖੌਤੀ ਭੂਤ ਪ੍ਰੇਤ ਕੱਢਣ ਦੇ ਬਹਾਨੇ ਹੋਰ ਕਈ ਤਰ੍ਹਾਂ ਦੀਆਂ ਦਿਲ ਕੰਬਾਊ ਅਪਰਾਧਕ ਘਟਨਾਵਾਂ ਨੂੰ ਅੰਜਾਮ ਦਿੱਤਾ ਗਿਆ ਹੈ ਪਰ ਕਿਸੇ ਵੀ ਸਰਕਾਰ ਨੇ ਅਜਿਹੇ ਅਣਮਨੁੱਖੀ ਅਤੇ ਗੈਰ ਕਾਨੂੰਨੀ ਧੰਦੇ ਨੂੰ ਬੰਦ ਕਰਵਾਉਣ ਲਈ ਕੋਈ ਠੋਸ ਅੰਧ ਵਿਸ਼ਵਾਸ ਰੋਕੂ ਕਾਨੂੰਨ ਲਾਗੂ ਕਰਨ ਦੀ ਸੰਵਿਧਾਨਕ ਜ਼ਿੰਮੇਵਾਰੀ ਨਹੀਂ ਨਿਭਾਈ।ਤਰਕਸ਼ੀਲ ਆਗੂਆਂ ਨੇ ਸਪੱਸ਼ਟ ਕੀਤਾ ਕਿ ਲੋਕਾਂ ਵਿਚ ਅੰਧਵਿਸ਼ਵਾਸ ਫੈਲਣ, ਆਪਣੀਆਂ ਸਮੱਸਿਆਵਾਂ, ਬਿਮਾਰੀਆਂ ਦੇ ਖਾਤਮੇ ਲਈ ਕਿਸੇ ਅਖੌਤੀ ਦੈਵੀ ਸ਼ਕਤੀ, ਚਮਤਕਾਰ ਤੇ ਪਾਠ-ਪੂਜਾ ਉਤੇ ਟੇਕ ਰੱਖਣ ਅਤੇ ਉਨ੍ਹਾਂ ਦੇ ਪਾਖੰਡੀ ਬਾਬਿਆਂ, ਤਾਂਤਰਿਕਾਂ, ਜੋਤਸ਼ੀਆਂ ਅਤੇ ਡੇਰਿਆਂ ਦੇ ਝਾਂਸੇ ਵਿਚ ਫਸਣ ਪਿੱਛੇ ਮੌਜੂਦਾ ਭ੍ਰਿਸ਼ਟ ਅਤੇ ਲੋਕ ਵਿਰੋਧੀ ਰਾਜ ਪ੍ਰਬੰਧ ਜ਼ਿੰਮੇਵਾਰ ਹੈ ਜਿਹੜਾ ਵੱਡੀ ਗਿਣਤੀ ਲੋਕਾਂ ਨੂੰ ਗਰੀਬ, ਅਨਪੜ੍ਹ, ਅੰਧ ਵਿਸ਼ਵਾਸੀ ਅਤੇ ਬਿਮਾਰ ਰੱਖ ਕੇ ਅਜਿਹੇ ਪਾਖੰਡੀਆਂ, ਡੇਰਿਆਂ ਅਤੇ ਵੱਡੇ ਪੂੰਜੀਪਤੀਆਂ ਦੀ ਸਰਪ੍ਰਸਤੀ ਕਰਦਾ ਹੈ।

ਤਰਕਸ਼ੀਲ ਆਗੂਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਸਿਰਫ ਵਿਗਿਆਨਕ ਸੋਚ ਅਤੇ ਡਾਕਟਰੀ ਇਲਾਜ ਪ੍ਰਣਾਲੀ ਉਤੇ ਭਰੋਸਾ ਕਰਕੇ ਹੀ ਅਜਿਹੇ ਪਾਖੰਡੀਆਂ ਦੀ ਲੁੱਟ ਤੋਂ ਬਚਿਆ ਜਾ ਸਕਦਾ ਹੈ। ਇਸ ਮੌਕੇ ਤਰਕਸ਼ੀਲ ਆਗੂ ਮੇਲਾ ਰਾਮ, ਮਾਸਟਰ ਕੁਲਜੀਤ ਵੇਰਕਾ, ਰਾਜ ਕੁਮਾਰ ਵੇਰਕਾ, ਪਰਮਜੀਤ ਸਿੰਘ, ਸੁਖਮੀਤ ਸਿੰਘ, ਰਮੇਸ਼ ਜੈਨ,ਬਨਾਰਸੀ ਦਾਸ, ਅਨਮੋਲ ਸਿੰਘ ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ।

# ਜੀ ਐੱਨ ਡੀ ਯੂ ਨਾਨ-ਟੀਚਿੰਗ ਚੋਣਾਂ ਲਈ ਡੈਮੋਕਰੇਟਿਕ ਇੰਪਲਾਈਜ਼ ਫਰੰਟ ਵੱਲੋਂ ਨਾਮਜ਼ਦਗੀ ਪੱਤਰ ਦਾਖਲ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਗੁਰੂ ਨਾਨਕ ਦੇਵ ਯੂਨੀਵਰਸਿਟੀ ਨਾਨ-ਟੀਚਿੰਗ ਇੰਪਲਾਈਜ਼ ਐਸੋਸੀਏਸ਼ਨ ਦੀਆਂ ਹਰ ਸਾਲ ਵਾਂਗ ਹੁੰਦੀਆਂ ਚੋਣਾਂ ਇਸ ਸਾਲ 24 ਅਕਤੂਬਰ ਨੂੰ ਹੋਣ ਜਾ ਰਹੀਆਂ ਹਨ। ਇਨ ਾਂ ਚੋਣਾਂ ਲਈ ਯੂਨੀਵਰਸਿਟੀ ਕਰਮਚਾਰੀਆਂ ਵਿਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਅੱਜ "ਡੈਮੋਕਰੇਟਿਕ ਇੰਪਲਾਈਜ਼ ਫਰੰਟ" ਦੀ ਟੀਮ ਵੱਲੋਂ ਵੱਡੀ ਗਿਣਤੀ ਵਿਚ ਕਰਮਚਾਰੀਆਂ ਨੂੰ ਨਾਲ ਲੈ ਕੇ ਆਪਣੀ ਟੀਮ ਦੇ ਅਹੁਦੇਦਾਰਾਂ ਅਤੇ ਕਾਰਜਕਾਰੀ ਮੈਂਬਰਾਂ ਦੇ ਨਾਮਜ਼ਦਗੀ ਪੱਤਰ ਰਿਟਰਨਿੰਗ ਅਫਸਰ ਪ੍ਰੋ. (ਡਾ.) ਬਲਜਿੰਦਰ ਸਿੰਘ ਬੱਲ, ਸਰੀਰਿਕ ਸਿੱਖਿਆ ਵਿਭਾਗ ਨੂੰ ਦਾਖਲ ਕਰਵਾਏ ਗਏ। ਇਸ ਮੌਕੇ ਫਰੰਟ ਦੀ ਟੀਮ ਵੱਲੋਂ ਆਪਣੇ ਸਭ ਤੋਂ ਵੱਧ ਦਮਦਾਰ ਅਤੇ ਤਜਰਬੇਕਾਰ ਉਮੀਦਵਾਰ ਰਜਨੀਸ਼ ਭਾਰਦਵਾਜ, ਜੋ ਨਾਨ-ਟੀਚਿੰਗ ਐਸੋਸੀਏਸ਼ਨ ਵਿਚ ਸਾਬਕਾ ਪ੍ਰਧਾਨ ਅਤੇ ਸਕੱਤਰ ਰਹਿਣ ਦੇ ਨਾਲ ਅਫ਼ਸਰ ਐਸੋਸੀਏਸ਼ਨ ਦੇ ਪ੍ਰਧਾਨ ਵੀ ਰਹਿ ਚੁੱਕੇ ਹਨ, ਨੂੰ ਅਫ਼ਸਰ ਐਸੋਸੀਏਸ਼ਨ ਦੀ ਥਾਂ ਤੇ ਨਾਨ-ਟੀਚਿੰਗ ਚੋਣ ਵਿਚ ਉਤਾਰਿਆ ਹੈ। ਰਜਨੀਸ਼ ਭਾਰਦਵਾਜ ਨੇ ਕਿਹਾ ਕਿ ਪਾਰਟੀ ਲਈ ਉਨ ਾਂ ਦੀ ਜਾਨ ਹਾਜ਼ਰ ਹੈ ਅਤੇ ਪਾਰਟੀ ਹੁਕਮ ਅਤੇ ਮੁਲਾਜ਼ਮ ਹਿੱਤ ਵਿਚ ਉਹ ਅਫ਼ਸਰ ਐਸੋਸੀਏਸ਼ਨ ਛੱਡ ਕੇ ਨਾਨ-ਟੀਚਿੰਗ ਮੁਲਾਜ਼ਮਾਂ ਲਈ ਚੋਣ ਮੈਦਾਨ ਵਿਚ ਉੱਤਰੇ ਹਨ। ਕਨਵੀਨਰ ਜਗੀਰ ਸਿੰਘ, ਸਹਾਇਕ ਰਜਿਸਟਰਾਰ, ਕਾਲਜ ਸ਼ਾਖਾ ਅਤੇ ਹਰਵਿੰਦਰ ਕੌਰ, ਕੈਸ਼ ਵਿਭਾਗ ਨੇ ਕਿਹਾ ਕਿ ਸਾਲ 2024-25 ਲਈ ਉਨ ਾਂ ਦੀ ਪਾਰਟੀ ਵੱਲੋਂ ਇਕ ਸੂਝਵਾਨ ਅਤੇ ਜੁਝਾਰੂ ਟੀਮ ਨੂੰ ਮੈਦਾਨ ਵਿਚ ਉਤਾਰਿਆ ਗਿਆ ਹੈ। ਉਨ ਾਂ ਯੂਨੀਵਰਸਿਟੀ ਦੇ ਸਮੂਹ ਕਰਮਚਾਰੀਆਂ ਨੂੰ ਅਪੀਲ ਕੀਤੀ ਕਿ ਉਹ ਉਨ ਾਂ ਨਾਲ ਖੜਨ। ਪਾਰਟੀ ਵੱਲੋਂ ਪ੍ਰਧਾਨ ਦੇ ਅਹੁਦੇ ਤੇ ਵਿਦੇਸ਼ੀ ਭਾਸ਼ਾਵਾ ਤੋਂ ਰਜ਼ਨੀਸ਼ ਭਾਰਦਵਾਜ, ਇੰਮਰਜਿੰਗ ਲਾਈਫ ਸਾਇੰਸ ਤੋਂ ਕੰਵਲਜੀਤ ਕੁਮਾਰ ਨੂੰ ਸਕੱਤਰ ਉਮੀਦਵਾਰ ਵਜੋਂ ਚੋਣ ਮੈਦਾਨ ਵਿਚ ਉਤਾਰਿਆ ਗਿਆ ਹੈ, ਲੇਖਾ ਸ਼ਾਖਾ ਤੋਂ ਵਿਪਨ ਕੁਮਾਰ ਨੂੰ ਸੀਨੀਅਰ ਉੱਪ ਪ੍ਰਧਾਨ, ਸੁਰੱਖਿਆ ਵਿਭਾਗ ਤੋਂ ਅਵਤਾਰ ਸਿੰਘ-5 ਨੂੰ ਉੱਪ ਪ੍ਰਧਾਨ, ਫੂਡ ਸਾਇੰਸ ਐਂਡ ਟੈਕਨਾਲੋਜੀ ਤੋਂ ਸਤਵੰਤ ਸਿੰਘ ਬਰਾੜ ਨੂੰ ਸੰਯੁਕਤ ਸਕੱਤਰ, ਕਪੈਸਟੀ ਇਨਹਾਂਸਮੈਂਟ ਪ੍ਰੋਗਰਾਮ ਦੇ ਕੁਲਜਿੰਦਰ ਸਿੰਘ ਬੱਲ ਨੂੰ ਸਕੱਤਰ ਪਬਲਿਕ ਰਿਲੇਸ਼ਨ, ਜਨਰਲ ਸਾਖਾ ਦੇ ਅਵਤਾਰ ਸਿੰਘ ਨੂੰ ਖਜ਼ਾਨਚੀ ਅਤੇ ਕਾਰਜਕਾਰਨੀ ਮੈਂਬਰਾਂ ਵਜੋਂ ਸਰਬਜੀਤ ਕੌਰ ਲੇਖਾ ਸ਼ਾਖਾ, ਕਿਰਨਦੀਪ ਸਿੰਘ ਅਮਲਾ ਸ਼ਾਖਾ, ਹਰਚਰਨ ਸਿੰਘ ਗੁਪਤ ਸ਼ਾਖਾ, ਵਿਜੈ ਸ਼ਰਮਾ ਕੰਡਕਟ ਸ਼ਾਖਾ, ਮੋਹਿੰਦਰ ਸਿੰਘ ਵਹਿਕਲ ਵਿੰਗ, ਭੁਪਿੰਦਰ ਸਿੰਘ ਠਾਕੁਰ ਆਈ.ਕਿਊ.ਏ.ਸੀ ਵਿਭਾਗ, ਰੂਪ ਚੰਦ ਸਪੋਰਟਸ ਵਿਭਾਗ, ਵਿਕਰਮ ਸਿੰਘ ਉਸਾਰੀ ਵਿਭਾਗ, ਹਰਜੀਤ ਸਿੰਘ ਲੈਂਡਸਕੇਪ ਵਿਭਾਗ, ਤਰਸੇਮ ਸਿੰਘ ਅਸਟੇਟ ਵਿਭਾਗ ਨੂੰ ਚੋਣ ਮੈਦਾਨ ਵਿਚ ਉਤਾਰਿਆ ਗਿਆ ਹੈ।

## ਨਹਿਰ 'ਚੋਂ ਅਣਪਛਾਤੇ ਦੀ ਲਾਸ਼ ਮਿਲੀ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਬਟਾਲਾ ਕਾਦੀਆਂ ਰੋਡ ਥਿੰਦ ਧਾਰੀਵਾਲ ਨਹਿਰ ਪਿੰਡ ਦੁਨੀਆਂ ਸੰਧੂ ਦੇ ਨਜ਼ਦੀਕ ਨਹਿਰ ਕਿਨਾਰੇ ਇੱਕ ਅਣਪਛਾਤੇ ਵਿਅਕਤੀ ਦੀ ਲਾਸ਼ ਮਿਲਣ ਦਾ ਸਮਾਚਾਰ ਮਿਲਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੁਲਸ ਚੌਕੀ ਵਡਾਲਾ ਗ੍ਰੰਥੀਆਂ ਦੇ ਇੰਚਾਰਜ ਏਐੱਸਆਈ ਪਰਮਿੰਦਰ ਸਿੰਘ ਨੇ ਦੱਸਿਆ ਕਿ ਉਹਨਾਂ ਨੂੰ ਅੱਜ ਸੂਚਨਾ ਮਿਲੀ ਕਿ ਨਹਿਰ ਕਿਨਾਰੇ ਪਿੰਡ ਦੁਨੀਆਂ ਸੰਧੂ ਦੇ ਨਜ਼ਦੀਕ ਇੱਕ ਅਣਪਛਾਤੇ ਵਿਅਕਤੀ ਦੀ ਲਾਸ਼ ਹੈ। ਜਦੋਂ ਉਨਾਂ ਨੇ ਪੁਲਸ ਪਾਰਟੀ ਸਮੇਤ ਮੌਕੇ 'ਤੇ ਜਾ ਕੇ ਦੇਖਿਆ ਤਾਂ ਲਾਸ਼ ਬੁਰੀ ਤਰ ਾਂ ਕੁੱਤਿਆਂ ਵੱਲੋਂ ਨੋਚੀ ਗਈ ਸੀ ਜਿਸ ਦੀ ਪਹਿਚਾਣ ਕਰਨਾ ਬਹੁਤ ਹੀ ਮੁਸ਼ਕਿਲ ਸੀ।ਪੁਲਸ ਅਧਿਕਾਰੀ ਨੇ ਅੱਗੇ ਦੱਸਿਆ ਕਿ ਉਨ ਾਂ ਨੇ ਲਾਸ਼ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਕਾਰਵਾਈ ਕਰਦਿਆਂ ਬਟਾਲਾ ਸਿਵਲ ਹਸਪਤਾਲ ਵਿੱਚ 72 ਘੰਟੇ ਲਈ ਮੋਰਚਰੀ ਵਿੱਚ ਰਖਵਾ ਦਿੱਤਾ ਗਿਆ ਹੈ।ਮ੍ਰਿਤਕ ਵਿਅਕਤੀ ਦੀ ਪਹਿਚਾਣ ਹੋਣ 'ਤੇ ਹੀ ਅਗਲੀ ਕਾਰਵਾਈ ਨੂੰ ਅਮਲ ਵਿੱਚ ਲਿਆਂਦਾ ਜਾਵੇਗਾ।

## ਨਿਸ਼ਕਾਮ ਹੋਮਿਓਪੈਥਿਕ ਡਿਸਪੈਂਸਰੀ ਲੋਕਾਂ ਨੂੰ ਦੇ ਰਹੀ ਹੈ ਮੁਫ਼ਤ ਸੇਵਾਵਾਂ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਦੀਨਾਨਗਰ ਵਿਖੇ ਗੁਰਦੁਆਰਾ ਯਾਦਗਾਰ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਸ਼ੁਭ ਅਸਥਾਨ ਉੱਤੇ ਡਾਕਟਰ ਸ਼ਿਵ ਸਿੰਘ ਦੀ ਰਹਿਨੁਮਾਈ ਹੇਠ ਨਿਸ਼ਕਾਮ ਹੋਮਿਓਪੈਥਿਕ ਡਿਸਪੈਂਸਰੀ ਵਲੋਂ ਲੋਕਾਂ ਲਈ ਮੁਫ਼ਤ ਸੇਵਾ ਦਿੱਤੀ ਜਾਂਦੀ ਹੈ।ਗੱਲਬਾਤ ਕਰਦਿਆਂ ਡਾ: ਬੂਟਾ ਸਿੰਘ ਨੇ ਦੱਸਿਆ ਕਿ ਹਰ ਵੀਰਵਾਰ ਨੂੰ ਗੁਰਦੁਆਰਾ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਵਿਖੇ ਸਵੇਰੇ 10 ਵਜੇ ਤੋਂ ਲੈ ਕੇ 1:30 ਵਜੇ ਤੱਕ ਮਰੀਜ਼ਾਂ ਦਾ ਇਲਾਜ ਕੀਤਾ ਜਾਂਦਾ ਹੈ ਅਤੇ ਮੁਫ਼ਤ ਦਵਾਈ ਦਿੱਤੀ ਜਾਂਦੀ ਹੈ।ਉਨ ਾਂ ਦੱਸਿਆ ਕਿ ਡਿਸਪੈਂਸਰੀ ਵਿੱਚ ਹਰ ਵੀਰਵਾਰ ਕਰੀਬ 70 ਤੋਂ 80 ਮਰੀਜ਼ ਆਪਣਾ ਇਲਾਜ ਕਰਵਾ ਰਹੇ ਹਨ।ਉਨ ਾਂ ਨੇ ਦੀਨਾਨਗਰ ਹਲਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਵੱਡੀ ਤੋਂ ਵੱਡੀ ਬਿਮਾਰੀ ਤੋਂ ਨਿਜਾਤ ਪਾਉਣ ਲਈ ਨਿਸ਼ਕਾਮ ਹੋਮਿਓਪੈਥਿਕ ਡਿਸਪੈਂਸਰੀ ਵਿਖੇ ਪਹੁੰਚੋ।ਡਾ: ਬੂਟਾ ਸਿੰਘ ਨੇ ਦੱਸਿਆ ਕਿ ਡਾ: ਸੁਰਿੰਦਰ ਸਿੰਘ ਸਾਂਤ ਦੇ ਉਦਮਾਂ ਸਦਕਾ ਅਤੇ ਸਮੂਹ ਸੇਵਾਦਾਰਾਂ ਦੀ ਮਿਹਨਤ ਨਾਲ ਦੀਨਾਨਗਰ ਵਿਖੇ ਹਰ ਵੀਰਵਾਰ ਨੂੰ ਲੋਕ ਆਪਣੀਆਂ ਕਈ ਚਿਰਾਂ ਤੋਂ ਅਸਹਿ ਬਿਮਾਰੀਆਂ ਤੋਂ ਛੁਟਕਾਰਾ ਪਾ ਰਹੇ ਹਨ।

## ਵਿਕਰਮ ਢਿੱਲੋਂ ਨੇ ਝਬਾਲ ਖਾਮ ਵਿਖੇ ਕੀਤਾ ਡੋਰ-ਟੂ-ਡੋਰ ਪ੍ਰਚਾਰ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਕਸਬਾ ਝਬਾਲ ਦੀ ਗ੍ਰਾਮ ਪੰਚਾਇਤ ਝਬਾਲ ਖਾਮ ਵਿਖੇ ਸੀਨੀਅਰ ਕਾਂਗਰਸੀ ਆਗੂ ਵਿਕਰਮ ਸਿੰਘ ਢਿੱਲੋਂ ਨੇ ਸਰਪੰਚੀ ਦੀ ਉਮੀਦਵਾਰ ਬੀਬੀ ਰਾਜ ਕੌਰ ਅਤੇ ਮੈਂਬਰਾਂ ਦੀ ਜਿੱਤ ਯਕੀਨੀ ਬਣਾਉਣ ਲਈ ਝਬਾਲ ਖਾਮ ਦੀਆਂ ਵੱਖ ਵੱਖ ਵਾਰਡਾਂ ਵਿੱਚ ਜ਼ੋਰ ਸ਼ੋਰ ਨਾਲ ਕੀਤਾ ਡੋਰ ਟੂ ਡੋਰ ਪ੍ਰਚਾਰ।ਇਸ ਮੌਕੇ ਬੀਬੀ ਰਾਜ ਕੌਰ ਦੇ ਹੱਕ ਵਿੱਚ ਚੋਣ ਪ੍ਰਚਾਰ ਕਰਦਿਆਂ ਕਿਹਾ ਕਿ ਉਹਨਾ ਦੇ ਸਤਿਕਾਰਯੋਗ ਮਾਤਾ ਜਸਬੀਰ ਕੌਰ ਨੇ ਸਰਪੰਚੀ ਕਰਦਿਆਂ ਔਰਤਾਂ ਦੇ ਹੱਕਾਂ ਨੂੰ ਹਮੇਸ਼ਾ ਅੱਗੇ ਰੱਖਦਿਆ ਔਰਤਾਂ ਲਈ ਅਵਾਜ਼ ਬਲੰਦ ਕੀਤੀ ਤੇ ਅੱਜ ਉਨ੍ਹਾਂ ਦੇ ਨਕਸ਼ੇ ਕਦਮਾਂ 'ਤੇ ਚੱਲਦਿਆਂ ਬੀਬੀ ਰਾਜ ਕੌਰ ਤੇ ਹੋਰਾਂ ਔਰਤਾਂ ਨੂੰ ਉਨ੍ਹਾਂ ਦੇ ਹੱਕ ਦਿਵਾਉਣ ਲਈ ਉਨ੍ਹਾਂ ਦੇ ਹੱਕ ਵਿੱਚ ਝਬਾਲ ਖਾਮ ਵਾਸੀਆ ਤੋਂ ਵੋਟਾਂ ਮੰਗ ਕਰ ਰਹੇ ਹਨ ਤੇ ਜਿੱਤਣ ਉਪਰੰਤ ਝਬਾਲ ਖਾਮ ਵਾਸੀਆ ਨਾਲ ਕੀਤੇ ਵਾਅਦਿਆਂ ਤੇ ਪੂਰਾ ਉਤਰਦਿਆਂ ਵਿਕਾਸ ਪੱਖੋ ਨਮੂਨੇ ਦਾ ਪਿੰਡ ਬਣਾਉਣਗੇ।ਇਸ ਮੌਕੇ ਮੈਂਬਰ ਗੁਰਮੀਤ ਕੌਰ ਵਾਰਡ ਨੰਬਰ 1, ਮਨਦੀਪ ਕੌਰ ਵਾਰਡ ਨੰਬਰ 2, ਜਗਤਾਰ ਸਿੰਘ ਵਾਰਡ ਨੰਬਰ3,ਸੁਰਜੀਤ ਸਿੰਘ ਵਾਰਡ ਨੰਬਰ4, ਵਿਕਰਮ ਸਿੰਘ ਢਿੱਲੋਂ ਵਾਰਡ ਨੰਬਰ 5, ਬਚਿੱਤਰ ਸਿੰਘ ਵਾਰਡ ਨੰਬਰ 6, ਬਲਜਿੰਦਰ ਕੌਰ ਵਾਰਡ 7, ਸਰਬਜੀਤ ਕੌਰ ਵਾਰਡ ਨੰਬਰ 8, ਸੁਰਜੀਤ ਸਿੰਘ ਵਾਰਡ ਨੰਬਰ 9, ਪ੍ਰਗਟ ਸਿੰਘ ਜੱਗੂ ਹਵੇਲੀ ਵਾਲੇ, ਸਾਬਕਾ ਸਰਪੰਚ ਕੁਲਦੀਪ ਸਿੰਘ, ਥਾਣੇਦਾਰ ਅਜੀਤ ਸਿੰਘ, ਥਾਣੇਦਾਰ ਅਜਮੇਰ ਸਿੰਘ, ਅਵਤਾਰ ਸਿੰਘ ਢਿੱਲੋਂ, ਮਨਜੀਤ ਸਿੰਘ ਕੇਬਲ ਵਾਲੇ, ਕਾਮਰੇਡ ਬਖਸ਼ੀਸ਼ ਸਿੰਘ ਢਿੱਲੋਂ, ਨੰਬਰਦਾਰ ਦਿਲਬਾਗ ਸਿੰਘ, ਨੰਬਰਦਾਰ ਗੁਰਮੇਜ ਸਿੰਘ, ਹਰਜੀਤ ਸਿੰਘ ਜੀਤਾ ਸਮੇਤ ਵੱਡੀ ਗਿਣਤੀ ਵਿਚ ਸਮਰਥਕ ਹਾਜ਼ਰ ਸਨ।

## ਤਣਾਅ ਪ੍ਰਬੰਧਨ ਸੰਬੰਧੀ ਸੈਮੀਨਾਰ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਵਿਸ਼ਵ ਮਾਨਸਿਕ ਸਿਹਤ ਦਿਵਸ ਮੌਕੇ ਅੰਮ੍ਰਿਤਸਰ ਨਗਰ ਨਿਗਮ ਵੱਲੋਂ ਅੰਮ੍ਰਿਤਸਰ ਬਲਕ ਵਾਟਰ ਸਪਲਾਈ ਪ੍ਰਾਜੈਕਟ 'ਤੇ ਕੰਮ ਕਰਦੇ ਅਧਿਕਾਰੀਆਂ ਤੇ ਕਰਮਚਾਰੀਆਂ ਲਈ ਤਣਾਅ ਪ੍ਰਬੰਧਨ ਸਬੰਧੀ ਸੈਮੀਨਾਰ ਕਰਵਾਇਆ ਗਿਆ। ਵੱਲਾ ਵਿਖੇ ਬਣਾਏ ਜਾ ਰਹੇ ਵਾਟਰ ਟਰੀਟਮੈਂਟ ਪਲਾਂਟ ਵਿੱਚ ਕਰਵਾਏ ਗਏ ਇਸ ਸੈਮੀਨਾਰ ਬਾਰੇ ਜਾਣਕਾਰੀ ਦਿੰਦਿਆਂ ਪ੍ਰੋਜੈਕਟ ਦੀ ਸਿਹਤ ਤੇ ਸੁਰੱਖਿਆ ਅਧਿਕਾਰੀ ਡਾ. ਮੋਨਿਕਾ ਸਭਰਵਾਲ ਨੇ ਦੱਸਿਆ ਕਿ ਅੱਜ ਦੇ ਸਮੇਂ 'ਚ ਭੱਜ-ਦੌੜ ਭਰੀ ਜ਼ਿੰਦਗੀ ਕਾਰਨ ਜ਼ਿੰਦਗੀ 'ਚ ਤਣਾਅ ਹੋਣਾ ਆਮ ਹੋ ਗਿਆ ਹੈ ਅਤੇ ਇਹ ਤਣਾਅ ਹੌਲੀ-ਹੌਲੀ ਡਿਪਰੈਸ਼ਨ ਦਾ ਰੂਪ ਧਾਰਨ ਕਰ ਲੈਂਦਾ ਹੈ। ਉਨ੍ਹਾਂ ਕਿਹਾ ਕਿ ਆਪਣੇ ਆਪ ਨੂੰ ਤਣਾਅ ਮੁਕਤ ਰੱਖਣਾ ਬਹੁਤ ਜ਼ਰੂਰੀ ਹੈ, ਕਿਉਂਕਿ ਤਣਾਅ ਵਿੱਚ ਕਦੇ ਵੀ ਮਿਆਰੀ ਕੰਮ ਨਹੀਂ ਕੀਤਾ ਜਾ ਸਕਦਾ ਅਤੇ ਗਲਤੀਆਂ ਹੋਣ ਦੀ ਸੰਭਾਵਨਾ ਵੀ ਜ਼ਿਆਦਾ ਹੁੰਦੀ ਹੈ। ਤਣਾਅ ਪ੍ਰਬੰਧਨ ਬਾਰੇ ਜਾਣਕਾਰੀ ਦੇਣ ਲਈ ਪਹੁੰਚੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਮਨੋਵਿਗਿਆਨ ਵਿਭਾਗ ਦੇ ਪ੍ਰੋਫੈਸਰ ਡਾ. ਬਲਬਿੰਦਰ ਸਿੰਘ ਨੇ ਕਿਹਾ ਕਿ ਤਣਾਅ ਮੁਕਤ ਜੀਵਨ ਜਿਊਣ ਲਈ ਚਾਰ ਗੱਲਾਂ ਦਾ ਹਮੇਸ਼ਾ ਧਿਆਨ ਰੱਖਣਾ ਚਾਹੀਦਾ ਹੈ। ਸਭ ਤੋਂ ਪਹਿਲਾਂ ਸਾਡੀ ਖੁਰਾਕ ਚੰਗੀ ਹੋਣੀ ਚਾਹੀਦੀ ਹੈ। ਸਾਨੂੰ ਹਲਕਾ ਭੋਜਨ ਖਾਣਾ ਚਾਹੀਦਾ ਹੈ ਜੋ ਆਸਾਨੀ ਨਾਲ ਪਚਦਾ ਹੈ। ਦੂਜਾ, ਸਾਨੂੰ ਹਮੇਸ਼ਾ ਸੱਤ ਤੋਂ ਅੱਠ ਘੰਟੇ ਦੀ ਨੀਂਦ ਲੈਣੀ ਚਾਹੀਦੀ ਹੈ। ਨੀਂਦ ਦੀ ਕਮੀ ਵੀ ਤਣਾਅ ਦਾ ਇੱਕ ਮੁੱਖ ਕਾਰਨ ਹੈ ਕਿਉਂਕਿ ਫ਼ੋਨ ਨੇ ਸਾਡੀ ਨੀਂਦ ਦਾ ਬਹੁਤ ਸਮਾਂ ਚੋਰੀ ਕਰ ਲਿਆ ਹੈ। ਤੀਜਾ, ਸਾਡੇ ਆਲੇ-ਦੁਆਲੇ ਦਾ ਵਾਤਾਵਰਨ ਹਮੇਸ਼ਾ ਸ਼ਾਂਤ ਹੋਣਾ ਚਾਹੀਦਾ ਹੈ। ਰੌਲਾ ਵੀ ਤਣਾਅ ਦਾ ਕਾਰਨ ਬਣਦਾ ਹੈ। ਚੌਥਾ, ਸਾਨੂੰ ਇਹ ਪਤਾ ਹੋਣਾ ਚਾਹੀਦਾ ਹੈ ਕਿ ਆਪਣੇ ਸਾਹ ਨੂੰ ਕਿਵੇਂ ਕੰਟਰੋਲ ਕਰਨਾ ਹੈ, ਜਿਸ ਲਈ ਪ੍ਰਾਣਾਯਾਮ ਇਕ ਵਧੀਆ ਮਾਧਿਅਮ ਹੈ। ਉਨ੍ਹਾਂ ਦੱਸਿਆ ਕਿ ਤਣਾਅ ਘੱਟ ਕਰਨ ਲਈ ਲੋਕ ਅਕਸਰ ਸ਼ਰਾਬ ਦਾ ਸਹਾਰਾ ਲੈਂਦੇ ਹਨ, ਕਿਉਂਕਿ ਇਹ ਧਾਰਨਾ ਹੈ ਕਿ ਸ਼ਰਾਬ ਪੀਣ ਨਾਲ ਤਣਾਅ ਘੱਟ ਹੁੰਦਾ ਹੈ। ਪਰ ਸ਼ਰਾਬ ਪੀਣ ਨਾਲ ਤਣਾਅ ਘੱਟ ਨਹੀਂ ਹੁੰਦਾ, ਸਗੋਂ ਇਹ ਸਥਿਤੀ ਨੂੰ ਹੋਰ ਵਿਗੜ ਸਕਦਾ ਹੈ।

ਉਨ੍ਹਾਂ ਕਿਹਾ ਕਿ ਸਾਨੂੰ ਹਮੇਸ਼ਾ ਸਕਾਰਾਤਮਕ ਮਾਹੌਲ ਵਿੱਚ ਰਹਿਣਾ ਚਾਹੀਦਾ ਹੈ ਅਤੇ ਸਕਾਰਾਤਮਕ ਸ਼ਖ਼ਸੀਅਤ ਵਾਲੇ ਲੋਕਾਂ ਦੀ ਸੰਗਤ ਕਰਨੀ ਚਾਹੀਦੀ ਹੈ। ਇਸ ਮੌਕੇ ਸੰਜੇ ਸਿੰਘ, ਹਰਪ੍ਰੀਤ ਸਿੰਘ, ਰੌਬਿਨ ਬੱਬਿਟ, ਈਸ਼ਵਦੀਪ ਸਿੰਘ, ਰਮਨ ਸ਼ਰਮਾ, ਅਸ਼ਵਨੀ ਸ਼ਰਮਾ ਆਦਿ ਵੀ ਹਾਜ਼ਰ ਸਨ।

## ਪਰਾਲੀ ਪ੍ਰਬੰਧਨ ਸੰਬੰਧੀ ਐੱਸ ਡੀ ਐੱਮ ਨੇ ਨੋਡਲ ਅਫਸਰਾਂ ਨਾਲ ਕੀਤੀ ਮੀਟਿੰਗ

**ਗੁਰਦਾਸਪੁਰ (ਜਨਕ ਮਹਾਜਨ)**-ਕਰਮਜੀਤ ਸਿੰਘ ਐਸ.ਡੀ.ਐਮ. ਗੁਰਦਾਸਪੁਰ ਵਲੋਂ ਪਰਾਲੀ ਪ੍ਰਬੰਧਨ ਨੂੰ ਮੁੱਖ ਰੱਖਦਿਆਂ ਨੋਡਲ ਅਫਸਰਾਂ ਨਾਲ ਮੀਟਿੰਗ ਕੀਤੀ ਗਈ। ਉਨ ਾਂ ਕਿਹਾ ਜ਼ਿਲ ਾ ਪ੍ਰਸ਼ਾਸਨ ਵੱਲੋਂ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਕਰਨ ਲਈ ਲੋੜੀਦੀ ਮਸ਼ੀਨਰੀ ਉਪਲੱਬਧ ਕਰਵਾਈ ਗਈ ਹੈ।

ਉਨ ਾਂ ਨੇ ਨੋਡਲ ਅਫਸਰਾਂ ਨੂੰ ਹਦਾਇਤ ਕੀਤੀ ਹੈ ਕਿ ਉਹ ਵੱਖ-ਵੱਖ ਪਿੰਡਾਂ ਵਿੱਚ ਜਾਣ ਅਤੇ ਕਿਸਾਨਾਂ ਨੂੰ ਜ਼ਿਲ ਾ ਪ੍ਰਸ਼ਾਸਨ ਵੱਲੋਂ ਮੁਹੱਈਆ ਕਰਵਾਈ ਖੇਤੀ ਦੀ ਮਸ਼ੀਨਰੀ ਦੀ ਪੂਰੀ ਸਮਰੱਥਾ ਨਾਲ ਵਰਤੋਂ ਕਰਨ ਤੇ ਆਪਸੀ ਤਾਲ ਮੇਲ ਨਾਲ ਪਰਾਲੀ ਪ੍ਰਬੰਧਨ ਦੇ ਕੰਮ ਨੂੰ ਨੇਪਰੇ ਚਾੜ ਨ ਲਈ ਸਹਿਯੋਗ ਕਰਨ। ਇਸ ਮੌਕੇ ਏਡੀਓ. ਡਾ. ਮਨਜੀਤ ਸਿੰਘ ਅਤੇ ਸਬੰਧਨ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

ਐਸ.ਡੀ.ਐਮ. ਨੇ ਦੱਸਿਆ ਕਿ ਜ਼ਿਲ ਾ ਪ੍ਰਸ਼ਾਸਨ ਵਲੋਂ ਪਰਾਲੀ ਦੀ ਸਾਂਭ- ਸੰਭਾਲ ਲਈ ਲੋੜੀਂਦੀ ਖੇਤੀ ਮਸ਼ੀਨਰੀ ਉਪਲਬਧ ਹੈ। ਸਹਿਕਾਰੀ ਸੁਸਾਇਟੀਆਂ ਤੇ ਪੰਚਾਇਤਾਂ ਕੋਲੋਂ ਵਾਜਬ ਰੇਟਾਂ 'ਤੇ ਮਸ਼ੀਨਰੀ ਮੌਜੂਦ ਹੈ ਜੇਕਰ ਫਿਰ ਵੀ ਕਿਸੇ ਕਿਸਾਨ ਨੂੰ ਕੋਈ ਮੁਸ਼ਕਿਲ ਪੇਸ਼ ਆਉਂਦੀ ਹੈ, ਤਾਂ ਉਹ ਨੇੜਲੇ ਖੇਤੀਬਾੜੀ ਵਿਭਾਗ ਦੇ ਦਫ਼ਤਰ, ਐੱਸ.ਡੀ.ਐੱਮ. ਦਫ਼ਤਰ ਵਿਖੇ ਸੰਪਰਕ ਕਰ ਸਕਦੇ ਹਨ ਜਾਂ ਹੈਲਪ ਲਾਈਨ ਨੰ 1800-180-1852 'ਤੇ ਸੰਪਰਕ ਕਰਨ।

## ਪਠਾਨਕੋਟ ਪੌਲੀਟੈਕਨਿਕ ਕਾਲਜ ਆਫ਼ ਐਜੂਕੇਸ਼ਨ ਨਵਾਂ ਸੈਸ਼ਨ ਆਰੰਭ

**ਗੁਰਦਾਸਪੁਰ, (ਜਨਕ ਮਹਾਜਨ)**-ਪਠਾਨਕੋਟ ਪੌਲੀਟੈਕਨਿਕ ਕਾਲਜ ਆਫ਼ ਐਜੂਕੇਸ਼ਨ ਪਠਾਨਕੋਟ ਵਿਖੇ ਨਵੇਂ ਸੈਸ਼ਨ 2024-26 ਦਾ ਸ਼ੁੱਭ ਆਰੰਭ ਪਵਿੱਤਰ ਹਵਨ ਯੱਗ ਦੇ ਨਾਲ ਕੀਤਾ ਗਿਆ। ਇਸ ਦਾ ਆਰੰਭ ਪ੍ਰਿੰਸੀਪਲ ਸੰਦੀਪ ਸ਼ਰਮਾ ਦੁਆਰਾ ਹਵਨ ਵਿਚ ਆਹੂਤੀਆਂ ਪਾ ਕੇ ਮੰਤਰ ਉਚਾਰਨ ਨਾਲ ਕੀਤਾ ਗਿਆ। ਇਸ ਮੌਕੇ ਪੌਲੀਟੈਕਨਿਕ ਅਤੇ ਆਈ. ਟੀ. ਆਈ. ਦੇ ਵਿਦਿਆਰਥੀਆਂ ਨੇ ਹਵਨ ਵਿਚ ਆਹੂਤੀਆਂ ਪਾਈਆਂ। ਇਸ ਮੌਕੇ ਡਾਕਟਰ ਵਿਨੋਦ ਮਹਾਜਨ ਅਤੇ ਪ੍ਰੋਫੈਸਰ ਰਵੀ ਸ਼ੰਕਰ ਵਿਸ਼ੇਸ਼ ਰੂਪ ਵਿਚ ਹਾਜ਼ਰ ਹੋਏ। ਡਾਕਟਰ ਵਿਨੋਦ ਮਹਾਜਨ ਨੇ ਬੱਚਿਆਂ ਨੂੰ ਨਵੇਂ ਸੈਸ਼ਨ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ ਅਤੇ ਜ਼ਿੰਦਗੀ ਵਿਚ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਤੀਸ਼, ਮਨਜਿੰਦਰ, ਜਰਨੈਲ, ਸ਼ਿਵਮ, ਮੁਕੇਸ਼, ਵਿਕਾਸ, ਅਜੇ, ਬਲਦੇਵ, ਸੁਰੇਖਾ, ਸੁਮਨ ਅਤੇ ਹੋਰ ਸਟਾਫ਼ ਮੈਂਬਰ ਹਾਜ਼ਰ ਸਨ।

## ਕਾਦੀਆਂ ਪੁਲਸ ਹੱਥੋਂ ਮੁਲਜ਼ਮ ਫਰਾਰ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਕਾਦੀਆਂ ਪੁਲਸ ਅਫਸਰਾਂ ਦੀ ਵੱਡੀ ਲਾਪਰਵਾਹੀ ਉਸ ਵੇਲੇ ਸਾਹਮਣੇ ਆਈ ਜਦੋਂ ਪੁਲਸ ਦੇ ਤਿੰਨ ਅਫਸਰਾਂ ਦੇ ਹੱਥਾਂ ਵਿੱਚੋਂ ਹੱਥਕੜੀ 'ਚੋਂ ਹੱਥ ਕੱਢ ਕੇ ਮੁਲਜ਼ਮ ਫਰਾਰ ਹੋ ਗਿਆ।ਇਸ ਮਾਮਲੇ ਦੇ ਤਹਿਤ ਥਾਣਾ ਸਿਟੀ ਦੀ ਪੁਲਸ ਵੱਲੋਂ ਮੁਲਜ਼ਮ ਸਮੇਤ ਤਿੰਨ ਕਾਦੀਆਂ ਪੁਲਸ ਦੇ 3 ਅਫਸਰਾਂ ਦੇ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ।ਜਾਣਕਾਰੀ ਸਾਂਝੀ ਕਰਦੇ ਹੋਏ ਪੁਲਸ ਚੌਂਕੀ ਬੱਸ ਸਟੈਂਡ ਦੇ ਇੰਚਾਰਜ ਏਐੱਸਆਈ ਜਗਤਾਰ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਏਐੱਸਆਈ ਰਸ਼ਪਾਲ ਸਿੰਘ ਨੇ ਜਾਣਕਾਰੀ ਦਿੱਤੀ ਕਿ ਉਹ ਥਾਣਾ ਕਾਦੀਆਂ ਵਿਖੇ ਸਹਾਇਕ ਮੁਨਸ਼ੀ ਦੀ ਡਿਊਟੀ ਕਰਦਾ ਹੈ।ਮੁਲਜ਼ਮ ਸੁਖਬੀਰ ਸਿੰਘ ਉਰਫ ਸੁੱਖ ਪੁੱਤਰ ਜਤਿੰਦਰ ਸਿੰਘ ਵਾਸੀ ਭੁੱਲਰ ਰੋਡ ਗੋਬਿੰਦ ਨਗਰ ਬਟਾਲਾ ਨੂੰ ਏਐੱਸਆਈ ਕੁਲਵਿੰਦਰ ਸਿੰਘ ਥਾਣਾ ਕਾਦੀਆਂ ਵੱਲੋਂ ਗ੍ਰਿਫਤਾਰ ਕੀਤਾ ਗਿਆ ਸੀ ਜਿਸ ਨੂੰ ਏਐੱਸਆਈ ਕੁਲਵਿੰਦਰ ਸਿੰਘ ਥਾਣਾ ਕਾਦੀਆਂ ਸਮੇਤ ਈਐੱਸਆਈ ਗੁਰਦੇਵ ਸਿੰਘ ਥਾਣਾ ਕਾਦੀਆਂ ਏਐੱਸਆਈ ਜਸਬੀਰ ਸਿੰਘ ਥਾਣਾ ਕਾਦੀਆਂ ਵੱਲੋਂ ਸੀਆਈਏ ਸਟਾਫ ਬਟਾਲਾ ਵਿਖੇ ਲਿਜਾਇਆ ਜਾ ਰਿਹਾ ਸੀ।ਜਦੋਂ ਉਹ ਗਾਂਧੀ ਚੌਂਕ ਬਟਾਲਾ ਨੇੜੇ ਪਹੁੰਚੇ ਤਾਂ ਮੁਲਜ਼ਮ ਸੁਖਬੀਰ ਸਿੰਘ ਆਪਣਾ ਹੱਥ ਹੱਥ ਕੜੀ 'ਚੋਂ ਬਾਹਰ ਕੱਢ ਕੇ ਭੱਜਣ ਵਿੱਚ ਕਾਮਯਾਬ ਹੋ ਗਿਆ।ਚੌਂਕੀ ਇੰਚਾਰਜ ਜਗਤਾਰ ਸਿੰਘ ਨੇ ਅੱਗੇ ਦੱਸਿਆ ਕਿ ਇਸ ਮਾਮਲੇ ਦੇ ਵਿੱਚ ਗ੍ਰਿਫਤਾਰ ਕੀਤੇ ਗਏ ਮੁਲਜ਼ਮ ਸੁਖਬੀਰ ਸਿੰਘ ਜੋ ਪੁਲਸ ਪਾਰਟੀ ਦੀ ਲਾਪਰਵਾਹੀ ਨਾਲ ਹਿਰਾਸਤ ਚੋਂ ਭੱਜ ਗਿਆ ਹੈ।ਇਸ ਮਾਮਲੇ ਵਿੱਚ ਫਰਾਰ ਹੋਏ ਮੁਲਜ਼ਮ ਸਮੇਤ ਤਿੰਨਾਂ ਪੁਲਸ ਅਫਸਰਾਂ ਵਿਰੁੱਧ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

## ਸਰਬਸੰਮਤੀ ਨਾਲ ਬਣੀ ਬਰਨਾਲਾ ਦੀ ਪੰਚਾਇਤ ਦਾ ਬਹਿਲ ਵੱਲੋਂ ਨਿੱਘਾ ਸਵਾਗਤ

**ਗੁਰਦਾਸਪੁਰ, (ਜਨਕ ਮਹਾਜਨ)**-ਪਿੰਡ ਬਰਨਾਲਾ ਦੀ ਪੰਚਾਇਤ ਸਰਬਸੰਮਤੀ ਨਾਲ ਬਣਾਈ ਗਈ। ਇਸ ਵਿੱਚ ਪੰਚਾਇਤ ਮੈਂਬਰ ਰੰਜਨੀ ਪਤਨੀ ਸੰਜੀਵ ਕੁਮਾਰ, ਅਨੀਤਾ ਦੇਵੀ ਪਤਨੀ ਪ੍ਰਦੀਪ ਕੁਮਾਰ, ਕਿਰਨ ਪਤਨੀ ਨਸੀਬ ਮਸੀਹ, ਦਵਿੰਦਰ ਸ਼ਰਮਾ ਪਿਤਾ ਦੁਆਰਕ ਦਾਸ, ਸਵਰਨ ਕੁਮਾਰ ਪਿਤਾ ਤਰਸੇਮ ਲਾਲ, ਪੰਚਾਇਤ ਮੈਂਬਰਾਂ ਨੇ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਦਾ ਧੰਨਵਾਦ ਕੀਤਾ। ਇਸ ਮੌਕੇ ਰਮਨ ਬਹਿਲ ਨੇ ਮੈਂਬਰਾਂ ਦਾ ਫੁੱਲਾਂ ਦੇ ਹਾਰ ਪਾ ਕੇ ਸਵਾਗਤ ਕੀਤਾ। ਇਸ ਮੌਕੇ ਪਿੰਡ ਦੇ ਸਾਬਕਾ ਸਰਪੰਚ ਗੁਰਭੇਜ ਸਿੰਘ, ਕੈਪਟਨ ਮਦਨ ਲਾਲ, ਸਤਪਾਲ ਫੌਜੀ, ਸਮਾਜ ਸੇਵਕ ਯਸ਼ਪਾਲ ਠਾਕੁਰ, ਨਰਿੰਦਰ ਕੁਮਾਰ, ਵਿਜੈ ਮਸੀਹ, ਯੋਗੇਸ਼ ਕੁਮਾਰ, ਸੁਲੱਖਣ ਕੁਮਾਰ, ਗਗਨ, ਨਵਜੋਤ ਸਿੰਘ, ਦਰਸ਼ਨ ਸਿੰਘ, ਕੁਲਵੰਤ ਸਿੰਘ, ਦੀਪਕ ਕੁਮਾਰ, ਬਸੰਤ ਲਾਲ ਤੋਂ ਇਲਾਵਾ ਹੋਰ ਪਤਵੰਤੇ ਹਾਜ਼ਰ ਸਨ।


